26-OCT-PAGE-1.qxd 10/25/2024 9:32 PM Page 1

ਸ਼ਨੀਵਾਰ, 26 ਅਕਤੂਬਰ, 2024
10 ਕੱਤਕ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 146

# ਨਵਾਂ ਜ਼ਮਾਨਾ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

DAILY NAWAN ZAMANA • SATURDAY, 26 OCTOBER, 2024 ਜਲੰਧਰ
You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

## ਚਹਿਲ ਦੇ ਵਾਰੰਟ ਗ੍ਰਿਫ਼ਤਾਰੀ



**ਪਟਿਆਲਾ** : ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਮੀਡੀਆ ਸਲਾਹਕਾਰ ਰਹੇ ਭਰਤ ਇੰਦਰ ਸਿੰਘ ਚਹਿਲ ਦੇ ਖ਼ਿਲਾਫ ਪਟਿਆਲਾ ਦੇ ਚੀਫ ਜੁਡੀਸ਼ੀਅਲ ਮੈਜਿਸਟਰੇਟ ਨੇ ਗ੍ਰਿਫਤਾਰੀ ਵਾਰੰਟ ਜਾਰੀ ਕਰਕੇ ਉਸ ਨੂੰ 28 ਅਕਤੂਬਰ ਤੱਕ ਗ੍ਰਿਫਤਾਰ ਕਰ ਕੇ ਅਦਾਲਤ ਲੱਗੇ ਪੇਸ਼ ਕਰਨ ਦੇ ਆਦੇਸ਼ ਦਿੱਤੇ ਹਨ। ਚਹਿਲ ਦੇ ਖਿਲਾਫ ਆਮਦਨ ਨਾਲੋਂ ਵੱਧ ਜਾਇਦਾਦ ਬਣਾਉਣ ਦੇ ਦੋਸ਼ਾਂ ਤਹਿਤ 2 ਅਗਸਤ, 2023 ਨੂੰ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਵਿਖੇ ਧਾਰਾ 13 (1) ਬੀ, 13 (2) ਪੀ ਸੀ ਐਕਟ ਦੇ ਤਹਿਤ ਐੱਫ ਆਈ ਆਰ ਦਰਜ ਕੀਤੀ ਗਈ ਸੀ। ਚਹਿਲ ਵੱਲੋਂ ਅਗਾਊਂ ਜ਼ਮਾਨਤ ਲਈ ਦਾਇਰ ਕੀਤੀ ਗਈ ਅਰਜ਼ੀ ਪਿਛਲੇ ਦਿਨੀਂ ਹਾਈ ਕੋਰਟ ਨੇ ਖਾਰਜ ਕਰ ਦਿੱਤੀ ਸੀ।

## ਅਨਮੋਲ ਬਿਸ਼ਨੋਈ 'ਤੇ 10 ਲੱਖ ਦਾ ਇਨਾਮ



**ਨਵੀਂ ਦਿੱਲੀ** : ਕੌਮੀ ਜਾਂਚ ਏਜੰਸੀ (ਐੱਨ ਆਈ ਏ) ਨੇ ਜੇਲ੍ਹ ਵਿਚ ਬੰਦ ਗੈਂਗਸਟਰ ਲਾਰੈਂਸ ਬਿਸ਼ਨੋਈ ਦੇ ਭਰਾ ਅਨਮੋਲ ਬਿਸ਼ਨੋਈ 'ਤੇ 10 ਲੱਖ ਰੁਪਏ ਦੇ ਇਨਾਮ ਦਾ ਐਲਾਨ ਕੀਤਾ ਹੈ। ਅਨਮੋਲ ਬਿਸ਼ਨੋਈ, ਜੋ ਅਪਰੈਲ 'ਚ ਸਲਮਾਨ ਖਾਨ ਦੇ ਮੁੰਬਈ ਨਿਵਾਸ ਦੇ ਬਾਹਰ ਗੋਲੀਬਾਰੀ ਦੀ ਘਟਨਾ 'ਚ ਕਥਿਤ ਸ਼ਮੂਲੀਅਤ ਲਈ ਰਾਡਾਰ ਅਧੀਨ ਹੈ, ਨੂੰ ਵੀ ਅੱਤਵਾਦ ਵਿਰੋਧੀ ਏਜੰਸੀ ਦੀ ਮੋਸਟ ਵਾਂਟਡ ਸੂਚੀ 'ਚ ਰੱਖਿਆ ਗਿਆ ਹੈ। ਮੁੰਬਈ 'ਚ ਐੱਨ ਸੀ ਪੀ ਆਗੂ ਬਾਬਾ ਸਿੱਦੀਕੀ ਦੀ ਹੱਤਿਆ ਦੇ ਪਿੱਛੇ ਵੀ ਅਨਮੋਲ ਬਿਸ਼ਨੋਈ ਦਾ ਹੱਥ ਦੱਸਿਆ ਜਾਂਦਾ ਹੈ।

## ਹਰਵਿੰਦਰ ਕਲਿਆਣ ਬਣੇ ਸਪੀਕਰ



**ਚੰਡੀਗੜ੍ਹ** : ਤਿੰਨ ਵਾਰ ਵਿਧਾਇਕ ਹਰਵਿੰਦਰ ਕਲਿਆਣ ਸ਼ੁੱਕਰਵਾਰ ਸਰਬਸੰਮਤੀ ਨਾਲ ਹਰਿਆਣਾ ਵਿਧਾਨ ਸਭਾ ਦੇ ਸਪੀਕਰ ਚੁਣੇ ਗਏ। ਉਨ੍ਹਾ ਦੇ ਨਾਂਅ ਦੀ ਤਜਵੀਜ਼ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਰੱਖੀ ਅਤੇ ਮੰਤਰੀ ਰਣਬੀਰ ਗੰਗਵਾ ਨੇ ਸਮਰਥਨ ਕੀਤਾ। ਕੋਈ ਹੋਰ ਉਮੀਦਵਾਰ ਨਾ ਹੋਣ 'ਤੇ ਉਨ੍ਹਾ ਦੇ ਸਪੀਕਰ ਚੁਣੇ ਜਾਣ ਦਾ ਐਲਾਨ ਕਰ ਦਿੱਤਾ ਗਿਆ। ਉਹ ਹਲਕਾ ਘਰੌਂਡਾ ਤੋਂ ਵਿਧਾਇਕ ਹਨ।

## ਪ੍ਰਿਤਪਾਲ ਸ਼ਰਮਾ ਨੇ ਆਪ ਛੱਡੀ



**ਗਿੱਦੜਬਾਹਾ** : ਮਾਰਕੀਟ ਕਮੇਟੀ ਗਿੱਦੜਬਾਹਾ ਦੇ ਚੇਅਰਮੈਨ ਪ੍ਰਿਤਪਾਲ ਸ਼ਰਮਾ ਨੇ ਅਕਾਲੀ ਦਲ ਵਿੱਚੋਂ ਆਏ ਡਿੰਪੀ ਢਿੱਲੋਂ ਨੂੰ ਗਿੱਦੜਬਾਹਾ ਦੀ ਅਸੰਬਲੀ ਜ਼ਿਮਨੀ ਚੋਣ ਵਿਚ ਉਮੀਦਵਾਰ ਬਣਾਉਣ ਤੋਂ ਨਾਰਾਜ਼ ਹੋ ਕੇ ਪਾਰਟੀ ਛੱਡ ਦਿੱਤੀ ਹੈ। 2022 ਦੀਆਂ ਅਸੰਬਲੀ ਚੋਣਾਂ 'ਚ ਆਪ ਉਮੀਦਵਾਰ ਵਜੋਂ ਤੀਸਰੇ ਸਥਾਨ 'ਤੇ ਰਹਿਣ ਵਾਲੇ ਐਡਵੋਕੇਟ ਸ਼ਰਮਾ ਟਿਕਟ ਦੇ ਦਾਅਵੇਦਾਰ ਸਨ।

## ਜ਼ੀਸ਼ਾਨ ਸਿੱਦੀਕੀ ਐੱਨ ਸੀ ਪੀ 'ਚ




**ਮੁੰਬਈ** : ਬਾਬਾ ਸਿੱਦੀਕੀ ਦੇ ਪੁੱਤਰ ਜ਼ੀਸ਼ਾਨ ਸਿੱਦੀਕੀ ਸ਼ੁੱਕਰਵਾਰ ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਅਜੀਤ ਪਵਾਰ ਦੀ ਮੌਜੂਦਗੀ 'ਚ ਐੱਨ ਸੀ ਪੀ ਦੇ ਅਜੀਤ ਪਵਾਰ ਧੜੇ 'ਚ ਸ਼ਾਮਲ ਹੋ ਗਏ। ਉਨ੍ਹਾ ਨੂੰ ਪਾਰਟੀ ਨੇ ਵਾਂਦਰਾ ਪੂਰਬ ਹਲਕੇ ਲਈ ਉਮੀਦਵਾਰ ਵੀ ਐਲਾਨ ਦਿੱਤਾ ਹੈ, ਜਿੱਥੇ ਉਨ੍ਹਾ ਕਾਂਗਰਸੀ ਉਮੀਦਵਾਰ ਵਜੋਂ ਪਿਛਲੀ ਅਸੰਬਲੀ ਚੋਣ 'ਚ ਸ਼ਿਵ ਸੈਨਾ ਦੇ ਵਿਸ਼ਵਨਾਥ ਮਹਾਦੇਸ਼ਵਰ ਨੂੰ ਹਰਾਇਆ ਸੀ।

# ਅੱਕੇ ਕਿਸਾਨਾਂ ਵੱਲੋਂ ਚਾਰ ਘੰਟੇ ਵੱਡੀਆਂ ਸੜਕਾਂ ਜਾਮ

## ਹਾਲਾਤ ਨਾ ਸੁਧਰੇ ਤਾਂ 29 ਨੂੰ ਡੀ ਸੀ ਦਫਤਰਾਂ ਦਾ ਘਿਰਾਓ, ਸਹਿਯੋਗ ਦੇਣ ਲਈ ਲੋਕਾਂ ਦਾ ਧੰਨਵਾਦ

### ਕੇਂਦਰ ਸਰਕਾਰ ਬਦਲਾਖੋਰੀ ਦਾ ਸਬੂਤ ਦੇ ਰਹੀ : ਅਰਸ਼ੀ



ਪਾਤੜਾਂ





ਬੋਹਾ

**ਜਲੰਧਰ (ਕੇਸਰ)**

ਸੰਯੁਕਤ ਕਿਸਾਨ ਮੋਰਚਾ ਪੰਜਾਬ ਵਿੱਚ ਸ਼ਾਮਲ ਜਥੇਬੰਦੀਆਂ ਦੇ ਸੱਦੇ 'ਤੇ ਸ਼ੁੱਕਰਵਾਰ ਪੰਜਾਬ ਭਰ ਵਿੱਚ 150 ਦੇ ਲਗਭਗ ਥਾਵਾਂ 'ਤੇ ਚੱਕਾ ਜਾਮ ਕਰਕੇ ਕਿਸਾਨਾਂ ਨੇ ਝੋਨੇ ਦੀ ਖਰੀਦ ਅਤੇ ਲਿਫਟਿੰਗ ਦੀ ਸੁਸਤ ਰਫਤਾਰ ਵਿਰੁੱਧ ਆਪਣੇ ਸਖਤ ਰੋਹ ਦਾ ਪ੍ਰਗਟਾਵਾ ਕੀਤਾ। ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਚੱਕਾ ਜਾਮ ਕਰਨ ਦਾ ਸਿਲਸਿਲਾ 11 ਵਜੇ ਸ਼ੁਰੂ ਹੋ ਕੇ ਸ਼ਾਮ ਦੇ ਤਿੰਨ ਵਜੇ ਤੱਕ ਜਾਰੀ ਰਿਹਾ।

ਵਰਣਨਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 19 ਅਕਤੂਬਰ ਨੂੰ ਸੰਯੁਕਤ ਕਿਸਾਨ ਮੋਰਚਾ ਨੂੰ ਝੋਨੇ ਦੀ ਖਰੀਦ ਅਤੇ ਲਿਫਟਿੰਗ ਦੇ ਕੰਮ ਨੂੰ ਦੋ ਦਿਨਾਂ ਵਿੱਚ ਸੁਚਾਰੂ ਕਰਨ ਦਾ ਭਰੋਸਾ ਦਿੱਤਾ ਸੀ, ਜਦੋਂ ਕਿ ਸੰਯੁਕਤ ਕਿਸਾਨ ਮੋਰਚਾ ਨੇ ਚੰਡੀਗੜ੍ਹ ਧਰਨਾ ਖਤਮ ਕਰਦਿਆਂ ਮੁੱਖ ਮੰਤਰੀ ਨੂੰ ਚਾਰ ਦਿਨ ਦੀ ਮੋਹਲਤ ਦਿੱਤੀ ਸੀ।ਇਸ ਦੇ ਬਾਵਜੂਦ ਖਰੀਦ ਅਤੇ ਲਿਫਟਿੰਗ ਦਾ ਮਾਮਲਾ ਕੀੜੀ ਦੀ ਰਫਤਾਰ ਨਾਲ ਚੱਲਣ ਕਾਰਨ ਮਜਬੂਰ ਹੋ ਕੇ ਸੰਯੁਕਤ ਕਿਸਾਨ ਮੋਰਚਾ ਨੂੰ ਚੱਕਾ ਜਾਮ ਵਰਗਾ ਕਦਮ ਚੁੱਕਣਾ ਪਿਆ।

ਵੱਖ-ਵੱਖ ਥਾਵਾਂ 'ਤੇ ਇਕੱਠਾਂ ਨੂੰ ਸੰਬੋਧਨ ਕਰਦੇ ਹੋਏ ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਆਗੂਆਂ ਬਲਵੀਰ ਸਿੰਘ ਰਾਜੇਵਾਲ, ਹਰਿੰਦਰ ਸਿੰਘ ਲੱਖੋਵਾਲ, ਮਨਜੀਤ ਸਿੰਘ ਧਨੇਰ, ਬੂਟਾ ਸਿੰਘ ਬੁਰਜ ਗਿੱਲ , ਰਾਮਿੰਦਰ ਸਿੰਘ ਪਟਿਆਲਾ, ਗੁਰਮੀਤ ਸਿੰਘ ਮਹਿਮਾ, ਰੁਲਦੂ ਸਿੰਘ ਮਾਨਸਾ, ਡਾ. ਸਤਨਾਮ ਸਿੰਘ ਅਜਨਾਲਾ, ਹਰਮੀਤ ਸਿੰਘ ਕਾਦੀਆਂ, ਸੁਖਦੇਵ ਸਿੰਘ ਅਰਾਈਆਂਵਾਲਾ, ਬਲਦੇਵ ਸਿੰਘ ਨਿਹਾਲਗੜ੍ਹ, ਬਲਵਿੰਦਰ ਸਿੰਘ ਮੱਲੀ ਨੰਗਲ, ਬੋਘ ਸਿੰਘ ਮਾਨਸਾ, ਫੁਰਮਾਨ ਸਿੰਘ ਸੰਧੂ, ਮਲੂਕ ਸਿੰਘ ਹੀਰਕੇ, ਬਿੰਦਰ ਸਿੰਘ ਗੋਲੇਵਾਲਾ, ਬੂਟਾ ਸਿੰਘ ਸ਼ਾਦੀਪੁਰ, ਜੰਗਵੀਰ ਸਿੰਘ ਚੌਹਾਨ, ਹਰਦੇਵ ਸਿੰਘ ਸੰਧੂ, ਵੀਰ ਸਿੰਘ ਬੜਵਾ, ਨਛੱਤਰ ਸਿੰਘ ਜੈਤੋ, ਹਰਬੰਸ ਸੰਘਾ, ਪ੍ਰੇਮ ਸਿੰਘ ਭੰਗੂ, ਮੇਜਰ ਸਿੰਘ ਪੁੰਨਾਂਵਾਲ, ਹਰਜਿੰਦਰ ਸਿੰਘ ਟਾਂਡਾ, ਸੁੱਖ ਗਿੱਲ ਮੋਗਾ ਅਤੇ ਕੰਵਲਪ੍ਰੀਤ ਸਿੰਘ ਪੰਨੂ ਨੇ ਕਿਹਾ ਕਿ ਇੱਕ ਪਾਸੇ ਤਾਂ ਕੇਂਦਰ ਸਰਕਾਰ ਵੱਲੋਂ ਵਿਸ਼ਵ ਵਪਾਰ ਸੰਸਥਾ ਦੀਆਂ ਨੀਤੀਆਂ ਤਹਿਤ ਮੰਡੀਕਰਨ ਦੇ ਸਮੁੱਚੇ ਢਾਂਚੇ ਨੂੰ ਤਬਾਹ ਕਰਨ ਦੇ ਨਾਲ-ਨਾਲ ਜਨਤਕ ਵੰਡ ਪ੍ਰਣਾਲੀ ਤੋਂ ਲਗਾਤਾਰ ਹੱਥ ਪਿੱਛੇ ਖਿੱਚੇ ਜਾ ਰਹੇ ਹਨ, ਦੂਜੇ ਪਾਸੇ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਵੀ ਕੀਤਾ ਜਾ ਰਿਹਾ ਹੈ, ਜਿਸ ਦੇ ਸਿੱਟੇ ਵਜੋਂ ਗੋਦਾਮਾਂ ਅਤੇ ਸ਼ੈਲਰਾਂ ਵਿਚੋਂ ਲਿਫਟਿੰਗ ਨਹੀ ਕੀਤੀ ਗਈ। ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਇਸ ਮਸਲੇ 'ਤੇ ਘੇਸਲ ਮਾਰ ਕੇ ਬੈਠੀ ਰਹੀ। ਦੋਵਾਂ ਸਰਕਾਰਾਂ ਦੀ ਬਦਨੀਤੀ ਕਾਰਨ ਅੰਨਦਾਤਾ ਮੰਡੀਆਂ ਵਿੱਚ ਰੁਲ ਰਿਹਾ ਹੈ। ਉਸ ਦੀ ਮਜਬੂਰੀ ਦਾ ਫਾਇਦਾ ਉਠਾਉਂਦੇ ਹੋਏ ਰੇਟ 'ਤੇ ਕੱਟ ਲਗਾ ਕੇ ਉਸ ਨੂੰ ਦੂਹਰੀ ਮਾਰ ਮਾਰੀ ਜਾ ਰਹੀ ਹੈ।

ਕਿਸਾਨ ਆਗੂਆਂ ਨੇ ਕਿਹਾ ਕਿ ਸੰਘਰਸ਼ ਦੇ ਦਬਾਅ ਸਦਕਾ ਭਾਵੇਂ ਲਿਫਟਿੰਗ ਦਾ ਕੰਮ ਸ਼ੁਰੂ ਕੀਤਾ ਗਿਆ ਹੈ, ਪਰ ਪੰਜਾਬ ਸਰਕਾਰ ਨੂੰ ਇਸ ਕੰਮ ਨੂੰ ਜੰਗੀ ਮੁਹਿੰਮ ਦੀ ਤਰ੍ਹਾਂ ਹੱਥ ਲੈਣਾ ਪਵੇਗਾ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਅਜਿਹਾ ਨਾ ਕੀਤਾ ਗਿਆ ਤਾਂ ਸੰਯੁਕਤ ਕਿਸਾਨ ਮੋਰਚਾ 29 ਅਕਤੂਬਰ ਨੂੰ ਡਿਪਟੀ ਕਮਿਸ਼ਨਰਾਂ ਦੇ ਦਫਤਰਾਂ ਦਾ ਘਿਰਾਓ ਕਰਨ ਲਈ ਮਜਬੂਰ ਹੋਵੇਗਾ।

ਕਿਸਾਨ ਆਗੂਆਂ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਆਪਣੇ ਲੋਕਾਂ ਨੂੰ ਹਰਗਿਜ਼ ਵੀ ਪ੍ਰੇਸ਼ਾਨ ਨਹੀਂ ਕਰਨਾ ਚਾਹੁੰਦਾ, ਪਰ ਸਰਕਾਰਾਂ ਵੱਲੋਂ ਅਪਣਾਈ ਜਾ ਰਹੀ ਦੂਸ਼ਣਬਾਜ਼ੀ ਦੀ ਸਿਆਸਤ ਵਿੱਚ ਪਿਸ ਰਹੇ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਲਵਾਰਿਸ ਨਹੀਂ ਛੱਡ ਸਕਦਾ। ਉਨ੍ਹਾਂ ਕਿਹਾ ਕਿ ਪਿਛਲੇ ਛੇ ਮਹੀਨਿਆਂ ਤੋਂ ਹਰ ਕਿਸਮ ਦੀਆਂ ਤਕਲੀਫਾਂ ਝੱਲ ਕੇ ਪੈਦਾ ਕੀਤੀ ਫ਼ਸਲ ਨੂੰ ਰੁਲਣ ਤੋਂ ਬਚਾਉਣ ਲਈ ਵੀ ਜੇਕਰ ਸੜਕਾਂ 'ਤੇ ਜੂਝਣਾ ਪੈ ਜਾਵੇ ਤਾਂ ਸਮਾਜ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਦੀ ਦੁੱਖ-ਤਕਲੀਫ ਨੂੰ ਲੋਕਾਂ ਨੂੰ ਸਮਝਣਾ ਪਵੇਗਾ। ਉਨ੍ਹਾਂ ਪੰਜਾਬ ਦੇ ਲੋਕਾਂ ਵੱਲੋਂ ਚੱਕਾ ਜਾਮ ਦੌਰਾਨ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ।

ਚੱਕਾ ਜਾਮ ਦੌਰਾਨ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਗਈ ਕਿ ਡੀ ਏ ਪੀ ਦਾ ਤੁਰੰਤ ਪ੍ਰਬੰਧ ਕਰਨ ਦੇ ਨਾਲ-ਨਾਲ ਖਾਦ ਦੀ ਬਲੈਕ ਮਾਰਕੀਟਿੰਗ ਨੂੰ ਨੱਥ ਪਾਈ ਜਾਵੇ। ਬਾਸਮਤੀ ਦਾ ਐੱਮ ਐੱਸ ਪੀ ਦੇ ਕੇ ਬਾਸਮਤੀ ਕਾਸ਼ਤਕਾਰਾਂ ਨੂੰ ਰਾਹਤ ਮੁਹੱਈਆ ਕਰਵਾਏ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** : ਕਿਸਾਨਾਂ ਨੇ ਦਿੱਲੀ-ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਸ਼ਹਿਰ ਦੇ ਸ਼ਹੀਦ ਭਗਤ ਸਿੰਘ ਚੌਕ ਵਿੱਚ ਧਰਨਾ ਲਗਾ ਕੇ ਟਰੈਫਿਕ ਜਾਮ ਕੀਤਾ। ਇਸ ਦੌਰਾਨ ਕਿਸਾਨ ਜਥੇਬੰਦੀਆਂ ਦੇ ਵਰਕਰਾਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਖਰੀਦ ਵਿੱਚ ਵਰਤੀ ਜਾ ਰਹੀ ਲਾਪਰਵਾਹੀ ਕਾਰਨ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨੂੰ ਹੋ ਰਹੀ ਪਰੇਸ਼ਾਨੀ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਪ੍ਰਦਰਸ਼ਨ ਦੌਰਾਨ ਕਿਸਾਨਾਂ ਨੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਕਿਰਤੀ ਕਿਸਾਨ ਯੂਨੀਅਨ, ਕੁੱਲ ਹਿੰਦ ਕਿਸਾਨ ਸਭਾ (1936), ਏ ਆਈ ਕੇ ਐੱਸ ਅਤੇ ਜਮਹੂਰੀ ਕਿਸਾਨ ਸਭਾ ਦੇ ਆਗੂਆਂ ਦੀ ਅਗਵਾਈ ਵਿੱਚ ਭਰਵੀਂ ਸ਼ਮੂਲੀਅਤ ਕੀਤੀ।

ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਜਨਰਲ ਸਕੱਤਰ ਬਲਦੇਵ ਸਿੰਘ ਨਿਹਾਲਗੜ੍ਹ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਬਲਾਕ ਪ੍ਰਧਾਨ ਸੁਖਦੇਵ ਸਿੰਘ ਹਰਿਆਊ, ਸਾਹਿਬ ਸਿੰਘ ਦੁਤਾਲ, ਮਹਿਲਾ ਕਿਸਾਨ ਆਗੂ ਚਰਨਜੀਤ ਕੌਰ ਧੂੜੀਆ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਗੁਰਵਿੰਦਰ ਸਿੰਘ ਦੇਧਨਾਂ, ਦਲਜਿੰਦਰ ਸਿੰਘ ਹਰਿਆਊ ਤੇ ਮੱਖਣ ਸਿੰਘ ਹਾਮਝੇੜੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਖਰੀਦ ਸੰਬੰਧੀ ਅਗਾਊਂ ਪ੍ਰਬੰਧ ਨਾ ਕੀਤੇ ਜਾਣ ਦਾ ਲਾਭ ਲੈਂਦਿਆਂ ਕੇਂਦਰ ਸਰਕਾਰ ਰੱਦ ਕੀਤੇ ਗਏ ਖੇਤੀ ਕਾਨੂੰਨਾਂ ਦਾ ਬਦਲਾ ਲੈਣ ਲਈ ਸੂਬੇ ਦੇ ਕਿਸਾਨਾਂ ਨੂੰ ਵੱਡੇ ਪੱਧਰ ਉੱਤੇ ਪਰੇਸ਼ਾਨ ਕਰ ਰਹੀ ਹੈ, ਜਿਸ ਕਰਕੇ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਝੋਨੇ ਦੀ ਫਸਲ ਮੰਡੀਆਂ ਵਿੱਚ ਰੁਲ ਰਹੀ ਹੈ ਅਤੇ ਕਿਸਾਨ ਮੰਡੀਆਂ ਵਿੱਚ ਰਾਤਾਂ ਕੱਟਣ ਲਈ ਮਜਬੂਰ ਹੋ ਰਹੇ ਹਨ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਤਿੱਖਾ ਹਮਲਾ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਪਹਿਲਾਂ ਤਾਂ ਸਰਕਾਰ ਨੇ ਖਰੀਦ ਸੰਬੰਧੀ ਪ੍ਰਬੰਧ ਨਹੀਂ ਕੀਤੇ, ਹੁਣ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਕਿਸਾਨ ਜਥੇਬੰਦੀਆਂ ਨਾਲ ਮੀਟਿੰਗਾਂ ਦੌਰਾਨ ਕੀਤੇ ਗਏ ਵਾਅਦਿਆਂ ਨੂੰ ਸਰਕਾਰ ਨੇ ਪੂਰਾ ਨਹੀਂ ਕੀਤਾ।

ਹੋਰਨਾਂ ਤੋਂ ਇਲਾਵਾ ਕਿਸਾਨ ਆਗੂ ਰਘਵੀਰ ਸਿੰਘ ਨਿਆਲ, ਲਾਭ ਸਿੰਘ ਦੁਗਾਲ, ਰਾਮ ਚੰਦ ਚੁਨਾਗਰਾ, ਜਗਜੀਤ ਸਿੰਘ ਦੁਗਾਲ, ਦਲਜੀਤ ਸਿੰਘ ਫੌਜੀ, ਕਰਮਜੀਤ ਸਿੰਘ ਪਾਤੜਾਂ ਅਤੇ ਸੂਬੇਦਾਰ ਨਰਾਤਾ ਸਿੰਘ ਆਦਿ ਹਾਜ਼ਰ ਸਨ।

**ਬੋਹਾ/ਬੁਢਲਾਡਾ (ਨਿਰੰਜਣ ਬੋਹਾ/ਅਸ਼ੋਕ ਲਾਕੜਾ)** : ਸੰਯੁਕਤ ਕਿਸਾਨ ਮੋਰਚਾ ਵੱਲੋਂ ਝੋਨੇ ਦੀ ਨਿਰਵਿਘਨ ਖਰੀਦ ਸ਼ੁਰੂ ਕਰਾਉਣ ਲਈ ਬੋਹਾ-ਬੁਢਲਾਡਾ ਮੁੱਖ ਸੜਕ ਜਾਮ ਕਰਕੇ ਪੰਜਾਬ ਤੇ ਕੇਂਦਰ ਸਰਕਾਰ ਵਿਰੁੱਧ ਰੋਸ ਦਾ ਪ੍ਰਗਟਾਵਾ ਕੀਤਾ ਗਿਆ। ਬੋਹਾ ਅਨਾਜ ਮੰਡੀ ਤੋਂ ਬਾਹਰ ਸੜਕ 'ਤੇ ਲਾਏ ਧਰਨੇ ਨੂੰ ਸੰਬੋਧਨ ਕਰਦਿਆਂ ਭਾਰਤੀ ਕਮਿਊਨਿਸਟ ਪਾਰਟੀ ਦੀ ਨੈਸ਼ਨਲ ਕੌਂਸਲ ਦੇ ਮੈਂਬਰ ਤੇ ਪੰਜਾਬ ਕਿਸਾਨ ਸਭਾ ਦੇ ਮੀਤ ਪ੍ਰਧਾਨ ਹਰਦੇਵ ਅਰਸ਼ੀ ਨੇ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਵੱਲੋਂ ਕਰਵਾਏ ਤਿੰਨ ਕਾਲੇ ਕਾਨੂੰਨਾਂ ਦੇ ਰੱਦ ਹੋਣ ਦਾ ਬਦਲਾ ਝੋਨੇ ਦੀ ਖਰੀਦ ਵਿਚ ਵਿਘਨ ਪਾ ਕੇ ਲੈ ਰਹੀ ਹੈ। ਉਨ੍ਹਾ ਕਿਹਾ ਕਿ ਸਰਕਾਰ ਦਾ ਕਿਸਾਨਾਂ ਨੂੰ ਮੰਡੀਆਂ ਵਿਚ ਖੱਜਲ-ਖੁਆਰ ਕਰਨ ਦਾ ਮਕਸਦ ਇਹੀ ਹੈ ਕਿ ਉਹ ਅੱਕ ਕੇ ਪ੍ਰਾਈਵੇਟ ਸੈਕਟਰ ਨੂੰ ਆਪਣੀ ਜਿਣਸ ਵੇਚਣ ਲਈ ਤਿਆਰ ਹੋ ਜਾਣ। ਉਨ੍ਹਾ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਨਾ ਤਜਰਬੇਕਾਰ ਤੇ ਸੁੱਤੇ ਹੋਏ ਲੋਕਾਂ ਦੀ ਸਰਕਾਰ ਹੈ, ਜਿਸ ਦਾ ਖਮਿਆਜ਼ਾ ਪੰਜਾਬ ਦੇ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ।

ਧਰਨੇ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਸੂਬਾ ਮੀਤ ਪ੍ਰਧਾਨ ਪ੍ਰਸ਼ੋਤਮ ਸਿੰਘ ਉੱਡਤ, ਬੀ ਕੇ ਯੂ (ਡਕੌਂਦਾ) ਦੇ ਆਗੂ ਲਛਮਣ ਸਿੰਘ ਚੱਕ ਅਲੀ ਸ਼ੇਰ, ਸਤਪਾਲ ਸਿੰਘ ਬਰ੍ਹੇ, ਪੰਜਾਬ ਕਿਸਾਨ ਯੂਨੀਅਨ ਦੇ ਆਗੂ ਰਾਮਫਲ ਸਿੰਘ ਚੱਕ ਅਲੀਸ਼ੇਰ, ਦਰਸ਼ਨ ਮਘਾਣੀਆਂ, ਬੀ

● ਬਾਕੀ ਸਫ਼ਾ 2 'ਤੇ

## ਅਭੀ ਤੋ ਮੈਂ ਜਵਾਨ ਹੂੰ...



**ਸ੍ਰੀ ਮੁਕਤਸਰ ਸਾਹਿਬ** : 1980 ਵਿਚ ਪ੍ਰਕਾਸ਼ ਸਿੰਘ ਬਾਦਲ ਦੇ ਖਿਲਾਫ ਗਿੱਦੜਬਾਹਾ ਹਲਕੇ ਤੋਂ ਚੋਣ ਲੜ ਕੇ ਸਿਆਸੀ ਜੀਵਨ ਦੀ ਸ਼ੁਰੂਆਤ ਕਰਨ ਵਾਲੇ ਜਗਮੀਤ ਸਿੰਘ ਬਰਾੜ ਨੇ ਮੁੜ ਗਿੱਦੜਬਾਹਾ ਹਲਕੇ ਤੋਂ ਆਜ਼ਾਦ ਉਮੀਦਵਾਰ ਵਜੋਂ ਨਾਮਜ਼ਦਗੀ ਕਾਗਜ਼ ਦਾਖਲ ਕੀਤੇ ਹਨ। ਇਸ ਮੌਕੇ ਉਨ੍ਹਾ ਨਾਲ ਰਘਬੀਰ ਸਿੰਘ ਪ੍ਰਧਾਨ ਤੇ ਸਾਬਕਾ ਵਿਧਾਇਕ ਰਿਪਜੀਤ ਸਿੰਘ ਬਰਾੜ ਵੀ ਮੌਜੂਦ ਸਨ। ਬਰਾੜ 1992 ਅਤੇ 1999 'ਚ ਦੋ ਵਾਰ ਲੋਕ ਸਭਾ ਮੈਂਬਰ ਰਹਿ ਚੁੱਕੇ ਹਨ। ਕਾਂਗਰਸ ਪਾਰਟੀ ਵਿਚ 35 ਸਾਲ ਤੱਕ ਰਹਿਣ ਤੋਂ ਬਾਅਦ ਹਾਈ ਕਮਾਂਡ ਨਾਲ ਕੁਝ ਵਖਰੇਵਿਆਂ ਕਾਰਨ ਉਹ ਪਾਰਟੀ ਛੱਡ ਕੇ ਆਲ ਇੰਡੀਆ ਤ੍ਰਿਣਮੂਲ ਕਾਂਗਰਸ ਦੇ ਸੂਬਾ ਪ੍ਰਧਾਨ ਬਣ ਗਏ। ਇਸ ਤੋਂ ਬਾਅਦ 2021 'ਚ ਉਨ੍ਹਾ ਮੌੜ ਮੰਡੀ ਤੋਂ ਅਕਾਲੀ ਉਮੀਦਵਾਰ ਵਜੋਂ ਚੋਣ ਲੜੀ ਅਤੇ ਹੁਣ ਉਹ ਆਜ਼ਾਦ ਉਮੀਦਵਾਰ ਵਜੋਂ ਨਿੱਤਰੇ ਹਨ।

## ਕੈਪਟਨ ਦਾ ਮੰਡੀ ਦੌਰਾ ਮਹਿਜ਼ ਡਰਾਮਾ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਕੈਪਟਨ ਅਮਰਿੰਦਰ ਸਿੰਘ ਦੇ ਖੰਨਾ ਅਨਾਜ ਮੰਡੀ ਦੇ ਦੌਰੇ 'ਤੇ ਪ੍ਰਤੀਕਰਮ ਦਿੰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਅਕਸਰ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮਿਲਦੇ ਰਹਿੰਦੇ ਹਨ, ਅੱਜ ਤੱਕ ਉਨ੍ਹਾ ਪੰਜਾਬ ਦੇ ਕਿਸਾਨਾਂ ਅਤੇ ਆੜ੍ਹਤੀਆਂ ਦੇ ਮੁੱਦੇ ਕਿਉਂ ਨਹੀਂ ਉਠਾਏ?

ਚੀਮਾ ਨੇ ਕਿਹਾ ਕਿ ਹੁਣ ਕੈਪਟਨ ਦਾ ਸਿਆਸੀ ਮੈਦਾਨ ਪੂਰੀ ਤਰ੍ਹਾਂ ਤਬਾਹ ਹੋ ਚੁੱਕਾ ਹੈ। ਜਦ ਜਨਤਾ ਉਨ੍ਹਾ ਨੂੰ ਨਕਾਰ ਚੁੱਕੀ ਹੈ ਤਾਂ ਉਹ ਮੰਡੀਆਂ ਵਿੱਚ ਜਾ ਕੇ ਕਿਸਾਨਾਂ ਨਾਲ ਹਮਦਰਦੀ ਦਾ ਢੌਂਗ ਕਿਉਂ ਕਰ ਰਹੇ ਹਨ। ਪੰਜਾਬ ਦੇ ਲੋਕ ਜਾਣਦੇ ਹਨ ਕਿ ਸਾਰੀ ਸਮੱਸਿਆ ਕੇਂਦਰ ਸਰਕਾਰ ਨੇ ਪੈਦਾ ਕੀਤੀ ਹੈ।ਕੇਂਦਰ ਸਰਕਾਰ ਨੇ ਸਮੇਂ ਸਿਰ ਗੁਦਾਮਾਂ ਵਿੱਚੋਂ ਚੌਲਾਂ ਦੀ ਲਿਫਟਿੰਗ ਨਹੀਂ ਕੀਤੀ। ਸ਼ੈਲਰ ਮਾਲਕਾਂ ਤੇ ਆੜ੍ਹਤੀਆਂ ਦੀ ਗੱਲ ਸਮੇਂ ਸਿਰ ਨਹੀਂ ਸੁਣੀ ਗਈ, ਜਿਸ ਕਾਰਨ ਅੱਜ ਪੰਜਾਬ ਦੇ ਕਿਸਾਨ ਅਤੇ ਆੜ੍ਹਤੀਆਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਕੈਪਟਨ ਅਮਰਿੰਦਰ

● ਬਾਕੀ ਸਫ਼ਾ 2 'ਤੇ

### ਕੇਂਦਰ ਸਰਕਾਰ ਕਿਸਾਨ-ਪੱਖੀ : ਕੈਪਟਨ



**ਖੰਨਾ** : ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਲੰਮੀ ਚੁੱਪ ਉਪਰੰਤ ਵੀਰਵਾਰ ਮੁੜ ਸਰਗਰਮ ਦੇਖੇ ਗਏ, ਜਦੋਂ ਸ਼ੁੱਕਰਵਾਰ ਸਵੇਰੇ ਉਹ ਏਸ਼ੀਆ ਦੀ ਸਭ ਤੋਂ ਵੱਡੀ ਖੰਨਾ ਅਨਾਜ ਮੰਡੀ ਵਿਖੇ ਝੋਨੇ ਦੀ ਖਰੀਦ ਦਾ ਜਾਇਜ਼ਾ ਲੈਣ ਪੁੱਜੇ। ਕੈਪਟਨ ਨੇ ਆੜ੍ਹਤੀਆਂ, ਸ਼ੈਲਰ ਮਾਲਕਾਂ, ਕਿਸਾਨਾਂ ਅਤੇ ਮਜ਼ਦੂਰ ਜਥੇਬੰਦੀਆਂ ਨਾਲ

● ਬਾਕੀ ਸਫ਼ਾ 2 'ਤੇ

## ਚੀਨੀ ਫੌਜੀਆਂ ਵੱਲੋਂ ਗਸ਼ਤ ਕੁਝ ਦਿਨਾਂ 'ਚ ਸ਼ੁਰੂ ਹੋਣ ਦੀ ਉਮੀਦ

**ਨਵੀਂ ਦਿੱਲੀ** : ਚਾਰ ਸਾਲ ਦੇ ਅੜਿੱਕੇ ਤੋਂ ਬਾਅਦ ਚੀਨੀ ਤੇ ਭਾਰਤੀ ਫੌਜਾਂ ਪੂਰਬੀ ਲੱਦਾਖ ਦੀ ਲਾਈਨ ਆਫ ਐਕਚੂਅਲ ਕੰਟਰੋਲ (ਐੱਲ ਏ ਸੀ) ਦੇ ਨਾਲ ਡੇਪਸਾਂਗ ਪਠਾਰ ਤੇ ਡੇਮਚੋਕ ਵਿਖੇ ਟਕਰਾਅ ਵਾਲੀਆਂ ਪੁਜ਼ੀਸ਼ਨਾਂ ਤੋਂ ਪਿੱਛੇ ਹਟਣ ਲੱਗੀਆਂ ਹਨ। ਦੋਨੋਂ ਦੇਸ਼ ਇਨ੍ਹਾਂ ਇਲਾਕਿਆਂ 'ਚ ਗਸ਼ਤ ਮੁੜ ਸ਼ੁਰੂ ਕਰਨ ਲਈ ਸਹਿਮਤ ਹੋਏ ਹਨ। ਇਹ ਗਸਤ 30 ਅਕਤੂਬਰ ਨੂੰ ਸ਼ੁਰੂ ਹੋਣ ਦੀ ਉਮੀਦ ਹੈ। ਇਸ ਤੋਂ ਪਹਿਲਾਂ ਦੋਵੇਂ ਧਿਰਾਂ ਇਕ-ਦੂਜੇ ਦੇ ਗਸ਼ਤ ਰੂਟਾਂ ਨੂੰ ਰੋਕਣ ਲਈ ਬਣਾਏ ਗਏ ਸਾਰੇ ਅਸਥਾਈ ਢਾਂਚਿਆਂ ਨੂੰ ਹਟਾਉਣਗੀਆਂ। ਫੌਜ ਦੇ ਸੂਤਰਾਂ ਨੇ ਕਿਹਾ ਕਿ ਉਹ ਉਨ੍ਹਾਂ ਥਾਵਾਂ 'ਤੇ ਗਸ਼ਤ ਕਰਨ ਲਈ ਵਾਪਸ ਜਾਣਗੇ, ਜਿੱਥੇ ਉਹ ਅਪਰੈਲ 2020 ਤੋਂ ਪਹਿਲਾਂ ਗਸ਼ਤ ਕਰ ਰਹੇ ਸਨ। ਇਸ ਤੋਂ ਇਲਾਵਾ ਦੋਵੇਂ ਦੇਸ਼ ਗਸ਼ਤ ਲਈ ਵੀ ਫੌਜੀਆਂ ਦੀ ਗਿਣਤੀ ਸੀਮਤ ਕਰਨਗੇ।

## ਦੀਵਾਲੀ ਵਿਸ਼ੇਸ਼ ਸਪਲੀਮੈਂਟ



ਤਰਸੇਮ ਸਿੰਘ ਸਾਧਪੁਰ
ਤਰਸਿੱਕਾ
99882-03163



ਹਰਬਿੰਦਰ ਸਿੰਘ ਰਾਣਾ
ਵੇਰਕਾ (ਅੰਮ੍ਰਿਤਸਰ)
98881-45991



ਕ੍ਰਿਸ਼ਨ ਗਰਗ
ਚੰਡੀਗੜ੍ਹ
94175-93500



ਹਰਭਜਨ ਢਿੱਲੋਂ
(ਭਲਾਣ)
94638-21648

ਦੀਵਾਲੀ ਦੇ ਸ਼ੁੱਭ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ। -ਜਨਰਲ ਮੈਨੇਜਰ

## ਪੁਲਾੜ ਤੋਂ ਅੱਠ ਮਹੀਨਿਆਂ ਬਾਅਦ ਵਾਪਸੀ



**ਕੈਪ ਕੈਨਾਵੇਰਲ** : ਬੋਇੰਗ ਦੇ ਕੈਪਸੂਲ ਵਿਚ ਖਰਾਬੀ ਆਉਣ ਤੇ ਤੂਫਾਨ ਮਿਲਟਨ ਦੇ ਕਾਰਨ ਕਰੀਬ ਅੱਠ ਮਹੀਨੇ ਪੁਲਾੜ ਸਟੇਸ਼ਨ 'ਤੇ ਬਿਤਾਉਣ ਬਾਅਦ ਚਾਰ ਯਾਤਰੀ ਸ਼ੁੱਕਰਵਾਰ ਧਰਤੀ 'ਤੇ ਵਾਪਸ ਆ ਗਏ। ਸਪੇਸਐਕਸ ਦੇ ਕੈਪਸੂਲ ਵਿਚ ਪੁਲਾੜ ਯਾਤਰੀ ਪੈਰਾਸ਼ੂਟ ਦੀ ਮਦਦ ਨਾਲ ਫਲੋਰੀਡਾ ਦੇ ਤੱਟ ਕੋਲ ਮੈਕਸੀਕੋ ਦੀ ਖਾੜੀ 'ਤੇ ਉੱਤਰੇ। ਇਨ੍ਹਾਂ ਤਿੰਨ ਅਮਰੀਕੀ ਅਤੇ ਇਕ ਰੂਸੀ ਪੁਲਾੜ ਯਾਤਰੀਆਂ ਨੇ ਦੋ ਮਹੀਨੇ ਪਹਿਲਾਂ ਧਰਤੀ 'ਤੇ ਮੁੜਨਾ ਸੀ, ਪਰ ਬੋਇੰਗ ਦੇ ਨਵੇਂ ਸਟਾਰਲਾਈਨਰ ਪੁਲਾੜ ਕੈਪਸੂਲ ਵਿਚ ਸਮੱਸਿਆ ਆਉਣ ਕਾਰਨ ਉਨ੍ਹਾਂ ਦੀ ਵਾਪਸੀ ਵਿਚ ਦੇਰੀ ਹੋਈ। ਸਪੇਸਐਕਸ ਨੇ ਮਾਰਚ ਵਿਚ ਨਾਸਾ ਦੇ ਮੈਥਿਊ ਡੋਮੀਨਿਕ, ਮਾਈਕਲ ਬੈਰੇਟ ਤੇ ਜੀਨੇਟ ਐਪਸ ਅਤੇ ਰੂਸ ਦੇ ਐਲੇਗਜ਼ੈਂਡਰ ਗੇਬ੍ਰੇਂਕਿਨ ਨੂੰ ਪੁਲਾੜ 'ਚ ਭੇਜਿਆ ਸੀ। ਸਪੇਸਐਕਸ ਨੇ ਚਾਰ ਹਫਤੇ ਪਹਿਲਾਂ ਵੀ ਦੋ ਪੁਲਾੜ ਯਾਤਰੀਆਂ ਨੂੰ ਭੇਜਿਆ ਸੀ, ਜੋ ਕਿ ਫਰਵਰੀ ਮਹੀਨੇ ਤੱਕ ਉਥੇ ਰਹਿਣਗੇ।

## ਇੰਡੋ-ਅਮੈਰੀਕਨ ਦੇਸ਼ ਭਗਤ ਫਾਊਂਡੇਸ਼ਨ ਵੱਲੋਂ ਇੱਕ ਲੱਖ ਰੁਪਏ ਸਹਾਇਤਾ



**ਜਲੰਧਰ** : ਇੰਡੋ-ਅਮੈਰੀਕਨ ਦੇਸ਼ ਭਗਤ ਫਾਊਂਡੇਸ਼ਨ ਆਫ਼ ਬੇ ਏਰੀਆ ਅਮਰੀਕਾ ਦੀ ਧਰਤੀ 'ਤੇ ਗ਼ਦਰੀ ਬਾਬਿਆਂ ਦਾ ਮੇਲਾ ਲਾਉਣ ਦਾ ਸ਼ਾਨਦਾਰ ਉੱਦਮ ਕਰਦੀ ਹੈ ।ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਗ਼ਦਰੀ ਬਾਬਿਆਂ ਦੇ ਇਸ ਵਰ੍ਹੇ 33ਵੇਂ ਮੇਲੇ ਨੂੰ ਸਫ਼ਲਤਾ-ਪੂਰਵਕ ਨੇਪਰੇ ਚਾੜ੍ਹਨ ਲਈ ਇਸ ਸੰਸਥਾ ਨੇ ਇੱਕ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੂੰ ਭੇਟ ਕੀਤੀ। ਇਸ ਮੌਕੇ ਅਮਰੀਕਾ ਤੋਂ ਸਹਾਇਤਾ ਭੇਜਣ ਵਾਲੀ ਉਪ੍ਰੋਕਤ ਸੰਸਥਾ ਦੇ ਮੈਂਬਰ ਸਾਥੀ ਨਰਿੰਦਰ ਸੁੱਜੋ ਨੇ ਫੋਨ 'ਤੇ ਗੱਲ ਕਰਦਿਆਂ ਮੇਲੇ ਲਈ ਮੁਬਾਰਕਬਾਦ ਦਿੱਤੀ ਅਤੇ ਗ਼ਦਰੀ ਬਾਬਿਆਂ ਦੀ ਘਾਲਣਾ ਨੂੰ ਸਲਾਮ ਕੀਤੀ।

ਇਸ ਮੌਕੇ ਅਮੋਲਕ ਸਿੰਘ ਅਤੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੀਨੀਅਰ ਮੈਂਬਰ ਸੁਰਿੰਦਰ ਕੁਮਾਰੀ ਕੋਛੜ ਨੇ ਅਮਰੀਕਾ ਤੋਂ ਇੰਡੋ ਅਮੈਰੀਕਨ ਦੇਸ਼ ਭਗਤ ਫਾਊਂਡੇਸ਼ਨ ਬੇਅ ਏਰੀਆ ਸੰਸਥਾ ਦਾ ਅਤੇ ਉਸ ਵੱਲੋਂ ਰਾਸ਼ੀ ਭੇਟ ਕਰਨ ਆਏ ਕੁਲਭੂਸ਼ਣ ਕੁਮਾਰ ਹੈਪੀ ਦਾ ਹਾਰਦਿਕ ਸੁਆਗਤ ਅਤੇ ਕਿਤਾਬਾਂ ਭੇਟ ਕਰਕੇ ਸਨਮਾਨ ਕੀਤਾ।ਕੁਲਭੂਸ਼ਣ ਦੇ ਨਾਲ਼ ਸਥਾਨਕ ਸੰਗੀ-ਸਾਥੀ ਅਰੁਨ ਹਾਂਸ ਅਤੇ ਹਰਬੰਸ ਵੀ ਆਏ ਸਨ। ਉਹਨਾਂ ਨਾਲ 7, 8, 9 ਨਵੰਬਰ ਨੂੰ ਦੇਸ਼ ਭਗਤ ਯਾਦਗਾਰ ਹਾਲ

● ਬਾਕੀ ਸਫ਼ਾ 2 'ਤੇ

## ਜਰਮਨ ਕੰਪਨੀਆਂ ਨੂੰ ਨਿਵੇਸ਼ ਦਾ ਸੱਦਾ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਜਰਮਨ ਕੰਪਨੀਆਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਨਿਵੇਸ਼ ਕਰਨ ਲਈ ਭਾਰਤ ਤੋਂ ਬਿਹਤਰ ਕੋਈ ਥਾਂ ਨਹੀਂ ਹੈ। ਇਹ ਭਾਰਤ ਦੀ ਵਿਕਾਸ ਕਥਾ ਦਾ ਹਿੱਸਾ ਬਨਣ ਦਾ ਸਹੀ ਸਮਾਂ ਹੈ। 'ਏਸ਼ੀਆ ਪੈਸਿਫਿਕ ਕਾਨਫਰੰਸ ਆਫ ਜਰਮਨ ਬਿਜ਼ਨਸ' ਦੇ 18ਵੇਂ ਸੰਮੇਲਨ ਨੂੰ ਸੰਬੋਧਨ ਕਰਦੇ ਹੋਏ ਉਨ੍ਹਾ ਕਿਹਾ ਕਿ ਵਿਦੇਸ਼ੀ ਨਿਵੇਸ਼ਕਾਂ ਲਈ 'ਮੇਡ ਇਨ ਇੰਡੀਆ' ਅਤੇ 'ਮੇਕ ਫਾਰ ਦਾ ਵਰਲਡ' ਪਹਿਲ ਵਿਚ ਸ਼ਾਮਲ ਹੋਣ ਦਾ ਇਹ ਸਹੀ ਸਮਾਂ ਹੈ।

ਉਨ੍ਹਾ ਕਿਹਾ ਕਿ ਜਰਮਨ ਨੇ ਭਾਰਤ ਦੇ ਹੁਨਰਮੰਦ ਕਰਮਚਾਰੀਆਂ 'ਤੇ ਜੋ ਭਰੋਸਾ ਪ੍ਰਗਟਾਇਆ ਹੈ, ਉਹ ਸ਼ਾਨਦਾਰ ਹੈ, ਕਿਉਂਕਿ ਯੂਰਪੀਅਨ ਰਾਸ਼ਟਰ ਨੇ ਹੁਨਰਮੰਦ ਭਾਰਤੀ ਕਰਮਚਾਰੀਆਂ ਲਈ ਵੀਜ਼ਿਆਂ ਦੀ ਗਿਣਤੀ 20,000 ਤੋਂ ਵਧਾ ਕੇ 90,000 ਕਰਨ ਦਾ ਫੈਸਲਾ ਕੀਤਾ ਹੈ।

## ਅੱਜ-ਨਾਮਾ

ਗਿਰਗਿਟ ਨਾਲੋਂ ਵੀ ਵੱਧ ਹਨ ਤੇਜ਼ ਨੇਤਾ,
ਪਲ-ਪਲ ਬਦਲਦੇ ਜਾਂਦੇ ਆ ਰੰਗ ਬੇਲੀ।
ਮੂੰਹ ਵਿੱਚ ਮਿੱਠਾ ਤਾਂ ਹੱਥ ਆ ਜੁੜੇ ਹੁੰਦੇ,
ਜਾਂਦੇ ਈ ਵੋਟ ਦੀ ਕਰਨ ਜਦ ਮੰਗ ਬੇਲੀ।
ਜਿਹੜਾ ਜਿੱਤ ਜਾਏ ਫੇਰ ਪਛਾਣਦਾ ਨਹੀਂ,
ਮੰਗੀਆਂ ਵੋਟਾਂ ਦੀ ਕਰੇ ਨਹੀਂ ਸੰਗ ਬੇਲੀ।
ਪਿਆ ਜੇ ਕੰਮ, ਬੂਹਿਆਂ 'ਤੇ ਬਹਿਣ ਲੋਕੀਂ,
ਮੁੜ-ਮੁੜ ਜਾਂਦਿਆਂ ਹੁੰਦੇ ਈ ਤੰਗ ਬੇਲੀ।
ਇੱਕ ਨਾ ਦੂਸਰੀ ਪਾਰਟੀ ਫਰਕ ਦਿਸਦਾ,
ਹਰ ਇੱਕ ਆਗੂ ਦਾ ਇਹੋ ਵਿਹਾਰ ਬੇਲੀ।
ਮਾਇਆ ਹੂੰਝਣ ਨੂੰ ਜਾਂਦੇ ਆ ਲੱਗ ਸਾਰੇ,
ਅੰਦਰੋਂ ਕਿਸੇ ਦਾ ਕੋਈ ਨਹੀਂ ਯਾਰ ਬੇਲੀ।

-ਤੀਸ ਮਾਰ ਖਾਂ

## ਐੱਨ ਓ ਸੀ ਤੋਂ ਬਿਨਾਂ 500 ਵਰਗ ਗਜ਼ ਤੱਕ ਦੇ ਪਲਾਟ ਦੀ ਰਜਿਸਟਰੀ ਲਈ ਘੱਟੋ-ਘੱਟ ਦੋ ਮਹੀਨੇ ਦਾ ਸਮਾਂ ਦਿੱਤਾ ਜਾਵੇਗਾ



**ਚੰਡੀਗੜ੍ਹ (ਕ੍ਰਿਸ਼ਨ ਗਰਗ)**

ਪੰਜਾਬ ਵਿੱਚ ਹੁਣ 500 ਵਰਗ ਗਜ਼ ਤੱਕ ਦੇ ਪਲਾਟ ਦੀ ਰਜਿਸਟਰੀ ਲਈ ਕਿਸੇ ਐੱਨ ਓ ਸੀ ਦੀ ਲੋੜ ਨਹੀਂ ਹੋਵੇਗੀ ਅਤੇ ਇਸ ਸੰਬੰਧੀ ਕਾਨੂੰਨੀ ਮਸ਼ੀਰ ਤੇ ਹੋਰ ਲੋੜੀਂਦੀਆਂ ਅਥਾਰਟੀਆਂ ਤੋਂ ਮਨਜ਼ੂਰੀ ਲੈਣ ਤੋਂ ਬਾਅਦ ਨੋਟੀਫਿਕੇਸ਼ਨ ਜਾਰੀ ਹੋ ਜਾਵੇਗਾ ਅਤੇ ਉਸ ਤੋਂ ਬਾਅਦ ਇਹ ਸਹੂਲਤ ਦਾ ਫ਼ਾਇਦਾ ਲੈਣ ਲਈ ਸੂਬਾ ਵਾਸੀਆਂ ਨੂੰ ਘੱਟੋ-ਘੱਟ ਦੋ ਮਹੀਨੇ ਦਾ ਸਮਾਂ ਦਿੱਤਾ ਜਾਵੇਗਾ।ਇਹ ਜਾਣਕਾਰੀ ਮਾਲ ਤੇ ਮੁੜ ਵਸੇਬਾ, ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆ ਨੇ ਸ਼ੁੱਕਰਵਾਰ ਪੰਜਾਬ ਭਵਨ ਚੰਡੀਗੜ੍ਹ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬੀਆਂ ਨੂੰ ਦੀਵਾਲੀ ਦਾ ਤੋਹਫ਼ਾ ਦਿੰਦਿਆਂ ਜ਼ਮੀਨ ਦੀ ਰਜਿਸਟਰੀ ਲਈ ਐੱਨ ਓ ਸੀ ਦੀ ਲੋੜ ਖਤਮ ਕਰ ਦਿੱਤੀ ਗਈ ਹੈ, ਜਿਸ ਨਾਲ ਸੂਬਾ ਵਾਸੀਆਂ ਦੀ ਚਿਰੋਕਣੀ ਮੰਗ ਪੂਰੀ ਹੋਈ ਹੈ। ਉਨ੍ਹਾ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਇਸ ਮਾਮਲੇ ਵਿੱਚ ਦਿਖਾਈ ਢਿੱਲ ਕਾਰਨ ਇੱਕ ਦਹਾਕੇ ਤੋਂ ਵੱਧ ਸਮੇਂ ਤੋਂ ਲੋਕ ਖੱਜਲ-ਖੁਆਰ ਹੋ ਰਹੇ ਸਨ। ਇਸ ਮੌਕੇ ਸਕੱਤਰ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਰਾਹੁਲ ਤਿਵਾੜੀ ਤੇ ਪੁੱਡਾ ਦੇ ਸੀ ਏ ਤੇ ਟਾਊਨ ਐਂਡ ਕੰਟਰੀ ਪਲੈਨਿੰਗ ਡਾਇਰੈਕਟਰ ਨੀਰੂ ਕਤਿਆਲ ਗੁਪਤਾ ਵੀ ਹਾਜ਼ਰ ਸਨ।ਮੁੰਡੀਆ ਨੇ ਕਿਹਾ ਕਿ ਮੌਜੂਦਾ ਸਰਕਾਰ ਵੱਲੋਂ ਇਸ ਦਿਸ਼ਾ ਵਿੱਚ ਵੱਡਾ ਫੈਸਲਾ ਕਰਦਿਆਂ ਐੱਨ ਓ ਸੀ ਦੀ ਲੋੜ ਖਤਮ ਕਰਨ ਲਈ 3 ਸਤੰਬਰ ਨੂੰ ਪੰਜਾਬ ਵਿਧਾਨ ਸਭਾ ਵਿੱਚ ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ (ਪਾਪਰਾ) ਸੋਧਨਾ ਐਕਟ, 2024 ਪਾਸ ਕੀਤਾ ਗਿਆ ਸੀ, ਜੋ ਹੁਣ ਰਾਜਪਾਲ ਵੱਲੋਂ ਮਨਜ਼ੂਰੀ ਮਿਲ ਗਈ ਹੈ। ਹੁਣ ਕਾਨੂੰਨੀ ਮਸ਼ੀਰ ਤੇ ਹੋਰ ਲੋੜੀਂਦੀਆਂ ਅਥਾਰਟੀਆਂ ਤੋਂ ਮਨਜ਼ੂਰੀ ਲੈਣ ਤੋਂ ਬਾਅਦ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਜਾਵੇਗਾ। ਇਕ ਸਵਾਲ ਦੇ ਜਵਾਬ ਵਿੱਚ ਉਨ੍ਹਾ ਕਿਹਾ ਕਿ ਇਸ ਸਹੂਲਤ ਦਾ ਫ਼ਾਇਦਾ ਲੈਣ ਲਈ ਸੂਬਾ ਵਾਸੀਆਂ ਨੂੰ ਘੱਟੋ-ਘੱਟ ਦੋ ਮਹੀਨੇ ਦਾ ਸਮਾਂ ਦਿੱਤਾ ਜਾਵੇਗਾ। ਮਾਲ ਤੇ ਸ਼ਹਿਰੀ ਵਿਕਾਸ ਮੰਤਰੀ ਨੇ ਦੱਸਿਆ ਕਿ ਇਸ ਫੈਸਲੇ ਨਾਲ ਜਿੱਥੇ ਗੈਰ-ਕਨੂੰਨੀ ਕਲੋਨੀਆਂ ਉਤੇ ਸ਼ਿਕੰਜਾ ਕੱਸਿਆ ਜਾਵੇਗਾ, ਉਥੇ ਛੋਟੇ ਪਲਾਟ ਮਾਲਕਾਂ ਨੂੰ ਰਾਹਤ ਮਿਲੇਗੀ, ਜਿਨ੍ਹਾਂ ਨੂੰ ਆਪਣੇ ਪਲਾਟਾਂ ਦੀ ਰਜਿਸਟਰੀ ਕਰਵਾਉਣ ਵਿੱਚ ਦਰਪੇਸ਼ ਸਮੱਸਿਆ ਆ ਰਹੀ ਸੀ। 500 ਵਰਗ ਗਜ਼ ਤੱਕ ਦੇ ਖੇਤਰ ਲਈ ਇੱਕ ਪਾਵਰ ਆਫ਼ ਅਟਾਰਨੀ, ਸਟੈਂਪ ਪੇਪਰ 'ਤੇ ਵੇਚਣ ਲਈ ਇਕਰਾਰਨਾਮਾ ਜਾਂ ਕੋਈ ਹੋਰ ਅਜਿਹਾ ਦਸਤਾਵੇਜ਼, ਜਿਸ ਨੂੰ ਸਰਕਾਰ ਨੋਟੀਫਿਕੇਸ਼ਨ ਦੁਆਰਾ ਨਿਰਧਾਰਤ ਕਰ ਸਕਦੀ ਹੈ, ਰਾਹੀਂ ਇਕਰਾਰਨਾਮਾ ਕੀਤਾ ਹੈ, ਉਸ ਰਕਬੇ ਲਈ ਐੱਨ ਓ ਸੀ ਦੀ ਲੋੜ ਨਹੀਂ ਹੋਵੇਗੀ। ਉਹਨਾ ਕਿਹਾ ਕਿ ਹੁਣ ਰਜਿਸਟਰਡ ਕੋਈ ਵੀ ਵਿਅਕਤੀ ਜਾਂ ਪ੍ਰਮੋਟਰ ਜਾਂ ਉਸ ਦਾ ਏਜੰਟ ਅਤੇ ਕੋਈ ਵੀ ਹੋਰ ਪ੍ਰਮੋਟਰ, ਜੋ ਬਿਨਾਂ ਕਿਸੇ ਵਾਜਬ ਕਾਰਨ ਦੇ ਐਕਟ ਦੀ ਧਾਰਾ-5 ਦੇ ਉਪਬੰਧਾਂ ਦੀ ਪਾਲਣਾ ਕਰਨ ਵਿੱਚ ਅਸਫਲ ਰਹਿੰਦਾ ਹੈ ਜਾਂ ਉਲੰਘਣਾ ਕਰਦਾ ਹੈ ਤਾਂ ਦੋਸ਼ੀ ਪਾਏ ਜਾਣ 'ਤੇ ਉਸ ਨੂੰ ਘੱਟੋ-ਘੱਟ 25 ਲੱਖ ਰੁਪਏ ਜੁਰਮਾਨਾ ਹੋ ਸਕਦਾ ਹੈ, ਜਿਸ ਨੂੰ ਪੰਜ ਕਰੋੜ ਰੁਪਏ ਤੱਕ ਵਧਾਇਆ ਜਾ ਸਕਦਾ ਹੈ। ਇਸ ਦੇ ਨਾਲ ਹੀ ਉਸ ਨੂੰ ਘੱਟੋ-ਘੱਟ ਪੰਜ ਸਾਲ ਦੀ ਕੈਦ ਦੀ ਸਜ਼ਾ ਦਿੱਤੀ ਜਾਵੇਗੀ, ਜਿਸ ਨੂੰ ਦਸ ਸਾਲ ਤੱਕ ਵਧਾਇਆ ਜਾ ਸਕਦਾ ਹੈ।

## ਪਾਥੀਆਂ ਦੇ ਝਗੜੇ 'ਚ ਬਜ਼ੁਰਗ ਮਾਰਿਆ ਗਿਆ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ ਰਣਬੀਰ ਸਿੰਘ ਗੋਲਣ)**

ਤਰਨ ਤਾਰਨ ਅਧੀਨ ਆਉਂਦੇ ਪਿੰਡ ਮਰਗਿੰਦਪੁਰਾ 'ਚ ਕਥਿਤ ਤੌਰ 'ਤੇ ਨਿੱਜੀ ਰੰਜਿਸ਼ ਦੇ ਚੱਲਦਿਆਂ ਗੁਆਂਢ ਵਿੱਚ ਰਹਿੰਦੇ ਵਿਅਕਤੀ ਨੇ ਦੋ ਔਰਤਾਂ ਨਾਲ ਮਿਲ ਕੇ 60 ਸਾਲਾ ਬਜ਼ੁਰਗ ਦੀ ਕੁੱਟ-ਕੁੱਟ ਕੇ ਹੱਤਿਆ ਕਰ ਦਿੱਤੀ। ਮ੍ਰਿਤਕ ਦੀ ਪਛਾਣ ਚਰਨ ਸਿੰਘ ਪੁੱਤਰ ਸੂਬਾ ਸਿੰਘ ਵਾਸੀ ਮਰਗਿੰਦਪੁਰਾ ਵਜੋਂ ਹੋਈ ਹੈ। ਮ੍ਰਿਤਕ ਦੀ ਪਤਨੀ ਕੁਲਵੰਤ ਕੌਰ ਨੇ ਦੱਸਿਆ ਕਿ ਉਸ ਦਾ ਪਤੀ ਪਿੰਡਾਂ ਵਿੱਚ ਫੇਰੀ ਦਾ ਕੰਮ ਕਰਦਾ ਸੀ। ਉਨ੍ਹਾ ਦੇ ਘਰ ਦੇ ਨਜ਼ਦੀਕ ਪਿੰਡ ਵਿੱਚ ਸ਼ਾਮਲਾਟ ਜਗ੍ਹਾ ਸੀ, ਜਿੱਥੇ ਉਹ ਲੰਮੇ ਸਮੇਂ ਤੋਂ ਪਾਥੀਆਂ ਪੱਥਦੇ ਸਨ। ਉਸੇ ਜਗ੍ਹਾ 'ਤੇ ਉਨ੍ਹਾ ਦੇ ਗੁਆਂਢੀ ਬੂਟਾ ਸਿੰਘ ਪੁੱਤਰ ਕੁੰਦਨ ਸਿੰਘ ਵਾਸੀ ਮਰਗਿੰਦਪੁਰਾ ਹੁਰੀਂ ਵੀ ਪਾਥੀਆਂ ਪੱਥਦੇ ਸਨ ਤੇ ਉਹ ਉਨ੍ਹਾਂ ਨੂੰ ਉਸ ਜਗ੍ਹਾ 'ਤੇ ਪਾਥੀਆਂ ਪੱਥਣ ਤੋਂ ਰੋਕਦੇ ਸਨ। ਵੀਰਵਾਰ ਦੁਪਹਿਰ 2 ਵਜੇ ਜਦੋਂ ਉਹ ਪਾਥੀਆਂ ਪੱਥਣ ਲਈ ਗਈ ਤਾਂ ਉੱਥੇ ਬੂਟਾ ਸਿੰਘ, ਹਰਮਨ ਕੌਰ ਪਤਨੀ ਬੂਟਾ ਸਿੰਘ ਅਤੇ ਅਮਨ ਕੌਰ ਪਤਨੀ ਸੇਵਕ ਸਿੰਘ ਪਹਿਲਾਂ ਤੋਂ ਹੀ ਮੌਜੂਦ ਸਨ। ਕੁਲਵੰਤ ਕੌਰ ਨੇ ਦੱਸਿਆ ਕਿ ਪਾਥੀਆਂ ਪੱਥਣ ਤੋਂ ਰੋਕਣ 'ਤੇ ਉਸ ਦੀ ਤਕਰਾਰ ਹੋ ਗਈ ਤੇ ਬੂਟਾ ਸਿੰਘ, ਹਰਮਨ ਕੌਰ ਤੇ ਅਮਨ ਕੌਰ ਨੇ ਉਸ ਦੀ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ। ਝਗੜਾ ਸੁਣ ਕੇ ਉਸ ਦਾ ਪਤੀ ਚਰਨ ਸਿੰਘ, ਜੋ ਘਰ ਵਿੱਚ ਮੌਜੂਦ ਸੀ, ਜਦ ਉਸ ਨੂੰ ਛਡਾਉਣ ਲਈ ਆਇਆ ਤਾਂ ਉਕਤ ਵਿਅਕਤੀ ਤੇ ਔਰਤਾਂ ਨੇ ਉਸ ਨੂੰ ਕੁੱਟਣਾ ਸ਼ੁਰੂ ਕਰ ਦਿੱਤਾ ਤੇ ਉਹ ਜ਼ਮੀਨ 'ਤੇ ਡਿੱਗ ਪਿਆ। ਉਨ੍ਹਾਂ ਤਿੰਨਾਂ ਨੇ ਜ਼ਮੀਨ 'ਤੇ ਡਿੱਗੇ ਉਸ ਦੇ ਪਤੀ ਨੂੰ ਬੁਰੀ ਤਰ੍ਹਾਂ ਕੁੱਟਿਆ ਤੇ ਕੁੱਟਮਾਰ ਦੌਰਾਨ ਉਸ ਦੇ ਪਤੀ ਦੇ ਗੁਪਤ ਅੰਗ 'ਤੇ ਸੱਟ ਲੱਗ ਗਈ। ਜਦੋਂ ਉਨ੍ਹਾਂ ਬਚਾਓ-ਬਚਾਓ ਦਾ ਰੌਲ਼ਾ ਪਾਇਆ ਤਾਂ ਉਕਤ ਵਿਅਕਤੀ ਤੇ

● ਬਾਕੀ ਸਫ਼ਾ 2 'ਤੇ

## ਸਕੂਲਾਂ 'ਚ ਰਾਜਨੀਤਕ ਦਖ਼ਲਅੰਦਾਜ਼ੀ ਬੰਦ ਕੀਤੀ ਜਾਵੇ : ਡੀ ਟੀ ਐੱਫ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜੈਤੋ ਹਲਕੇ ਦੇ ਵਿਧਾਇਕ ਅਮੋਲਕ ਸਿੰਘ ਵੱਲੋਂ ਪਿਛਲੇ ਮਹੀਨੇ ਸਰਕਾਰੀ ਪ੍ਰਾਇਮਰੀ ਸਕੂਲ ਗੋਂਦਾਰਾ ਵਿਖੇ ਚੈਕਿੰਗ ਦੌਰਾਨ ਅਧਿਆਪਕਾਂ ਦੇ ਜਮਾਤਾਂ ਵਿੱਚੋਂ ਬਾਹਰ ਨਾ ਆਉਣ ਤੇ ਐੱਮ ਐੱਲ ਏ ਦਾ ਸਵਾਗਤ ਨਾ ਕਰਨ ਨੂੰ ਇੱਕ ਗੰਭੀਰ ਦੋਸ਼ ਬਣਾ ਕੇ ਵਿਧਾਨ ਸਭਾ ਸਪੀਕਰ ਪੰਜਾਬ ਨੂੰ ਲਿਖਤੀ ਸ਼ਿਕਾਇਤ ਦੇ ਕੇ ਉਨ੍ਹਾਂ ਉੱਪਰ ਕਾਰਵਾਈ ਕਰਾਉਣ ਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਨੇ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਸੂਬਾ ਜਨਰਲ ਸਕੱਤਰ ਮਹਿੰਦਰ ਕੋੜਿਆਂਵਾਲੀ, ਪ੍ਰੈੱਸ ਸਕੱਤਰ ਪਵਨ ਕੁਮਾਰ ਤੇ ਜ਼ਿਲ੍ਹਾ ਪ੍ਰਧਾਨ ਫ਼ਿਰੋਜ਼ਪੁਰ ਮਲਕੀਤ ਸਿੰਘ ਹਰਾਜ ਨੇ ਕਿਹਾ ਕਿ ਅਧਿਆਪਕ ਦਾ ਕੰਮ ਸਕੂਲਾਂ ਵਿੱਚ ਬੱਚਿਆਂ ਨੂੰ ਪੜ੍ਹਾਉਣਾ ਹੁੰਦਾ ਹੈ, ਨਾ ਕਿ ਕਿਸੇ ਵਿਧਾਇਕ ਜਾਂ ਕਿਸੇ ਹੋਰ ਦੀ ਆਓ ਭਗਤ ਕਰਨਾ। ਵਿਧਾਇਕ ਵੱਲੋਂ ਸਕੂਲਾਂ ਵਿੱਚ ਇਸ ਤਰ੍ਹਾਂ ਬਿਨਾਂ ਜਾਣਕਾਰੀ ਦਿੱਤਿਆਂ ਜਾਣਾ ਤੇ ਫਿਰ ਅਧਿਆਪਕਾਂ ਦੀ ਸ਼ਿਕਾਇਤ ਕਰਨਾ ਸਿਰਫ ਗੈਰ-ਜ਼ਿੰਮੇਵਾਰਾਨਾ ਵਿਵਹਾਰ ਦੀ ਉਦਾਹਰਣ ਹੀ ਹੈ।ਇਸ ਮੌਕੇ ਜਨਰਲ ਸਕੱਤਰ ਅਮਿਤ ਕੁਮਾਰ, ਸਰਬਜੀਤ ਸਿੰਘ, ਗੁਰਵਿੰਦਰ ਸਿੰਘ ਖੋਸਾ, ਸਵਰਨ ਸਿੰਘ ਜੋਸਨ, ਇੰਦਰ ਸਿੰਘ, ਅਰਸ਼ਦੀਪ ਸਿੰਘ, ਅਰਵਿੰਦਰ ਕੁਮਾਰ, ਨਰਿੰਦਰ ਸਿੰਘ ਜੰਮੂ, ਭਗਵਾਨ ਸਿੰਘ, ਕਰਤਾਰ ਸਿੰਘ, ਸੰਜੀਵ ਕੁਮਾਰ, ਕਿਰਪਾਲ ਸਿੰਘ, ਹੀਰਾ ਸਿੰਘ, ਸੁਖਜਿੰਦਰ ਸਿੰਘ, ਲਖਵਿੰਦਰ ਸਿੰਘ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਜ਼ਿਲ੍ਹਾ ਖੇਡਾਂ 'ਚ ਸ.ਸ.ਸ. ਸਕੂਲ ਖੇੜਾ ਦੇ ਖਿਡਾਰੀਆਂ ਦੀ ਬੱਲੇ-ਬੱਲੇ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੰਡੀ ਗੋਬਿੰਦਗੜ੍ਹ ਵਿਖੇ ਕਰਾਈ ਗਈ 68 ਵੀਂ ਦੋ ਦਿਨਾ ਜ਼ਿਲ੍ਹਾ ਪੱਧਰੀ ਅਥਲੈਟਿਕ ਮੀਟ ਦੌਰਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਖੇੜਾ ਦੇ ਵਿਦਿਆਰਥੀਆਂ ਨੇ ਬਹੁਤ ਵਧੀਆ ਪ੍ਰਦਰਸ਼ਨ ਕਰਕੇ ਆਪਣੇ ਸਕੂਲ, ਮਾਪਿਆਂ ਤੇ ਪਿੰਡ ਦਾ ਨਾਂਅ ਉੱਚਾ ਕੀਤਾ ਹੈ।ਪ੍ਰਿੰਸੀਪਲ ਮਨਜਿੰਦਰ ਕੌਰ ਨੇ ਇਹ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਇਨਾਂ ਖੇਡਾਂ ਦੌਰਾਨ ਖੇੜਾ ਸਕੂਲ ਦੇ ਵਿਦਿਆਰਥੀ ਰਹਿਮਤ ਨੇ 1500 ਮੀਟਰ ਦੌੜ ਵਿੱਚ ਗੋਲਡ ਮੈਡਲ ਜਿੱਤਿਆ ਤੇ ਵਿਦਿਆਰਥੀ ਜਸ਼ਨਪ੍ਰੀਤ ਸਿੰਘ ਨੇ 200 ਮੀਟਰ ਅਤੇ 400 ਮੀਟਰ ਦੌੜ 'ਚ ਗੋਲਡ ਮੈਡਲ ਜਿੱਤ ਕੇ ਸਕੂਲ ਦਾ ਮਾਣ ਵਧਾਇਆ ਹੈ।ਉਨ੍ਹਾਂ ਬੱਚਿਆਂ ਨੂੰ ਸਿਖਲਾਈ ਦੇਣ ਵਾਲੇ ਸਕੂਲ ਦੇ ਡੀ.ਪੀ. ਕਮਲਜੀਤ ਸਿੰਘ ਅਤੇ ਬੱਚਿਆਂ ਦੇ ਮਾਪਿਆਂ ਨੂੰ ਵੀ ਉਚੇਚੇ ਤੌਰ 'ਤੇ ਵਧਾਈ ਦਿੱਤੀ।ਸਕੂਲ ਵਿੱਚ ਸਵੇਰ ਦੀ ਸਭਾ ਦੌਰਾਨ ਖੇਡਾਂ 'ਚ ਨਾਮਣਾ ਖੱਟਣ ਵਾਲੇ ਵਿਦਿਆਰਥੀਆਂ ਦਾ ਪ੍ਰਿੰਸੀਪਲ ਮਨਜਿੰਦਰ ਕੌਰ ਵੱਲੋਂ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।ਇਸ ਮੌਕੇ ਸਕੂਲ ਦਾ ਸਮੂਹ ਸਟਾਫ ਵੀ ਹਾਜ਼ਰ ਸੀ।

## ਸਵਾਮੀ ਵਿਵੇਕਾਨੰਦ ਇੰਸ. ਵਿਖੇ ਆਈ ਐੱਸ ਟੀ ਈ ਚੈਪਟਰ ਦੀ ਸ਼ੁਰੂਆਤ



**ਜੈਤੋ (ਸਤੀਸ਼ ਕੁਮਾਰ ਭੀਰੀ)**-ਸਵਾਮੀ ਵਿਵੇਕਾਨੰਦ ਗਰੁੱਪ ਆਫ ਇੰਸਟੀਚਿਊਟਸ ਬਨੂੰੜ ਵਿਖੇ ਆਈ ਐੱਸ ਟੀ ਈ ਚੈਪਟਰ 2024-25 ਦੀ ਸ਼ਾਨਦਾਰ ਸ਼ੁਰੂਆਤ ਕੀਤੀ ਗਈ।ਇਹ ਮਹੱਤਵਪੂਰਨ ਤੇ ਮਨ ਭਾਵਨ ਮੌਕੇ ਮੁੱਖ ਮਹਿਮਾਨ ਡਾਕਟਰ ਪੀ ਕੇ ਦੇਸਾਈ, ਪ੍ਰਧਾਨ ਆਈ ਐੱਸ ਟੀ ਈ ਨੇ ਵੀ ਸ਼ਿਰਕਤ ਕੀਤੀ।ਸਮਾਗਮ ਦੀ ਸ਼ੁਰੂਆਤ ਦੀਪ ਪ੍ਰਜਵਲਿਤ ਕਰਨ ਉਪਰੰਤ ਹੋਈ।ਆਪਣੇ ਪ੍ਰੇਰਨਾਦਾਇਕ ਸੰਬੋਧਨ ਦੌਰਾਨ ਡਾਕਟਰ ਪੀ ਕੇ ਦੇਸਾਈ ਨੇ ਵਿਦਿਆਰਥੀਆਂ ਨੂੰ ਤਕਨੀਕੀ ਖੇਤਰ ਵਿੱਚ ਨਵਚੇਤਨਾ ਤੇ ਨਵੀਂ ਵਿਚਾਰਧਾਰਾ ਅਪਣਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਆਈ ਐੱਸ ਟੀ ਈ ਚੈਪਟਰ ਦੀ ਸਥਾਪਨਾ ਨਾਲ ਵਿਦਿਆਰਥੀਆਂ ਨੂੰ ਵਿੱਦਿਆ ਵਿੱਚ ਨਵੀਂ ਦਿਸ਼ਾ ਤੇ ਉੱਚ ਸਿੱਖਿਆ ਪ੍ਰਦਾਨ ਕਰਨ ਦੇ ਰਸਤੇ ਖੁੱਲ੍ਹੇ ਹਨ।ਇਹ ਪ੍ਰੋਗਰਾਮ ਵਿਦਿਆਰਥੀਆਂ ਲਈ ਇੱਕ ਨਵੀਂ ਸ਼ੁਰੂਆਤ ਦਾ ਸੰਕੇਤ ਹੈ, ਜਿੱਥੇ ਉਨ੍ਹਾਂ ਨੇ ਇੰਟਰ ਐਕਟਵ ਪੀ ਪੀ ਟੀ ਸੈਸ਼ਨ, ਮੁੱਖ ਭਾਸ਼ਣ ਤੇ ਕਵੀਜ ਚੈਲੰਜ ਵਿੱਚ ਭਾਗ ਲਿਆ ਅਤੇ ਤਜਰਬੇ ਹਾਸਲ ਕੀਤੇ।ਇਸ ਸ਼ੁਰੂਆਤ ਨਾਲ ਸਵਾਈਟ ਨੇ ਨਵੀਂ ਤਕਨੀਕੀ ਯਾਤਰਾ ਦੀ ਬੁਨਿਆਦ ਰੱਖੀ ਹੈ, ਜਿਸ ਨਾਲ ਵਿਦਿਆਰਥੀਆਂ ਨੂੰ ਨਵੀਂ ਉਚਾਈਆਂ ਨੂੰ ਛੂਹਣ ਦਾ ਮੌਕਾ ਪ੍ਰਾਪਤ ਹੋਵੇਗਾ।ਇਸ ਮੌਕੇ ਸਵਾਮੀ ਵਿਵੇਕਾਨੰਦ ਗਰੁੱਪ ਆਫ ਇੰਸਟੀਚਿਊਟਸ ਦੇ ਚੇਅਰਮੈਨ ਅਸ਼ਵਨੀ ਕੁਮਾਰ ਗਰਗ ਨੇ ਵਿਦਿਆਰਥੀਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਪੰਜਾਬੀ 'ਵਰਸਿਟੀ ਵਿਖੇ ਲਗਾਇਆ ਖ਼ੂਨਦਾਨ ਕੈਂਪ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਦੇ ਐੱਨ. ਐੱਸ. ਐੱਸ. ਵਿਭਾਗ ਵੱਲੋਂ ਰੋਟਰੀ ਕਲੱਬ ਪਟਿਆਲਾ, ਪੰਜਾਬ ਯੂਨੀਸਨ ਫਾਰ ਸੋਸ਼ਲ ਹੈਲਪ ਤੇ ਛਾਤਰ ਯੁਵਾ ਸੰਘਰਸ਼ ਸਮਿਤੀ ਦੇ ਸਹਿਯੋਗ ਨਾਲ ਗੁਰੂ ਤੇਗ ਬਹਾਦਰ ਹਾਲ ਵਿਖੇ ਖ਼ੂਨਦਾਨ ਕੈਂਪ ਲਗਵਾਇਆ ਗਿਆ। ਪ੍ਰੋਗਰਾਮ ਕੋਆਰਡੀਨੇਟਰ ਡਾ. ਅਨਹਦ ਸਿੰਘ ਗਿੱਲ ਨੇ ਦੱਸਿਆ ਕਿ ਇਸ ਖ਼ੂਨਦਾਨ ਕੈਂਪ ਵਿੱਚ 90 ਵਲੰਟੀਅਰਾਂ ਨੇ ਰਜਿਸਟ੍ਰੇਸ਼ਨ ਕਰਵਾਈ, ਜਿਨ੍ਹਾਂ ਵਿੱਚੋਂ 76 ਵਲੰਟੀਅਰਾਂ ਵੱਲੋਂ ਖ਼ੂਨ ਦਾਨ ਕੀਤਾ ਗਿਆ। ਉਨ੍ਹਾਂ ਵਲੰਟੀਅਰਾਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਖ਼ੂਨ ਦਾਨ ਨਾਲ ਸਰੀਰ ਨੂੰ ਕੋਈ ਨੁਕਸਾਨ ਨਹੀਂ ਹੁੰਦਾ, ਸਗੋਂ ਨਵਾਂ ਖ਼ੂਨ ਬਣਾਉਣ ਵਿੱਚ ਮਦਦ ਹੁੰਦੀ ਹੈ।ਅਜਿਹਾ ਕਰ ਕੇ ਬਹੁਤ ਸਾਰੇ ਲੋੜਵੰਦ ਮਰੀਜ਼ਾਂ ਦੀ ਜਾਨ ਬਚਾਈ ਜਾ ਸਕਦੀ ਹੈ।ਇਸ ਕੈਂਪ ਵਿੱਚ ਐੱਨ ਐੱਸ ਐੱਸ ਪ੍ਰੋਗਰਾਮ ਅਫ਼ਸਰਾਂ ਤੇ 27 ਵਲੰਟੀਅਰਾਂ ਵੱਲੋਂ ਭਾਗ ਲਿਆ ਗਿਆ।ਯੂਨੀਵਰਸਿਟੀ ਦੇ ਲੋਕ ਸੰਪਰਕ ਸੰਪਰਕ ਵਿਭਾਗ ਵਿੱਚ ਕਾਰਜਸ਼ੀਲ ਕਰਮਚਾਰੀ ਸ੍ਰੀ ਚੰਦਰ ਕੰਬੋਜ ਵੱਲੋਂ ਵੀ ਖ਼ੂਨ ਦਾਨ ਕੀਤਾ ਗਿਆ।ਅੰਤ ਵਿੱਚ ਪ੍ਰੋਗਰਾਮ ਕੋਆਰਡੀਨੇਟਰ ਡਾ. ਅਨਹਦ ਸਿੰਘ ਗਿੱਲ ਨੇ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਤੋਂ ਪੁੱਜੇ ਡਾ. ਸੁਖਵਿੰਦਰ ਸਿੰਘ ਦੀ ਟੀਮ ਤੇ ਵਲੰਟੀਅਰਾਂ ਦਾ ਇਸ ਮਹਾਨ ਕਾਰਜ ਵਿੱਚ ਜੁੜਨ ਲਈ ਧੰਨਵਾਦ ਕੀਤਾ।

## ਨਗਰ ਕੌਂਸਲ ਨੇ ਸਫਾਈ ਪੰਦਰਵਾੜਾ ਮਨਾਇਆ



**ਕੋਟਕਪੂਰਾ (ਰਛਪਾਲ ਭੁੱਲਰ)**-ਪੀ ਐੱਮ ਆਈ ਡੀ ਸੀ ਤੇ ਮਾਣਯੋਗ ਸਥਾਨਕ ਸਰਕਾਰ ਵੱਲੋਂ ਮਿਲੇ ਹੁਕਮਾਂ ਅਨੁਸਾਰ, ਨਗਰ ਕੌਂਸਲ ਕੋਟਕਪੂਰਾ ਦੇ ਕਾਰਜ ਸਾਧਕ ਅਫਸਰ ਅਮਰਿੰਦਰ ਸਿੰਘ ਦੀ ਅਗਵਾਈ ਵਿੱਚ ਸੁਪਰਡੈਂਟ ਸੈਨੀਟੇਸ਼ਨ ਵੀਰਪਾਲ ਸਿੰਘ, ਸੈਨਟਰੀ ਇੰਸਪੈਕਟਰ ਨੰਦ ਲਾਲ ਤੇ ਪ੍ਰੇਮ ਚੰਦ ਦੇ ਦਿਸ਼ਾ ਨਿਰਦੇਸ਼ ਵਿੱਚ ਸਥਾਨਕ ਨਗਰ ਕੌਂਸਲ ਵੱਲੋਂ ਸਵੱਛਤਾ ਦੀ ਲਹਿਰ ਅਧੀਨ ਸਫਾਈ ਪੰਦਰਵਾੜਾ ਮਨਾਇਆ ਗਿਆ, ਜਿਸ ਵਿੱਚ ਐੱਚ.ਡੀ.ਐੱਫ.ਸੀ. ਬੈਂਕ ਮੋਗਾ ਰੋਡ, ਐਂਟਰੀ ਪੁਆਇੰਟ ਤੋਂ ਲੈ ਕੇ ਤਿੰਨਕੋਣੀ ਮੋਗਾ ਰੋਡ ਤੱਕ ਸਫਾਈ ਕਰਵਾਈ ਗਈ।ਨਾਲ ਨਾਲ ਲੋਕਾਂ ਨੂੰ ਸਵੱਛਤਾ ਸੰਬੰਧੀ ਜਾਣੂ ਕਰਵਾਉਂਦਿਆਂ ਆਸ-ਪਾਸ ਦੀ ਸਾਫ-ਸਫਾਈ ਰੱਖਣ ਲਈ ਵੀ ਜਾਗਰੂਕ ਕੀਤਾ ਗਿਆ।ਇਸ ਮੌਕੇ ਪੀ.ਬੀ.ਜੀ. ਵੈੱਲਫੇਅਰ ਕਲੱਬ ਦੇ ਮੈਂਬਰ ਉਦੈ ਰਣਦੇਵ ਵੱਲੋਂ ਵੀ ਇਸ ਵਿੱਚ ਹਿੱਸਾ ਲਿਆ ਗਿਆ ਅਤੇ ਨਾਲ ਹੀ ਮੁਕਤਸਰ ਰੋਡ, ਰੇਲਵੇ ਸਟੇਸ਼ਨ ਤੋਂ ਲੈ ਕੇ ਐਗਜ਼ਿਟ ਪੁਆਇੰਟ ਮਿਉਂਸਪਲ ਦੀ ਹੱਦ ਤੱਕ ਸਫਾਈ ਕਰਵਾਈ ਗਈ, ਜਿਸ ਵਿੱਚ ਅਨੁਵਰਤ ਸਮਿਤੀ ਦੇ ਮੈਂਬਰ ਰਾਜਨ ਕੁਮਾਰ ਜੈਨ ਵੱਲੋਂ ਵੀ ਇਸ ਵਿੱਚ ਹਿੱਸਾ ਲਿਆ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਫਾਈ ਸੇਵਕ ਯੂਨੀਅਨ ਦੇ ਪ੍ਰਧਾਨ ਪ੍ਰੇਮ ਕੁਮਾਰ, ਐੱਮ. ਸੀ. ਚੰਚਲ ਕੁਮਾਰ ਸਮੇਤ ਸਾਰੇ ਮੋਟੀਵੇਟਰ ਹਾਜ਼ਰ ਸਨ।

## ਹੋਲੀ ਹਾਰਟ ਸਕੂਲ 'ਚ ਗ੍ਰੀਨ ਦੀਵਾਲੀ ਮਨਾਉਣ ਬਾਰੇ ਦੱਸਿਆ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਵਿਦਿਆਰਥੀਆਂ ਨੂੰ ਗਰੀਨ ਦਿਵਾਲੀ ਮਨਾਉਣ ਬਾਰੇ ਦੱਸਿਆ।ਅਧਿਆਪਕ ਨੇ ਕਿਹਾ ਕਿ ਸਾਨੂੰ ਗਰੀਨ ਦਿਵਾਲੀ ਮਨਾਉਣੀ ਚਾਹੀਦੀ ਹੈ, ਕਿਉਂਕਿ ਪਟਾਕਿਆਂ ਦਾ ਧੂਆਂ ਵਾਤਾਵਰਨ ਦੇ ਨਾਲ ਨਾਲ ਅੱਖਾਂ, ਚਮੜੀ ਤੇ ਫੇਫੜਿਆਂ ਨੂੰ ਵੀ ਨੁਕਸਾਨ ਪਹੁੰਚਾਉਂਦਾ ਹੈ।ਉਨ੍ਹਾਂ ਬੱਚਿਆਂ ਨੂੰ ਸਾਫ ਵਾਤਾਵਰਣ ਤੇ ਚੰਗੀ ਸਿਹਤ ਦਾ ਮਹੱਤਵ ਸਮਝਾਇਆ।ਉਨ੍ਹਾਂ ਬੱਚਿਆਂ ਨੂੰ ਪਟਾਕੇ ਚਲਾਉਣ ਦੀ ਬਜਾਏ ਬੂਟੇ ਲਗਾ ਕੇ ਗਰੀਨ ਦਿਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਨੇ ਦੱਸਿਆ ਕਿ ਲੋਕ ਦਿਵਾਲੀ ਦੇ ਤਿਉਹਾਰ 'ਤੇ ਕਰੋੜਾਂ ਹੀ ਰੁਪਇਆਂ ਦੇ ਪਟਾਕੇ ਤੇ ਚਾਈਨਾ ਦੀਆਂ ਲੜੀਆਂ ਲੈ ਕੇ ਫਜ਼ੂਲ ਹੀ ਖਰਚਾ ਕਰਦੇ ਹਨ ਅਤੇ ਇਸ ਨਾਲ ਸਾਡਾ ਵਾਤਾਵਰਨ ਵੀ ਪ੍ਰਦੂਸ਼ਤ ਹੁੰਦਾ ਹੈ।ਸੋ ਸਾਨੂੰ ਕੁਦਰਤ ਪੱਖੀ ਗਰੀਨ ਦਿਵਾਲੀ ਮਨਾਉਣੀ ਚਾਹੀਦੀ ਹੈ।ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੇਆ ਪਲਤਾ ਤੇ ਸਕੂਲ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਹਾਜ਼ਰ ਸਨ।

## ਸਰਕਾਰ ਜਾਣਬੁੱਝ ਕੇ ਝੋਨਾ ਖ਼੍ਰੀਦਣ 'ਚ ਢਿੱਲ-ਮੱਠ ਕਰ ਰਹੀ : ਗੁਰਬਿੰਦਰ ਭਗਤਾ

**ਬਠਿੰਡਾ (ਰਾਜੀਵ ਗੋਇਲ)**



ਪਿਛਲੇ ਸਾਲ ਕੇਂਦਰ ਸਰਕਾਰ ਵੱਲੋਂ ਸ਼ੈਲਰਾਂ ਵਿੱਚੋਂ ਚੌਲ ਨਾ ਚੁੱਕੇ ਜਾਣ ਦਾ ਬਹਾਨਾ ਬਣਾ ਕੇ ਤੇ ਸ਼ੈਲਰਾਂ ਵਿੱਚ ਥਾਂ ਨਾ ਹੋਣ ਦਾ ਕਹਿ ਕੇ ਸੂਬਾ ਸਰਕਾਰ ਕਿਸਾਨਾਂ ਨੂੰ ਗੁੰਮਰਾਹ ਕਰ ਰਹੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਾਬਕਾ ਜ਼ਿਲ੍ਹਾ ਪ੍ਰਧਾਨ ਤੇ ਸੀਨੀਅਰ ਭਾਜਪਾ ਆਗੂ ਗੁਰਬਿੰਦਰ ਸਿੱਧੂ ਵੱਲੋਂ ਇੱਕ ਵਿਸ਼ੇਸ਼ ਗੱਲਬਾਤ ਦਰਮਿਆਨ ਕੀਤਾ ਗਿਆ। ਉਨ੍ਹਾ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਕੇਂਦਰੀ ਮੰਤਰੀ ਪ੍ਰਹਿਲਾਦ ਜੋਸ਼ੀ ਨਾਲ ਮੀਟਿੰਗ ਕਰਕੇ ਇਹ ਕਹਿ ਕੇ ਆਏ ਹਨ ਕਿ ਪੰਜਾਬ ਅੰਦਰ 3 ਲੱਖ 80 ਹਜ਼ਾਰ ਮੀਟ੍ਰਿਕ ਟਨ ਝੋਨਾ ਸਟੋਰ ਕਰਨ ਲਈ ਸੂਬੇ ਅੰਦਰ ਜਗ੍ਹਾ ਹੈ। ਭਗਤਾ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੂੰ ਆਪਣੀ ਫਸਲ ਸਮੇਂ ਸਿਰ ਵੇਚਣ ਵਿੱਚ ਕੋਈ ਦਿੱਕਤ ਨਾ ਆਵੇ, ਇਸ ਵਾਸਤੇ ਕੇਂਦਰ ਸਰਕਾਰ ਵੱਲੋਂ ਢੁੱਕਵੇਂ ਕਦਮ ਚੁੱਕੇ ਗਏ ਸਨ ਅਤੇ ਇਸ ਦੇ ਨਾਲ-ਨਾਲ ਪੰਜਾਬ ਤੇ ਹਰਿਆਣਾ ਨੂੰ ਲੋੜੀਂਦੇ ਫੰਡ ਦਿੱਤੇ ਗਏ ਸਨ ਤਾਂ ਕਿ ਕਿਸਾਨਾਂ ਦਾ ਸਮੇਂ ਅਨੁਸਾਰ ਭੁਗਤਾਨ ਹੋ ਸਕੇ। ਉਨ੍ਹਾਂ ਦੱਸਿਆ ਕਿ ਕੇਂਦਰ ਸਰਕਾਰ ਨੇ ਪੰਜਾਬ ਸਰਕਾਰ ਨੂੰ ਝੋਨੇ ਦੀ ਖਰੀਦ ਲਈ 40339 ਕਰੋੜ ਰੁਪਏ ਜਾਰੀ ਕੀਤੇ ਗਏ ਸਨ, ਪਰ ਪੰਜਾਬ ਸਰਕਾਰ ਨੇ ਝੋਨੇ ਦਾ ਇੱਕ ਦਾਣਾ ਤੱਕ ਨਹੀਂ ਖ਼੍ਰੀਦਿਆ, ਜਦਕਿ ਹਰਿਆਣਾ ਦੀਆਂ ਮੰਡੀਆਂ ਵਿੱਚ ਝੋਨਾ ਚੁੱਕਿਆ ਜਾ ਚੁੱਕਾ ਹੈ। ਉਨ੍ਹਾਂ ਸੂਬਾ ਸਰਕਾਰ 'ਤੇ ਦੋਸ਼ ਲਗਾਇਆ ਗਿਆ ਕਿ ਮਾਨ ਸਰਕਾਰ ਦੀ ਕਹਿਣੀ ਤੇ ਕਰਨੀ ਵਿੱਚ ਸਾਫ ਫਰਕ ਨਜ਼ਰ ਆ ਰਿਹਾ ਹੈ ਅਤੇ ਸੂਬੇ ਦੇ ਕਿਸਾਨਾਂ ਨੂੰ ਕੇਂਦਰੀ ਸਰਕਾਰ ਖਿਲਾਫ ਜਾਣਬੁੱਝ ਕੇ ਭੜਕਾਇਆ ਜਾ ਰਿਹਾ ਹੈ, ਜਦਕਿ ਕੇਂਦਰ ਦੀ ਸਰਕਾਰ ਤਾਂ ਕਿਸਾਨਾਂ ਦੇ ਹੱਕ ਵਿੱਚ ਖੜ੍ਹੀ ਹੈ।

## ਚੋਣ ਡਿਊਟੀਆਂ, ਸੁਰੱਖਿਆ ਤੇ ਪ੍ਰਬੰਧਾਂ ਦੀ ਘਾਟ ਖਿਲਾਫ਼ ਰੋਸ ਪ੍ਰਦਰਸ਼ਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਚਾਵਲਾ, ਪਰਮਜੀਤ ਸਿੰਘ)**-15 ਅਕਤੂਬਰ ਨੂੰ ਸੂਬੇ ਭਰ ਵਿੱਚ ਹੋਈਆਂ ਪੰਚਾਇਤੀ ਚੋਣਾਂ ਵਿੱਚ ਕਈ ਥਾਈਂ ਚੱਲੀ ਗੁੰਡਾਗਰਦੀ ਦਾ ਨੋਟਿਸ ਲੈਂਦਿਆਂ ਜ਼ਿਲ੍ਹੇ ਭਰ ਦੀਆਂ ਅਧਿਆਪਕ ਜਥੇਬੰਦੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਰੋਸ ਪ੍ਰਦਰਸ਼ਨ ਕੀਤਾ।ਅਧਿਆਪਕ ਜਥੇਬੰਦੀਆਂ ਦੇ ਸੱਦੇ 'ਤੇ ਵੱਡੀ ਗਿਣਤੀ ਵਿੱਚ ਡਾ ਭੀਮ ਰਾਓ ਅੰਬੇਦਕਰ ਪਾਰਕ ਵਿੱਚ ਇਕੱਠੇ ਹੋਏ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਪਵਨ ਕੁਮਾਰ, ਮਨੋਹਰ ਲਾਲ ਸ਼ਰਮਾ, ਲਖਵੀਰ ਸਿੰਘ ਬਾਵਾ ਤੇ ਅਮਰਜੀਤ ਸਿੰਘ ਖੋਸਾ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਪੰਚਾਇਤੀ ਚੋਣਾਂ ਦੌਰਾਨ ਯੋਗ ਪ੍ਰਬੰਧ ਕਰਨ ਵਿੱਚ ਅਸਫਲ ਕਰਾਰ ਦਿੱਤਾ।ਅਧਿਆਪਕਾਂ ਵੱਲੋਂ ਪਾਰਕ ਤੋਂ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਮਾਰਚ ਕਰਕੇ ਡਿਪਟੀ ਕਮਿਸ਼ਨਰ ਦਫ਼ਤਰ ਦੇ ਗੇਟ ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ।ਡਿਪਟੀ ਕਮਿਸ਼ਨਰ ਵੱਲੋਂ ਆਗੂਆਂ ਨੂੰ ਗੱਲਬਾਤ ਲਈ ਬੁਲਾਇਆ ਗਿਆ।ਉਨ੍ਹਾਂ ਡਿਪਟੀ ਕਮਿਸ਼ਨਰ ਦੇ ਧਿਆਨ ਵਿੱਚ ਲਿਆਂਦਾ ਕਿ ਗਿੱਦੜਬਾਹਾ ਪ੍ਰਸ਼ਾਸਨ ਵੱਲੋਂ ਡਿਊਟੀ ਲਈ ਸਵੇਰੇ ਨੌਂ ਵਜੇ ਦੇ ਸੱਦੇ ਸਟਾਫ ਨੂੰ ਰਾਤ ਅੱਠ ਵਜੇ ਤੱਕ ਚੋਣ ਸਮੱਗਰੀ ਨਹੀਂ ਦਿੱਤੀ ਗਈ ਤੇ ਸਾਰਾ ਦਿਨ ਭੁੱਖਣ ਭਾਣੇ ਬਿਠਾਈ ਰੱਖਿਆ ਗਿਆ।ਇਸ ਤੋਂ ਬਾਅਦ ਕੁਝ ਅਧਿਆਪਕਾਂ ਨੂੰ ਨੋਟਿਸ ਕੱਢ ਕੇ ਪ੍ਰਸ਼ਾਸਨ ਨੇ ਆਪਣੀ ਕਮਜ਼ੋਰੀ ਨੂੰ ਅਧਿਆਪਕਾਂ ਸਿਰ ਮੜ੍ਹਨ ਦੀ ਘਟੀਆ ਕੋਸ਼ਿਸ਼ ਕੀਤੀ।ਇਸੇ ਤਰ੍ਹਾਂ ਜ਼ਿਲ੍ਹਾ/ਤਹਿਸੀਲ ਪ੍ਰਸ਼ਾਸਨ ਵੱਲੋਂ ਡਿਊਟੀਆਂ ਤੋਂ ਛੋਟ ਦੇਣ ਵੇਲੇ ਚਹੇਤਿਆਂ ਨੂੰ ਖੁੱਲ੍ਹੀ ਛੋਟ ਦਿੱਤੀ ਤੇ ਬਿਮਾਰੀ ਤੋਂ ਪੀੜਤ, ਕਪਲ ਕੇਸ, ਹੈਂਡੀਕੈਪਡ ਤੇ ਲੋੜਵੰਦ ਮੁਲਾਜ਼ਮਾਂ ਨੂੰ ਡਿਊਟੀ ਦੇਣ ਲਈ ਮਜਬੂਰ ਕੀਤਾ।ਜ਼ਿਲ੍ਹੇ ਵਿੱਚ ਕਈ ਵਿੱਚ ਸੁਰੱਖਿਆ ਪ੍ਰਬੰਧਾਂ ਦੀ ਘਾਟ ਕਾਰਨ ਚੋਣ ਅਮਲੇ ਦੀ ਜਾਨ ਸੂਲੀ ਤੇ ਟੰਗੀ ਰਹੀ ਤੇ ਕਈ ਪਿੰਡਾਂ ਵਿੱਚ ਚੋਣ ਅਮਲ 16 ਅਕਤੂਬਰ ਨੂੰ ਨੇਪਰੇ ਚੜ੍ਹਿਆ।ਪ੍ਰਸ਼ਾਸਨ ਵੱਲੋਂ ਚੋਣ ਅਮਲੇ ਲਈ ਖਾਣੇ ਦਾ ਕੋਈ ਪ੍ਰਬੰਧ ਨਾ ਕੀਤੇ ਜਾਣ ਕਾਰਨ ਵੀ ਮੁਲਾਜ਼ਮਾਂ ਨੂੰ ਭੁੱਖਣ ਭਾਣੇ ਡਿਊਟੀ ਦੇਣ ਲਈ ਮਜਬੂਰ ਹੋਣਾ ਪਿਆ।

## ਪੂਨੀਆਂ ਦੀ ਨਵੀਂ ਪੰਚਾਇਤ ਨੇ ਅਕਾਲ ਪੁਰਖ ਦਾ ਕੀਤਾ ਸ਼ੁਕਰਾਨਾ

### ਸਾਬਕਾ ਸਰਪੰਚ ਨੂੰ ਸਕੂਟਰੀ ਨਾਲ ਕੀਤਾ ਸਨਮਾਨਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜਲੇ ਪਿੰਡ ਪੂਨੀਆਂ ਵਿਖੇ ਨਵੀਂ ਚੁਣੀ ਪੰਚਾਇਤ ਵੱਲੋਂ ਗੁਰੂ ਘਰ ਵਿੱਚ ਜਾ ਕੇ ਅਕਾਲ ਪੁਰਖ ਦਾ ਸ਼ੁਕਰਾਨਾ ਕੀਤਾ ਗਿਆ। ਇਸ ਮੌਕੇ ਯੁਵਕ ਸੇਵਾਵਾਂ ਕਲੱਬ ਤੇ ਬਾਬਾ ਸ਼ਹੀਦ ਸਿੰਘ ਸਪੋਰਟਸ ਕਲੱਬ ਵੱਲੋਂ ਨਵੇਂ ਚੁਣੇ ਗਏ ਸਰਪੰਚ ਬਲਜਿੰਦਰ ਸਿੰਘ ਨਿੱਕਾ, ਜਗਪਾਲ ਸਿੰਘ ਜੱਗੀ ਪੰਚ, ਗੁਰਤੇਜਪਾਲ ਸਿੰਘ ਤੇਜ਼ੀ ਪੰਚ, ਪਰਮਿੰਦਰ ਸਿੰਘ ਪਿੰਦਾ, ਜਗਦੀਪ ਸਿੰਘ, ਸੁਖਵਿੰਦਰ ਸਿੰਘ ਸੁੱਖੀ, ਮਨਜੀਤ ਸਿੰਘ, ਪਰਦੀਪ ਸਿੰਘ ਯੂਐੱਸਏ, ਦੇਵੀ ਦਿਆਲ, ਪਰਮਜੀਤ ਸਿੰਘ ਪਰਮੀ, ਹਰਕਰਨ ਸਿੰਘ, ਨਵਜੋਤ ਸਿੰਘ, ਰਾਜੂ ਕੋਟੀਆਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਕਲੱਬ ਦੇ ਅਹੁਦੇਦਾਰਾਂ ਵੱਲੋਂ ਸਾਬਕਾ ਸਰਪੰਚ ਬਹਾਦਰ ਸਿੰਘ, ਜਿਸ ਨੇ ਆਪਣੇ ਕਾਰਜਕਾਲ ਦੌਰਾਨ ਪਿੰਡ ਦਾ ਸਰਵਪੱਖੀ ਵਿਕਾਸ ਕਰਵਾਇਆ, ਉਸ ਨੂੰ ਇਲੈਕਟ੍ਰਾਨਿਕ ਸਕੂਟਰ ਨਾਲ ਸਨਮਾਨਤ ਕੀਤਾ ਗਿਆ। ਨਵੀਂ ਚੁਣੀ ਪੰਚਾਇਤ ਨੇ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਪਿੰਡ ਦੇ ਭਲੇ ਲਈ ਇੱਕਜੁੱਟ ਹੋ ਕੇ ਕੰਮ ਕਰਨਗੇ ਤੇ ਵਿਕਾਸ ਕਰਵਾਉਣਗੇ। ਕਲੱਬ ਦੇ ਅਹੁਦੇਦਾਰਾਂ ਵਿੱਚ ਪ੍ਰਧਾਨ ਮਨਜੀਤ ਸਿੰਘ ਪਨਾਗ, ਪ੍ਰਧਾਨ ਬਾਬੇ ਸ਼ਹੀਦ ਸਿੰਘ ਸਪੋਰਟਸ ਕਲੱਬ ਪਿੰਡ ਪੂਨੀਆਂ ਜਗਪਾਲ ਸਿੰਘ ਜੱਗੀ, ਖਜ਼ਾਨਚੀ ਸੰਦੀਪ ਸਿੰਘ ਸੀਪਾ, ਸੰਦੀਪ ਸਿੰਘ ਗੋਰਾ, ਅੰਮ੍ਰਿਤਪਾਲ ਸਿੰਘ, ਬਿੱਟੂ ਪੂਨੀਆ, ਕੁਲਵਿੰਦਰ ਸਿੰਘ, ਜਗਤਾਰ ਸਿੰਘ ਤਾਰੀ, ਪਾਲੀ ਪੂਨੀਆ, ਅਮੋਲਕ ਸਿੰਘ, ਅਰਸ਼ੀ ਪੂਨੀਆ, ਸਿਕੰਦਰ ਸਿੰਘ ਮੌਜੂਦ ਸਨ।

## ਦਸਮੇਸ਼ ਮਿਸ਼ਨ ਸਕੂਲ ਦਾ ਐਥਲੈਟਿਕ ਮੀਟ 'ਚ ਸ਼ਾਨਦਾਰ ਪ੍ਰਦਰਸ਼ਨ



**ਕੋਟਕਪੂਰਾ (ਰਛਪਾਲ ਭੁੱਲਰ)**-68ਵੀਂ ਸਕੂਲ ਜ਼ੋਨ ਐਥਲਟਿਕ ਮੀਟ, ਜੋ ਸ਼ਹੀਦ ਭਗਤ ਸਿੰਘ ਕਾਲਜ ਕੋਟਕਪੂਰਾ ਵਿਖੇ ਕਰਵਾਈ ਗਈ, ਵਿੱਚ ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਦੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਇਸ ਵਿੱਚ ਬਹੁਤ ਸਾਰੇ ਵਿਦਿਆਰਥੀਆਂ ਨੇ ਵੱਖ-ਵੱਖ ਪ੍ਰਾਪਤੀਆਂ ਕੀਤੀਆਂ। ਇਸ ਵਿੱਚ ਲੜਕਿਆਂ ਨੇ ਵੱਖ-ਵੱਖ ਈਵੈਂਟ ਵਿੱਚੋਂ ਕਈ ਮੈਡਲ ਹਾਸਲ ਕੀਤੇ। ਜਿਵੇਂ ਕਿ ਅੰਡਰ-17 ਗਰੁੱਪ ਵਿੱਚ ਅੰਗਰੇਜ ਸਿੰਘ ਨੇ ਲੰਬੀ ਛਾਲ ਵਿੱਚ ਪਹਿਲਾ ਸਥਾਨ, ਗੁਰਪਿਆਰ ਸਿੰਘ ਨੇ ਤੀਹਰੀ ਛਾਲ ਵਿੱਚ ਦੂਜਾ ਸਥਾਨ, ਹਰਮੀਤ ਸਿੰਘ ਨੇ 100 ਮੀਟਰ ਦੌੜ ਵਿੱਚ ਤੀਜਾ ਸਥਾਨ ਤੇ ਅੰਗਰੇਜ ਸਿੰਘ, ਹਰਮੀਤ ਸਿੰਘ, ਮਨਿੰਦਰ ਸਿੰਘ ਤੇ ਜਸ਼ਨਦੀਪ ਸਿੰਘ ਨੇ ਰਿਲੇਅ ਦੌੜ 4×100 ਵਿੱਚ ਦੂਜਾ ਤੇ 4×400 ਵਿੱਚ ਤੀਜਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਅੰਡਰ-14 ਗਰੁੱਪ ਵਿੱਚ ਗੁਰਨਾਜ ਸਿੰਘ ਨੇ 200 ਮੀਟਰ ਦੌੜ 'ਚ ਦੂਜਾ ਸਥਾਨ, ਅੰਡਰ-19 ਗਰੁੱਪ 'ਚ ਗੁਰਜੀਤ ਸਿੰਘ, ਨੋਬਲਪ੍ਰੀਤ ਸਿੰਘ, ਲਵਪ੍ਰੀਤ ਸਿੰਘ ਤੇ ਜਗਵੀਰ ਸਿੰਘ ਨੇ ਰਿਲੇਅ ਦੌੜ 4×100 ਤੇ 4×400 ਵਿੱਚ ਤੀਜਾ ਸਥਾਨ ਹਾਸਲ ਕੀਤਾ।ਇਸ ਐਥਲੈਟਿਕ ਮੀਟ ਵਿੱਚ ਲੜਕੀਆਂ ਦੇ ਅੰਡਰ-19 ਗਰੁੱਪ ਵਿੱਚ ਰਮਨਦੀਪ ਕੌਰ ਨੇ ਸ਼ਾਟਪੁੱਟ 'ਚ ਪਹਿਲਾ, ਲੰਬੀ ਛਾਲ 'ਚ ਦੂਜਾ ਤੇ ਵੀਰਪਾਲ ਕੌਰ ਨੇ ਸ਼ਾਟਪੁੱਟ, ਲੰਬੀ ਛਾਲ ਤੇ 200 ਮੀਟਰ ਦੌੜ 'ਚ ਤੀਜਾ ਸਥਾਨ ਹਾਸਲ ਕੀਤਾ।ਅੰਡਰ-17 ਗਰੁੱਪ 'ਚ ਅਮਨਜੋਤ ਕੌਰ ਨੇ ਜੈਵਲਿਨ 'ਚ ਪਹਿਲਾ ਤੇ ਅੰਡਰ-14 ਵਿੱਚ ਖੁਸ਼ਪ੍ਰੀਤ ਕੌਰ ਨੇ 200 ਮੀਟਰ ਦੌੜ 'ਚ ਦੂਜਾ ਸਥਾਨ ਹਾਸਿਲ ਕੀਤਾ।ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਤੇ ਮੈਨੇਜਿੰਗ ਡਾਇਰੈਕਟਰ ਸ੍ਰ. ਬਲਜੀਤ ਸਿੰਘ ਨੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਹੋਰ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।ਸਕੂਲ ਪ੍ਰਿੰਸੀਪਲ ਸ੍ਰੀਮਤੀ ਸੋਮਾ ਦੇਵੀ ਨੇ ਬੱਚਿਆਂ ਤੇ ਸਕੂਲ ਸਟਾਫ਼ ਨੂੰ ਵਧਾਈ ਦਿੰਦੇ ਹੋਏ ਦੱਸਿਆ ਕਿ ਇਸ ਸਫਲਤਾ ਦਾ ਸਿਹਰਾ ਸਕੂਲ ਦੇ ਡੀ. ਪੀ. ਸ੍ਰ. ਗੁਰਮਿੰਤਰ ਸਿੰਘ ਤੇ ਸ੍ਰੀਮਤੀ ਹਰਪ੍ਰੀਤ ਕੌਰ ਨੂੰ ਜਾਂਦਾ ਹੈ।

## ਐੱਲ ਡੀ ਆਰ ਨੇ ਟ੍ਰੈਕਿੰਗ ਰਾਜ ਪੁਰਸਕਾਰ ਕੈਂਪ ਲਾਇਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਐੱਲ ਡੀ ਆਰ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਨੇ ਤਾਰਾ ਦੇਵੀ ਸ਼ਿਮਲਾ ਵਿਖੇ ਹਾਈਕਿੰਗ-ਟ੍ਰੈਕਿੰਗ ਰਾਜ ਪੁਰਸਕਾਰ ਕੈਂਪ ਲਾਇਆ।ਕੈਂਪ 'ਚ ਬੱਚਿਆਂ ਨੂੰ ਸਕਾਊਟ ਤੇ ਟਰੈਕਿੰਗ ਬਾਰੇ ਜਾਣਕਾਰੀ ਦਿੱਤੀ।ਕੈਂਪ ਵਿੱਚ ਹੋਰ ਵੀ ਕਈ ਸਕੂਲਾਂ ਨੇ ਭਾਗ ਲਿਆ।ਕੈਂਪ 'ਚ ਬੱਚਿਆਂ ਨੂੰ ਹਾਈਕਿੰਗ - ਟਰੈਕਿੰਗ ਕਰਨ ਦੇ ਢੰਗ ਸਿਖਾਏ ਗਏ ਤੇ ਘੱਟ ਸਾਧਨਾਂ ਨਾਲ ਕੁਦਰਤੀ ਮਾਹੌਲ ਵਿੱਚ ਜੀਵਨ ਜਿਊਣ ਦੀ ਜਾਂਚ ਸਿਖਾਈ ਗਈ। ਇਸ ਦੇ ਨਾਲ ਹੀ ਦੇਸ਼ ਭਗਤੀ ਤੇ ਦੇਸ਼ ਲਈ ਕੁਝ ਕਰਨ ਦਾ ਜਜ਼ਬਾ ਵੱਖ-ਵੱਖ ਸੈਮੀਨਾਰਾਂ ਤੇ ਐਕਟੀਵਿਟੀ ਰਾਹੀ ਸਿਖਾਇਆ ਗਿਆ।ਸਖ਼ਤ ਮਿਹਨਤ ਨਾਲ ਬੱਚਿਆਂ ਨੂੰ ਮਨੋਬਲ ਵਧਾਉਣ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਚੇਅਰਮੈਨ ਅਜੇ ਅਰੋੜਾ ਤੇ ਪ੍ਰਿੰਸੀਪਲ ਮੈਡਮ ਗੁੰਜਨ ਨੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਤੇ ਬੱਚਿਆਂ ਨੂੰ ਸਕਾਊਟ ਦੇ ਸਰਟੀਫਿਕੇਟ ਵੰਡੇ।

## ਡੀ ਬੀ ਯੂ 'ਚ ਨਵੇਂ ਵਿਦਿਆਰਥੀਆਂ ਦਾ ਆਗਾਜ਼-ਏ-ਮਹਿਫ਼ਿਲ ਨਾਲ ਸਵਾਗਤ

### ਮਿਸ ਫਰੈਸ਼ਰ ਬਣੀ ਪਵਨਜੋਤ ਕੌਰ ਤੇ ਪ੍ਰਿੰਸ ਦੇ ਸਿਰ ਸਜਿਆ ਮਿਸਟਰ ਫਰੈਸ਼ਰ ਦਾ ਤਾਜ਼



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਦੇ ਫਿਜ਼ੀਓਥੈਰੇਪੀ ਵਿਭਾਗ ਨੇ ਆਉਣ ਵਾਲੇ ਵਿਦਿਆਰਥੀਆਂ ਦੇ ਬੈਚ ਦਾ ਸੁਆਗਤ ਕਰਨ ਲਈ ਨਵੇਂ ਅਕਾਦਮਿਕ ਸਾਲ ਦੀ ਸ਼ੁਰੂਆਤ ਇੱਕ ਜੋਸ਼ੀਲੇ ਤੇ ਊਰਜਾਵਾਨ ਫਰੈਸ਼ਰ ਫਿਏਸਟਾ ਨਾਲ ਕੀਤੀ।ਬੀਪੀਟੀ ਫਰੈਸ਼ਰ-2024 ਦਾ ਉਦਘਾਟਨ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾ. ਤਜਿੰਦਰ ਕੌਰ ਨੇ ਕੀਤਾ।ਫ਼ਿਜ਼ੀਓਥੈਰੇਪੀ ਵਿਭਾਗ ਦੇ ਫੈਕਲਟੀ ਤੇ ਵਿਦਿਆਰਥੀਆਂ ਨੇ ਚਾਂਸਲਰ, ਪ੍ਰੋ-ਚਾਂਸਲਰ ਤੇ ਹੋਰ ਪਤਵੰਤਿਆਂ ਦਾ ਸਵਾਗਤ ਕੀਤਾ।ਪ੍ਰੋਗਰਾਮ ਦੀ ਸ਼ੁਰੂਆਤ ਦੀਪ ਜਗਾ ਕੇ ਡੀ.ਬੀ.ਯੂ ਗੀਤ ਤੇ ਸਰਸਵਤੀ ਵੰਦਨਾ ਨਾਲ ਹੋਈ।ਵਿਦਿਆਰਥੀਆਂ ਨੇ ਭਾਰਤੀ ਸੈਮੀ-ਕਲਾਸੀਕਲ ਡਾਂਸ, ਵੈਸਟਰਨ ਡਾਂਸ, ਪੰਜਾਬੀ ਗਿੱਧਾ, ਉਤਰਾਖੰਡ ਸੱਭਿਆਚਾਰਕ ਨ੍ਰਿਤ, ਸ਼ਾਇਰੀ ਤੇ ਕੋਰੀਓਗ੍ਰਾਫੀ ਰਾਹੀਂ ਸਟੇਜ 'ਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।

ਇਨ੍ਹਾਂ ਸੱਭਿਆਚਾਰਕ ਗਤੀਵਿਧੀਆਂ ਦੌਰਾਨ ਦਰਸ਼ਕਾਂ ਲਈ ਇੰਟਰਐਕਟਿਵ ਗੇਮਜ਼ ਜਿਵੇਂ ਕਿ ਬੈਲੂਨ ਡਾਂਸ ਗੇਮ, ਲੜਕੀਆਂ ਲਈ ਸਾੜੀ ਪਹਿਨਣ ਦੇ ਮੁਕਾਬਲੇ ਤੇ ਬੈਲੂਨ ਰੇਸ ਦਾ ਵੀ ਆਯੋਜਨ ਕੀਤਾ ਗਿਆ।ਪ੍ਰੋਗਰਾਮ ਦਾ ਮੁੱਖ ਆਕਰਸ਼ਣ ਮਿਸਟਰ ਐਂਡ ਮਿਸ ਫਰੈਸ਼ਰ ਦਾ ਫੈਸਲਾ ਕਰਨ ਲਈ ਰੈਂਪ ਵਾਕ ਸੀ, ਜਿਸ ਵਿੱਚ ਪਵਨਜੋਤ ਕੌਰ ਮਿਸ ਫਰੈਸ਼ਰ ਤੇ ਮਿਸਟਰ ਪ੍ਰਿੰਸ ਨੂੰ ਜੇਤੂ ਚੁਣਿਆ ਗਿਆ।ਜੇਤੂਆਂ ਨੂੰ ਚਾਂਸਲਰ ਤੇ ਪ੍ਰੋ-ਚਾਂਸਲਰ ਦੁਆਰਾ ਤਾਜ ਪਹਿਨਾਇਆ ਗਿਆ, ਇਸ ਤੋਂ ਬਾਅਦ ਕੇਕ ਕੱਟਣ ਦੀ ਰਸਮ ਤੇ ਰਾਸ਼ਟਰੀ ਗੀਤ ਗਾਇਆ ਗਿਆ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਖੂਬ ਮਸਤੀ ਕੀਤੀ।

## ਟਰਾਈਡੈਂਟ ਦੀਵਾਲੀ ਮੇਲਾ 28 ਤੱਕ



**ਬਰਨਾਲਾ (ਰਾਜਿੰਦਰ ਬਰਾੜ)**-ਟਰਾਈਡੈਂਟ ਗਰੁੱਪ ਦੇ ਚੇਅਰਮੈਨ ਪਦਮ ਸ੍ਰੀ ਰਜਿੰਦਰ ਗੁਪਤਾ ਦੀ ਰਹਿਨੁਮਾਈ ਹੇਠ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਟਰਾਈਡੈਂਟ ਦਿਵਾਲੀ ਮੇਲਾ ਸੰਘੇੜਾ ਕੰਪਲੈਕਸ ਬਰਨਾਲਾ ਵਿਖੇ 26 ਤੋਂ 28 ਅਕਤੂਬਰ ਤੱਕ ਲਾਇਆ ਜਾ ਰਿਹਾ ਹੈ। ਜ਼ਿਕਰਯੋਗ ਹੈ ਇਸ ਮੇਲੇ 'ਚ ਸ਼ਹਿਰੀਆਂ ਦੀ ਖਰੀਦਦਾਰੀ ਦੇ ਲਈ ਭਾਰੀ ਡਿਸਕਾਊਂਟ ਦੇ ਉੱਤੇ ਤੌਲੀਆ, ਬੈਡਸ਼ੀਟ, ਬਾਥਰੋਬ ਸਮੇਤ ਹੋਰ ਕਈ ਪ੍ਰੋਡਕਟਾਂ ਦੀ ਸੇਲ ਵੀ ਲਾਈ ਗਈ ਹੈ, ਜਿਸ ਵਿੱਚ ਟਰਾਈਡੈਂਟ ਦੇ ਪ੍ਰੋਡਕਟ ਖਰੀਦੇ ਜਾ ਸਕਦੇ ਹਨ।ਇਸ ਮੌਕੇ ਟਰਾਈਡੈਂਟ ਅਧਿਕਾਰੀਆਂ ਮਿੰਨੀ ਗੁਪਤਾ, ਸਵਿਤਾ ਕਲਵਾਨੀਆ, ਸਾਹਿਲ ਗੁਲਾਟੀ, ਮਨੋਜ ਕੁਮਾਰ ਤੇ ਰੋਹਨ ਭਾਰਗਵ ਨੇ ਦੱਸਿਆ ਕਿ ਟਰਾਈਡੈਂਟ ਮੇਲੇ ਵਿੱਚ ਸ਼ਿਰਕਤ ਕਰਨ ਵਾਲੇ ਸ਼ਹਿਰੀਆਂ ਦੇ ਮਨੋਰੰਜਨ ਲਈ ਸਟੇਜੀ ਪ੍ਰੋਗਰਾਮ, ਖੇਡਾਂ, ਬੱਚਿਆਂ ਦੇ ਮਨੋਰੰਜਨ ਲਈ ਝੂਲੇ, ਹੱਥ ਕਢਾਈ ਦੀਆਂ ਵਸਤਾਂ ਤੇ ਖਾਣ-ਪੀਣ ਦੀਆਂ ਸਟਾਲਾਂ ਦਾ ਵੀ ਪ੍ਰਬੰਧ ਕੀਤਾ ਗਿਆ ਹੈ।ਇਸ ਮੌਕੇ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਜਾਣਗੇ। ਆਮ ਲੋਕਾਂ 'ਚ ਭਾਰੀ ਉਤਸ਼ਾਹ ਨੂੰ ਦੇਖਦੇ ਹੋਏ ਦਿਵਾਲੀ ਮੇਲੇ ਨੂੰ ਸਫ਼ਲ ਬਣਾਉਣ ਲਈ ਟਰਾਈਡੈਂਟ ਦੇ ਸਮੁੱਚੇ ਅਧਿਕਾਰੀ ਤੇ ਵਰਕਰ ਜੁਟੇ ਹੋਏ ਹਨ ਅਤੇ ਟਰਾਈਡੈਂਟ ਦੀਵਾਲੀ ਮੇਲੇ ਦੀਆਂ ਤਿਆਰੀਆਂ ਲਗਭਗ ਮੁਕੰਮਲ ਹੋ ਚੁੱਕੀਆਂ ਹਨ।ਇਸ ਤੋਂ ਇਲਾਵਾ ਪੰਜਾਬ ਦੇ ਚੋਟੀ ਦੇ ਗਾਇਕ ਤੇ ਅਦਾਕਾਰ ਸਤਿੰਦਰ ਸਰਤਾਜ ਵੀ ਆਪਣੀ ਗਾਇਕੀ ਦੇ ਕਮਾਲ ਨਾਲ ਸਰੋਤਿਆਂ ਨੂੰ ਮੰਤਰ ਮੁਗਧ ਕਰਨਗੇ।

## ...ਸ.ਫ਼ਾ 1 ਦੇ ਬਾਕੀ

### ਅੱਕੇ ਕਿਸਾਨਾਂ ਵੱਲੋਂ ਚਾਰ...

ਕੇ ਯੂ (ਰਾਜੇਵਾਲ) ਦੇ ਜ਼ਿਲ੍ਹਾ ਪ੍ਰਧਾਨ ਦਿਲਬਾਗ ਸਿੰਘ ਕਲੀਪੁਰ ,ਗੁਲਾਬ ਸਿੰਘ ਤਾਲਬਵਾਲਾ, ਮਲਕੀਤ ਮੰਦਰਾਂ, ਗੋਰਾ ਸਿੰਘ ਟਾਹਲੀਆਂ ਤੇ ਅਮਰੀਕ ਸਿੰਘ ਫਫੜੇ ਨੇ ਕਿਹਾ ਕਿ ਪੰਜਾਬ ਤੇ ਕੇਂਦਰ ਸਰਕਾਰ ਦੀਆਂ ਨੀਤੀਆਂ ਕਿਸਾਨਾਂ ਨੂੰ ਸੜਕਾਂ 'ਤੇ ਉਤਰਨ ਲਈ ਮਜਬੂਰ ਕਰਨ ਵਾਲੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੇ ਝੋਨੇ ਦੀ ਖਰੀਦ ਦੇ ਅਗੇਤੇ ਪ੍ਰਬੰਧ ਨਾ ਕਰਕੇ ਆਪਣੀ ਨਲਾਇਕੀ ਦਾ ਵੱਡਾ ਸਬੂਤ ਦਿੱਤਾ ਹੈ।

### ਕੈਪਟਨ ਦਾ ਮੰਡੀ ਦੌਰਾ...

ਸਿੰਘ ਦੀ ਪਾਰਟੀ ਭਾਜਪਾ ਪੰਜਾਬ ਨੂੰ ਨਫ਼ਰਤ ਕਰਦੀ ਹੈ। ਉਹ ਪੰਜਾਬ ਦੇ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਨਫ਼ਰਤ ਕਰਦੀ ਹੈ। ਇਸ ਲਈ ਉਹ ਜਾਣਬੁੱਝ ਕੇ ਉਨ੍ਹਾਂ ਨੂੰ ਪਰੇਸ਼ਾਨ ਕਰ ਰਹੀ ਹੈ। ਕੈਪਟਨ ਜਾਣਦੇ ਹਨ ਕਿ ਕੇਂਦਰ ਸਰਕਾਰ ਨੇ ਪੰਜਾਬ ਦੇ ਵੱਖ-ਵੱਖ ਫੰਡਾਂ ਵਿੱਚੋਂ ਹਜ਼ਾਰਾਂ ਕਰੋੜ ਰੁਪਏ ਰੋਕੇ ਹੋਏ ਹਨ। ਕੇਂਦਰ ਨੇ ਕਈ ਸਾਲਾਂ ਤੋਂ ਆਰ ਡੀ ਐੱਫ, ਐੱਮ ਡੀ ਐੱਫ ਅਤੇ ਐੱਨ ਐੱਚ ਐੱਮ ਦੇ ਫੰਡ ਰੋਕੇ ਹੋਏ ਹਨ, ਪਰ ਕੈਪਟਨ ਨੇ ਅੱਜ ਤੱਕ ਇਹ ਮੁੱਦੇ ਕੇਂਦਰ ਕੋਲ ਨਹੀਂ ਉਠਾਏ। ਜਦੋਂ ਮੋਦੀ ਸਰਕਾਰ ਤਿੰਨ ਕਾਲੇ ਖੇਤੀ ਕਾਨੂੰਨ ਲੈ ਕੇ ਆਈ ਸੀ, ਉਦੋਂ ਵੀ ਕੈਪਟਨ ਕੇਂਦਰ ਦਾ ਸਮਰਥਨ ਕਰ ਰਹੇ ਸਨ।ਉਸ ਸਮੇਂ ਆਮ ਆਦਮੀ ਪਾਰਟੀ ਵਿਰੋਧੀ ਧਿਰ ਵਿੱਚ ਸੀ ਅਤੇ ਅਸੀਂ ਵਾਰ-ਵਾਰ ਕਿਹਾ ਕਿ ਕੈਪਟਨ ਮੁੱਖ ਮੰਤਰੀ ਨਾਲੋਂ ਭਾਜਪਾ ਦੇ ਏਜੰਟ ਵਜੋਂ ਕੰਮ ਕਰ ਰਹੇ ਹਨ।ਇਸੇ ਕਰਕੇ ਉਹ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦਿੰਦੇ ਹੀ ਭਾਜਪਾ ਵਿੱਚ ਸ਼ਾਮਲ ਹੋ ਗਏ, ਉਦੋਂ ਵੀ ਉਨ੍ਹਾ ਪੰਜਾਬ ਦੇ ਕਿਸਾਨਾਂ, ਸ਼ੈਲਰ ਮਾਲਕਾਂ ਅਤੇ ਦਲਾਲਾਂ ਨਾਲ ਗੱਲ ਨਹੀਂ ਕੀਤੀ। ਅੱਜ ਇਹ ਸਾਰਾ ਡਰਾਮਾ ਉਹ ਆਪਣੀ ਖੋਈ ਹੋਈ ਸਿਆਸੀ ਜ਼ਮੀਨ ਨੂੰ ਮੁੜ ਹਾਸਲ ਕਰਨ ਲਈ ਕਰ ਰਹੇ ਹਨ।

### ਕੇਂਦਰ ਸਰਕਾਰ ਕਿਸਾਨ...

ਗੱਲਬਾਤ ਕੀਤੀ। ਉਨ੍ਹਾ ਕਿਹਾ ਕਿ ਪੰਜਾਬ ਵਿੱਚ ਝੋਨੇ ਦੀ ਖਰੀਦ ਅਤੇ ਲਿਫਟਿੰਗ ਦਾ ਸਹੀ ਪ੍ਰਬੰਧ ਨਾ ਹੋਣ ਕਾਰਨ ਕਿਸਾਨਾਂ ਨੂੰ ਭਾਰੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਕਿਸਾਨਾਂ ਨੂੰ ਮੰਡੀ ਵਿਚ ਕਿਸੇ ਤਰ੍ਹਾਂ ਦੀ ਮੁਸ਼ਕਲ ਨਾ ਆਉਣ ਦੇਣ ਦੇ ਦਾਅਵੇ ਝੂਠੇ ਸਾਬਤ ਹੋ ਰਹੇ ਹਨ। ਉਨ੍ਹਾ ਕਿਹਾ ਕਿ ਕੇਂਦਰ ਸਰਕਾਰ ਵੱਲੋਂ 44 ਹਜ਼ਾਰ ਕਰੋੜ ਰੁਪਏ ਝੋਨੇ ਦੀ ਖਰੀਦ ਲਈ ਜਾਰੀ ਕੀਤੇ ਗਏ ਸਨ, ਪਰ ਪੰਜਾਬ ਸਰਕਾਰ ਨੇ ਕਿਸਾਨਾਂ ਨੂੰ ਖਰੀਦੇ ਝੋਨੇ ਦੀ ਸਹੀ ਢੰਗ ਨਾਲ ਅਦਾਇਗੀ ਨਹੀਂ ਕੀਤੀ। ਕੈਪਟਨ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਹਮੇਸ਼ਾ ਕਿਸਾਨ ਪੱਖੀ ਰਹੀ ਹੈ ਅਤੇ ਕਈ ਕਿਸਾਨਾਂ ਦੇ ਅਹਿਮ ਮਸਲਿਆਂ ਨੂੰ ਹੱਲ ਕੀਤਾ ਹੈ, ਬਾਕੀ ਰਹਿੰਦੇ ਮਸਲੇ ਵੀ ਜਲਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਗੱਲਬਾਤ ਕਰਕੇ ਹੱਲ ਕੀਤੇ ਜਾਣਗੇ।

### ਇੰਡੋ-ਅਮੈਰੀਕਨ ਦੇਸ਼ ਭਗਤ...

'ਚ ਲੱਗ ਰਹੇ ਮੇਲੇ ਬਾਰੇ ਵਿਚਾਰਾਂ ਹੋਈਆਂ।ਜ਼ਿਕਰਯੋਗ ਹੈ ਕਿ ਇੰਡੋ-ਅਮੈਰੀਕਨ ਦੇਸ਼ ਭਗਤ ਮੈਮੋਰੀਅਲ ਫਾਊਂਡੇਸ਼ਨ ਆਫ ਬੇ ਏਰੀਆ ਨੇ 28 ਸਤੰਬਰ ਨੂੰ ਮਿਲਪੀਟਾਸ ਕੈਲੇਫੋਰਨੀਆ ਵਿਖੇ ਡਾ. ਸਾਹਿਬ ਸਿੰਘ ਦਾ ਨਾਟਕ 'ਧਨੁ ਲੇਖਾਰੀ ਨਾਨਕਾ' ਕਰਵਾਇਆ। 26 ਅਕਤੂਬਰ ਨੂੰ ਮਾਨਟਿਕਾ ਕੈਲੇਫੋਰਨੀਆ (ਯੂ.ਐੱਸ.ਏ.) ਵਿਖੇ ਇਹੋ ਨਾਟਕ ਕਰਵਾਇਆ ਜਾ ਰਿਹਾ ਹੈ।ਕੁਲਭੂਸ਼ਣ ਨੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਦੀਆਂ ਸਰਗਰਮੀਆਂ, ਗ਼ਦਰੀ ਬਾਬਿਆਂ ਦੇ ਮੇਲੇ ਬਾਰੇ ਜਾਣ ਕੇ ਗਹਿਰੀ ਖੁਸ਼ੀ ਦਾ ਇਜ਼ਹਾਰ ਕੀਤਾ। ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਵੱਲੋਂ ਅਮਰੀਕਾ 'ਚ ਕੰਮ ਕਰਦੀ ਸੰਸਥਾ ਦੇ ਸਾਥੀਆਂ ਵੱਲੋਂ ਸਹਾਇਤਾ ਭੇਜਣ ਦਾ ਧੰਨਵਾਦ ਕੀਤਾ।

### ਪਾਥੀਆਂ ਦੇ ਝਗੜੇ 'ਚ...

ਔਰਤਾਂ ਮੌਕੇ ਤੋਂ ਫ਼ਰਾਰ ਹੋ ਗਏ। ਸੱਟ ਲੱਗਣ ਤੋਂ ਤੁਰੰਤ ਬਾਅਦ ਜਦੋਂ ਉਹ ਚਰਨ ਸਿੰਘ ਨੂੰ ਭਿੱਖੀਵਿੰਡ ਦੇ ਨਿੱਜੀ ਹਸਪਤਾਲ 'ਚ ਲੈ ਕੇ ਗਏ ਤਾਂ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਥਾਣਾ ਕੱਚਾ ਪੱਕਾ ਦੇ ਮੁਖੀ ਜਸਪਾਲ ਸਿੰਘ ਨੇ ਕਿਹਾ ਕਿ ਮ੍ਰਿਤਕ ਦੀ ਪਤਨੀ ਦੇ ਬਿਆਨਾਂ ਦੇ ਆਧਾਰ 'ਤੇ ਇੱਕ ਵਿਅਕਤੀ ਤੇ ਦੋ ਔਰਤਾਂ ਖ਼ਿਲਾਫ਼ ਕਤਲ ਦਾ ਮਾਮਲਾ ਦਰਜ ਕੀਤਾ ਗਿਆ ਹੈ। ਜਲਦ ਹੀ ਮੁਲਜ਼ਮ ਪੁਲਸ ਦੀ ਗ੍ਰਿਫਤ ਵਿੱਚ ਹੋਣਗੇ।

## ਮੁਸਲਿਮ ਜਮਾਤ ਅਹਿਮਦੀਆ ਦੀਆਂ ਸੰਸਥਾਵਾਂ ਦੇ ਸਲਾਨਾ ਸਮਾਰੋਹ ਸ਼ਾਨੋ-ਸ਼ੌਕਤ ਨਾਲ ਆਰੰਭ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਮੁਸਲਿਮ ਜਮਾਤ ਅਹਿਮਦੀਆ ਦੀਆਂ ਸੰਸਥਾਵਾਂ ਦੇ ਸਲਾਨਾ ਸਮਾਰੋਹ ਸ਼ਾਨੋ ਸ਼ੌਕਤ ਨਾਲ ਆਰੰਭ ਹੋ ਗਏ ਹਨ। ਮੁਸਲਿਮ ਜਮਾਤ ਅਹਿਮਦੀਆ ਦੇ ਲੋਕਾਂ ਨੂੰ ਉਮਰ ਦੇ ਲਿਹਾਜ਼ ਨਾਲ ਤਿੰਨ ਵੱਖ ਵੱਖ ਸੰਸਥਾਵਾਂ ਵਿੱਚ ਵੰਡਿਆ ਗਿਆ ਹੈ ਅਤੇ ਹਰ ਵਿਅਕਤੀ ਦੀ ਮਾਨਸਿਕ ਯੋਗਤਾ ਅਤੇ ਉਮਰ ਦੇ ਤਕਾਜ਼ੇ ਨੂੰ ਸਾਹਮਣੇ ਰੱਖਦਿਆਂ ਇਨ੍ਹਾਂ ਦੀ ਸਿੱਖਿਆ ਅਤੇ ਤਰਬੀਅਤ ਕੀਤੀ ਜਾਂਦੀ ਹੈ ਤੇ ਕੌਮ ਅਤੇ ਵਤਨ ਦੇ ਲਈ ਇਨ੍ਹਾਂ ਨੂੰ ਇੱਕ ਵਧੀਆ ਇਨਸਾਨ ਬਣਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ।ਇਸ ਸਲਾਨਾ ਸਮਾਰੋਹ ਦਾ ਮਕਸਦ ਮੁਸਲਿਮ ਜਮਾਤ ਅਹਿਮਦੀਆ ਦੇ ਲੋਕਾਂ ਨੂੰ ਰੱਬ ਦੇ ਨਾਲ ਅਤੇ ਰੱਬ ਦੀ ਮਖ਼ਲੂਕ ਦੀ ਜ਼ਿੰਮੇਵਾਰੀ ਨੂੰ ਨਿਭਾਉਣ ਦੇ ਹਵਾਲੇ ਨਾਲ ਇਸਲਾਮੀ ਸਿੱਖਿਆਵਾਂ ਦੇ ਪ੍ਰਕਾਸ਼ ਵਿਚ ਧਿਆਨ ਦਿਵਾਉਣਾ ਹੈ ਅਤੇ ਉਨ੍ਹਾਂ ਦੇ ਅੰਦਰ ਹਮਦਰਦੀ ਦਾ ਜਜ਼ਬਾ ਪੈਦਾ ਕਰਨਾ ਹੈ ਤਾਂ ਜੋ ਉਹ ਕੌਮ ਅਤੇ ਵਤਨ ਦੇ ਲਈ ਵਧੀਆ ਇਨਸਾਨ ਬਣ ਸਕਣ । ਇਸ ਸਮਾਰੋਹ ਦੇ ਮੌਕੇ ਅਧਿਆਤਮਕ ਅਤੇ ਖੇਡਾਂ ਦੇ ਮੁਕਾਬਲੇ ਆਯੋਜਿਤ ਕੀਤੇ ਜਾ ਰਹੇ ਹਨ।ਇਸ ਸੰਮੇਲਨ ਵਿੱਚ ਸ਼ਾਮਿਲ ਹੋਣ ਲਈ ਦੇਸ਼ ਭਰ ਤੋਂ ਬੱਚੇ, ਔਰਤਾਂ, ਆਦਮੀ ਵੱਡੀ ਗਿਣਤੀ ਵਿੱਚ ਮੁਸਲਿਮ ਜਮਾਤ ਅਹਿਮਦੀਆ ਦੇ ਮੁੱਖ ਕੇਂਦਰ ਕਾਦੀਆਂ ਵਿਖੇ ਪਹੁੰਚ ਚੁੱਕੇ ਹਨ ।ਸਾਰਾ ਸਾਲ ਇਨ੍ਹਾਂ ਸੰਸਥਾਵਾਂ ਵੱਲੋਂ ਦੇਸ਼ ਭਰ ਵਿੱਚ ਅਮਨ ਦੀ ਸਥਾਪਨਾ ਲਈ ਕੋਸ਼ਿਸ਼ਾਂ ਕੀਤੀਆਂ ਜਾਂਦੀਆਂ ਹਨ ਅਤੇ ਵੱਖ-ਵੱਖ ਲੋਕ ਭਲਾਈ ਦੇ ਕੰਮ ਮੁਫਤ ਮੈਡੀਕਲ ਕੈਂਪ, ਕਾਰ ਸੇਵਾ ਦੇ ਨਾਲ ਪਬਲਿਕ ਸਥਾਨਾਂ ਦੀ ਸਫਾਈ ਸੁਥਰਾਈ ਦੇ ਕੰਮ, ਲੋੜਵੰਦਾਂ ਦੀ ਮਦਦ, ਹਸਪਤਾਲਾਂ ਵਿੱਚ ਮਰੀਜ਼ਾਂ ਦਾ ਧਿਆਨ ਰੱਖਣਾ, ਬੂਟੇ ਲਗਾਉਣਾ, ਖ਼ੂਨਦਾਨ ਕੈਂਪ ਆਦਿ ਪ੍ਰੋਗਰਾਮ ਆਯੋਜਿਤ ਕੀਤੇ ਜਾਂਦੇ ਹਨ। ਮੁਸਲਿਮ ਜਮਾਤ ਅਹਿਮਦੀਆ ਦੀਆਂ ਇਹ ਸੰਸਥਾਵਾਂ ਮੁਸਲਿਮ ਜਮਾਤ ਅਹਿਮਦੀਆ ਦੇ ਆਲਮਗੀਰ ਇਮਾਮ ਹਜ਼ਰਤ ਮਿਰਜ਼ਾ ਮਸਰੂਰ ਅਹਿਮਦ ਸਾਹਿਬ ਖਲੀਫਾਤੁਲ ਮਸੀਹ ਦੀ ਅਜ਼ੀਮੁਸ਼ਾਨ ਰੂਹਾਨੀ ਕਿਆਦਤ ਵਿੱਚ ਦੇਸ਼ ਭਰ ਵਿੱਚ ਲੋਕ ਭਲਾਈ ਦੇ ਕੰਮ ਕਰਦੀ ਹੈ।ਇਸ ਸਮਾਰੋਹ ਵਿੱਚ ਸ਼ਾਮਿਲ ਹੋਣ ਵਾਲਾ ਹਰ ਵਿਅਕਤੀ ਇਹ ਅਹਿਦ ਕਰਦਾ ਹੈ ਕਿ ਉਹ ਕੌਮ ਅਤੇ ਦੇਸ਼ ਦੀ ਤਰੱਕੀ ਦੇ ਲਈ ਆਪਣੀਆਂ ਸੇਵਾਵਾਂ ਪੇਸ਼ ਕਰੇਗਾ। ਇਸ ਸਮਾਰੋਹ ਦਾ ਮਕਸਦ ਜਮਾਤ ਦੇ ਲੋਕਾਂ ਦੇ ਅੰਦਰ ਅੱਲਾਹ ਦੇ ਹੱਕਾਂ ਅਤੇ ਲੋਕਾਂ ਦੇ ਹੱਕਾਂ ਨੂੰ ਪੂਰਾ ਕਰਨ ਦਾ ਜਜ਼ਬਾ ਪੈਦਾ ਕਰਨਾ ਹੈ ਅਤੇ ਆਪਣੇ ਉੱਚ ਆਚਰਨ ਅਤੇ ਇਖ਼ਲਾਕੀ ਕਦਰਾਂ ਨੂੰ ਵਧਾਉਣ ਦੀ ਸਿੱਖਿਆ ਦਿੱਤੀ ਜਾਂਦੀ ਹੈ।

## ਸ੍ਰੀ ਕ੍ਰਿਸ਼ਨ ਕਥਾ 13 ਤੋਂ 17 ਤੱਕ



**ਜਗਰਾਉ (ਅਮਿਤ ਖੰਨਾ)**

ਰਾਮ ਕ੍ਰਿਸ਼ਨ ਅਰਾਧਨਾ ਮੰਚ ਵੱਲੋਂ ਬੈਠਕ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਰਾਮ ਕ੍ਰਿਸ਼ਨ ਆਰਾਧਨਾ ਮੰਚ ਦੇ ਚੇਅਰਮੈਨ ਸ੍ਰੀ ਧਰਮਵੀਰ ਗੋਇਲ ਨੇ ਗੀਤਾ ਭਵਨ ਵਿੱਚ 13 ਤੋਂ 17 ਨਵੰਬਰ ਤੱਕ ਸ਼ਾਮ 7 ਵਜੇ ਤੋਂ 10 ਵਜੇ ਤੱਕ ਹੋਣ ਵਾਲੀ ਸ੍ਰੀ ਕ੍ਰਿਸ਼ਨ ਕਥਾ ਦੀ ਜਾਣਕਾਰੀ ਦਿੱਤੀ, ਜਿਸ ਦੇ ਅੰਦਰ ਵਿਸ਼ੇਸ਼ ਰੂਪ ਵਿੱਚ ਦਿਵਿਆ ਜਯੋਤੀ ਜਾਗ੍ਰਿਤੀ ਸੰਸਥਾਨ ਦੇ ਸੰਚਾਲਕ ਤੇ ਸੰਸਥਾਪਕ ਦਿਵਯ ਗੁਰੂ ਸ੍ਰੀ ਆਸ਼ੂਤੋਸ਼ ਮਹਾਰਾਜ ਜੀ ਦੀ ਸ਼ਿਸ਼ਯਾ ਕਥਾ ਵਿਆਸ ਸਾਧਵੀ ਜਯੰਤੀ ਭਾਰਤੀ ਜੀ ਕਥਾ ਦੇ ਦੁਆਰਾ ਪ੍ਰਭੂ ਸ੍ਰੀ ਕ੍ਰਿਸ਼ਨ ਜੀ ਦੀਆਂ ਲੀਲਾਵਾਂ ਦੇ ਪਿੱਛੇ ਛੁਪੇ ਅਧਿਆਤਮਿਕ ਰਹੱਸ ਨੂੰ ਪ੍ਰਗਟ ਕਰਨ ਲਈ ਪਹੁੰਚ ਰਹੇ ਹਨ।ਉਨ੍ਹਾਂ ਨਾਲ ਸੰਸਥਾਨ ਦੇ ਵੱਲੋਂ ਵਿਸ਼ੇਸ਼ ਰੂਪ 'ਚ ਹੋਰ ਵੀ ਸੰਤ ਸਮਾਜ ਪਹੁੰਚ ਰਹੇ ਹਨ।ਧਰਮਵੀਰ ਗੋਇਲ ਨੇ ਦੱਸਿਆ ਕਿ ਕਥਾ ਦੇ ਸੰਬੰਧ ਦੇ ਅੰਦਰ ਸ਼ਹਿਰ ਦੇ ਵੱਖ-ਵੱਖ ਮੰਦਰਾਂ 'ਚ ਪ੍ਰਭੂ ਦਾ ਕੀਰਤਨ ਕੀਤਾ ਜਾਵੇਗਾ ਤੇ ਘਰ-ਘਰ ਦੇ ਅੰਦਰ ਸੇਵਾਦਾਰਾਂ ਦੀਆਂ ਟੀਮਾਂ ਬਣਾ ਕੇ ਸੰਦੇਸ਼ ਦਿੱਤਾ ਜਾਵੇਗਾ।ਕਥਾ ਤੋਂ ਕੁਝ ਦਿਨ ਪਹਿਲਾਂ ਸ਼ਹਿਰ ਦੇ ਵੱਖ-ਵੱਖ ਖੇਤਰਾਂ 'ਚ ਕਥਾ ਦਾ ਸੰਦੇਸ਼ ਦੇਣ ਲਈ ਸੰਧਿਆ ਫੇਰੀਆਂ ਵੀ ਕੱਢੀਆਂ ਜਾਣਗੀਆਂ। ਧਰਮਵੀਰ ਗੋਇਲ ਨੇ ਕਿਹਾ ਕਿ ਇਸ ਕਥਾ ਦਾ ਆਯੋਜਨ ਸਾਰੇ ਹੀ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਕੀਤਾ ਜਾ ਰਿਹਾ ਹੈ।ਇਸ ਦੇ ਅੰਦਰ ਸਾਰੀਆਂ ਹੀ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਦਾ ਸਹਿਯੋਗ ਮਿਲ ਰਿਹਾ ਹੈ।ਚੇਅਰਮੈਨ ਧਰਮਵੀਰ ਗੋਇਲ ਜੀ ਨੇ ਕਥਾ ਦਾ ਪੋਸਟਰ ਰਿਲੀਜ਼ ਕੀਤਾ।

## ਨਵੀਂ ਬਣੀ ਜੱਜ ਸੁਮਨ ਗੋਇਲ ਦਾ ਸਨਮਾਨ



**ਜਗਰਾਉਂ (ਅਮਿਤ ਖੰਨਾ)**

'ਕਰ ਭਲਾ ਹੋ ਭਲਾ ਸੁਸਾਇਟੀ' ਵੱਲੋਂ ਚੇਅਰਮੈਨ ਅਮਿਤ ਅਰੋੜਾ ਤੇ ਪ੍ਰਧਾਨ ਰਾਜਿੰਦਰ ਜੈਨ ਕਾਕਾ ਦੀ ਯੋਗ ਅਗਵਾਈ ਹੇਠ ਹਰਿਆਣਾ 'ਚ ਜੱਜ ਬਣੀ ਬੇਟੀ ਸੁਮਨ ਗੋਇਲ ਦੇ ਸਵਾਗਤ 'ਚ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸਾਬਕਾ ਚੇਅਰਮੈਨ ਅਮਿਤ ਅਰੋੜਾ, ਪ੍ਰਧਾਨ ਰਾਜਿੰਦਰ ਜੈਨ ਕਾਕਾ, ਸੈਕਟਰੀ ਨਿਨੇਸ਼ ਗਾਂਧੀ, ਨੀਰਜ ਕਟਾਰੀਆ, ਵਿਸ਼ਾਲ ਸ਼ਰਮਾ, ਸਾਹਿਲ ਗੁਪਤਾ, ਜਤਿੰਦਰ ਬਾਂਸਲ ਤੇ ਮੋਹਿਤ ਜੈਨ ਵੱਲੋਂ ਹਰਿਆਣਾ 'ਚ ਨਵੀਂ ਜੱਜ ਬਣੀ ਗੋਇਲ ਪਰਿਵਾਰ ਦੀ ਬੇਟੀ ਸੁਮਨ ਗੋਇਲ ਨੂੰ ਸ਼ਾਲ ਅਤੇ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ ਗਿਆ। ਸੁਮਨ ਗੋਇਲ ਦੀ ਮਾਤਾ ਵਿਨੀਤ ਗੋਇਲ ਨੂੰ ਮੁਬਾਰਬਦ ਦਿੰਦੇ ਹੋਏ ਅਮਿਤ ਅਰੋੜਾ, ਰਾਜਿੰਦਰ ਜੈਨ ਕਾਕਾ ਤੇ ਕੈਪਟਨ ਨਰੇਸ਼ ਵਰਮਾ ਨੇ ਕਿਹਾ ਕਿ ਸਾਡੀ ਸੁਸਾਇਟੀ ਨੂੰ ਸੁਮਨ ਗੋਇਲ ਨੂੰ ਸਨਮਾਨਤ ਕਰਦੇ ਹੋਏ ਬਹੁਤ ਹੀ ਖੁਸ਼ੀ ਤੇ ਮਾਣ ਮਹਿਸੂਸ ਹੋ ਰਿਹਾ ਹੈ। ਜੱਜ ਸੁਮਨ ਗੋਇਲ ਦੇ ਭਰਾ ਸੁਮੀਤ ਗੋਇਲ ਨੇ ਖੁਸ਼ੀ ਜ਼ਾਹਰ ਕਰਦੇ ਹੋਏ ਕਿਹਾ ਕਿ ਉਸਦੀ ਭੈਣ ਨੇ ਸ਼ੁਰੂ ਤੋਂ ਹੀ ਅਪਣੀ ਪੜ੍ਹਾਈ ਤੇ ਫੋਕਸ ਰੱਖਿਆ ਹੈ।


## ਉਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਨੰ. 433-ਸਿਗ- ਟੀ-29-24-25 | ਬੰਦ ਹੋਣ ਦੀ ਮਿਤੀ/ਸਮਾਂ: 18.11.2024 15:00 ਵਜੇ

ਮਿਤੀ: 25.10.2024

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉਤਰ ਰੇਲਵੇ, ਫਿਰੋਜ਼ਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-ਸਿਗ/ਟੀ-29/24-25 ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ 18.11.2024 ਨੂੰ 15:00 ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜ਼ਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂੰਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ। ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਂਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜ਼ਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।

ਐਨ.ਆਈ.ਟੀ:

| | | | |
|---|---|---|---|
| ਕੰਮ ਦਾ ਨਾਮ | i) ਜਲੰਧਰ ਸਿਟੀ-ਪਠਾਨਕੋਟ ਸੈਕਸ਼ਨ ਤੇ ਸੁਚਿਪਿੰਡ ਸਟੇਸ਼ਨ ਤੇ ਬੀਪੀਸੀਐਲ ਸਾਈਡਿੰਗ ਦੇ ਪ੍ਰਾਵਧਾਨ ਦੇ ਸਬੰਧ ਵਿਚ ਇਲੈਕਟ੍ਰਾਨਿਕ ਇੰਟਰਲਾਕਿੰਗ (1 ਆਰਐਚ ਦੇ ਨਾਲ ਵੰਡ ਪ੍ਰਕਾਰ) ਦੇ ਲਈ ਇੰਡੋਰ ਕੰਮ। ii) ਜਲੰਧਰ ਸਿਟੀ-ਪਠਾਨਕੋਟ ਸੈਕਸ਼ਨ ਤੇ ਸੁਚਿਪਿੰਡ ਸਟੇਸ਼ਨ ਤੇ ਬੀਪੀਸੀਐਲ ਸਾਈਡਿੰਗ ਦੇ ਪ੍ਰਾਵਧਾਨ ਦੇ ਸਬੰਧ ਵਿਚ ਇਲੈਕਟ੍ਰਾਨਿਕ ਇੰਟਰਲਾਕਿੰਗ (ਇਕ ਆਰਐਚ ਦੇ ਨਾਲ ਵੰਡ ਪ੍ਰਕਾਰ) ਦੇ ਲਈ ਆਊਟਡੋਰ ਕੰਮ। | | |
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 18.11.2024 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 24.10.2024 18:08 |
| ਅੰਦਾਜਨ ਕੀਮਤ (ਰੁ) | (i) 3,03,51,452.27 (ii) 3,58,59,383.96 | ਬਿਡਿੰਗ ਸ਼ੁਰੂ ਦੀ ਮਿਤੀ (ਆਈ.ਆਰ.ਈ.ਪੀ.ਐਸ) | 04.11.2024 |
| ਬਿਆਨਾ ਰਾਸ਼ੀ (ਰੁ) | (i) 3,01,800.00 (ii) 3,29,300.00 | ਕੰਮ ਪੂਰਾ ਕਰਨ ਦਾ ਸਮਾਂ | 12 ਮਹੀਨੇ |

3316/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਪੱਤਰ ਨੰ.- 220-2024-25-ADEN-II-ASR | ਤਾਰੀਕ : 24.10.2024

ਮੰਡਲ ਇੰਜੀਨੀਅਰ-ਤੀਜਾ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵੱਲੋਂ ਤੋਂ ਹੇਠਾਂ ਲਿਖਤ ਈ-ਟੈਂਡਰ ਬੋਲੀ ਅੰਤਮ ਮਿਤੀ 13.11.2024 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ ਕਰੈਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 23.10.2024 | 30.10.2024 | 13.11.2024 / 15:00 ਵਜੇ |

| ਲ.ਨ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ |
|---|---|---|
| 1. | 220-2024-25-ADEN-II-ASR | ਸਹਾਇਕ ਮੰਡਲ ਇੰਜੀਨੀਅਰ-ਫਸਟ/ਅੰਮ੍ਰਿਤਸਰ ਦੇ ਤਹਿਤ ਅੰਮ੍ਰਿਤਸਰ ਵਿਚ ਅਤੇ ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਅੰਮ੍ਰਿਤਸਰ ਦੇ ਤਹਿਤ ਬਿਆਸ ਵਿਚ ਪੰਪ ਹਾਊਸ, ਬੋਰ ਅਤੇ ਪੰਪ ਦੇ ਨਾਲ ਪਲੰਬਿੰਗ ਪਾਈਪ ਦੇ ਨਾਲ ਪੁਰਾਣੇ ਪਰਿਤਯਕਤ ਸਟੀਲ ਓਵਰ ਹੈਡ ਜਲ ਭੰਡਾਰਨ ਟੈਂਕ ਦੇ ਬਦਲੇ ਵਿਚ 225 ਕੇਐਲ ਆਰਸੀਸੀ ਓਐਚ ਟੈਂਕ ਵਿਚ 02 ਨਗ ਦਾ ਪ੍ਰਾਵਧਾਨ ਦਾ ਕੰਮ। |

| ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|---|
| 1,88,80,875.84/- | 2,44,400.00/- | 60 ਦਿਨ | 06 ਮਹੀਨੇ |

ਸਮਾਨ ਨੇਚਰ ਦਾ ਕੰਮ: "ਹੈਡਟੈਂਕ/ਆਰਸੀਸੀ ਫ੍ਰੇਮ ਸੰਰਚਨਾ ਦੇ ਉਪਰ ਪ੍ਰਬਲਿਤ ਸੀਮੇਂਟ ਕੰਕ੍ਰੀਟ ਦੀ ਉਸਾਰੀ/ ਮੁਰੰਮਤ ਦਾ ਕੰਮ।

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

3326/24

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

26-Oct-PAGE-4.qxd 10/25/2024 10:43 PM Page 1

ਨਵਾਂ ਜ਼ਮਾਨਾ

ਸ਼ਨੀਵਾਰ, 26 ਅਕਤੂਬਰ 2024

# ਮੋਦੀ ਦਾ ਲੋਕਤੰਤਰ

*ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਲੰਘੇ ਐਤਵਾਰ ਆਪਣੇ ਹਲਕੇ ਵਾਰਾਨਸੀ 'ਚ ਦੁਹਰਾਇਆ ਕਿ ਪਰਵਾਰਵਾਦ ਦੇਸ਼ ਤੇ ਜਮਹੂਰੀਅਤ ਲਈ ਵੱਡਾ ਖਤਰਾ ਹੈ। ਇਸ ਦੇ ਨਾਲ ਹੀ ਉਨ੍ਹਾ ਸਿਆਸਤ 'ਚੋਂ ਪਰਵਾਰਵਾਦ ਦੇ ਖਾਤਮੇ ਲਈ ਗੈਰ-ਸਿਆਸੀ ਪਿਛੋਕੜ ਵਾਲੇ ਇੱਕ ਲੱਖ ਨੌਜਵਾਨਾਂ ਨੂੰ ਸਿਆਸਤ 'ਚ ਲਿਆਉਣ ਦਾ ਸੰਕਲਪ ਵੀ ਦੁਹਰਾਇਆ। ਜਦੋਂ ਉਹ ਇਹ ਭਾਸ਼ਣ ਦੇ ਕੇ ਦਿੱਲੀ ਲਈ ਉੱਡੇ, ਉਸੇ ਸਮੇਂ ਮਹਾਰਾਸ਼ਟਰ ਅਸੰਬਲੀ ਚੋਣਾਂ ਲਈ ਭਾਜਪਾ ਦੇ 99 ਉਮੀਦਵਾਰਾਂ ਦੀ ਸੂਚੀ ਜਾਰੀ ਹੋਈ, ਜਿਸ 'ਚ ਸਿਰਫ 10 ਚਿਹਰੇ ਹੀ ਨਵੇਂ ਹਨ। ਹਾਲਾਂਕਿ ਇਹ ਵੀ ਗੈਰ-ਸਿਆਸੀ ਪਿਛੋਕੜ ਵਾਲੇ ਨਹੀਂ ਹਨ। ਇਹ ਉਹੀ ਹਨ, ਜਿਹੜੇ ਪਹਿਲੀ ਵਾਰ ਚੋਣ ਲੜਨਗੇ। ਸੂਚੀ ਵਿਚ ਬਾਕੀ ਸਾਰੇ ਪੁਰਾਣੇ ਆਗੂ ਹਨ। ਭਾਜਪਾ ਨੇ ਮਹਿਲਾਵਾਂ ਦੇ ਨਾਂਅ 'ਤੇ ਜਿਨ੍ਹਾਂ ਨੂੰ ਉਮੀਦਵਾਰ ਬਣਾਇਆ ਹੈ, ਉਨ੍ਹਾਂ ਵਿਚ ਇਕ ਸਾਬਕਾ ਮੁੱਖ ਮੰਤਰੀ ਅਸ਼ੋਕ ਚਵਾਨ ਦੀ ਬੇਟੀ ਤੇ ਦੂਜੀ ਜੇਲ੍ਹਬੰਦ ਭਾਜਪਾ ਵਿਧਾਇਕ ਗਣਪਤ ਗਾਇਕਵਾੜ ਦੀ ਪਤਨੀ ਹੈ। ਮੁੰਬਈ ਦੇ ਪਾਰਟੀ ਪ੍ਰਧਾਨ ਆਸ਼ੀਸ਼ ਸ਼ੇਲਾਰ ਤੇ ਉਨ੍ਹਾ ਦੇ ਸਕੇ ਭਰਾ ਨੂੰ ਵੀ ਚੋਣ ਮੈਦਾਨ ਵਿਚ ਉਤਾਰਿਆ ਗਿਆ ਹੈ। ਇਕ ਹੋਰ ਸਾਬਕਾ ਮੁੱਖ ਮੰਤਰੀ ਨਾਰਾਇਣ ਰਾਣੇ ਦੇ ਬੇਟੇ ਵੀ ਉਮੀਦਵਾਰ ਬਣਾਏ ਗਏ ਹਨ। ਸਾਬਕਾ ਸਾਂਸਦ ਹਰੀਭਾਊ ਜਾਵਲੇ ਦੇ ਬੇਟੇ ਤੇ ਸਾਬਕਾ ਕੇਂਦਰੀ ਮੰਤਰੀ ਰਾਓ ਸਾਹਿਬ ਦਾਨਵੇ ਦੇ ਬੇਟੇ ਨੂੰ ਵੀ ਟਿਕਟ ਦਿੱਤੀ ਗਈ ਹੈ। ਇੱਕ ਲੱਖ ਨੌਜਵਾਨਾਂ ਨੂੰ ਸਿਆਸਤ ਵਿਚ ਲਿਆਉਣ ਦਾ ਸੰਕਲਪ ਕਰਨ ਵਾਲੀ ਪਾਰਟੀ ਸਿਰਫ ਤਿੰਨ ਵਿਧਾਇਕਾਂ ਦੀਆਂ ਟਿਕਟਾਂ ਹੀ ਕੱਟ ਸਕੀ। ਉਸ ਨੇ 89 ਵਿਧਾਇਕਾਂ ਨੂੰ ਦੁਬਾਰਾ ਟਿਕਟ ਦਿੱਤੀ ਹੈ। ਕੁਲ ਮਿਲਾ ਕੇ ਆਗੂਆਂ ਦੇ ਬੇਟੇ-ਬੇਟੀਆਂ, ਪੋਤੇ-ਪੋਤੀਆਂ, ਭਰਾ, ਪਤਨੀਆਂ ਤੇ ਕਰੀਬੀ ਹੀ ਚੋਣਾਂ ਲੜ ਰਹੇ ਹਨ। ਭਾਜਪਾ ਦੀ ਸਹਿਯੋਗੀ ਸ਼ਿਵ ਸੈਨਾ (ਸ਼ਿੰਦੇ) ਤੇ ਰਾਸ਼ਟਰਵਾਦੀ ਕਾਂਗਰਸ ਪਾਰਟੀ ਦੀ ਹਾਲਤ ਵਿਚ ਵੱਖਰੀ ਨਹੀਂ। ਦੋਹਾਂ ਨੇ ਜਿੰਨੇ ਉਮੀਦਵਾਰ ਉਤਾਰੇ ਹਨ, ਉਨ੍ਹਾਂ ਵਿੱਚੋਂ ਕਈ ਅਜਿਹੇ ਹਨ, ਜਿਹੜੇ ਕਿਸੇ ਨਾ ਕਿਸੇ ਆਗੂ ਦੇ ਪਰਵਾਰ ਵਿੱਚੋਂ ਹਨ, ਪਰ ਇਨ੍ਹਾਂ ਸਾਰਿਆਂ 'ਚ ਪ੍ਰਧਾਨ ਮੰਤਰੀ ਤੇ ਭਾਜਪਾ ਨੂੰ ਪਰਵਾਰਵਾਦ ਨਜ਼ਰ ਨਹੀਂ ਆਉਂਦਾ।*

*ਦਰਅਸਲ ਮੋਦੀ ਤੇ ਉਨ੍ਹਾ ਦੀ ਪਾਰਟੀ ਨੂੰ ਹਰ ਮੁੱਦੇ 'ਤੇ ਪਖੰਡ ਜਾਂ ਦੋਹਰਾ ਰਵੱਈਆ ਅਪਣਾਉਣ 'ਚ ਇਸ ਲਈ ਸੰਕੋਚ ਨਹੀਂ ਹੁੰਦਾ, ਕਿਉਂਕਿ ਮੁੱਖ ਧਾਰਾ ਦਾ ਮੀਡੀਆ ਡਰ ਤੇ ਲਾਲਚ ਦੇ ਚਲਦਿਆਂ ਪੂਰੀ ਤਰ੍ਹਾਂ ਉਨ੍ਹਾਂ ਦਾ ਪਿਛਲੱਗ ਤੇ ਢੰਡੋਰਚੀ ਬਣਿਆ ਹੋਇਆ ਹੈ। ਅਜਿਹੇ ਮੁੱਦਿਆਂ 'ਤੇ ਉਹ ਨਾ ਖੁਦ ਸਵਾਲ ਕਰਦਾ ਹੈ ਤੇ ਨਾ ਹੀ ਉਨ੍ਹਾਂ ਲੋਕਾਂ ਨੂੰ ਤਵੱਜੋ ਦਿੰਦਾ ਹੈ, ਜਿਹੜੇ ਸਵਾਲ ਉਠਾਉਂਦੇ ਹਨ। ਇਸ ਲਈ ਪ੍ਰਧਾਨ ਮੰਤਰੀ ਦੇ ਜੋ ਮਨ ਵਿਚ ਆਉਂਦਾ ਹੈ, ਉਹ ਬੋਲ ਕੇ ਕੱਢ ਲੈਂਦੇ ਹਨ।*

# ਸਮਕਾਲੀ ਭਾਰਤੀ ਸਾਹਿਤ ਅਤੇ ਸਮਾਜਿਕ ਨਿਆਂ



ਸੁਖਦੇਵ ਸਿੰਘ ਸਿਰਸਾ

ਸਮਕਾਲ ਦੇ ਕੌਮਾਂਤਰੀ, ਕੌਮੀ ਅਤੇ ਸਥਾਨਕ (ਖੇਤਰੀ) ਮਸਲਿਆਂ ਬਾਰੇ ਭਾਰਤੀ ਜ਼ੁਬਾਨਾਂ ਅਤੇ ਪੰਜਾਬੀ ਦੇ ਲੇਖਕ ਕਿੰਨੇ ਕੁ ਸੁਚੇਤ ਹਨ? ਹਰ ਸੰਵੇਦਨਸ਼ੀਲ ਵਿਅਕਤੀ ਦੇ ਮਨ 'ਚ ਇਹ ਜਗਿਆਸਾ ਉਪਜਣੀ ਸੁਭਾਵਿਕ ਹੈ। ਜੇ ਵੱਖ-ਵੱਖ ਭਾਰਤੀ ਭਾਸ਼ਾਵਾਂ ਤੇ ਪੰਜਾਬੀ ਵਿਚ ਲਿਖੇ ਜਾ ਰਹੇ ਸਾਹਿਤ 'ਤੇ ਸਰਸਰੀ ਝਾਤ ਮਾਰੀਏ ਤਾਂ ਸਥਿਤੀ ਸੰਤੋਖ-ਜਨਕ ਲਗਦੀ ਹੈ। ਆਪਣੇ ਦੌਰ ਦੇ ਬਹੁ-ਪਰਤੀ ਸੰਦਰਭਾਂ ਅਤੇ ਪੇਚਾਂ ਬਾਰੇ ਲੇਖਕਾਂ ਦੀ ਚੇਤੰਨਤਾ ਅਤੇ ਸੰਵੇਦਨਸ਼ੀਲਤਾ ਇਕੋ ਜਿਹੀ ਨਹੀਂ ਹੈ।ਇਕੋ ਜਿਹੀ ਹੋ ਵੀ ਨਹੀਂ ਸਕਦੀ; ਕਾਰਨ ਹਰ ਲੇਖਕ ਦੀ ਵਸਤਾਂ ਤੇ ਵਰਤਾਰਿਆਂ ਨੂੰ ਦੇਖਣ, ਗ੍ਰਹਿਣ ਕਰਨ ਤੇ ਸਮਝਣ ਦੀ ਸਮਰੱਥਾ ਤੇ ਤੜਪ ਇੱਕੋ ਜਿਹੀ ਨਹੀਂ ਹੁੰਦੀ। ਜਟਿਲ ਸਮਾਜਿਕ ਵਰਤਾਰਿਆਂ ਤੇ ਘਟਨਾਵਾਂ ਨੂੰ ਮਹਿਸੂਸ ਕਰਨ ਦੀ ਸ਼ਿੱਦਤ, ਇਤਿਹਾਸਕ ਵੇਗ ਦੀ ਗਤੀ ਤੇ ਦਿਸ਼ਾ ਦਾ ਬੋਧ ਅਤੇ ਪ੍ਰਗਟਾਵੇ ਦੀ ਸਮਰੱਥਾ ਕਿਸੇ ਲੇਖਕ ਦੇ ਸਥਿਤੀਆਂ ਬਾਰੇ ਹੁੰਗਾਰੇ ਅਤੇ ਉਸ ਦੇ ਰਚਨਾਤਮਿਕ ਅਮਲ ਨੂੰ ਨਿਰਸੰਦੇਹ ਪ੍ਰਭਾਵਿਤ ਕਰਦੇ ਹਨ। ਲੇਖਕ ਦਾ ਜਾਤੀ ਅਵਚੇਤਨ, ਜਮਾਤੀ ਪੁਜ਼ੀਸ਼ਨ, ਸਮਾਜਿਕ ਹੈਸੀਅਤ, ਉਸ ਦੀ ਖੇਤਰੀ ਪਛਾਣ ਜਾਂ ਸੰਮਬੱਧਤਾ ਅਤੇ ਉਸ ਦੀ ਜਮਾਤੀ ਜਾਂ ਰਾਜਨੀਤਕ ਵਿਚਾਰਧਾਰਾ ਵੀ ਉਸ ਦੇ ਰਚਣੇਈ ਅਮਲ ਵਿਚ ਦਖਲ-ਅੰਦਾਜ਼ ਹੁੰਦੇ ਹਨ। ਨਿਰਸੰਦੇਹ ਦਲਿਤਾਂ, ਔਰਤਾਂ, ਜਨ-ਜਾਤੀਆਂ, ਘੱਟ-ਗਿਣਤੀਆਂ, ਈਥਨਿਕ ਸਮੂਹਾਂ ਅਤੇ ਮੁਕਾਮੀ ਜਾਂ ਖੇਤਰੀ ਸਮੂਹਾਂ ਦੇ ਮਸਲਿਆਂ ਬਾਰੇ ਇਨ੍ਹਾਂ ਨਾਲ ਸੰਬੰਧਤ ਲੇਖਕ ਵਧੇਰੇ ਪ੍ਰਮਾਨਿਕ ਸਾਹਿਤ ਦੀ ਸਿਰਜਣਾ ਕਰ ਸਕਦੇ ਹਨ, ਪਰ ਵਧੇਰੇ ਸੰਵੇਦਨਸ਼ੀਲ ਅਤੇ ਵਿਗਿਆਨਕ ਸਮਝ ਵਾਲੇ ਲੇਖਕ ਇਸ ਦਾ ਅਪਵਾਦ ਵੀ ਹੋ ਸਕਦੇ ਹਨ। ਇਤਿਹਾਸ ਗਵਾਹ ਹੈ ਕਿ ਸੰਸਾਰ ਪੱਧਰ ਦੇ ਤੇ ਭਾਰਤ ਦੇ ਨਾਮਵਰ ਲੇਖਕਾਂ ਨੇ ਆਪਣੀ ਜਾਤੀ ਤੇ ਜਮਾਤੀ ਹੈਸੀਅਤ ਤੇ ਵਿਚਾਰਧਾਰਕ ਹਿੱਤਾਂ ਤੋਂ ਪਾਰ ਜਾ ਕੇ ਕਲਾਸਿਕ ਸਾਹਿਤ ਦੀ ਰਚਨਾ ਕੀਤੀ ਹੈ। ਸਮਕਾਲ 'ਚ ਦਰਪੇਸ਼ ਮਸਲਿਆਂ ਬਾਰੇ ਭਾਰਤੀ/ਪੰਜਾਬੀ ਲੇਖਕਾਂ ਦੀ ਤੜਪ, ਸ਼ਿੱਦਤ, ਹੁੰਗਾਰੇ ਅਤੇ ਸਮਝ ਦੀ ਨਿਸ਼ਾਨਦੇਹੀ ਸਹਿਜੇ ਹੀ ਕੀਤੀ ਜਾ ਸਕਦੀ ਹੈ। ਮਸਲਨ ਕਿਸਾਨ ਅੰਦੋਲਨ ਵੇਲੇ ਪੰਜਾਬ ਦੇ ਕਿਸਾਨੀ ਪਿਛੋਕੜ ਵਾਲੇ ਮੱਧਵਰਗੀ ਲੇਖਕ ਵਧੇਰੇ ਪ੍ਰਤੀਰੋਧੀ ਸੁਰ ਅਪਣਾਉਂਦੇ ਹਨ, ਪਰ ਇਹੀ ਲੇਖਕ ਪੰਜਾਬ ਦੇ ਦਲਿਤ ਭਾਈਚਾਰੇ ਦੇ ਜ਼ਮੀਨ ਪ੍ਰਾਪਤੀ ਅੰਦੋਲਨ ਵੇਲੇ ਉਦਾਸੀਨ ਤੇ ਖਾਮੋਸ਼ ਹੋ ਜਾਂਦੇ ਹਨ। ਭਾਰਤੀ ਰਾਜਨੀਤੀ ਵਿਚ ਹਿੰਦੂਤਵ ਦੇ ਏਜੰਡੇ ਤਹਿਤ 2014 ਈ. ਤੋਂ ਬਾਅਦ ਸੰਪ੍ਰਦਾਇਕਤਾ ਤੇ ਨਫ਼ਰਤੀ ਰਾਜਨੀਤੀ ਦਾ ਚਲਣ ਵਧਦਾ ਹੈ। ਘੱਟਗਿਣਤੀਆਂ ਅਤੇ ਖਾਸ ਕਰਕੇ ਮੁਸਲਿਮ ਭਾਈਚਾਰੇ ਦੇ ਮਾਨਵੀ ਅਧਿਕਾਰਾਂ ਅਤੇ ਉਨ੍ਹਾਂ ਦੀ ਭਾਰਤੀ ਪਛਾਣ ਉੱਪਰ ਹੀ ਸੰਦੇਹ ਕੀਤਾ ਜਾਣ ਲੱਗਦਾ ਹੈ। ਨਫ਼ਰਤੀ ਰਾਜਨੀਤੀ ਦੇ ਚੱਲਦਿਆਂ ਧਾਰਮਿਕ ਜਨੂੰਨੀਆਂ ਤੇ ਸਰਕਾਰੀ ਸ਼ਹਿ ਪ੍ਰਾਪਤ ਉਨਮਾਦੀ ਭੀੜਾਂ ਵੱਲੋਂ ਇਕ ਵਿਸ਼ੇਸ਼ ਘੱਟ-ਗਿਣਤੀ ਫਿਰਕੇ ਨਾਲ ਮੌਬਲਿੰਚਿੰਗ, ਸਮੂਹਕ ਜਬਰ-ਜਨਾਹ ਅਤੇ ਬੁਲਡੋਜ਼ਰ ਨਿਆਂ ਵਰਗੀਆਂ ਅਣਮਨੁੱਖੀ ਘਟਨਾਵਾਂ ਵਾਪਰੀਆਂ ਹਨ। ਕਸ਼ਮੀਰੀ ਆਵਾਮ ਦੇ ਵਿਸ਼ੇਸ਼ ਰੁਤਬੇ ਤੇ ਖੇਤਰੀ/ਸੂਬਾਈ ਅਧਿਕਾਰਾਂ ਦੀ ਜਾਮਨੀ ਦੇਣ ਵਾਲੀ ਧਾਰਾ 370 ਨੂੰ 5 ਅਗਸਤ 2019 ਵਿਚ ਖਤਮ ਕਰ ਦਿੱਤਾ। ਜਨਵਰੀ 1950 ਵਿਚ ਇਸ ਧਾਰਾ 370 ਦੇ ਅਧੀਨ ਜੰਮੂ ਅਤੇ ਕਸ਼ਮੀਰ ਨੂੰ ਵਿਸ਼ੇਸ਼ ਰਾਜ ਦਾ ਦਰਜਾ ਦਿੱਤਾ ਗਿਆ ਸੀ, ਜਿਸ ਤਹਿਤ ਇਸ ਰਾਜ/ਪ੍ਰਦੇਸ਼ ਨੂੰ ਕੁਝ ਹੱਦ ਤੱਕ ਸੂਬਾਈ ਖ਼ੁਦ-ਮੁਖ਼ਤਿਆਰੀ ਹਾਸਲ ਸੀ। 2019 ਵਿਚ ਇਸ ਧਾਰਾ (370) ਨੂੰ ਖਤਮ ਕਰਕੇ ਜੰਮੂ ਤੇ ਕਸ਼ਮੀਰ ਨੂੰ ਦੋ ਭਾਗਾਂ ਵਿਚ ਵੰਡ ਕੇ ਜੰਮੂ ਤੇ ਕਸ਼ਮੀਰ ਅਤੇ ਲਦਾਖ ਨੂੰ ਕੇਂਦਰੀ ਸ਼ਾਸਤ ਪ੍ਰਦੇਸ਼ ਬਣਾ ਦਿੱਤਾ। ਪ੍ਰੈੱਸ, ਸੰਚਾਰ ਮਾਧਿਅਮਾਂ, ਸੋਸ਼ਲ ਨੈੱਟਵਰਕ ਅਤੇ ਜਲਸੇ-ਜਲੂਸਾਂ ਉੱਪਰ ਪਾਬੰਦੀ ਲਾ ਕੇ ਜੰਮੂ ਕਸ਼ਮੀਰ ਨੂੰ ਖੁੱਲ੍ਹੀ ਜੇਲ੍ਹ ਵਿਚ ਬਦਲ ਦਿੱਤਾ। ਲੋਕਤਾਂਤਰਿਕ ਪ੍ਰਣਾਲੀ, ਪ੍ਰਗਟਾਵੇ ਦੀ ਆਜ਼ਾਦੀ ਅਤੇ ਕਸ਼ਮੀਰੀਆਂ ਦੇ ਮਾਨਵੀ ਅਧਿਕਾਰਾਂ ਦਾ ਰੱਜ ਕੇ ਘਾਣ ਕੀਤਾ ਗਿਆ। ਭਾਵੇਂ ਹਿੰਦੋਸਤਾਨ ਦੇ ਵੱਖ-ਵੱਖ ਖਿੱਤਿਆਂ ਵਿਚ ਉਦਾਰਵਾਦੀ, ਮਾਨਵਵਾਦੀ, ਲੋਕਤਾਂਤਰਿਕ ਅਤੇ ਅਗਾਂਹਵਧੂ ਸੋਚ ਵਾਲੇ ਲੋਕਾਂ ਵੱਲੋਂ ਇਸ ਦਾ ਤਿੱਖਾ ਵਿਰੋਧ ਹੋਇਆ, ਪਰ ਕਸ਼ਮੀਰੀ ਆਵਾਮ ਦੇ ਰੋਹ ਨੂੰ ਰਾਸ਼ਟਰਵਾਦ, ਅਮਨ-ਕਾਨੂੰਨ ਦੀ ਬਹਾਲੀ, ਪ੍ਰਸ਼ਾਸਨ (ਫੌਜ, ਪੁਲਸ) ਦੇ ਡੰਡੇ ਅਤੇ ਜ਼ੁਬਾਨਬੰਦੀ ਦੇ ਸੂਖਮ ਤੰਤਰ ਰਾਹੀਂ ਦਬਾਅ ਦਿੱਤਾ ਗਿਆ। ਜੰਮੂ-ਕਸ਼ਮੀਰ ਦੇ ਕਸ਼ਮੀਰੀ, ਉਰਦੂ, ਅੰਗਰੇਜ਼ੀ ਅਤੇ ਪੰਜਾਬੀ ਭਾਸ਼ਾਵਾਂ ਦੇ ਕਵੀਆਂ ਨੇ ਇਸ ਦੁਖਦ ਰਾਜਸੀ ਹਾਦਸੇ ਦੇ ਵੱਖ-ਵੱਖ ਪਹਿਲੂਆਂ ਬਾਰੇ ਝੰਜੋੜ ਦੇਣ ਵਾਲੀਆਂ ਕਵਿਤਾਵਾਂ ਲਿਖੀਆਂ ਹਨ। ਧਾਰਾ 370 ਮਨਸੂਖ ਕਰਨ ਦੇ ਵਿਰੁੱਧ ਕਸ਼ਮੀਰ ਦੇ ਸਥਾਪਤ ਲੇਖਕਾਂ ਦੇ ਮੁਕਾਬਲੇ ਨੌਜਵਾਨ ਕਵੀ ਵਧੇਰੇ ਮੁਖਰ ਹਨ। ਕਸ਼ਮੀਰ ਦੇ ਨਾਮਵਰ ਉਰਦੂ ਕਵੀ, ਗੀਤਕਾਰ ਤੇ ਨਾਟਕਕਾਰ ਬਸ਼ੀਰ ਦਾਦਾ ਨੇ ਰੋਸ ਵਜੋਂ ਲਿਖਣਾ ਹੀ ਛੱਡ ਦਿੱਤਾ ਸੀ। ਉਸ ਨੇ ਕਿਹਾ, ਮੇਰੇ ਅੰਦਰਲੀ ਲੇਖਕ ਦੀ ਆਵਾਜ਼ ਖਾਮੋਸ਼ ਹੋ ਗਈ ਹੈ। ਧਾਰਾ 370 ਨੂੰ ਮਨਸੂਖ ਕਰਨਾ ਕਸ਼ਮੀਰੀਆਂ ਦੇ ਮੂੰਹ 'ਤੇ ਥੱਪੜ ਹੈ, ਸਾਨੂੰ ਬੇਪੱਤ ਕੀਤਾ ਗਿਆ, ਸਾਡੀ ਖਾਮੋਸ਼ੀ ਦਾ ਮਤਲਬ ਸ਼ਾਂਤੀ ਨਹੀਂ। ਕਸ਼ਮੀਰੀ ਲੋਕ ਜਾਣਦੇ ਹਨ ਕਿ ਤੁੱਛ ਰਾਜਸੀ ਮੁਫ਼ਾਦ ਲਈ ਨਫ਼ਰਤ ਨੂੰ ਸਾਡੇ ਖਿਲਾਫ਼ ਸਾਨੂੰ ਹੋਰ ਦਬਾਉਣ ਲਈ ਵਰਤਿਆ ਗਿਆ ਹੈ। ਕਸ਼ਮੀਰੀਆਂ ਦੇ ਧੁਖਦੇ ਰੋਹ ਨੂੰ ਉਸ ਨੇ ਆਪਣੀ ਮਕਬੂਲ ਨਜ਼ਮ- 'ਹਜ਼ਾਰੋਂ ਇਨਕਲਾਬ ਆਏ' ਵਿਚ ਬਿਆਨ ਕੀਤਾ ਹੈ। ਅੰਗਰੇਜ਼ੀ 'ਚ ਲਿਖਣ ਵਾਲੇ ਨੌਜਵਾਨ ਕਸ਼ਮੀਰੀ ਕਵੀ ਹੁਜ਼ਾਇਫਾ ਪੰਡਤ ਦੀਆਂ ਦੋ ਨਜ਼ਮਾਂ ਚਰਚਿਤ ਹੋਈਆਂ- 'ਹੇਅਰ ਇਜ ਏ ਪਰੈਜੈਂਟ ਅਤੇ 'ਨੋਟਸ ਫਾਰ ਏ ਸਟਰੇਂਜਰ' ਵਿੱਚ ਉਹ ਕਹਿੰਦਾ ਹੈ ਕਿ ਦਿੱਲੀ ਵੱਲੋਂ ਕਸ਼ਮੀਰੀਆਂ ਦੀ ਸੰਘੀ ਘੁੱਟੀ ਗਈ ਹੈ। ਕਸ਼ਮੀਰੀ ਤੇ ਅੰਗਰੇਜ਼ੀ ਭਾਸ਼ਾ 'ਚ ਲਿਖਣ ਵਾਲੀ ਕਵਿਤਰੀ ਰੁਮੂਜ਼ ਕਹਿੰਦੀ ਹੈ ਕਿ ਇਹ ਹਾਦਸਾ ਹੰਕਾਰੀ ਹੋਈ ਰਾਜ-ਸੱਤਾ ਦੇ ਨਿਰਦਈ ਵਿਵਹਾਰ ਦਾ ਨਮੂਨਾ ਹੈ। ਕਸ਼ਮੀਰ ਅੰਦਰੇ ਅੰਦਰ ਸੁਲਘ ਰਿਹਾ ਹੈ। ਇਹ ਹੌਲੀ ਡੁੱਬਣ ਸਮਾਨ ਹੈ। ਉਸ ਨੇ ਆਪਣੀਆਂ ਕਵਿਤਾਵਾਂ ਦੀ ਤਿੱਕੜੀ ਨੂੰ - 'ਪਿਕਲ ਆਫ ਗਰੀਫ਼' ਦਾ ਨਾਂਅ ਦਿੱਤਾ (ਯਾਨੀ ਦੁਖ ਦਾ ਛਾਂਦਾ); ਇਹ ਨਜ਼ਮਾਂ ਹਨ- 'ਅਪੋਲੋਜੀ', 'ਕੋਨਵੋਏ' ਅਤੇ 'ਏ ਲੈਟਰ'। ਰੁਮੂਜ਼ ਨੇ ਇਹਨਾਂ ਕਵਿਤਾਵਾਂ ਵਿੱਚ ਮਧੋਲੀ ਗਈ ਕਸ਼ਮੀਰੀ ਪਛਾਣ, ਉਨ੍ਹਾਂ ਦੇ ਮਾਨਵੀ ਅਧਿਕਾਰਾਂ, ਪ੍ਰਗਟਾਵੇ ਦੀ ਆਜ਼ਾਦੀ ਅਤੇ ਜੀਣ-ਥੀਣ ਦੇ ਹੱਕ 'ਚ ਆਵਾਜ਼ ਬੁਲੰਦ ਕੀਤੀ ਹੈ। ਇਸੇ ਤਰ੍ਹਾਂ ਬਰੀਆ ਹਮੀਦ ਆਪਣੀ ਇੱਕ ਨਜ਼ਮ 'ਚ ਕਹਿੰਦੀ ਹੈ ਕਿ-'ਮੇਰਾ ਦਿਲ ਲਾਸ਼ਾਂ ਦਾ ਕਬਰਸਤਾਨ ਹੈ / ਇਸ 'ਚ ਸਾਡੇ ਰਾਜ਼ ਦਫ਼ਨ ਹਨ/ਅਣਕਹੀਆਂ ਕਥਾਵਾਂ ਤੇ ਆਸ਼ਾਵਾਂ ਦੇ ਗੀਤ/ ਡਿੱਗਣ ਦੇ ਜ਼ਖ਼ਮ ਤੇ ਜਾਗਣ ਦੇ ਖੁਆਬ/ਇੱਥੇ ਦਫ਼ਨ ਹਨ ਡਰਾਉਣੇ ਸੁਪਨੇ।' ਕਸ਼ਮੀਰੀ ਉਰਦੂ ਕਵੀ ਅਕੀਲ ਮੁਹੱਈਉਦੀਨ ਕਹਿੰਦਾ ਹੈ ਕਿ 'ਜੇ ਕਵੀ ਆਪਣੇ ਦੌਰ ਦੇ ਸੱਚ ਨੂੰ ਨਹੀਂ ਬਿਆਨਦਾ ਤਾਂ ਉਸ ਨੂੰ ਬਣਵਾਸ ਦੇ ਦੇਣਾ ਚਾਹੀਦਾ ਹੈ।' ਉਸ ਦੀ ਉਰਦੂ ਗ਼ਜ਼ਲ ਦੇ ਇਹ ਸ਼ਿਅਰ ਦੇਖੇ ਜਾ ਸਕਦੇ ਹਨ:

ਤੁਮਹਾਰੀ ਪੇਟਿੰਗ ਅੱਛੀ ਹੈ ਤੁਮ ਨੇ ਗੁੱਲ ਬਨਾਇਆ ਹੈ,  
ਹਮ ਆਗ, ਤਿਤਲੀ, ਰਾਖ ਔਰ ਜਲਤਾ ਪਰ ਬਨਾਏਂਗੇ।  
ਜੋ ਪੂਛ ਲੇ ਕੋਈ ਮੁਝੇ ਮੇਰੇ ਵਤਨ ਕੇ ਮਾਹਨੇ ਕਯਾ,  
ਤੋ ਹਰ ਤਰਫ਼ ਸੇ ਖ਼ੂਨ ਔਰ ਕਟਾ ਜਿਗਰ ਬਨਾਏਂਗੇ।

ਆਸਿਫ਼ ਤਾਰਿਕ ਭੱਟ (ਕਸ਼ਮੀਰੀ ਭਾਸ਼ੀ), ਸਈਦ ਜ਼ੀਸ਼ਾਨ ਜੈਪੁਰੀ, (ਉਰਦੂ), ਸਾਹਨਾਜ਼ ਰਾਸ਼ਿਦ (ਕਸ਼ਮੀਰੀ), ਨਿਗਤਸਾਹਿਬਾ (ਕਸ਼ਮੀਰੀ, ਉਰਦੂ) ਉਜ਼ਮਾ ਫਲਕ (ਅੰਗਰਜ਼ੀ), ਸਵਾਮੀ ਅੰਤਰਨੀਰਵ(ਪੋਠੋਹਾਰੀ, ਪੰਜਾਬੀ) ਅਤੇ ਆਗਾ ਸ਼ਾਹਿਦ ਅਲੀ (ਅੰਗਰੇਜ਼ੀ) ਆਦਿ ਕਵੀਆਂ ਨੇ ਕਸ਼ਮੀਰੀ ਪਛਾਣ ਤੇ ਕਸ਼ਮੀਰੀਅਤ ਦੇ ਦਰਦ ਨੂੰ ਬੁਲੰਦ ਸੁਰ 'ਚ ਬਿਆਨ ਕੀਤਾ ਹੈ। ਨਿਗਤ ਸਾਹਿਬਾ ਦਾ ਇਹ ਪ੍ਰਸ਼ਨ ਪ੍ਰੇਸ਼ਾਨ ਕਰਦਾ ਹੈ ਕਿ - ਜਿਨ੍ਹਾਂ ਨੂੰ ਬੰਦੂਕਾਂ ਘਰਾਂ ਤੋਂ ਦੂਰ ਲੈ ਗਈਆਂ/ ਉਹ ਕਬਰਾਂ ਨੇ ਨਿਗਲ ਲਏ/ ਜੋ ਮਾਂਵਾਂ ਕੋਲ ਸੁੱਤੇ ਹਨ, ਉਹ ਕਿੱਥੇ ਜਾਣ? ਬੁਸ਼ਾਰਤ ਪੀਰ ਦੇ ਨਾਵਲ 'ਕਰਫ਼ਿਊਡ ਨਾਈਟ' ਅਤੇ ਆਗਾ ਸ਼ਾਹਿਦ ਅਲੀ ਦੀਆਂ ਨਜ਼ਮਾਂ- 'ਪੋਸਟਕਾਰਡ ਫਰਾਮ ਕਾਸ਼ਮੀਰ', 'ਅਰੈਬਿਕ', 'ਲਾਸਟ ਸੈਫਸਨ,' 'ਆਈ ਸੀ ਕਾਸ਼ਮੀਰ ਫਰਾਮ ਨਿਊ ਦਿੱਲੀ ਐਟ ਮਿਡਨਾਈਟ' ਅਤੇ 'ਕਾਲ ਮੀ ਇਸ਼ਮਾਏਲ ਟੁਨਾਈਟ' ਨੂੰ ਉਨ੍ਹਾਂ ਦੀ ਬਾਗ਼ੀ ਸੁਰ ਕਰਕੇ ਕਸ਼ਮੀਰ ਤੇ ਕੁਰੂਕਸ਼ੇਤਰ ਆਦਿ ਵਿਸ਼ਵ ਵਿਦਿਆਲਿਆਂ ਦੇ ਪਾਠ-ਕ੍ਰਮ ਵਿੱਚੋਂ ਕੱਢ ਦਿੱਤਾ ਗਿਆ ਹੈ। ਨੀਤੂ ਅਰੋੜਾ ਅਤੇ ਜੰਮੂ ਦੇ ਪੋਠੋਹਾਰੀ/ ਪੰਜਾਬੀ ਕਵੀ ਸਵਾਮੀ ਅੰਤਰ ਨੀਰਵ ਨੇ ਸੱਤਾ ਅਤੇ ਬਹੁ-ਗਿਣਤੀ ਦੁਆਰਾ ਸਿਰਜੇ ਜਾ ਰਹੇ ਬਿਰਤਾਂਤ ਨੂੰ ਕਾਂਟੇ ਹੇਠ ਰੱਖਿਆ ਹੈ:

- ਲਾਵਾਰਿਸ ਲਾਸ਼ਾਂ ਦੇ  
ਕਬਰਸਤਾਨ ਵਿਚ  
ਝਾੜੀਆਂ ਉੱਗ ਆਈਆਂ ਹਨ  
ਪਰਾਈ ਧਰਤੀ 'ਤੇ ਮਰਨ ਵਾਲਿਆਂ  
ਆਪਣੇ ਲੋਕਾਂ ਲਈ  
ਸੁਨੇਹੇ ਛੱਡੇ ਹਨ .....  
(ਸਵਾਮੀ ਅੰਤਰ ਨੀਰਵ)

1947 ਵਿਚ ਦੇਸ਼ ਦੇ ਬਟਵਾਰੇ ਸਮੇਂ ਭਾਰਤ ਦੇ ਇਸਲਾਮੀ ਭਾਈਚਾਰੇ ਨੇ ਭਾਰਤ 'ਚ ਰਹਿਣ ਨੂੰ ਤਰਜੀਹ ਦਿੱਤੀ ਸੀ। ਸਾਡੇ ਸੰਵਿਧਾਨ ਵਿਚ ਭਾਰਤ ਦੇ ਪ੍ਰਭੁਸੱਤਾ ਸੰਪੰਨ, ਸਮਾਜਵਾਦੀ, ਧਰਮਨਿਰਪੱਖ, ਲੋਕਤਾਂਤ੍ਰਿਕ ਰਾਸ਼ਟਰ ਹੋਣ ਦਾ ਦਾਅਵਾ ਕੀਤਾ ਗਿਆ ਹੈ, ਜੋ ਆਪਣੇ ਸਾਰੇ ਨਾਗਰਿਕਾਂ ਦੀ ਸੁਰੱਖਿਆ, ਸਮਾਜਿਕ ਨਿਆਂ, ਵਿਚਾਰਾਂ, ਪ੍ਰਗਟਾਵੇ, ਧਾਰਮਿਕ ਅਕੀਦੇ ਤੇ ਪੂਜਾ ਦੀ ਆਜ਼ਾਦੀ, ਸਭ ਲਈ ਬਰਾਬਰੀ ਦੇ ਮੌਕੇ ਅਤੇ ਸਭ ਦੇ ਆਤਮ-ਸਨਮਾਨ ਤੇ ਭਾਈਚਾਰਕ ਸਾਂਝ ਦੀ ਜ਼ਾਮਨੀ ਭਰਦਾ ਹੈ। ਭਾਰਤੀ ਸੰਵਿਧਾਨ ਵਿੱਚ ਘੱਟ-ਗਿਣਤੀਆਂ, ਈਥਨਿਕ ਸਮੂਹਾਂ, ਖੇਤਰੀ ਭਾਸ਼ਾਵਾਂ ਅਤੇ ਖੇਤਰੀ ਸੱਭਿਆਚਾਰਾਂ ਦੇ ਸਨਮਾਨ ਅਤੇ ਵਿਕਾਸ ਦੀ ਕਾਨੂੰਨੀ ਗਰੰਟੀ ਦੀ ਵਿਵਸਥਾ ਵੀ ਕੀਤੀ ਗਈ ਹੈ,ਪਰ ਫਿਰਕੂ ਜ਼ਿਹਨੀਅਤ ਵਾਲੇ ਭਾਰਤ ਦੇ ਸੱਤਾਧਾਰੀਆਂ ਨੇ ਇਸਲਾਮੀ ਅਕੀਦੇ ਵਾਲੀ ਵੱਡੀ ਘੱਟ-ਗਿਣਤੀ ਨੂੰ ਲਗਾਤਾਰ ਬੇਗਾਨਗੀ ਅਤੇ ਅਲਹਿਦਗੀ ਦਾ ਅਹਿਸਾਸ ਕਰਵਾਇਆ ਹੈ। ਭਾਰਤ ਦੇ 'ਨਾਗਰਿਕਤਾ ਕਾਨੂੰਨ-1955' ਵਿਚ 2003 ਈ. 'ਚ ਸੋਧ ਕਰਕੇ ਨੈਸ਼ਨਲ ਰਜਿਸਟਰ ਆਫ ਸਿਟੀਜ਼ਨਸ (ਐੈਨ ਆਰ ਸੀ) ਕਾਨੂੰਨ ਪਾਸ ਕੀਤਾ ਗਿਆ, ਜਿਸ ਦਾ ਮਨੋਰਥ ਭਾਰਤ ਵਿਚ ਵਿਦੇਸ਼ੀ ਨਾਗਰਿਕਾਂ ਦੀ ਘੁਸਪੈਠ ਨੂੰ ਰੋਕਣਾ ਸੀ। ਇਸ ਦਾ ਵਧੇਰੇ ਅਸਰ ਆਸਾਮ, ਮੇਘਾਲਿਆ ਤੇ ਪੂਰਬ ਦੇ ਸਰਹੱਦੀ ਸੂਬਿਆਂ ਉੱਪਰ ਪੈਣਾ ਸੀ। ਬੀ.ਜੇ.ਪੀ. ਦੀ ਅਗਵਾਈ ਵਾਲੀ ਸਰਕਾਰ ਦਾ ਲੁਕਵਾਂ ਮਨੋਰਥ ਬੰਗਲਾਦੇਸ਼ ਵਿੱਚੋਂ ਆਏ ਮੁਸਲਿਮ ਸ਼ਰਨਾਰਥੀਆਂ ਨੂੰ ਖਦੇੜਨਾ ਸੀ। ਦਹਾਕਿਆਂ ਤੋਂ ਆਸਾਮ ਤੇ ਪੂਰਬੀ ਪ੍ਰਾਂਤਾਂ 'ਚ ਵਸਦੇ ਮੁਸਲਿਮ ਭਾਈਚਾਰੇ ਦੇ ਸ਼ਰਨਾਰਥੀਆਂ ਨੂੰ ਮੀਆਂ ਜਾਂ ਗੰਦੇ ਮੀਆਂ ਕਹਿ ਕੇ ਤ੍ਰਿਸਕਾਰ ਤੇ ਨਫ਼ਰਤ ਦੇ ਭਾਗੀਦਾਰ ਬਣਾਇਆ ਜਾ ਰਿਹਾ ਸੀ, ਜਿਨ੍ਹਾਂ ਨੇ ਇਸ ਖਿੱਤੇ ਦੇ ਵਿਕਾਸ 'ਚ ਆਪਣਾ ਬਣਦਾ ਯੋਗਦਾਨ ਪਾਇਆ ਸੀ। ਫਿਰਕੂ ਸਿਆਸੀ ਸ਼ਤਰੰਜ ਦੀ ਇਹ ਕੈਸੀ ਵਿਡੰਬਨਾ ਹੈ ਕਿ ਦਹਾਕਿਆਂ ਤੋਂ ਭਾਰਤ 'ਚ ਵਸਦੇ ਇਨਸਾਨਾਂ ਨੂੰ ਆਪਣੀ ਨਾਗਰਿਕਤਾ ਦੇ ਸਬੂਤ ਪੇਸ਼ ਕਰਨ ਲਈ ਕਿਹਾ ਗਿਆ ਹੈ। ਆਸਾਮ ਅਤੇ ਤਾਮਿਲਨਾਡੂ ਵਿਚ ਇਸ ਦਾ ਵਿਰੋਧ ਹੋਇਆ। ਸ਼ਾਹੀਨ ਬਾਗ਼ (ਦਿੱਲੀ), ਜਾਮੀਆ ਮਿਲੀ ਆਇਸਲਾਮੀਆ ਯੂਨੀਵਰਸਿਟੀ, ਜੇ. ਐਨ.ਯੂ ਅਤੇ ਬਨਾਰਸ ਹਿੰਦੂ ਵਿਸ਼ਵ ਵਿਦਿਆਲੇ ਵਿਚ ਵਿਦਿਆਰਥੀਆਂ ਵੱਲੋਂ 'ਹਮ ਕਾਗਜ਼ ਨਹੀਂ ਦਿਖਾਏਂਗੇ' ਦੇ ਨਾਹਰੇ ਬੁਲੰਦ ਹੋਏ। ਵਿਰੋਧ ਦਾ ਅਸਲ ਕਾਰਨ 2019 ਈ. 'ਚ ਭਾਰਤੀ ਪਾਰਲੀਮੈਂਟ ਵੱਲੋਂ ਪਾਸ ਕੀਤਾ ਗਿਆ - ਸਿਟੀਜ਼ਨਸ ਅਮੈਂਡਮੈਂਟ ਐਕਟ (ਸੀ.ਏ.ਏ.) ਸੀ। ਇਸ ਕਾਨੂੰਨ ਦਾ ਮਨੋਰਥ ਪਾਕਿਸਤਾਨ, ਬੰਗਲਾਦੇਸ਼ ਅਤੇ ਅਫਗਾਨਿਸਤਾਨ ਵਿੱਚੋਂ ਆਏ ਧਾਰਮਿਕ ਘੱਟ ਗਿਣਤੀਆਂ ਦੇ ਸ਼ਰਨਾਰਥੀਆਂ ਨੂੰ ਨਾਗਰਿਕਤਾ ਪ੍ਰਦਾਨ ਕਰਨਾ ਸੀ। ਇਸ ਕਾਨੂੰਨ ਵਿਚ 31 ਦਸੰਬਰ 2014 ਤੋਂ ਪਹਿਲਾਂ ਭਾਰਤ ਵਿਚ ਆਏ ਹਿੰਦੂ, ਸਿੱਖ, ਬੋਧੀ, ਜੈਨੀ, ਪਾਰਸੀ ਅਤੇ ਕ੍ਰਿਸਚੀਅਨ ਸ਼ਰਨਾਰਥੀਆਂ ਨੂੰ ਨਾਗਰਿਕਤਾ ਪ੍ਰਦਾਨ ਕਰਨ ਦੀ ਵਿਵਸਥਾ ਸੀ। ਇਹ ਕਾਨੂੰਨ ਭਾਰਤ ਸਰਕਾਰ ਦੇ ਹਿੰਦੂਤਵੀ ਏਜੰਡੇ ਦਾ ਮੂੰਹ ਬੋਲਦਾ ਪ੍ਰਮਾਣ ਸੀ, ਜਿਸ ਦਾ ਮਨੋਰਥ ਇਸਲਾਮੀ ਭਾਈਚਾਰੇ ਨੂੰ ਉਸ ਦੀ ਦੂਜੈਲੀ ਤੇ ਅਧੀਨਗੀ ਵਾਲੀ ਅਹਿਮੀਅਤ ਦਾ ਅਹਿਸਾਸ ਕਰਵਾਉਣਾ ਸੀ। ਆਸਾਮ ਦੇ ਦਰਿਆਈ ਬਰੇਤਿਆਂ (ਡੈਲਟਿਆਂ) 'ਚ ਦਹਾਕਿਆਂ ਤੋਂ ਵਸਦੇ ਬੰਗਲਾਦੇਸ਼ੀ (ਪੂਰਬੀ ਬੰਗਾਲ) ਮੂਲ ਦੇ ਮੁਸਲਮਾਨ ਸ਼ਰਨਾਰਥੀਆਂ ਨੂੰ ਸਥਾਨਕ ਵਸੋਂ ਵੱਲੋਂ ਨਫ਼ਰਤ ਨਾਲ ਮੀਆਂ ਕਿਹਾ ਜਾਂਦਾ ਹੈ ਅਤੇ ਇਨ੍ਹਾਂ ਨਾਲ ਤਰ੍ਹਾਂ-ਤਰ੍ਹਾਂ ਦਾ ਵਿਤਕਰਾ ਕੀਤਾ ਜਾਂਦਾ ਹੈ। ਸੰਨ 1983 ਵਿਚ ਆਸਾਮ ਦੇ ਨੇਲੀ ਜ਼ਿਲ੍ਹੇ ਦੇ ਪੰਦਰਾਂ ਪਿੰਡਾਂ ਵਿਚ ਮੀਆਂ ਭਾਈਚਾਰੇ ਦੇ ਘਰ ਸਾੜੇ ਗਏ, ਬਲਾਤਕਾਰ ਹੋਏ ਤੇ ਸੈਂਕੜੇ ਲੋਕ ਕਤਲ ਕੀਤੇ ਗਏ ਸਨ। ਛੇ ਘੰਟੇ ਚੱਲੇ ਇਸ ਯੋਜਨਾਬੱਧ ਨਰਸੰਹਾਰ ਵਿਰੁੱਧ 688 ਲੋਕਾਂ ਖਿਲਾਫ਼ ਮੁਕੱਦਮੇ ਦਰਜ ਹੋਏ, ਜੋ ਬਾਅਦ ਵਿਚ ਸਿਆਸੀ ਦਬਾਅ ਕਾਰਨ ਇਕ ਸਮਝੌਤੇ ਤਹਿਤ ਰੱਦ ਕਰ ਦਿੱਤੇ ਗਏ। ਇਸ ਖ਼ੂਨੀ ਹਾਦਸੇ ਬਾਰੇ ਖਬੀਰ ਅਹਿਮਦ ਨੇ 1985 ਈ. 'ਚ 'ਬੇਨਤੀ ਹੈ ਕਿ' ਨਾਮੀ ਨਜ਼ਮ ਲਿਖੀ ਸੀ:

ਬ੍ਰਹਮਪੁੱਤਰ ਦੇ ਬਰੇਤਿਆਂ 'ਚ ਵਸਦੇ ਮੀਆਂ ਭਾਚੀਚਾਰੇ ਨੂੰ ਇਕ ਤਾਂ ਵਾਰ-ਵਾਰ ਕੁਦਰਤੀ ਕਰੋਪੀ ਕਰਕੇ ਉਜਾੜਾ ਸਹਿਣਾ ਪੈਂਦਾ ਹੈ ਅਤੇ ਦੂਜਾ ਬਹੁ-ਗਿਣਤੀ ਦੀ ਨਫ਼ਰਤ ਤੇ ਹਜ਼ੂਮੀ ਟੋਲਿਆਂ ਦੀ ਹਿੰਸਾ ਦਾ ਸ਼ਿਕਾਰ ਹੋਣਾ ਪੈਂਦਾ ਹੈ। ਜਦੋਂ ਉਨ੍ਹਾਂ ਤੋਂ ਭਾਰਤੀ ਨਾਗਨਿਕ ਹੋਣ ਦੇ ਸਬੂਤ ਵਾਲੇ ਦਸਤਾਵੇਜ਼ ਮੰਗੇ ਗਏ ਤਾਂ ਹਫ਼ੀਜ਼ ਅਹਿਮਦ ਨੇ - 'ਦਰਜ ਕਰੋ ਮੈਂ ਮੀਆਂ ਹਾਂ' ਨਾਮੀ ਇਹ ਨਜ਼ਮ ਲਿਖੀ ਸੀ:

ਮੈਂ ਮੀਆਂ ਹਾਂ  
ਜਮਹੂਰੀ ਧਰਮਨਿਰਪੇਖ ਰਾਸ਼ਟਰ ਦਾ ਇਕ ਨਾਗਰਿਕ  
ਹੱਕਾਂ ਤੋਂ ਵਿਹੂਣਾ.....  
ਮੇਰੇ ਪਿੰਡ 'ਚੋਂ ਮੈਨੂੰ ਬੇਦਖਲ ਕਰ ਦਿਓ  
ਮੇਰੇ ਹਰਿਆਲੇ ਖੇਤ ਮੇਰੇ ਤੋਂ ਖੋਹ ਲਵੋ  
ਬੁਲਡੋਜ਼ਰ ਲਵੋ, ਮੇਰੇ 'ਤੇ ਫੇਰ ਛੱਡੋ......  
ਮੇਰੀਆਂ ਅੱਖਾਂ 'ਚ ਅੱਗ ਦੀ ਰੱਤ ਹੈ।

ਆਸਾਮ ਦੇ ਮੀਆਂ ਕਵੀਆਂ- ਸ਼ਾਲਿਮ ਹੁਸੈਨ, ਮਾਸੂਮਾ ਬੇਗ਼ਮ ਅਤੇ ਕਾਜ਼ੀ ਨੀਲ ਆਦਿ ਦੀ ਕਵਿਤਾ ਵਿਚ ਜਿੱਥੇ ਆਪਣੇ ਆਹਤ ਸਵੈ-ਮਾਣ ਦੀ ਪੀੜਾ, ਬੇਗਾਨਗੀ ਤੇ ਓਪਰੇ ਹੋਣ ਦਾ ਅਹਿਸਾਸ ਹੈ, ਉੱਥੇ ਇਸ ਵਿਚ ਆਪਣੀ ਪਛਾਣ ਦੀ ਤਾਂਘ ਵੀ ਹੈ।

ਆਸਾਮ ਵਿਚ ਕੇਵਲ ਮੀਆਂ ਭਾਈਚਾਰਾ ਹੀ ਨਹੀਂ, ਸਗੋਂ ਉੱਥੋਂ ਦੀਆਂ ਜਨ-ਜਾਤੀਆਂ ਵੀ ਮੁੱਖ-ਧਾਰਾ ਤੋਂ ਅਲਹਿਦਗੀ ਤੇ ਬੇਗਾਨਗੀ ਦਾ ਸੰਤਾਪ ਭੋਗਦੀਆਂ ਹਨ। ਆਰਥਿਕ ਮੰਦਹਾਲੀ ਦੇ ਨਾਲ-ਨਾਲ ਉਹ ਨਾ ਮੇਟੀ ਜਾ ਸਕਣ ਵਾਲੀ ਵੰਡ-ਦਰ-ਵੰਡ ਦਾ ਦਰਦ ਵੀ ਹੰਢਾਉਂਦੀਆਂ ਅਤੇ ਸਰੀਰਕ ਤੇ ਮਾਨਸਿਕ ਦਮਨ ਦਾ ਕਹਿਰ ਵੀ ਝੱਲਦੀਆਂ ਹਨ।

ਭਾਰਤ ਦੇ ਕੌਮੀ ਸੰਦਰਭ ਵਿਚ ਦੋ ਮੁੱਦੇ ਬਹੁਤ ਅਹਿਮ ਹਨ। ਇਕ ਪਾਸੇ ਸੱਤਾ ਅਤੇ ਪੂੰਜੀ ਲਈ ਲਲਸਾਏ ਲੋਕ ਵਿਕਾਸ ਦੇ ਨਾਂਅ ਉੱਪਰ ਕਾਰਪੋਰੇਟ ਸੰਸਾਰ ਦੀਆਂ ਨਵ-ਉਦਾਰਵਾਦੀ ਨੀਤੀਆਂ ਨੂੰ ਅਪਨਾਉਣ ਦੀ ਵਕਾਲਤ ਕਰ ਰਹੇ ਹਨ ਅਤੇ ਦੂਜੇ ਪਾਸੇ ਵੈਦਿਕ ਸਨਾਤਨ ਧਰਮ ਸੰਸਕ੍ਰਿਤੀ ਦੀ ਮੁੜ ਬਹਾਲੀ ਤੇ ਰਾਖੀ ਲਈ ਰਾਸ਼ਟਰਵਾਦ ਦੇ ਲੁਭਾਉਣੇ ਮਖੌਟੇ ਦਾ ਸਹਾਰਾ ਲਿਆ ਜਾ ਰਿਹਾ ਹੈ। ਇਹ ਸਮਾਂ ਕਰੋਨੀ ਪੂੰਜੀਵਾਦ ਦੁਆਰਾ ਸੰਚਾਲਿਤ ਕਾਰਪੋਰੇਟੀ ਬਾਜ਼ਾਰ ਦੇ ਸਮਰਥਕਾਂ ਅਤੇ ਸਵਦੇਸ਼ੀ ਤੇ ਹਿੰਦੂਤਵੀ ਰਾਸ਼ਟਰਵਾਦ ਦੀ ਵਕਾਲਤ ਕਰਨ ਵਾਲਿਆਂ ਦੇ ਅਜੀਬ ਗਠਬੰਧਨ ਦਾ ਦੌਰ ਹੈ। ਵਿਸ਼ਵ ਗੁਰੂ ਬਣਨ ਲਈ 'ਸਭ ਕਾ ਸਾਥ ਸਭ ਕਾ ਵਿਕਾਸ' ਦਾ ਰਾਗ ਵੀ ਅਲਾਪਿਆ ਜਾ ਰਿਹਾ ਹੈ ਅਤੇ ਧਾਰਮਿਕ ਘੱਟ-ਗਿਣਤੀ ਭਾਈਚਾਰਿਆਂ ਨੂੰ ਉਨ੍ਹਾਂ ਦੇ ਮਾਨਵੀ ਅਧਿਕਾਰਾਂ ਤੋਂ ਵਾਂਝੇ ਵੀ ਕੀਤਾ ਜਾ ਰਿਹਾ ਹੈ। ਇਕ ਦੇਸ, ਇਕ ਧਰਮ, ਇਕ ਭਾਸ਼ਾ, ਇਕ ਕਾਨੂੰਨ ਜਾਂ ਸਾਂਝੇ ਸਿਵਲ ਕੋਡ ਦੇ ਪਰਦੇ ਓਹਲੇ ਦੇਸ਼ ਦੇ ਬਹੁ-ਰੰਗੇ ਤੇ ਬਹੁਲਤਾਵਾਦੀ ਸੱਭਿਆਚਾਰ ਨੂੰ ਇਕ-ਰੰਗੇ, ਸੀਮਤ, ਪ੍ਰਭੂਤਵੀ ਅਤੇ ਇਕਹਿਰੇ ਜੁੱਸੇ ਵਾਲੇ ਸੱਭਿਆਚਾਰਕ ਰਾਸ਼ਟਰਵਾਦ ਵਿਚ ਬਦਲਣ ਦੇ ਯਤਨ ਹੋ ਰਹੇ ਹਨ। ਘਰ ਵਾਪਸੀ ਦੀ ਆੜ ਵਿਚ ਜਨ-ਜਾਤੀਆਂ ਤੇ ਆਦਿ-ਵਾਸੀ ਕਬੀਲਿਆਂ ਦੇ ਧਰਮ ਪਰਿਵਰਤਨ ਰਾਹੀਂ ਹਿੰਦੂ ਰਾਸ਼ਟਰ ਦੀ ਬੁਨਿਆਦ ਪੱਕੀ ਕਰਨ ਦੇ ਯਤਨ ਹੋ ਰਹੇ ਹਨ। ਭਾਰਤ ਦੇ ਬਹੁ-ਧਰਮੀ, ਬਹੁ-ਨਸਲੀ, ਬਹੁ-ਭਾਸ਼ਾਈ ਤੇ ਬਹੁ-ਸਭਿਆ- ਚਾਰੀ ਸਮਾਜਿਕ ਤਾਣੇ-ਬਾਣੇ ਨੂੰ ਕਮਜ਼ੋਰ ਕਰਕੇ ਭਾਰਤੀ ਸੰਵਿਧਾਨ ਦੇ ਲੋਕਤਾਂਤ੍ਰਿਕ, ਸੈਕੂਲਰ ਸੰਮਤਾਵਾਦੀ ਅਤੇ ਸੰਘੀ ਢਾਂਚੇ ਉੱਪਰ ਸੱਟ ਮਾਰੀ ਜਾ ਰਹੀ ਹੈ। ਸਿੱਖਿਆ ਦੇ ਭਗਵੇਂਕਰਨ ਰਾਹੀਂ ਸਾਡੀ ਸਾਂਝੀ ਗੰਗਾ-ਜਮਨੀ ਤਹਿਰੀਕ ਅਤੇ ਭਾਈਚਾਰਕ ਸੋਹਾਰਦ (ਰਵਾਦਾਰੀ) ਦੀ ਵਿਰਾਸਤ ਨੂੰ ਨਿੱਠ ਕੇ ਕਮਜ਼ੋਰ ਕੀਤਾ ਜਾ ਰਿਹਾ ਹੈ। ਵੋਟਾਂ ਦੇ ਧਰੁਵੀਕਰਨ ਖਾਤਰ ਸਮਾਜਿਕ ਤਾਣੇ-ਬਾਣੇ ਵਿਚ ਸੌੜੇ ਸਿਆਸੀ ਮਕਸਦਾਂ ਲਈ ਵਿਗਾੜ ਪਾਏ ਜਾ ਰਹੇ ਹਨ। ਇਤਿਹਾਸਕ ਸਮਾਰਕਾਂ, ਸ਼ਹਿਰਾਂ, ਰਾਜ-ਮਾਰਗਾਂ, ਰੇਲਵੇ ਸਟੇਸ਼ਨਾਂ, ਹਵਾਈ ਅੱਡਿਆਂ ਅਤੇ ਵਿਸ਼ਵ ਵਿਦਿਆਲਿਆਂ ਦੇ ਨਾਂਅ ਬਦਲੇ ਜਾ ਰਹੇ ਹਨ। ਸਾਡੀਆਂ ਤਰਕਸ਼ੀਲ ਅਤੇ ਵਿਗਿਆਨਕ ਪਰੰਪਰਾਵਾਂ ਨੂੰ ਧਰਮ ਦੀ ਪੁੱਠ ਦੇਣ ਦੇ ਯਤਨ ਹੋ ਰਹੇ ਹਨ। ਸਾਡੀ ਅਜੋਕੀ ਸੱਤਾ ਸਿਆਸਤ ਦਾ ਵਿਰੋਧਾਭਾਸ ਇਹ ਹੈ ਕਿ ਉਹ ਇਕ ਪਾਸੇ ਵਿਕਾਸ ਅਤੇ ਵਿਸ਼ਵ ਗੁਰੂ ਬਣਨ ਦੇ ਸੁਪਨੇ ਦਿਖਾਉਂਦੀ ਹੈ ਅਤੇ ਦੂਜੇ ਕਾਰਪੋਰੇਟ ਸੰਸਾਰ ਦੀ ਅਵਾਰਾ ਪੂੰਜੀ ਤੇ ਵਿਸ਼ਵ ਬਾਜ਼ਾਰ ਲਈ ਨਿਵੇਸ਼ ਦੇ ਰਾਹ ਖੋਲ੍ਹ ਰਹੀ ਹੈ। ਪਿਛਲੇ ਸਮੇਂ 'ਚ ਸਿੱਖਿਆ, ਸਿਹਤ ਸੇਵਾਵਾਂ, ਸੰਚਾਰ ਅਤੇ ਆਵਾਜਾਈ ਵਰਗੇ ਬੁਨਿਆਦੀ ਵਿਭਾਗਾਂ ਵਿਚ ਨਿੰਜੀਕਰਨ ਦੀ ਖੁੱਲ੍ਹ ਦਿੱਤੀ ਗਈ ਹੈ। ਕਿਰਤ ਕਾਨੂੰਨ ਬਦਲੇ ਗਏ ਹਨ, ਰੁਜ਼ਗਾਰ ਦੀਆਂ ਗਰੰਟੀਆਂ ਖਤਮ ਹੋਈਆਂ ਹਨ, ਮੁਲਾਜ਼ਮਾਂ ਦੇ ਸੇਵਾ-ਨਿਯਮ ਬਦਲੇ ਗਏ ਹਨ। ਖਾਧ ਉਦਯੋਗ ਵਿਚ ਵੱਡੇ ਵਪਾਰੀਆਂ ਤੇ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਲਈ ਜਨਤਕ ਵੰਡ-ਪ੍ਰਣਾਲੀ ਕਾਨੂੰਨ (ਪੀ ਡੀ ਐੱਸ) ਵਿਚ ਸੋਧ ਕੀਤੀ ਗਈ ਹੈ। ਸਰਕਾਰ ਵੱਲੋਂ ਲਿਆਂਦੇ ਗਏ ਤਿੰਨ ਖੇਤੀ ਕਾਨੂੰਨ, ਜਿਨ੍ਹਾਂ ਵਿਰੁੱਧ (2020-22 ਈ. 'ਚ) ਵਿਸ਼ਾਲ ਕਿਸਾਨ ਅੰਦੋਲਨ ਹੋਇਆ, ਭਾਰਤ ਦੇ ਖੇਤੀ ਸੈਕਟਰ ਨੂੰ ਕਾਰਪੋਰੇਟ ਦੇ ਹਵਾਲੇ ਕਰਨ ਦਾ ਹੀ ਆਤਮ-ਘਾਤੀ ਯਤਨ ਸੀ। ਅਜੋਕਾ ਵਿਸ਼ਵ ਬਾਜ਼ਾਰ (ਕਰੋਨੀ ਪੂੰਜੀਵਾਦੀ ਦੀਆਂ ਨਵ-ਉਦਾਰਵਾਦੀ ਨੀਤੀਆਂ) ਸਥਾਨਕ ਅਰਥ-ਵਿਵਸਥਾਵਾਂ ਨੂੰ ਕਮਜ਼ੋਰ ਕਰਕੇ ਹੀ ਫਲਦਾ ਫੁਲਦਾ ਹੈ। ਫਿਰ ਸਵਦੇਸ਼ੀ ਅਤੇ ਕਾਰਪੋਰੇਟੀ ਬਾਜ਼ਾਰ ਇਕੱਠੇ ਕਿਵੇਂ ਚੱਲ ਸਕਦੇ ਹਨ? ਸਭ ਲਈ ਸਮਾਨ ਵਿਕਾਸ ਤੇ ਰੁਜ਼ਗਾਰ ਦੀ ਗਰੰਟੀ ਦਾ ਦਾਅਵਾ ਕਰਨ ਵਾਲੀ ਸਰਕਾਰ ਦੇ ਸ਼ਾਸਨ ਕਾਲ ਵਿਚ ਬੇਰੁਜ਼ਗਾਰੀ, ਮਹਿੰਗਾਈ ਤੇ ਆਰਥਿਕ ਪਾੜਾ ਵਧਿਆ ਹੈ। ਭਾਰਤ ਸਰਕਾਰ ਨੇ 1991 ਈ. ਡਾ. ਮਨਮੋਹਨ ਸਿੰਘ ਦੇ ਵਿੱਤ ਮੰਤਰੀ ਬਣਨ ਸਮੇਂ ਵਿਸ਼ਵ ਬੈਂਕ, ਅੰਤਰ-ਰਾਸ਼ਟਰੀ ਮੁਦਰਾਕੋਸ਼ ਤੇ ਬਹੁ-ਰਾਸ਼ਟਰੀ ਕਾਰਪੋਰੇਸ਼ਨ ਦੇ ਦਬਾਅ ਕਰਕੇ ਨਵ-ਉਦਾਰਵਾਦੀ ਆਰਥਿਕ ਨੀਤੀਆਂ ਨੂੰ ਅਪਨਾਇਆ ਸੀ। ਉਸ ਸਮੇਂ ਭਾਰਤ ਵਿਚ ਇਕ ਵੀ ਡਾਲਰ ਅਰਬਪਤੀ ਨਹੀਂ ਸੀ।

(• ਬਾਕੀ ਸਫ਼ਾ 13)

# ਭਾਰਤ-ਕੈਨੇਡਾ ਵਿਵਾਦ 'ਚ ਪਿਸ ਰਹੇ ਪ੍ਰਵਾਸੀ ਤੇ ਵਿਦਿਆਰਥੀ

ਮਨਦੀਪ ਸੱਦੋਵਾਲ

'ਮੌਂਟਰੀਅਲ ਯੂਥ ਸਟੂਡੈਂਟ ਆਰਗੇਨਾਈਜ਼ੇਸ਼ਨ' ਨੇ ਭਾਰਤ ਅਤੇ ਕੈਨੇਡਾ ਵਿਚਕਾਰ ਚੱਲ ਰਹੇ ਕੂਟਨੀਤਕ ਵਿਵਾਦ ਬਾਰੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਭਾਰਤ ਅਤੇ ਕੈਨੇਡਾ ਸਰਕਾਰ ਪਿਛਲੇ ਇੱਕ ਸਾਲ ਤੋਂ ਇੱਕ-ਦੂਜੇ ਉੱਪਰ ਤਿੱਖੀ ਕੂਟਨੀਤਕ ਬਿਆਨਬਾਜ਼ੀ ਕਰਦਿਆਂ ਕੈਨੇਡਾ ਵਸਦੇ ਪ੍ਰਵਾਸੀਆਂ ਤੇ ਕੌਮਾਂਤਰੀ ਵਿਦਿਆਰਥੀਆਂ ਵਿਚਕਾਰ ਬੇਲੋੜਾ ਸਹਿਮ ਪੈਦਾ ਕਰਦਿਆਂ ਉਹਨਾਂ ਦੀਆਂ ਬੁਨਿਆਦੀ ਲੋੜਾਂ ਤੋਂ ਟਾਲਾ ਵੱਟ ਰਹੀ ਹੈ। ਉਹਨਾਂ ਕਿਹਾ ਕਿ ਭਾਰਤੀ ਰਾਜਸੱਤਾ 'ਤੇ ਕਾਬਜ਼ ਭਾਜਪਾ ਸਰਕਾਰ ਭਾਰਤੀ ਨੌਜਵਾਨਾਂ-ਵਿਦਿਆਰਥੀਆਂ ਨੂੰ ਚੰਗੀ ਸਿੱਖਿਆ, ਸਥਾਈ ਰੁਜ਼ਗਾਰ ਤੇ ਸੁਰੱਖਿਅਤ ਭਵਿੱਖ ਦੇਣ 'ਚ ਨਾਕਾਮ ਰਹੀ ਹੈ। ਉਲਟਾ ਭਾਰਤੀ ਸਰਕਾਰ ਧਾਰਮਿਕ-ਫਿਰਕੂ ਨਫਰਤ, ਘੱਟ-ਗਿਣਤੀਆਂ ਉੱਤੇ ਅੱਤਿਆਚਾਰ, ਕਿਸਾਨਾਂ-ਮਜ਼ਦੂਰਾਂ-ਮੁਲਾਜ਼ਮਾਂ ਵਿਰੋਧੀ ਨੀਤੀਆਂ ਲਿਆਉਣ ਵਿੱਚ ਮਸਰੂਫ ਰਹੀ ਹੈ। ਜਿੱਥੇ ਭਾਰਤੀ ਹਾਕਮਾਂ ਦੀਆਂ ਗਲਤ ਨੀਤੀਆਂ ਤੋਂ ਤੰਗ ਨੌਜਵਾਨ-ਵਿਦਿਆਰਥੀ ਆਪਣਾ ਵਤਨ ਛੱਡਣ ਲਈ ਮਜਬੂਰ ਹੋਏ ਹਨ, ਉੱਥੇ ਵਿਦੇਸ਼ੀ ਸਰਕਾਰਾਂ ਨੇ ਵੀ ਪ੍ਰਵਾਸੀਆਂ ਤੇ ਕੌਮਾਂਤਰੀ ਵਿਦਿਆਰਥੀਆਂ ਦੀਆਂ ਮਜਬੂਰੀਆਂ ਦਾ ਲਾਹਾ ਲੈਂਦਿਆਂ ਉਹਨਾਂ ਨੂੰ ਆਪਣੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਸਸਤੀ ਲੇਬਰ ਦਾ ਸਾਧਨ ਬਣਾ ਕੇ ਉਹਨਾਂ ਦੀ ਲੁੱਟ ਕੀਤੀ ਹੈ। ਵਿਦੇਸ਼ਾਂ ਅੰਦਰ ਉਹਨਾਂ ਨੂੰ ਪੱਕੀ ਨਾਗਰਿਕਤਾ ਨਾ ਦੇ ਕੇ ਉਹਨਾਂ ਨੂੰ ਬਰਾਬਰ ਦੇ ਮਨੁੱਖੀ ਅਧਿਕਾਰਾਂ ਤੋਂ ਵਾਂਝੇ ਰੱਖਿਆ ਹੈ।

ਮਾਇਸੋ ਦੇ ਆਗੂ ਖੁਸ਼ਪਾਲ ਗਰੇਵਾਲ, ਵਰੁਣ ਖੰਨਾ ਤੇ ਮਨਦੀਪ ਨੇ ਕਿਹਾ ਕਿ ਕੈਨੇਡਾ ਵਿੱਚ ਪਿਛਲੇ ਕਈ ਦਿਨਾਂ ਤੋਂ ਨੌਜਵਾਨ-ਵਿਦਿਆਰਥੀ ਪੱਕੇ ਹੋਣ ਲਈ ਸੰਘਰਸ਼ ਕਰ ਰਹੇ ਹਨ। ਇਹਨਾਂ ਸੰਘਰਸ਼ਸ਼ੀਲ ਨੌਜਵਾਨਾਂ ਦੀਆਂ ਹੱਕੀ ਮੰਗਾਂ ਵੱਲ ਨਾ ਤਾਂ ਭਾਰਤ ਸਰਕਾਰ ਦੇ ਕਿਸੇ ਅਧਿਕਾਰੀ ਨੇ ਕੋਈ ਸਰੋਕਾਰ ਦਿਖਾਇਆ ਤੇ ਨਾ ਹੀ ਕੈਨੇਡਾ ਸਰਕਾਰ ਦੇ ਕਿਸੇ ਅਧਿਕਾਰਤ ਨੁਮਾਇੰਦੇ ਨੇ ਇਹਨਾਂ ਦੀ ਸਾਰ ਲਈ। ਉਲਟਾ ਦੋਵਾਂ ਦੇਸਾਂ ਦੇ ਹਾਕਮ ਹਰਦੀਪ ਸਿੰਘ ਨਿੱਝਰ ਦੇ ਕਤਲ ਉੱਤੇ ਸਿਆਸਤ ਕਰਕੇ ਸਿਆਸੀ ਲਾਹਾ ਲੈਣ ਵਿੱਚ ਰੁਝੇ ਹੋਏ ਹਨ। ਉਹਨਾਂ ਕਿਹਾ ਕਿ ਇਸ ਸਮੇਂ ਕੈਨੇਡਾ ਵਿੱਚ ਹੋਏ ਕਤਲ ਤੇ ਹਿੰਸਕ ਘਟਨਾਵਾਂ ਨੂੰ ਨਿਆਂਇਕ ਢੰਗ ਨਾਲ ਨਜਿੱਠਣ ਦੀ ਜ਼ਰੂਰਤ ਹੈ, ਨਾ ਕਿ ਫੋਕੀ ਬਿਆਨਬਾਜ਼ੀ ਨਾਲ ਮਹੌਲ ਨੂੰ ਦਹਿਸ਼ਤਜ਼ਦਾ ਕਰਨ ਦੀ। ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਵੱਲੋਂ ਭੜਕਾਊ ਬਿਆਨਬਾਜ਼ੀ ਕਰਕੇ ਸਮਾਜਿਕ ਵੰਡੀਆਂ, ਸਹਿਮ ਤੇ ਨਫਰਤ ਪੈਦਾ ਨਹੀਂ ਕਰਨੀ ਚਾਹੀਦੀ। ਸਰਕਾਰੀ-ਦਫਤਰੀ ਕੰਮ-ਕਾਜ, ਜੋ ਪਹਿਲਾਂ ਹੀ ਕੱਛੂ ਦੀ ਚਾਲ ਚੱਲ ਰਹੇ ਸਨ ਤੇ ਲੋਕਾਂ ਨੂੰ ਮਹੀਨਿਆਂਬੱਧੀ ਕਤਾਰਾਂ 'ਚ ਉਡੀਕ ਕਰਨੀ ਪੈਂਦੀ ਸੀ, ਹੁਣ ਦੋਵਾਂ ਦੇਸ਼ਾਂ ਵੱਲੋਂ ਵਾਪਸ ਬੁਲਾਏ ਗਏ ਕੂਟਨੀਤਕਾਂ ਕਾਰਨ ਲੋਕਾਂ ਨੂੰ ਮੁੜ ਲੰਮੀਆਂ ਲਾਈਨਾਂ ਵਿੱਚ ਲੱਗ ਕੇ ਆਪਣੇ ਦਫਤਰੀ ਕੰਮ, ਵੀਜ਼ੇ ਤੇ ਵਤਨਾਂ ਨੂੰ ਫੇਰੀ ਦੇ ਪ੍ਰੋਗਰਾਮ ਬਦਲਣੇ ਪੈਣਗੇ।

ਉਹਨਾਂ ਕਿਹਾ ਕਿ ਇਸ ਸਮੇਂ ਮਹਿੰਗਾਈ, ਬੇਰੁਜ਼ਗਾਰੀ, ਟੈਕਸ ਬੋਝ, ਰਿਹਾਇਸ਼ੀ ਘਰਾਂ ਦੀ ਘਾਟ, ਨਸ਼ਾ, ਰਿਹਾਇਸ਼ੀ ਮਕਾਨਾਂ ਦੇ ਵਧਦੇ ਕਿਰਾਏ, ਕੱਚਿਆਂ ਨੂੰ ਪੱਕਾ ਦਰਜਾ ਦੇਣਾ, ਜੰਗਾਂ ਵਿੱਚ ਸਹਾਇਤਾ ਦੇਣੀ ਬੰਦ ਕਰਨਾ ਆਦਿ ਕੈਨੇਡਾ ਦੇ ਸਥਾਨਕ ਲੋਕਾਂ, ਪ੍ਰਵਾਸੀਆਂ ਤੇ ਕੌਮਾਂਤਰੀ ਵਿਦਿਆਰਥੀਆਂ ਦੇ ਸਾਂਝੇ ਤੇ ਹਕੀਕੀ ਮੁੱਦੇ ਹਨ, ਪਰੰਤੂ ਚੋਣਾਂ ਨੇੜੇ ਹੋਣ ਕਾਰਨ ਕੈਨੇਡਾ ਸਰਕਾਰ ਲੋਕਾਂ ਦਾ ਧਿਆਨ ਬੁਨਿਆਦੀ ਮੁੱਦਿਆਂ ਤੋਂ ਲਾਂਭੇ ਕਰਨ ਵਿੱਚ ਰੁਝੀ ਹੋਈ ਹੈ। ਇਸ ਸਮੇਂ ਮਾਇਸੋ ਵੱਲੋਂ ਬਰੈਂਪਟਨ ਵਿਖੇ ਨੌਜਵਾਨ ਵਿਦਿਆਰਥੀਆਂ ਦੇ ਸੰਘਰਸ਼ ਵਿੱਚ ਸ਼ਾਮਲ ਹੋ ਕੇ ਉਹਨਾਂ ਦੀਆਂ ਹੱਕੀ ਮੰਗਾਂ ਨਾਲ ਇੱਕਜੁੱਟਤਾ ਦਾ ਇਜ਼ਹਾਰ ਕੀਤਾ ਗਿਆ। ਮਾਇਸੋ ਵੱਲੋਂ ਆਪਣੀ ਇੱਕਜੁਟਤਾ ਦਾ ਪ੍ਰਗਟਾਵਾ ਕਰਦਿਆਂ ਮਨਦੀਪ ਨੇ ਕਿਹਾ ਕਿ ਕੋਰੋਨਾ ਤੇ ਯੂਕਰੇਨ, ਫਲਸਤੀਨ ਜੰਗ ਤੋਂ ਬਾਅਦ ਕੈਨੇਡਾ ਸਰਕਾਰ ਦੇ ਇਰਾਦੇ ਪ੍ਰਵਾਸੀ-ਵਿਦਿਆਰਥੀਆਂ ਪ੍ਰਤੀ ਸੰਜੀਦਾ ਨਹੀਂ ਰਹੇ। ਉਹਨਾ ਕਿਹਾ ਕਿ ਕੈਨੇਡਾ ਸਮੇਤ 'ਪੰਜ ਅੱਖਾਂ' (ਕੈਨੇਡਾ, ਅਮਰੀਕਾ, ਯੂ ਕੇ, ਆਸਟ੍ਰੇਲੀਆ, ਨਿਊ ਜ਼ੀਲੈਂਡ) ਵਾਲੇ ਦੇਸ਼ਾਂ ਵਿੱਚ ਪੈਦਾ ਹੋਏ ਆਰਥਿਕ ਸੰਕਟ ਦਾ ਬੋਝ ਪ੍ਰਵਾਸੀਆਂ ਖਾਸਕਰ ਕੱਚੇ ਕਾਮਿਆਂ ਉੱਤੇ ਲੱਦ ਕੇ ਸਥਾਨਕ ਵੋਟ ਬੈਂਕ ਨੂੰ ਭਰਮਾਇਆ ਜਾ ਰਿਹਾ ਹੈ। ਦੂਸਰਾ, ਵਿਤਕਰੇਬਾਜ਼ੀ ਵਾਲੀ ਇਮੀਗ੍ਰੇਸ਼ਨ ਨੀਤੀ ਤਹਿਤ ਪੱਛਮੀ ਸਹਿਯੋਗੀ ਮੁਲਕਾਂ ਦੇ ਪ੍ਰਵਾਸੀ ਤੇ ਸ਼ਰਨਾਰਥੀਆਂ ਨੂੰ ਖੁੱਲ੍ਹ ਦੇ ਕੇ ਫਲਸਤੀਨੀ ਤੇ ਕੱਚੇ ਏਸ਼ੀਆਈ ਲੋਕਾਂ ਨੂੰ ਕੈਨੇਡਾ ਛੱਡਣ ਲਈ ਮਜਬੂਰ ਕੀਤਾ ਜਾ ਰਿਹਾ ਹੈ।

ਕੱਚੇ ਜਾਂ ਅਸਥਾਈ ਕਾਮਿਆਂ (ਕਾਨੂੰਨੀ/ਗੈਰ-ਕਾਨੂੰਨੀ) ਨੂੰ ਸਥਾਈ ਨਿਵਾਸੀਆਂ ਦਾ ਦਰਜਾ ਨਾ ਦੇਣਾ ਇੱਕ ਗੈਰ-ਮਨੁੱਖੀ, ਗੈਰ-ਬਰਾਬਰ, ਵਿਤਕਰੇ ਵਾਲਾ ਤੇ ਅਨੈਤਿਕ ਵਰਤਾਰਾ ਹੈ। ਕਿਸੇ ਮਨੁੱਖ ਤੋਂ ਉਸ ਦੇ 'ਦਰਜੇ' (ਸਟੇਟਸ) ਕਰਕੇ ਉਸ ਦੇ ਬਰਾਬਰ ਦੇ ਮਨੁੱਖੀ ਅਧਿਕਾਰ ਅਤੇ ਸੁਰੱਖਿਆ ਖੋਹਣੀ ਕਿਸੇ ਵੀ ਪੱਖ ਤੋਂ ਵਾਜਬ ਨਹੀਂ। ਇਹਨਾਂ ਅਧਿਕਾਰਾਂ ਨਾਲ ਉਸ ਦੀ ਸਿਹਤ, ਸਿੱਖਿਆ, ਰੁਜ਼ਗਾਰ, ਰਿਹਾਇਸ਼ ਤੇ ਸਮਾਜਿਕ ਸਨਮਾਨ ਦੀਆਂ ਬੁਨਿਆਦੀ ਜ਼ਰੂਰਤਾਂ ਜੁੜੀਆਂ ਹੁੰਦੀਆਂ ਹਨ। ਉਹਨਾਂ ਕਿਹਾ ਕਿ ਨਸਲੀ ਤੇ ਵਿਤਕਰੇ ਭਰੀ ਇਮੀਗ੍ਰੇਸ਼ਨ ਦੀ ਬਜਾਇ ਬਰਾਬਰ ਇਮੀਗ੍ਰੇਸ਼ਨ ਹੋਣੀ ਚਾਹੀਦੀ ਹੈ, ਬਲਕਿ ਇਸ ਤੋਂ ਵੀ ਅੱਗੇ 'ਸਰਹੱਦ ਮੁਕਤ' ਸੰਸਾਰ ਦਾ ਸੰਕਲਪ ਹੋਣਾ ਚਾਹੀਦਾ ਹੈ, ਜੋ ਵਿਸ਼ਵ ਭਾਈਚਾਰੇ 'ਚ ਆਪਸੀ ਸਹਿਣਸ਼ੀਲਤਾ, ਸਾਂਝੀਵਲਤਾ, ਸ਼ਾਂਤੀ ਤੇ ਏਕਤਾ ਦਾ ਅਧਾਰ ਬਣ ਸਕੇ। ਇਸ ਲਈ ਕੈਨੇਡਾ ਵਿੱਚ ਪ੍ਰਵਾਸੀ ਕੱਚੇ ਕਾਮਿਆਂ ਨੂੰ 'ਸਭ ਲਈ ਦਰਜੇ' ਦੀ ਮੰਗ ਨੂੰ ਲੈ ਕੇ ਸੰਘਰਸ ਲੜਨਾ ਚਾਹੀਦਾ ਹੈ।

ਕੈਨੇਡਾ ਸਰਕਾਰ ਦੀਆਂ ਗੈਰ-ਯੋਜਨਾਬੱਧ ਆਰਥਿਕ ਤੇ ਇਮੀਗ੍ਰੇਸ਼ਨ ਨੀਤੀਆਂ ਕਰਕੇ ਦੇਸ਼ ਵਿੱਚ ਵਧਦੀ ਮਹਿੰਗਾਈ, ਵਧਦੇ ਰਿਹਾਇਸ਼ੀ ਕਿਰਾਏ, ਟੈਕਸਾਂ ਵਿੱਚ ਹੁੰਦਾ ਵਾਧਾ, ਨੌਕਰੀਆਂ ਦੇ ਘਟ ਰਹੇ ਮੌਕੇ ਆਦਿ ਵੱਡੀਆਂ ਸਮਾਜਿਕ ਸਮੱਸਿਆਵਾਂ ਖੜੀਆਂ ਹੋ ਰਹੀਆਂ ਹਨ। ਇਹਨਾਂ ਸਮੱਸਿਆਵਾਂ ਦਾ ਹੱਲ ਲਈ ਵੱਡੀ ਸਮਾਜਿਕ ਚੇਤਨਾ, ਏਕਤਾ ਅਤੇ ਸੰਘਰਸ਼ ਦੀ ਜਰੂਰਤ ਹੈ। ਮਾਈਸੋ ਕੈਨੇਡਾ ਅੰਦਰ ਵਿਦੇਸ਼ਾਂ ਵਿੱਚੋਂ ਪੜ੍ਹਨ ਅਤੇ ਰੁਜ਼ਗਾਰ ਪ੍ਰਾਪਤੀ ਦੀ ਆਸ ਉਮੀਦ ਲੈ ਕੇ ਆਏ ਵਿਦਿਆਰਥੀਆਂ ਅਤੇ ਹੋਰ ਲੋਕਾਂ ਦੀ ਮਦਦ ਦਾ ਯਤਨ ਕਰਦੀ ਰਹੇਗੀ।

# .ਗਰੀਬੀ, ਭੁੱਖਮਰੀ ਬਨਾਮ ਸਮਾਜ ਤੇ ਸਰਕਾਰਾਂ



ਡਾ. ਗੁਰਤੇਜ ਸਿੰਘ

ਸਾਲ 2024 ਦੇ ਖੁਰਾਕ ਦਿਵਸ ਮੌਕੇ 'ਕੰਨਸਰਨ ਵਰਲਡਵਾਈਡ' ਅਤੇ 'ਵੈਲਥਹੰਗਰ ਹਿਲਫ' ਨਾਮੀ ਦੋ ਸੰਸਥਾਵਾਂ ਨੇ ਮਿਲ ਕੇ ਭੁੱਖਮਰੀ ਸੂਚਕ ਅੰਕ 2024 ਜਾਰੀ ਕੀਤਾ ਹੈ, ਜੋ ਹਰ ਸਾਲ ਜਾਰੀ ਕੀਤਾ ਜਾਂਦਾ ਹੈ। ਇਸ ਅੰਦਰ 0-100 ਤੱਕ ਸਕੋਰ ਹੁੰਦਾ ਹੈ, ਜੋ ਪੰਜ ਸ਼੍ਰੇਣੀਆਂ 'ਤੇ ਅਧਾਰਤ ਹੁੰਦਾ ਹੈ, ਇਨ੍ਹਾਂ ਦੇ ਅਧਾਰ 'ਤੇ ਹੀ ਭੁੱਖਮਰੀ ਸੂਚਕ ਅੰਕ ਤਿਆਰ ਕੀਤਾ ਜਾਂਦਾ ਹੈ। ਇਸ ਸਾਲ 127 ਦੇਸ਼ਾਂ ਦੀ ਸੂਚੀ ਵਿੱਚ ਭਾਰਤ ਨੂੰ 23.7 ਸਕੋਰ ਨਾਲ 105ਵੇਂ ਸਥਾਨ 'ਤੇ 'ਗੰਭੀਰ ਸ਼੍ਰੇਣੀ' ਵਿੱਚ ਰੱਖਿਆ ਗਿਆ ਹੈ। ਭਾਰਤ ਉਨ੍ਹਾਂ 42 ਦੇਸ਼ਾਂ ਦੀ ਸੂਚੀ ਵਿੱਚ ਸ਼ਾਮਲ ਹੈ, ਜਿਨ੍ਹਾਂ ਨੂੰ ਗੰਭੀਰ ਸ਼੍ਰੇਣੀ ਵਿੱਚ ਰੱਖਿਆ ਹੈ, ਇਸ ਵਿੱਚ ਪਾਕਿਸਤਾਨ, ਅਫਗਾਨਿਸਤਾਨ ਵੀ ਸ਼ਾਮਲ ਹਨ।

ਸਾਲ 2020 ਵਿੱਚ 17 ਮੁਲਕਾਂ ਦਾ ਸਕੋਰ 5 ਤੋਂ ਘੱਟ ਸੀ ਅਤੇ ਚਾਰ ਦੇਸ਼ 44.7 ਸਕੋਰ ਨਾਲ ਆਖ਼ਰੀ ਸਥਾਨ 107ਵੇਂ 'ਤੇ ਸੀ। ਸੰਸਾਰ ਦੇ 37 ਮੁਲਕ ਸਾਲ 2030 ਤੱਕ ਵੀ ਸਿਫਰ ਭੁੱਖਮਰੀ ਸੂਚਕ ਅੰਕ ਦੇ ਨਿਸ਼ਾਨੇ ਨੂੰ ਪ੍ਰਾਪਤ ਨਹੀਂ ਕਰ ਸਕਣਗੇ। ਇਸ ਰਿਪੋਰਟ ਅਨੁਸਾਰ ਵਿਸ਼ਵ ਦੇ 690 ਮਿਲੀਅਨ ਲੋਕ ਕੁਪੋਸ਼ਣ ਦਾ ਸ਼ਿਕਾਰ ਹਨ। ਦੁਨੀਆ ਦੇ 107 ਦੇਸ਼ਾਂ ਤੋਂ ਪ੍ਰਾਪਤ ਅੰਕੜਿਆਂ ਅਨੁਸਾਰ ਭਾਰਤ 94ਵੇਂ ਸਥਾਨ 'ਤੇ ਸੀ ਅਤੇ ਭੁੱਖਮਰੀ ਸੂਚਕ ਅੰਕ 27.7 ਸਕੋਰ ਨਾਲ 'ਗੰਭੀਰ ਸਥਿਤੀ ' ਵਿੱਚ ਬਣਿਆ ਹੋਇਆ ਸੀ। ਨੇਪਾਲ, ਪਾਕਿਸਤਾਨ, ਬੰਗਲਾਦੇਸ਼ ਤੇ ਇੰਡੋਨੇਸ਼ੀਆ ਦੀ ਸਥਿਤੀ ਭਾਰਤ ਤੋਂ ਬਿਹਤਰ ਦਰਸਾਈ ਗਈ ਸੀ। ਇਸੇ ਤਰ੍ਹਾਂ ਇਸੇ ਸੂਚਕ ਅੰਕ ਅਨੁਸਾਰ ਸੰਸਾਰ ਦੇ 13 ਦੇਸ਼ ਅਜਿਹੇ ਵੀ ਹਨ, ਜਿਨ੍ਹਾਂ ਦੀ ਸਥਿਤੀ ਭਾਰਤ ਤੋਂ ਵੀ ਮਾੜੀ ਸੀ। ਭਾਰਤ ਦੀ 14 ਫ਼ੀਸਦੀ ਆਬਾਦੀ ਅਲਪਪੋਸ਼ਿਤ ਹੈ ਤੇ ਬੱਚੇ ਵੀ ਕੁਪੋਸ਼ਣ ਦਾ ਸ਼ਿਕਾਰ ਪਾਏ ਗਏ ਹਨ। ਬੱਚਿਆਂ ਦੇ ਕੁਪੋਸ਼ਣ ਦੇ ਚਾਰ ਮਾਪਦੰਡ ਹਨ। ਪਹਿਲਾ ਬੱਚੇ ਦੀ ਲੰਬਾਈ ਦੇ ਅਨੁਪਾਤ 'ਚ ਵਜ਼ਨ ਦਾ ਘੱਟ ਹੋਣਾ, ਇਸ ਵਿੱਚ ਸਾਲ 2010-14 ਤੱਕ 15 ਫ਼ੀਸਦੀ ਬੱਚੇ ਕੁਪੋਸ਼ਣ ਦਾ ਸ਼ਿਕਾਰ ਸਨ, ਜਦਕਿ 2015-19 ਤੱਕ ਇਹ ਅੰਕੜਾ 17.3 ਫੀਸਦੀ ਹੋ ਗਿਆ ਸੀ। ਦੂਜਾ ਮਾਪਦੰਡ ਉਮਰ ਦੇ ਅਨੁਪਾਤ 'ਚ ਕੱਦ ਦਾ ਘੱਟ ਹੋਣਾ। ਤੀਜਾ ਮਾਪਦੰਡ ਬੱਚਿਆਂ ਦੀ ਮੌਤ ਦਰ ਅਤੇ ਚੌਥਾ ਸੰਤੁਲਿਤ ਆਹਾਰ ਦੇ ਕਾਰਨ ਉਤਪੰਨ ਕੁਪੋਸ਼ਣ।

ਦੱਖਣੀ ਏਸ਼ੀਆ ਭੁੱਖਮਰੀ ਕਾਰਨ ਲੰਮੇ ਸਮੇਂ ਤੋਂ ਸੁਰਖੀਆਂ ਵਿੱਚ ਹੈ, ਜਿੱਥੇ ਔਰਤਾਂ ਅਤੇ ਬੱਚੇ ਵੱਡੀ ਸੰਖਿਆ 'ਚ ਕੁਪੋਸ਼ਣ ਦਾ ਸ਼ਿਕਾਰ ਹਨ ਅਤੇ ਭੁੱਖਮਰੀ ਅਤੇ ਪੌਸ਼ਟਿਕ ਆਹਾਰ ਦੀ ਅਣਹੋਂਦ ਕਾਰਨ ਵੱਖ-ਵੱਖ ਤਰ੍ਹਾਂ ਦੀਆਂ ਬਿਮਾਰੀਆਂ ਨਾਲ ਮਰਨ ਲਈ ਮਜਬੂਰ ਹਨ। ਵਿਸ਼ਵ ਦੇ 79.5 ਕਰੋੜ ਲੋਕ ਕੁਪੋਸ਼ਣ ਦੇ ਸ਼ਿਕਾਰ ਹਨ, ਨੌਂ ਵਿਅਕਤੀਆਂ 'ਚੋਂ ਇੱਕ ਕੁਪੋਸ਼ਣ ਦਾ ਸ਼ਿਕਾਰ ਹੈ। ਸੰਯੁਕਤ ਰਾਸ਼ਟਰ ਦੀ ਰਿਪੋਰਟ ਅਨੁਸਾਰ ਸਾਡੇ ਦੇਸ਼ ਦੀ 17.5 ਫ਼ੀਸਦੀ ਜਨਸੰਖਿਆ ਭਾਵ 21 ਕਰੋੜ ਲੋਕ ਭੁੱਖਮਰੀ ਦੇ ਸ਼ਿਕਾਰ ਹਨ। ਇੱਕ ਅੰਦਾਜ਼ੇ ਮੁਤਾਬਕ ਭਾਰਤ ਵਿੱਚ ਵਿਸ਼ਵ ਦੀ ਸਭ ਤੋਂ ਜ਼ਿਆਦਾ ਭੁੱਖਮਰੀ ਹੈ ਅਤੇ ਦੁਨੀਆ ਦੀ ਕੁੱਲ ਭੁੱਖਮਰੀ ਨਾਲ ਪੀੜਤ ਆਬਾਦੀ ਦਾ 25 ਫ਼ੀਸਦੀ ਭਾਗ ਭਾਰਤ ਵਿੱਚ ਨਿਵਾਸ ਕਰਦਾ ਹੈ। ਸਭ ਤੋਂ ਜਿਆਦਾ ਪ੍ਰਭਾਵਿਤ ਦੇਸ਼ਾਂ ਵਿੱਚ ਭਾਰਤ 19ਵੇਂ ਸਥਾਨ ਤੇ ਸੀ। ਵਿਸ਼ਵ ਬੈਂਕ ਅਨੁਸਾਰ ਦੁਨੀਆਂ ਦੇ 49 ਫ਼ੀਸਦੀ ਬੱਚੇ ਕੁਪੋਸ਼ਣ ਦਾ ਸ਼ਿਕਾਰ ਹਨ, ਜਿਨ੍ਹਾਂ 'ਚੋਂ 34 ਫੀਸਦੀ ਬੱਚੇ ਭਾਰਤ ਵਿੱਚ ਹਨ। ਯੂਨੀਸੈੱਫ ਦੀ ਤਾਜ਼ਾ ਰਿਪੋਰਟ ਅਨੁਸਾਰ 42 ਫ਼ੀਸਦੀ ਬੱਚੇ ਭਾਰਤ ਵਿੱਚ ਕੁਪੋਸ਼ਣ ਦਾ ਸ਼ਿਕਾਰ ਹਨ ਜਿਨ੍ਹਾਂ ਦੀ ਉਮਰ ਪੰਜ ਸਾਲ ਤੋਂ ਘੱਟ ਹੈ।

ਹਰੀ ਕ੍ਰਾਂਤੀ ਦੀ ਆਮਦ ਨਾਲ ਸਾਡੇ ਮੁਲਕ 'ਚ ਅੰਨ ਦੇ ਉਤਪਾਦਨ 'ਚ ਰਿਕਾਰਡ ਤੋੜ ਵਾਧਾ ਹੋਇਆ ਹੈ, ਜਿਸ ਨੇ ਦੇਸ਼ ਦੀ ਅੰਨ ਭੰਡਾਰਨ ਸਮਰੱਥਾ ਨੂੰ ਲਬਰੇਜ਼ ਕੀਤਾ ਹੈ। ਬੇਤਹਾਸ਼ਾ ਅੰਨ ਦੀ ਪੈਦਾਵਾਰ ਹੋਣ ਦੇ ਬਾਵਜੂਦ ਗ਼ਰੀਬੀ ਦੀ ਦਲਦਲ ਕਾਰਨ ਦੇਸ਼ ਦੇ ਕਈ ਕਰੋੜ ਦੇਸ਼ ਵਾਸੀਆਂ ਦੀ ਪਹੁੰਚ ਤੋਂ ਦੂਰ ਹੈ, ਜਿਸ ਦੀ ਗਵਾਹੀ ਦੇਸ਼ ਅੰਦਰ ਭੁੱਖਮਰੀ ਦੀਆਂ ਵਾਪਰਦੀਆਂ ਘਟਨਾਵਾਂ ਭਰਦੀਆਂ ਹਨ। ਪਿਛਲੇ ਕਈ ਸਾਲਾਂ ਤੋਂ ਆਸਮਾਨ ਥੱਲੇ ਭੰਡਾਰ ਕੀਤਾ ਅਨਾਜ ਸੜ ਰਿਹਾ ਹੈ ਜਾਂ ਇੰਝ ਕਹਿ ਲਓ ਕਿ ਅਨਾਜ ਭੰਡਾਰਨ ਲਈ ਜਗ੍ਹਾ ਦੀ ਕਮੀ ਹੈ। ਸੜਿਆ ਅਨਾਜ ਨਦੀਆਂ, ਨਹਿਰਾਂ 'ਚ ਵਹਾਇਆ ਜਾ ਰਿਹਾ ਹੈ, ਜਿਸ ਨੇ ਜਲ ਜੀਵ ਜਗਤ ਲਈ ਨਵੇਂ ਖਤਰੇ ਸਹੇੜੇ ਹਨ। ਇਸ ਪੂਰੇ ਘਟਨਾਕ੍ਰਮ ਦਾ ਨੋਟਿਸ ਲੈਂਦਿਆਂ ਦੇਸ਼ ਦੀ ਸਰਵਉੱਚ ਅਦਾਲਤ ਨੇ ਸਰਕਾਰ ਤੋਂ ਪੁੱਛਿਆ ਸੀ ਕਿ ਸੜ ਰਿਹਾ ਅਨਾਜ ਸਸਤੇ ਦਰ 'ਤੇ ਗ਼ਰੀਬਾਂ ਨੂੰ ਕਿਉਂ ਨਹੀਂ ਵੰਡਿਆ ਜਾ ਰਿਹਾ। ਮਾਣਯੋਗ ਅਦਾਲਤ ਦੀ ਇਸ ਟਿੱਪਣੀ ਨੂੰ ਨਕਾਰਿਆ ਨਹੀਂ ਜਾ ਸਕਦਾ ਸੀ। ਬਾਅਦ 'ਚ ਚਾਹੇ ਰਾਸ਼ਨ ਨਾਲ ਸਬੰਧਤ ਕਈ ਸਕੀਮਾਂ ਸਰਕਾਰਾਂ ਨੇ ਲਾਗੂ ਕੀਤੀਆਂ ਹਨ, ਜੋ ਅਜੇ ਵੀ ਲੋੜਵੰਦਾਂ ਦੀ ਪਹੁੰਚ ਤੋਂ ਦੂਰ ਹਨ। ਜੇਕਰ ਉਹ ਉਨ੍ਹਾਂ ਲੋਕਾਂ ਤੱਕ ਪਹੁੰਚੀਆਂ ਹੁੰਦੀਆਂ ਤਾਂ ਭੁੱਖਮਰੀ ਵਾਲਾ ਧੱਬਾ ਦੇਸ਼ ਦੇ ਮੱਥੇ ਤੋਂ ਕਦੋਂ ਦਾ ਧੋਤਾ ਜਾ ਚੁੱਕਿਆ ਹੋਣਾ ਸੀ।

ਗ਼ਰੀਬੀ ਦੇ ਅਰਥ ਗ਼ੁਲਾਮੀ ਹਨ ਤੇ ਗ਼ੁਲਾਮੀ ਦੇ ਅਰਥ ਨਰਕ ਹੋ ਨਿੱਬੜਦੇ ਹਨ। ਗ਼ਰੀਬ ਲੋਕਾਂ ਦਾ ਨਾ ਤਾਂ ਸਰੀਰਕ ਵਿਕਾਸ ਹੁੰਦਾ ਹੈ ਤੇ ਨਾ ਹੀ ਮਾਨਸਿਕ। ਉਹ ਸਾਰੀ ਉਮਰ ਰੋਟੀ ਲਈ ਖਪਦੇ ਮਰ ਜਾਂਦੇ ਹਨ। ਗ਼ਰੀਬੀ ਨੂੰ ਭਾਵੇਂ ਧਰਮਾਂ ਨੇ ਸਲਾਹਿਆ ਹੈ ਪਰ ਅਸਲ ਵਿੱਚ ਇਹ ਬੜੀ ਖ਼ੌਫ਼ਨਾਕ ਹੈ। ਜਿਸ ਤਰ੍ਹਾਂ ਫਿਲਮਾਂ ਵਿੱਚ ਜੰਗਲ ਦੀ ਰਾਤ ਬੜੀ ਰਮਣੀਕ ਦਿਖਾਈ ਜਾਂਦੀ ਹੈ, ਉਂਝ ਜੰਗਲ ਦੀ ਰਾਤ ਬੜੀ ਭਿਆਨਕ ਹੁੰਦੀ ਹੈ। ਸਾਡੇ ਮੁਕਾਬਲੇ ਪੱਛਮ ਦੇ ਲੋਕ ਜ਼ਿਆਦਾ ਧਾਰਮਿਕ ਨਹੀਂ ਹਨ, ਪਰ ਉੱਥੇ ਖੁਸ਼ਹਾਲੀ ਸਾਡੇ ਨਾਲੋਂ ਜ਼ਿਆਦਾ ਹੈ। ਭਾਰਤ ਇੱਕ ਧਾਰਮਿਕ ਦੇਸ਼ ਹੈ, ਜਿਸ ਕਰਕੇ ਲੋਕ ਭਾਵੁਕਤਾ ਦੀ ਪਕੜ ਹੇਠ ਹਨ। ਧਰਮਾਂ ਨੇ ਪੈਸੇ ਨੂੰ ਰੂਹਾਨੀਅਤ ਦੇ ਰਾਹ ਦਾ ਰੋੜਾ ਦੱਸਿਆ ਹੈ ਤੇ ਮਾਇਆ ਨਾਗਣੀ ਜਿਹੇ ਸ਼ਬਦਾਂ ਦਾ ਇੰਦਰਜਾਲ ਬੁਣਿਆ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਇਸ ਗ਼ਰੀਬ ਦੇਸ਼ ਦੇ ਲੋਕਾਂ ਦੇ ਦੇਵਤੇ, ਸੰਤ ਮਹਾਂਪੁਰਸ਼ ਬੜੇ ਅਮੀਰ ਹਨ। ਲੋਕਾਂ ਨੂੰ ਗ਼ਰੀਬੀ ਉੱਤਮ ਦੱਸਦੇ ਹੋਏ ਰੱਬ ਨੂੰ ਮਿਲਣ ਦੀ ਪਹਿਲੀ ਪੌੜੀ ਦੱਸਣ ਵਾਲੇ ਬਾਬਿਆਂ ਦੀ ਖੁਦ ਦੀ ਪ੍ਰਤੀਦਿਨ ਕਮਾਈ ਲੱਖਾਂ ਰੁਪਏ ਹੈ ਤੇ ਠਾਠ ਵਾਲਾ ਜੀਵਨ ਜਿਉਂਦੇ ਹਨ। ਇੱਕ ਅੰਦਾਜ਼ੇ ਮੁਤਾਬਕ ਅਗਰ ਧਾਰਮਿਕ ਸਥਾਨਾਂ ਦੇ ਸਰਮਾਏ ਨੂੰ ਹੀ ਲੋਕ ਭਲਾਈ ਹਿਤ ਵਰਤ ਲਿਆ ਜਾਵੇ ਤਾਂ ਲੋਕਾਂ ਦੇ ਬੁਰੇ ਦਿਨ ਅਰਾਮ ਨਾਲ ਖਤਮ ਹੋ ਸਕਦੇ ਹਨ।

ਵਿਸ਼ਵ ਬੈਂਕ ਦੀ ਇੱਕ ਰਿਪੋਰਟ ਅਨੁਸਾਰ ਭਾਰਤ ਦੇ 32.7 ਫੀਸਦੀ ਭਾਰਤੀ ਲੋਕ ਅੰਤਰਰਾਸ਼ਟਰੀ ਗਰੀਬੀ ਰੇਖਾ ਤੋਂ ਹੇਠਾਂ ਹਨ, ਉਨ੍ਹਾਂ ਦਾ ਰੋਜ਼ਾਨਾ ਖਰਚ 1.25 ਡਾਲਰ ਹੈ ਅਤੇ 68.7 ਫੀਸਦੀ ਲੋਕਾਂ ਦਾ ਰੋਜਾਨਾ ਦਾ ਖਰਚ ਕੇਵਲ ਦੋ ਡਾਲਰ ਹੈ। ਦੁਨੀਆ ਦੇ ਇੱਕ ਚੌਥਾਈ ਗਰੀਬ ਲੋਕ ਭਾਰਤ ਵਿੱਚ ਹਨ। ਗਰੀਬੀ, ਭੁੱਖਮਰੀ ਤੋਂ ਤੰਗ ਆ ਕੇ ਲੋਕ ਹਰ ਤਰ੍ਹਾਂ ਦਾ ਕੰਮ ਕਰਨ ਲਈ ਮਜਬੂਰ ਹੋ ਜਾਂਦੇ ਹਨ, ਜੋ ਉਨ੍ਹਾਂ ਨੂੰ ਲੋਕਾਂ ਦਾ ਗੁਲਾਮ ਬਣਾਉਂਦਾ ਹੈ। ਗਲੋਬਲ ਸਲੇਵਰੀ ਇੰਡੈਕਸ ਅਨੁਸਾਰ ਵਿਸ਼ਵ 'ਚ 4 ਕਰੋੜ 50 ਲੱਖ ਗੁਲਾਮ ਹਨ। ਦੁਨੀਆ ਦੇ 167 ਦੇਸ਼ਾਂ ਵਿੱਚ ਭਾਰਤ ਨੂੰ ਸਭ ਤੋਂ ਵੱਧ ਗੁਲਾਮਾਂ ਵਾਲਾ ਦੇਸ਼ ਐਲਾਨਿਆ ਹੈ। ਭਾਰਤ ਵਿੱਚ 1.83 ਕਰੋੜ ਲੋਕ ਗੁਲਾਮ ਹਨ। ਇਹ ਦੇਸ਼ ਦੀ ਕੁੱਲ ਅਬਾਦੀ ਦਾ 1.4 ਫੀਸਦੀ ਹੈ। ਦਾਸ ਪ੍ਰਥਾ ਨੂੰ ਖਤਮ ਕਰਨ ਲਈ ਐਕਟ 1976 ਹੋਂਦ ਵਿੱਚ ਆਇਆ।

ਧਾਰਮਿਕਤਾ ਹੋਣ ਦੇ ਬਾਵਜੂਦ ਗਰੀਬ ਲੋਕ ਭੁੱਖ, ਗਰਮੀ, ਸਰਦੀ, ਇਲਾਜ ਤੋਂ ਬਿਨਾਂ ਮਰਨ ਲਈ ਮਜਬੂਰ ਹਨ। ਇਨ੍ਹਾਂ ਦੀ ਸਾਰ ਲੈਣ ਵਾਲਾ ਕੋਈ ਨਜ਼ਰ ਨਹੀਂ ਆਉਂਦਾ। ਗਰੀਬੀ ਮਿਟਾਉਣ ਦੇ ਨਾਅਰੇ ਲਗਾਉਣ ਵਾਲੇ ਖੁਦ ਮਿਟ ਗਏ, ਪਰ ਇਸ ਦੈਂਤ ਨੂੰ ਨਹੀ ਮਾਰ ਸਕੇ। ਦੇਸ਼ ਅੰਦਰ ਇੱਕ ਪਾਸੇ ਲੋਕ ਜ਼ਿਆਦਾ ਖਾਣ ਕਰਕੇ ਮੋਟਾਪਾ ਅਤੇ ਇਸ ਤੋਂ ਪੈਦਾ ਹੁੰਦੀਆਂ ਬੀਮਾਰੀਆਂ ਤੋਂ ਪ੍ਰੇਸ਼ਾਨ ਹਨ। ਇਸਦੇ ਇਲਾਜ ਲਈ ਕਸਰਤ ਜਾਂ ਹੋਰ ਤਰੀਕੇ ਅਪਣਾਉਂਦੇ ਹਨ। ਦੂਜੇ ਪਾਸੇ ਗਰੀਬ ਲੋਕ ਹਨ, ਜਿਨ੍ਹਾਂ ਨੂੰ ਪੂਰਾ ਖਾਣਾ ਵੀ ਨਸੀਬ ਨਹੀ ਹੁੰਦਾ। ਦੇਸ਼ ਅੰਦਰ ਇਹ ਬੜੀ ਹਾਸੋਹੀਣੀ ਸਥਿਤੀ ਹੈ। ਗਰੀਬੀ ਰੂਪੀ ਡਾਇਣ ਗਰੀਬ ਬੱਚਿਆਂ ਦੀ ਪੜ੍ਹਾਈ ਸ਼ਰੇਆਮ ਨਿਗਲ ਰਹੀ ਹੈ ਤੇ ਉਹ ਸੁਪਨੇ ਮਾਰ ਕੇ ਖੁਦਕੁਸ਼ੀਆਂ ਦੇ ਰਾਹ ਪੈ ਗਏ ਹਨ, ਜਿਸ ਦਾ ਗਵਾਹ ਰੋਜ਼ ਦੀਆਂ ਨਸ਼ਰ ਹੁੰਦੀਆਂ ਖਬਰਾਂ ਹਨ। ਸਾਡੇ ਅਮੀਰ ਤੇ ਹਮਦਰਦ ਲੋਕਾਂ ਦੀ ਜੁਰਅਤ ਨਹੀਂ ਪੈਂਦੀ ਕਿ ਗਰੀਬ ਬੱਚਿਆਂ ਨੂੰ ਉਨ੍ਹਾਂ ਦਾ ਹੱਕ ਦਿਵਾ ਸਕਣ।

ਸਾਡਾ ਦੇਸ਼ ਵਿਕਾਸਸ਼ੀਲ ਦੇਸ਼ਾਂ ਦੀ ਕਤਾਰ ਵਿੱਚ ਹੈ ਤੇ ਵਿਕਸਿਤ ਦੇਸ਼ਾਂ ਦੇ ਬਰਾਬਰ ਜਾਣ ਲਈ ਤਤਪਰ ਹੈ। ਗਰੀਬੀ, ਭੁੱਖਮਰੀ, ਗੁਲਾਮੀ ਅਤੇ ਭ੍ਰਿਸ਼ਟਾਚਾਰ ਸਾਰੇ ਵਿਕਾਸਸ਼ੀਲ ਦੇਸ਼ਾਂ ਦੀ ਸਮੱਸਿਆ ਹੈ। ਇਨ੍ਹਾਂ ਦੇ ਹੱਲ ਲਈ ਸੂਝਵਾਨ ਨੇਤਾ, ਪ੍ਰਬੰਧਕ, ਈਮਾਨਦਾਰੀ ਨਾਲ ਚੰਗੀਆਂ ਨੀਤੀਆਂ ਲਾਗੂ ਕਰਨ ਲਈ ਪੂਰੇ ਦੇਸ਼ ਦੀ ਇੱਕਜੁਟਤਾ ਲਾਜ਼ਮੀ ਹੈ। ਸੋਨੇ ਦੀ ਚਿੜੀ ਇਸ ਦੇਸ਼ ਨੂੰ ਵਿਦੇਸ਼ੀ ਹਮਲਾਵਰਾਂ ਅਤੇ ਇਥੋਂ ਦੇ ਭ੍ਰਿਸ਼ਟ ਹਾਕਮਾਂ ਨੇ ਨੋਚ-ਨੋਚ ਖਾ ਲਿਆ, ਇਸ ਕਰਕੇ ਕੁਦਰਤੀ ਨਿਆਮਤਾਂ ਨਾਲ ਲਬਰੇਜ਼ ਹੋਣ ਦੇ ਬਾਵਜੂਦ ਦੇਸ਼ ਦੇ ਲੋਕ ਗੁਰਬਤ ਦੇ ਦਿਨ ਕੱਟਣ ਲਈ ਮਜਬੂਰ ਹਨ। ਇੱਥੋਂ ਦੇ ਲੋਕਾਂ ਦੀ ਗਰੀਬੀ ਦਾ ਮੁੱਖ ਕਾਰਨ ਅਨਪੜ੍ਹਤਾ, ਬੇਰੁਜ਼ਗਾਰੀ, ਸਹੀ ਨੀਤੀਆਂ ਦੀ ਕਮੀ, ਸਰਕਾਰਾਂ ਦੀ ਕਮਜ਼ੋਰ ਇੱਛਾ ਸ਼ਕਤੀ, ਭ੍ਰਿਸ਼ਟਾਚਾਰ ਆਦਿ ਹੈ। ਭ੍ਰਿਸ਼ਟਾਚਾਰ ਕਾਰਨ ਦੇਸ਼ਦਾ ਅਰਬਾਂ ਰੁਪਇਆ ਵਿਦੇਸ਼ੀ ਬੈਂਕਾਂ ਵਿੱਚ ਜਮ੍ਹਾਂ ਪਿਆ ਹੈ ਤੇ ਹੁਣ ਵੀ ਜਮ੍ਹਾਂ ਹੋ ਰਿਹਾ ਹੈ, ਜੋ ਕਾਲਾ ਧਨ ਹੋਣ ਕਾਰਨ ਦੇਸ਼ ਦੇ ਲੋਕਾਂ ਦੀ ਜ਼ਿੰਦਗੀ ਦੇ ਅਹਿਮ ਦਿਨ ਕਾਲੇ ਕਰ ਰਿਹਾ ਹੈ।

ਪਿਛਲੇ ਸਮੇਂ ਦੌਰਾਨ ਸਾਡੇ ਰਾਜਨੀਤਕ ਨੇਤਾਵਾਂ ਦੇ ਬੇਤੁਕੇ ਬਿਆਨ ਸਨ ਕਿ ਲੋਕ ਦਿੱਲੀ 'ਚ ਪੰਜ ਰੁਪਏ ਵਿੱਚ ਰੱਜ ਕੇ ਰੋਟੀ ਖਾ ਸਕਦੇ ਹਨ। ਉਦੋਂ ਉਨ੍ਹਾਂ ਨੂੰ ਪੁੱਛ ਲਿਆ ਜਾਣਾ ਚਾਹੀਦਾ ਸੀ ਕਿ ਅਜਿਹੀ ਜਗ੍ਹਾ ਦਾ ਪਤਾ ਜਨਤਕ ਕਰੋ ਤਾਂ ਜੋ ਭੁੱਖਮਰੀ ਦੇ ਸ਼ਿਕਾਰ ਲੋਕ ਉੱਥੇ ਜਾ ਕੇ ਆਪਣਾ ਪੇਟ ਭਰ ਸਕਣ। ਬੀਤੇ ਸਮੇਂ ਦੌਰਾਨ ਮੀਡੀਆ 'ਚ ਨਸ਼ਰ ਇਸ ਸ਼ਰਮਨਾਕ ਅਤੇ ਦੁੱਖ ਭਰੀ ਖ਼ਬਰ ਨੇ ਲੋਕਾਂ ਨੂੰ ਝੰਜੋੜ ਕੇ ਰੱਖ ਦਿੱਤਾ ਸੀ ਕਿ ਭੁੱਖਮਰੀ ਨੇ ਤਿੰਨ ਮਾਸੂਮਾਂ ਦੀ ਬਲੀ ਲੈ ਲਈ ਹੈ। ਇਹ ਖ਼ਬਰ ਕੋਈ ਭਾਰਤ ਦੇ ਕਿਸੇ ਦੂਰ-ਦੁਰਾਡੇ ਇਲਾਕੇ ਦੀ ਨਹੀਂ, ਸਗੋਂ ਦੇਸ਼ ਦੀ ਰਾਜਧਾਨੀ ਦਿੱਲੀ ਦੀ ਸੀ ਅਤੇ ਉਪਰੋਕਤ ਬਿਆਨ ਦੇਣ ਵਾਲੇ ਨੇਤਾਵਾਂ ਦੀ ਕਰਮਭੂਮੀ ਸੰਸਦ ਦੇ ਬਿਲਕੁਲ ਨੇੜੇ ਪੈਂਦੀ ਜਗ੍ਹਾ ਦੀ, ਜਿੱਥੇ ਇੱਕ ਗ਼ਰੀਬ ਬਦਨਸੀਬ ਬਾਪ ਆਪਣੇ ਮਾਸੂਮ ਬੱਚਿਆਂ ਲਈ ਇੱਕ ਸਮੇਂ ਦਾ ਖਾਣਾ ਵੀ ਨਹੀਂ ਜੁਟਾ ਸਕਿਆ। ਰਿਕਸ਼ਾ ਚਾਲਕ ਇਹ ਬਾਪ ਲੁਟੇਰਿਆਂ ਦੀ ਲੁੱਟ ਦਾ ਸ਼ਿਕਾਰ ਹੋਣ ਤੋਂ ਬਾਅਦ ਆਪਣੇ ਪਰਵਾਰ ਲਈ ਰੋਟੀ ਦਾ ਪ੍ਰਬੰਧ ਕਰਨ ਲਈ ਨਿਕਲਿਆ ਸੀ, ਪਰ ਵਾਪਸ ਨਹੀਂ ਪਰਤਿਆ। ਇਸੇ ਦੌਰਾਨ ਉਨ੍ਹਾਂ ਮਾਸੂਮਾਂ ਨੇ ਦਮ ਤੋੜਿਆ ਅਤੇ ਪੋਸਟਮਾਰਟਮ ਦੀ ਰਿਪੋਰਟ ਨੇ ਇਹ ਖੁਲਾਸਾ ਕੀਤਾ ਕਿ ਕਈ ਦਿਨਾਂ ਤੋਂ ਬੱਚਿਆਂ ਦੇ ਪੇਟ ਅੰਦਰ ਅੰਨ ਦਾ ਦਾਣਾ ਤੱਕ ਨਹੀ ਗਿਆ ਸੀ। ਪਿਛਲੇ ਸਾਲ ਪੱਛਮੀ ਬੰਗਾਲ ਵਿੱਚ ਆਧਾਰ ਕਾਰਡ ਨਾ ਹੋਣ ਕਾਰਨ ਰਾਸ਼ਨ ਡਿਪੂ 'ਚੋਂ ਰਾਸ਼ਨ ਨਾ ਮਿਲਣ ਕਾਰਨ ਇੱਕ ਪਰਵਾਰ ਦੇ ਕਈ ਜੀਆਂ ਦੀ ਭੁੱਖਮਰੀ ਨਾਲ ਮੌਤ ਹੋ ਗਈ ਸੀ। ਹਰ ਰੋਜ਼ ਵਾਪਰ ਰਹੀਆਂ ਅਜਿਹੀਆਂ ਮੰਦਭਾਗੀ ਘਟਨਾਵਾਂ ਡਿਜੀਟਲ ਭਾਰਤ ਦਾ ਮੂੰਹ ਚਿੜਾਉਂਦੀਆਂ ਹਨ ਅਤੇ ਧਾਰਮਿਕ-ਸਮਾਜਿਕ ਸੰਸਥਾਵਾਂ ਨੂੰ ਬਹੁਤ ਵੱਡੀ ਵੰਗਾਰ ਆਉਂਦੀਆਂ ਚੁਣੌਤੀ ਦਿੰਦੀਆਂ ਹਨ।

# ਸੰਪਰਕ: 95173-96001

## ਕਾਤਰਾਂ

### ਸਿਲਾਈ ਮਸ਼ੀਨ ਵੰਡ ਸਮਾਰੋਹ ਭਲਕੇ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸਥਾਨਕ ਬਾਬਾ ਫਰੀਦ ਮੈਮੋਰੀਅਲ ਐਜੂਕੇਸ਼ਨ ਐਂਡ ਵੈੱਲਫੇਅਰ ਸੁਸਾਇਟੀ ਵੱਲੋਂ 27 ਅਕਤੂਬਰ ਨੂੰ ਸਿਲਾਈ ਮਸ਼ੀਨ ਵੰਡ ਸਮਾਰੋਹ ਕਰਵਾਇਆ ਜਾ ਰਿਹਾ ਹੈ।ਇਹ ਸਮਾਗਮ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਹੋਵੇਗਾ।ਸੰਸਥਾ ਆਗੂ ਕੰਵਲਜੀਤ ਸਿੰਘ ਵਿੱਕੀ ਨੇ ਦੱਸਿਆ ਕਿ ਇਸ ਸਮਾਗਮ ਵਿੱਚ, ਜੋ 50 ਲੜਕੀਆਂ ਨੇ 6 ਮਹੀਨਿਆਂ ਦਾ ਸਿਲਾਈ ਦਾ ਕੋਰਸ ਪੂਰਾ ਹੋਣ ਉਪਰੰਤ 37 ਲੜਕੀਆਂ ਨੂੰ ਸਿਲਾਈ ਮਸ਼ੀਨਾਂ ਨਾਲ ਤੇ ਸਲਾਈਟ ਲੌਂਗੋਵਾਲ ਦੇ ਡਾਇਰੈਕਟਰ ਪ੍ਰੋ. ਮਨੀ ਕਾਂਤ ਪਾਸਵਾਨ ਅਤੇ ਡਾ. ਇੰਦਰਜੀਤ ਕੌਰ ਪ੍ਰਧਾਨ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਅੰਮ੍ਰਿਤਸਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ।

### ਸ਼ਿਵਾਨੀ ਦੀਦੀ ਦਾ ਕੋਟਕਪੂਰਾ 'ਚ ਪ੍ਰੋਗਰਾਮ 2 ਨੂੰ

**ਬਠਿੰਡਾ (ਰਾਜੀਵ ਗੋਇਲ)**-ਬ੍ਰਹਮਾਕੁਮਾਰੀਜ਼ ਸ਼ਿਵਾਨੀ ਦੀਦੀ (ਰਾਜਯੋਗ ਅਧਿਆਪਕ) ਦਾ ਸੂਬੇ ਅੰਦਰ ਪਹਿਲਾ ਪ੍ਰੋਗਰਾਮ 2 ਨਵੰਬਰ ਨੂੰ ਕੋਟਕਪੂਰਾ ਦੇ ਸ਼ਹਿਨਸ਼ਾਹ ਪੈਲਿਸ ਵਿਖੇ ਸ਼ਾਮ 05.30 ਵਜੇ ਤੋਂ ਲੈ ਕੇ 8 ਵਜੇ ਤੱਕ ਹੋ ਰਿਹਾ ਹੈ। ਜਾਣਕਾਰੀ ਦਿੰਦਿਆਂ ਸੁਨੀਤਾ ਦੀਦੀ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਪਾਸ ਰਾਹੀਂ ਹੀ ਐਂਟਰੀ ਹੋਵੇਗੀ ਅਤੇ ਜਿਸ ਵੀ ਭੈਣ-ਭਰਾ ਨੇ ਜਾਣਾ ਹੈ, ਉਹ ਆਪਣੇ ਖੁਦ ਦੇ ਸਾਧਨ ਰਾਹੀਂ ਹੀ ਜਾਵੇਗਾ ਅਤੇ ਉੱਥੇ ਕਿਸੇ ਕਿਸਮ ਦੇ ਖਾਣ-ਪੀਣ ਦਾ ਵੀ ਪ੍ਰਬੰਧ ਨਹੀਂ ਹੈ, ਸਿਰਫ ਪ੍ਰਸਾਦ ਹੀ ਦਿੱਤਾ ਜਾਵੇਗਾ। ਉਨ੍ਹਾ ਦੱਸਿਆ ਕਿ ਸ਼ਿਵਾਨੀ ਦੀਦੀ ਦਾ ਇਹ ਪ੍ਰੋਗਰਾਮ ਪੰਜਾਬ ਅੰਦਰ ਪਹਿਲਾ ਪ੍ਰੋਗਰਾਮ ਹੈ, ਜਿਸ ਨੂੰ ਲੈ ਕੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਹੈ। ਉਨ੍ਹਾ ਸਥਾਨਕ ਲੋਕਾਂ ਨੂੰ ਅਪੀਲ ਕੀਤੀ ਕਿ ਜਿਸ ਨੇ ਕੋਟਕਪੂਰਾ ਇਸ ਪ੍ਰੋਗਰਾਮ ਵਿੱਚ ਜਾਣਾ ਹੋਵੇ, ਉਹ ਸਥਾਨਕ ਆਸ਼ਰਮ ਵਿੱਚੋਂ ਪਾਸ ਹਾਸਲ ਕਰ ਸਕਦਾ ਹੈ।

### ਡਾ. ਗੁਰਚਰਨ ਕੌਰ ਕੋਚਰ ਨੂੰ ਮਿਲੇਗਾ ਕਰਨਲ ਭੱਠਲ ਕਲਾਕਾਰ ਪੁਰਸਕਾਰ



**ਲੁਧਿਆਣਾ (ਐੱਮ ਐੱਸ ਭਾਟੀਆ)**-ਮੈਗਜ਼ੀਨ ਕਲਾਕਾਰ ਦੇ ਸੰਪਾਦਕ ਤੇ ਕਰਨਲ ਭੱਠਲ ਕਲਾਕਾਰ ਪੁਰਸਕਾਰ ਬੋਰਡ ਦੇ ਕਨਵੀਨਰ ਕਮਲਜੀਤ ਭੱਠਲ ਦੀ ਪ੍ਰਧਾਨਗੀ ਹੇਠ ਬੋਰਡ ਦੇ ਮੈਂਬਰਾਂ ਦੀ ਮੀਟਿੰਗ ਹੋਈ, ਜਿਸ ਵਿੱਚ ਸਾਲ 2024 ਦਾ 'ਕਰਨਲ ਭੱਠਲ ਕਲਾਕਾਰ ਪੁਰਸਕਾਰ' ਪੰਜਾਬੀ ਦੀ ਉੱਘੀ ਸ਼ਾਇਰਾ, ਨੈਸ਼ਨਲ ਤੇ ਸਟੇਟ ਐਵਾਰਡੀ ਡਾ. ਗੁਰਚਰਨ ਕੌਰ ਕੋਚਰ ਲੁਧਿਆਣਾ ਨੂੰ ਦੇਣ ਦਾ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ।ਕਨਵੀਨਰ ਨੇ ਦੱਸਿਆ ਕਿ ਡਾ. ਕੋਚਰ ਪਿਛਲੇ 30 ਸਾਲਾਂ ਤੋਂ ਵੀ ਵੱਧ ਸਮੇਂ ਤੋਂ ਪੰਜਾਬੀ ਸਾਹਿਤ ਤੇ ਪੰਜਾਬੀ ਮਾਂ ਬੋਲੀ ਦੀ ਨਿਰੰਤਰ ਸੇਵਾ ਕਰਦੇ ਆ ਰਹੇ ਹਨ।ਉਨ੍ਹਾਂ ਦੀਆਂ ਹੁਣ ਤੱਕ 16 ਪੁਸਤਕਾਂ ਪ੍ਰਕਾਸ਼ਤ ਹੋ ਚੁੱਕੀਆਂ ਹਨ।ਉਨ੍ਹਾਂ ਨੇ ਇਹ ਵੀ ਦੱਸਿਆ ਕਿ ਇਹ ਪੁਰਸਕਾਰ ਇਸੇ ਸਾਲ ਤਿੰਨ ਨਵੰਬਰ ਨੂੰ ਬਰਨਾਲਾ ਵਿਖੇ ਇੱਕ ਸਾਹਿਤਕ ਸਮਾਗਮ ਵਿੱਚ ਦਿੱਤਾ ਜਾਵੇਗਾ, ਜਿਸ ਵਿੱਚ ਇੱਕੀ ਹਜ਼ਾਰ ਦੀ ਨਗਦ ਰਾਸ਼ੀ, ਦੁਸ਼ਾਲਾ ਤੇ ਕਿਤਾਬਾਂ ਦਾ ਸੈੱਟ ਸ਼ਾਮਲ ਹੋਏਗਾ।

### ਧੋਖਾਧੜੀ ਦੇ ਦੋਸ਼ 'ਚ 4 ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਬਾਬਾ ਰਾਮ ਲਾਲ ਨਗਰ ਵਿਖੇ 11 ਮਰਲੇ ਪਲਾਟ ਦੀ ਰਜਿਸਟਰੀ ਸਿਰਫ 5 ਮਰਲੇ ਦੀ ਕਰਕੇ ਧੋਖਾਧੜੀ ਕਰਨ ਦੇ ਮਾਮਲੇ ਵਿੱਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ 4 ਵਿਅਕਤੀਆਂ ਖ਼ਿਲਾਫ ਮਾਮਲਾ ਦਰਜ ਕੀਤਾ ਹੈ।ਸਹਾਇਕ ਥਾਣੇਦਾਰ ਜਗਰੂਪ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਦਰਖਾਸਤਕਾਰੀ ਜਨਕ ਰਾਜ ਨੇ ਯੂ ਆਈ ਡੀ ਨੰਬਰ 449523 ਰਾਹੀਂ ਸ਼ਿਕਾਇਤ ਕੀਤੀ ਕਿ ਉਸ ਨੇ 11 ਮਰਲੇ ਦਾ ਪਲਾਟ ਖਰੀਦਿਆ ਸੀ, ਪਰ ਦੋਸ਼ੀਆਂ ਜਤਿੰਦਰ ਮੋਹਨ, ਦਵਿੰਦਰ ਮੋਹਨ, ਅਨੂਪ ਕਲਹਨ ਤੇ ਚਰਨਜੀਤ ਸ਼ਰਮਾ ਨੇ ਸਿਰਫ 5.05 ਮਰਲੇ ਦੀ ਰਜਿਸਟਰੀ ਕਰਕੇ ਧੋਖਾਧੜੀ ਕੀਤੀ ਅਤੇ ਉਸ ਨਾਲ 3 ਲੱਖ ਰੁਪਏ ਦੀ ਠੱਗੀ ਕੀਤੀ।ਇਸ ਮਾਮਲੇ ਵਿੱਚ ਪੁਲਸ ਨੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

### 29 ਨੂੰ ਫੂਕੀ ਜਾਵੇਗੀ ਮੁੱਖ ਮੰਤਰੀ ਦੀ ਅਰਥੀ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਮੁਲਾਜ਼ਮ ਤੇ ਪੈਨਸ਼ਨਰ ਜੁਆਇੰਟ ਫਰੰਟ ਵੱਲੋਂ ਵਿਧਾਨ ਸਭਾ ਜ਼ਿਮਨੀ ਚੋਣਾਂ ਦੌਰਾਨ ਕੀਤੇ ਜਾ ਰਹੇ ਸੰਘਰਸ਼ ਤੇ ਵਿਚਾਰ ਚਰਚਾ ਕੀਤੀ ਗਈ।ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਲੰਮੇ ਸਮੇਂ ਤੋਂ ਲਟਕ ਰਹੀਆਂ ਵਿੱਤੀ ਮੰਗਾਂ ਨੂੰ ਬਿਲਕੁਲ ਹੀ ਅੱਖੋਂ ਪਰੋਖੇ ਕਰਨ ਤੇ ਡੰਗ ਟਪਾਊ ਨੀਤੀ ਦੀ ਜ਼ੋਰਦਾਰ ਸ਼ਬਦਾਂ ਵਿੱਚ ਸਖ਼ਤ ਨਿਖੇਧੀ ਕੀਤੀ ਗਈ ਤੇ ਮੰਗ ਕੀਤੀ ਕਿ ਸਰਕਾਰ ਵੱਲੋਂ ਪੰਜਾਬ ਦੀ ਜਨਤਾ ਨਾਲ ਕੀਤੇ ਵਾਅਦੇ ਪੂਰੇ ਕੀਤੇ ਜਾਣ।ਮੀਟਿੰਗ 'ਚ ਫ਼ੈਸਲਾ ਕੀਤਾ ਕਿ 29 ਅਕਤੂਬਰ ਨੂੰ ਐਸ.ਡੀ.ਐਮ ਦਫ਼ਤਰ ਅੱਗੇ 10.30 ਵਜੇ ਮੁੱਖ ਮੰਤਰੀ ਦੀ ਅਰਥੀ ਸਾੜੀ ਜਾਵੇਗੀ ਤੇ 10 ਨਵੰਬਰ ਨੂੰ ਹਲਕਾ ਬਰਨਾਲਾ ਵਿਖੇ ਰੋਸ ਮੁਜ਼ਾਹਰਾ ਕੀਤਾ ਜਾਵੇਗਾ।ਮੁਲਾਜ਼ਮ ਤੇ ਪੈਨਸ਼ਨਰਜ਼ ਜੁਆਇੰਟ ਫਰੰਟ 'ਚ ਸ਼ਾਮਲ ਸਾਰੀਆਂ ਧਿਰਾਂ ਨੂੰ ਅਰਥੀ ਫੂਕ ਮੁਜ਼ਾਹਰੇ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਜਾਂਦੀ ਹੈ ਤਾਂ ਜੁ ਆਪਾਂ ਸਾਰੇ ਇਕੱਠੇ ਹੋ ਕੇ ਅਪਣੀਆਂ ਜਾਇਜ਼ ਤੇ ਹੱਕੀ ਮੰਗਾਂ ਮੰਨਵਾਉਣ ਲਈ ਸਰਕਾਰ ਤੱਕ ਆਪਣੀ ਅਵਾਜ਼ ਪੁਚਾ ਸਕੀਏ।

# ਝੋਨੇ ਦੀ ਬੇਕਦਰੀ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚੇ ਵੱਲੋਂ 4 ਘੰਟੇ ਸੜਕੀ ਆਵਾਜਾਈ ਠੱਪ


ਧੂਰੀ


ਚੌਂਕੀਮਾਨ


ਦਿੜ੍ਹਬਾ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਵੱਖ ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਸਥਾਨਕ ਧੂਰੀ-ਸੰਗਰੂਰ ਸੜਕ 'ਤੇ ਪਿੰਡ ਲੱਡਾ ਵਿਖੇ ਦੁਪਹਿਰ ਤੱਕ ਸੜਕੀ ਆਵਾਜਾਈ ਠੱਪ ਕਰਦਿਆਂ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਖਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ।

ਇਸ ਮੌਕੇ ਕਿਸਾਨ ਮੋਰਚੇ ਦੇ ਮੈਂਬਰ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਆਗੂ ਮੇਜਰ ਸਿੰਘ ਪੁੰਨਾਂਵਾਲ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਦਿਵਾਏ ਗਏ ਭਰੋਸੇ ਦੇ ਬਾਵਜੂਦ ਮੰਡੀਆਂ ਵਿੱਚ ਖ੍ਰੀਦ ਤੇ ਲਿਫਟਿੰਗ ਦੇ ਸੰਕਟ ਦੇ ਮਸਲੇ ਜਿਉਂ ਦੇ ਤਿਉਂ ਬਰਕਰਾਰ ਹਨ।ਕਿਸਾਨ ਮੰਡੀਆਂ ਵਿੱਚ ਰੁਲ ਰਿਹਾ ਹੈ।ਫਸਲ ਕੱਟ ਲਾ ਕੇ ਐੱਮ ਐੱਸ ਪੀ ਤੋਂ ਘੱਟ ਵੇਚਣ ਲਈ ਮਜਬੂਰ ਕਰ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਦੇ ਮੰਡੀਆਂ ਵਿੱਚ ਰੁਲਣ ਲਈ ਪੰਜਾਬ ਸਰਕਾਰ ਦੇ ਨਾਲ ਨਾਲ ਕੇਂਦਰ ਦੀ ਭਾਜਪਾ ਸਰਕਾਰ ਨੂੰ ਵੀ ਕਟਹਿਰੇ ਵਿੱਚ ਖੜਾ


ਮੋਗਾ

ਕਰਦਿਆਂ ਦੋਸ਼ ਲਾਇਆ ਕਿ ਕੇਂਦਰ ਸਰਕਾਰ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ ਅਤੇ ਪੰਜਾਬ ਤੇ ਕੇਂਦਰ ਸਰਕਾਰ ਦੀ ਆਪਸੀ ਖਿੱਚੋਤਾਣ ਦਾ ਖ਼ਮਿਆਜ਼ਾ ਪੰਜਾਬ ਦੇ ਕਿਸਾਨ ਭੁਗਤ ਰਹੇ ਹਨ।ਉਨ੍ਹਾਂ ਚੌਲਾਂ ਦੇ ਫੇਲ੍ਹ ਹੋਏ ਸੈਂਪਲਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਇਸ ਰਿਪੋਰਟ ਨੇ ਪੰਜਾਬ ਦੇ ਸ਼ੈਲਰ ਮਾਲਕਾਂ ਲਈ ਚਿੰਤਾ ਦਾ ਮਾਹੌਲ ਪੈਦਾ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਵੇਅਰ ਹਾਊਸਿੰਗ ਕਾਰਪੋਰੇਸ਼ਨ ਨੂੰ ਭੰਗ ਕਰਨਾ, ਜਨਤਕ ਵੰਡ ਪ੍ਰਣਾਲੀ ਰਾਹੀ ਸਸਤਾ ਅਨਾਜ ਮੁਹੱਈਆ ਕਰਵਾਉਣ ਦੇ ਕਦਮਾਂ ਤੋਂ ਹੱਥ ਪਿੱਛੇ ਖਿੱਚੇ ਜਾ ਰਹੇ ਹਨ, ਜਿਸ ਕਾਰਨ ਖ੍ਰੀਦ ਦਾ ਸੰਕਟ ਗੰਭੀਰ ਹੋ ਗਿਆ ਹੈ।ਕੇਂਦਰ ਤੇ ਸੂਬਾ ਸਰਕਾਰ ਮਿਲ ਕੇ ਸੰਸਾਰ ਵਪਾਰ ਸੰਸਥਾ ਅਤੇ ਕਾਰਪੋਰੇਟ ਘਰਾਣਿਆਂ ਦੇ ਏਜੰਡੇ ਨੂੰ ਲਾਗੂ ਕਰਨ ਲਈ ਕਿਸਾਨਾਂ ਨੂੰ ਰੋਲ ਰਹੀਆਂ ਹਨ।ਇਸ ਦੇ ਪੰਜਾਬ ਦੀ ਸਮੁੱਚੀ ਆਰਥਿਕਤਾ 'ਤੇ ਬਹੁਤ ਹੀ ਬੁਰੇ ਪ੍ਰਭਾਵ ਪੈਣਗੇ।ਇਸ ਮੌਕੇ ਜਰਨੈਲ ਸਿੰਘ ਜਹਾਂਗੀਰ, ਲਖਵੀਰ ਸਿੰਘ ਲੱਖਾ ਬਾਲੀਆ, ਰਛਪਾਲ ਸਿੰਘ ਦੋਹਲਾ, ਦਰਬਾਰਾ ਸਿੰਘ ਬੇਨੜਾ, ਭੂਪਿੰਦਰ ਸਿੰਘ ਬਾਦਸ਼ਾਹਪੁਰ, ਨਾਜਮ ਸਿੰਘ ਪੁੰਨਾਵਾਲ, ਮਹਿੰਦਰ ਸਿੰਘ ਬੁਗਰਾ, ਸਮਸ਼ੇਰ ਸਿੰਘ ਈਸਾਪੁਰ, ਭੂਪਿੰਦਰ ਸਿੰਘ ਭੁੱਲਰਹੇੜੀ, ਦਰਸ਼ਨ ਸਿੰਘ ਪੁੰਨਾਂਵਾਲ, ਹਰਦਮ ਸਿੰਘ, ਪ੍ਰੀਤਮ ਸਿੰਘ ਬਾਦਸ਼ਾਹਪੁਰ ਆਦਿ ਨੇ ਵੀ ਸੰਬੋਧਨ ਕੀਤਾ।

**ਦਿੜ੍ਹਬਾ (ਜਸਵੀਰ ਲਾਡੀ)** : ਕਿਸਾਨ ਸੰਯੁਕਤ ਮੋਰਚੇ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਸੁਨਾਮ-ਲਹਿਰਾ ਰੋਡ ਛਾਜਲੀ ਦੀ ਆਵਾਜਾਈ ਠੱਪ ਕੀਤੀ ਗਈ।ਵੱਖ ਵੱਖ ਬੁਲਾਰਿਆਂ ਨੇ ਸਟੇਜ ਤੋਂ ਦੱਸਿਆ ਕਿ ਸਰਕਾਰ ਵੱਲੋਂ ਝੋਨੇ ਦੀ ਚੁੱਕਾਈ ਤੇ ਪਰਾਲ਼ੀ ਨੂੰ ਅੱਗ ਲਵਾਈ ਤੋਂ


ਨਾਭਾ

ਪਰਚਿਆਂ ਸੰਬੰਧੀ ਆਵਾਜਾਈ ਬੰਦ ਕਰਕੇ ਰੋਸ ਪ੍ਰਗਟ ਕੀਤਾ ਹੈ।ਆਗੂਆਂ ਨੇ ਕਿਹਾ ਕਿ ਸਰਕਾਰਾਂ ਕੁੰਭਕਰਨੀ ਨੀਂਦ ਸੁੱਤੀਆਂ ਪਈਆਂ ਹਨ।ਪੰਜਾਬ ਦੇ ਕਿਸਾਨਾਂ ਨੇ ਦੇਸ਼ ਦਾ ਅੰਨ ਭੰਡਾਰ ਭਰ ਕੇ ਦੇਸ਼ ਨੂੰ ਭੁੱਖਮਰੀ ਤੋਂ ਬਾਹਰ ਕੱਢਿਆ, ਪਰ ਸਰਕਾਰਾਂ ਡਬਲਿਓ.ਟੀ.ਓ. ਦੀਆਂ ਨੀਤੀਆਂ ਲਾਗੂ ਕਰਕੇ ਕਿਸਾਨਾਂ ਨੂੰ ਜ਼ਮੀਨਾਂ ਤੋਂ ਵਾਂਝਾ ਕਰਨ ਦੀਆਂ ਕੋਝੀਆਂ ਚਾਲਾਂ ਚੱਲ ਰਹੀ ਹੈ।ਇੱਥੋਂ ਦੇ ਅੰਨ ਭੰਡਾਰ, ਖਾਦ ਪਦਾਰਥਾਂ ਅਤੇ ਪਾਣੀਆਂ ਤੇ ਕਾਰਪੋਰੇਟ ਘਰਾਣਿਆਂ ਦਾ ਕਬਜ਼ਾ ਕਰਾਉਣਾ ਚਾਹੁੰਦੀਆਂ ਹਨ।ਆਗੂਆਂ ਨੇ ਕਿਹਾ ਕਿ ਸਾਨੂੰ ਸੰਘਰਸ਼ਾਂ 'ਤੇ ਟੇਕ ਰੱਖ ਕੇ ਆਪਣੀਆਂ ਨਸਲਾਂ ਤੇ ਫਸਲਾਂ ਦੀ ਰਾਖੀ ਕਰਨੀ ਚਾਹੀਦੀ ਹੈ।ਤਾਰਾ ਸਿੰਘ ਤੇ ਜਸਵੀਰ ਲਾਡੀ ਪੱਤਰਕਾਰ ਨੇ ਕਿਸਾਨੀ ਨਾਲ ਸੰਬਧਤ ਗੀਤ ਪੇਸ਼ ਕੀਤੇ।ਪ੍ਰਗਟ ਸਿੰਘ, ਕਰਮ ਸਿੰਘ 'ਸੱਤ', ਮਿਸਰੀ ਸਿੰਘ, ਜਰਨੈਲ ਸਿੰਘ ਸੂਚ, ਗਗਨਜੀਤ ਸਿੰਘ ਚੱਠਾ, ਤਰਸੇਮ ਸਿੰਘ ਚੱਠਾ, ਸਿਰੀਰਾਮ ਸਿੰਘ, ਸੁਖਵਿੰਦਰ ਸਿੰਘ


ਫਰੀਦਕੋਟ

'ਗਾਗੀ' ਪ੍ਰਧਾਨ ਇਕਾਈ ਪ੍ਰਧਾਨ ਗੋਬਿੰਦਗੜ੍ਹ ਤੇ ਦਰਸ਼ਨ ਸਿੰਘ ਸੋਹੀ ਆਦਿ ਹਾਜ਼ਰ ਸਨ।

**ਮੋਗਾ (ਇਕਬਾਲ ਸਿੰਘ ਖਹਿਰਾ)** : ਆਪਣੀਆਂ ਕਿਸਾਨੀ ਮੰਗਾਂ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਵੱਖ ਵੱਖ ਕਿਸਾਨ ਜਥੇਬੰਦੀਆਂ ਵੱਲੋਂ ਪੂਰੇ ਪੰਜਾਬ ਵਿੱਚ 4 ਘੰਟਿਆਂ ਲਈ ਸੜਕੀ ਆਵਾਜਾਈ ਠੱਪ ਰੋਸ ਪ੍ਰਦਰਸ਼ਨ ਕੀਤੇ ਗਏ ਅਤੇ ਪੰਜਾਬ ਤੇ ਕੇਂਦਰ ਸਰਕਾਰ ਖਿਲਾਫ ਰੋਹ ਰੋਹ ਭਰਪੂਰ ਨਾਹਰੇਬਾਜ਼ੀ ਕੀਤੀ ਗਈ। ਇਸ ਮੋਗਾ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਤੇ ਕਿਸਤੀ ਕਿਸਾਨ ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਮੰਡੀਆਂ ਵਿੱਚੋਂ ਕਿਸਾਨਾਂ ਦੇ ਝੋਨੇ ਦੀ ਫਸਲ ਨਹੀਂ ਚੁੱਕੀ ਜਾ ਰਹੀ ਤੇ ਕਿਸਾਨਾਂ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਿਸ ਦੇ ਚਲਦਿਆਂ ਕਾਪੋਰੇਟਿਵ ਘਰਾਣਿਆਂ ਤੇ ਕਿਸਾਨ ਮਾਰੂ ਨੀਤੀਆਂ ਖਿਲਾਫ ਸਮੁੱਚੇ ਕਿਸਾਨਾਂ ਵਿੱਚ ਭਾਰੀ ਰੋਹ ਹੈ, ਜਿਸ ਦੇ ਚਲਦਿਆਂ 11 ਵਜੇ ਤੋਂ ਲੈ ਕੇ 3 ਵਜੇ ਤੱਕ ਆਵਾਜਾਈ ਠੱਪ ਕੀਤੀ ਗਈ ਹੈ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਮੀਤ ਪ੍ਰਧਾਨ ਕੁਲਵੰਤ ਸਿੰਘ ਖੁਖਰਾਣਾ, ਕਿਰਤੀ ਕਿਸਾਨ ਯੂਨੀਅਨ ਦੇ ਯੂਥ ਕਨਵੀਨਰ ਤੀਰਥ ਸਿੰਘ, ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਪ੍ਰਧਾਨ ਮੁਖਤਿਆਰ ਸਿੰਘ ਕਾਹਨ ਸਿੰਘ ਵਾਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮੰਡੀਆਂ ਵਿੱਚ ਝੋਨੇ ਦੇ ਅੰਬਾਰ ਲੱਗੇ ਪਏ ਹਨ, ਪਰ ਖਰੀਦ ਨਾ-ਮਾਤਰ ਹੈ, ਕਿਸਾਨ ਮੰਡੀਆਂ 'ਚ ਖੱਜਲ ਖਵਾਰ ਹੋਣ ਲਈ ਮਜਬੂਰ ਹਨ। ਕਿਸਾਨਾਂ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਕਿਸਾਨਾਂ ਦੀਆਂ ਜਾਇਜ਼ ਮੰਗਾਂ ਵੱਲ ਜਲਦ ਧਿਆਨ ਨਾ ਦਿੱਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਇਸੇ ਕੜੀ ਤਹਿਤ ਡੀ ਸੀ ਤੇ ਹੋਰ ਪ੍ਰਸ਼ਾਸਨਕ ਅਧਿਕਾਰੀਆਂ ਦਾ ਪੱਕੇ ਤੌਰ 'ਤੇ ਘੇਰਾਓ ਕੀਤਾ ਜਾਏਗਾ।

**ਮੱਖੂ (ਰਛਪਾਲ ਸਿੰਘ ਸੰਧੂ)** : ਭਾਰਤੀ ਕਿਸਾਨ ਯੂਨੀਅਨ ਰਾਜੇਵਾਲ, ਭਾਰਤੀ ਕਿਸਾਨ ਯੂਨੀਅਨ ਪੰਜਾਬ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਤੇ ਹੋਰ ਜਥੇਬੰਦੀਆਂ ਦੇ ਕਿਸਾਨ ਆਗੂਆਂ ਵੱਲੋਂ ਮੱਖੂ ਵਿਖੇ ਬਠਿੰਡਾ-ਅੰਮ੍ਰਿਤਸਰ ਨੈਸ਼ਨਲ ਹਾਈਵੇ-54 'ਤੇ 11 ਵਜੇ ਤੋਂ 3 ਵਜੇ ਤੱਕ ਧਰਨਾ ਲਗਾ ਕੇ ਆਵਾਜਾਈ ਜਾਮ ਕਰਕੇ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਕਿਸਾਨਾਂ ਦੀ ਫਸਲ ਮੰਡੀਆਂ ਵਿੱਚ ਰੁੱਲ ਰਹੀ ਹੈ, ਜਿਸ ਕਾਰਨ ਸਮੁੱਚਾ ਕਿਸਾਨ ਚਿੰਤਤ ਹੈ।ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ, ਗੁਰਵਿੰਦਰ ਸਿੰਘ ਢਿੱਲੋਂ ਐਗਜ਼ੈਕਟਿਵ ਕਮੇਟੀ ਮੈਂਬਰ ਪੰਜਾਬ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਸੂਬਾਈ ਸਕੱਤਰ ਪਰਗਟ ਸਿੰਘ ਤਲਵੰਡੀ, ਲਖਵਿੰਦਰ ਸਿੰਘ ਪੀਰ ਮੁਹੰਮਦ ਪ੍ਰਧਾਨ ਯੂਥ ਵਿੰਗ, ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਸੁਖਦੇਵ ਸਿੰਘ ਅਰਾਈਆਂਵਾਲਾ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਬਲਾਕ ਮੱਖੂ ਦੇ ਪ੍ਰਧਾਨ ਦਲਜੀਤ ਸਿੰਘ ਬੁੱਟਰ ਆਦਿ ਤੋਂ ਇਲਾਵਾ ਸਰਪ੍ਰਸਤ ਗੁਰਦੇਵ ਸਿੰਘ ਵਾਰਸਵਾਲਾ, ਪਰਗਟ ਸਿੰਘ ਲਹਿਰਾ ਐਗਜ਼ੈਕਟਿਵ ਕਮੇਟੀ ਮੈਂਬਰ ਪੰਜਾਬ, ਡਾ. ਬਲਵੰਤ ਸਿੰਘ ਸਿੱਧੂ ਮੀਤ ਪ੍ਰਧਾਨ ਤਹਿਸੀਲ ਜ਼ੀਰਾ, ਡਾ. ਗੁਰਦੇਵ ਸਿੰਘ ਤਲਵੰਡੀ, ਗੁਰਵਿੰਦਰ ਸਿੰਘ ਮਾਨ ਸੀਨੀਅਰ ਮੀਤ ਪ੍ਰਧਾਨ ਜ਼ਿਲ੍ਹਾ ਫਿਰੋਜ਼ਪੁਰ, ਗੁਰਵੇਲ ਸਿੰਘ ਫੌਜੀ ਪੱਧਰੀ, ਸੂਰਤ ਸਿੰਘ ਸੰਧੂ ਤਲਵੰਡੀ, ਦਰਬਾਰਾ ਸਿੰਘ ਚਾਂਬ, ਸਿਤਾਰਾ ਸਿੰਘ ਤਲਵੰਡੀ, ਕਾਬਲ ਸਿੰਘ ਲਖਨਪਾਲ, ਜਸਕਰਨ ਸਿੰਘ ਨਿਹਾਲ ਕੇ, ਬਲਵਿੰਦਰ ਸਿੰਘ, ਬਲਵੀਰ ਸਿੰਘ ਗੁਰਚਰਨ ਸਿੰਘ, ਗੁਰਮੀਤ ਸਿੰਘ, ਕਸ਼ਮੀਰ ਸਿੰਘ, ਦਰਬਾਰਾ ਸਿੰਘ, ਰਾਮ ਸਿੰਘ, ਲਖਵਿੰਦਰ ਸਿੰਘ, ਗੁਰਪਾਲ ਸਿੰਘ, ਜਰਨੈਲ ਸਿੰਘ, ਜੋਗਾ ਸਿੰਘ,ਗੁਰਮੀਤ ਸਿੰਘ, ਰੇਸ਼ਮ ਸਿੰਘ, ਬਗੀਚਾ ਸਿੰਘ, ਭਗਵਾਨ ਸਿੰਘ, ਰਣਜੀਤ ਸਿੰਘ, ਸਤਨਾਮ ਸਿੰਘ, ਗੁਰਲਾਲ ਸਿੰਘ ਸਿੱਧੂ ਸ਼ੀਹਾਂਪਾੜੀ ਆਦਿ ਹਾਜ਼ਰ ਸਨ।

**ਚੌਂਕੀਮਾਨ (ਬਲਬੀਰ ਮਾਨ)** : ਕੇਂਦਰ ਤੇ ਪੰਜਾਬ ਸਰਕਾਰ ਦੀਆਂ ਕਿਸਾਨ ਮਾਰੂ, ਖੇਤੀ ਮਾਰੂ, ਸਰਕਾਰੀ ਮੰਡੀਆਂ ਮਾਰੂ, ਨਿੱਜੀ ਮੰਡੀ ਦੀਆਂ ਪਾਲਣਹਾਰ ਤੇ ਕਾਰਪੋਰੇਟ ਪੱਖੀ ਨੀਤੀਆਂ ਵਿਰੁੱਧ ਚੌਂਕੀਮਾਨ ਟੋਲ ਪਲਾਜ਼ਾ 'ਤੇ ਕਿਸਾਨਾਂ ਵੱਲੋਂ ਆਕਾਸ਼ ਗੁੰਜਾਊ ਆਵਾਜ਼ ਬੁਲੰਦ ਕੀਤੀ, ਜਿਸ ਵਿੱਚ ਵੱਖ-ਵੱਖ ਪਿੰਡਾਂ ਦੇ ਕਿਸਾਨ ਮਜ਼ਦੂਰ ਤੇ ਨੌਜਵਾਨ ਵੀਰ ਵਧ ਚੜ੍ਹ ਕੇ ਪੂਰੇ ਜੋਸ਼ ਖਰੋਸ਼ ਨਾਲ ਸ਼ਾਮਲ ਹੋਏ। ਠੀਕ 11 ਵਜੇ ਤੋਂ 3 ਵਜੇ ਤੱਕ ਚੱਲੇ ਇਸ ਜਨਤਕ ਧਰਨੇ ਨੂੰ ਵੱਖ ਵੱਖ ਆਗੂਆਂ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ, ਜ਼ਿਲ੍ਹਾ ਸਕੱਤਰ ਜਸਦੇਵ ਸਿੰਘ ਲਲਤੋਂ, ਜ਼ਿਲ੍ਹਾ ਖਜ਼ਾਨਚੀ ਅਮਰੀਕ ਸਿੰਘ ਤਲਵੰਡੀ, ਸਹਾਇਕ ਸਕੱਤਰ ਰਣਜੀਤ ਸਿੰਘ ਗੁੜੇ, ਮੀਤ ਪ੍ਰਧਾਨ ਬਲਜੀਤ ਸਿੰਘ ਸਵੱਦੀ, ਡਾ. ਗੁਰਮੇਲ ਸਿੰਘ ਕੁਲਾਰ, ਜਰਨੈਲ ਸਿੰਘ ਮੱਲਾਂਪੁਰ, ਕਾਲਾ ਡੱਬ ਮੁੱਲਾਂਪੁਰ ਨੇ ਉਚੇਚੇ ਰੂਪ 'ਚ ਸੰਬੋਧਨ ਕਰਦਿਆਂ ਚਾਨਣਾ ਪਾਇਆ। ਆਗੂਆਂ ਨੇ ਇੱਕ ਮੱਤ ਹੋ ਕੇ ਐਲਾਨ ਕੀਤੇ ਕਿ ਜਦੋਂ ਤੱਕ ਮੰਗਾਂ ਵਿਸ਼ੇਸ਼ ਕਰਕੇ ਝੋਨੇ ਦੀ ਰੋਜ਼ਾਨਾ ਖਰੀਦ ਤੇ ਫੌਰੀ ਚਕਵਾਈ ਯਕੀਨੀ ਨਹੀਂ ਹੋ ਜਾਂਦੀ, ਉਨੀ ਦੇਰ ਤੱਕ 'ਸਾਂਝਾ ਫੋਰਮ' (ਦਿੱਲੀ ਮੋਰਚਾ -2) ਇਹ ਹੱਕੀ


ਮਾਨਸਾ

ਸੰਘਰਸ਼ ਨੂੰ ਆਏ ਦਿਨ ਹੋਰ ਤੇਜ਼ ਤੇ ਵਿਸ਼ਾਲ ਕਰਦਾ ਜਾਵੇਗਾ, ਜਿਸ ਦੇ ਸਿੱਟਿਆਂ ਦੀ ਜ਼ਿੰਮੇਵਾਰੀ ਕੇਂਦਰ ਤੇ ਪੰਜਾਬ ਸਰਕਾਰ ਸਿਰ ਹੋਵੇਗੀ।ਧਰਨੇ ਵਿੱਚ ਹੋਰਨਾਂ ਤੋਂ ਇਲਾਵਾ ਗੁਰਸੇਵਕ ਸਿੰਘ ਸੋਨੀ ਸਵੱਦੀ, ਜਸਵੰਤ ਸਿੰਘ ਮਾਨ, ਸਰਵਿੰਦਰ ਸਿੰਘ ਸੁਧਾਰ, ਗੁਰਦੀਪ ਸਿੰਘ ਸਵੱਦੀ, ਕੁਲਦੀਪ ਸਿੰਘ ਸਵੱਦੀ, ਹਰਪਾਲ ਸਿੰਘ ਸਵੱਦੀ, ਗੁਰਬਖਸ਼ ਸਿੰਘ ਤਲਵੰਡੀ, ਮਲਕੀਤ ਸਿੰਘ ਤਲਵੰਡੀ, ਗੁਰਚਰਨ ਸਿੰਘ ਤਲਵੰਡੀ, ਮੋਦਨ ਸਿੰਘ ਕੁਲਾਰ, ਅੰਗਰੇਜ਼ ਸਿੰਘ ਕੁਲਾਰ, ਜਥੇਦਾਰ ਗੁਰਮੇਲ ਸਿੰਘ ਢੱਟ, ਗੁਰਚਰਨ ਸਿੰਘ ਢੱਟ, ਗੁਰਦੇਵ ਸਿੰਘ ਮੁੱਲਾਂਪੁਰ, ਰਾਮ ਸਿੰਘ ਮੋਹੀ, ਪ੍ਰਿਤਪਾਲ ਸਿੰਘ ਪੰਡੋਰੀ, ਗੁਰਦੀਪ ਸਿੰਘ ਮੰਡਿਆਣੀ, ਲਛਮਣ ਸਿੰਘ ਸਿੱਧੂ, ਤੇਜਿੰਦਰ ਸਿੰਘ ਬਿਰਕ, ਰਾਜਵਿੰਦਰ ਸਿੰਘ ਬਰਸਾਲ, ਅਮਰਜੀਤ ਸਿੰਘ ਖੰਜਰਵਾਲ, ਨਿਰਭੈ ਸਿੰਘ ਤਲਵੰਡੀ, ਅਜੀਤ ਸਿੰਘ ਸੋਹੀਆਂ, ਹਰੀ ਸਿੰਘ ਚਚਰਾੜੀ ਉਚੇਚੇ ਤੌਰ 'ਤੇ ਸ਼ਾਮਲ ਹੋਏ।

**ਨਾਭਾ (ਵਰਿੰਦਰ ਵਰਮਾ)** : ਝੋਨੇ ਦੀ ਖਰੀਦ ਤੇ ਲਿਫਟਿੰਗ ਦਾ ਸਹੀ ਪ੍ਰਬੰਧ ਨਾ ਹੋਣ ਕਰਕੇ ਐੱਸ ਕੇ ਐੱਮ ਦੇ ਦਿੱਤੇ ਸੱਦੇ ਅਨੁਸਾਰ ਨਾਭੇ ਦੀ ਅਨਾਜ ਮੰਡੀ ਦੇ ਬਾਹਰ ਨਾਭਾ ਮਲੇਰਕੋਟਲਾ ਹਾਈਵੇ ਤੇ 11:00 ਵਜੇ ਤੋਂ 3:00 ਵਜੇ ਤੱਕ ਚਾਰ ਘੰਟੇ ਧਰਨਾ ਲਗਾ ਕੇ ਜਾਮ ਕੀਤਾ ਗਿਆ।ਧਰਨੇ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਬੁਲਾਰਿਆਂ ਨੇ ਸਰਕਾਰ ਦੀ ਆਲੋਚਨਾ ਕੀਤੀ ਅਤੇ ਜੰਮ ਕੇ ਨਾਅਰੇਬਾਜ਼ੀ ਕੀਤੀ।ਧਰਨੇ ਵਿੱਚ ਬੀਕੇਯੂ ਰਾਜੇਵਾਲ, ਬੀਕੇਯੂ


ਮੁਕਤਸਰ

ਡਕੌਂਦਾ, ਬੀਕੇਯੂ ਕ੍ਰਾਂਤੀਕਾਰੀ, ਬੀਕੇਯੂ ਲੱਖੋਵਾਲ, ਬੀਕੇਯੂ ਕਾਦੀਆਂ, ਖੇਤੀਬਾੜੀ ਅਤੇ ਕਿਸਾਨ ਵਿਕਾਸ ਫਰੰਟ, ਕੁਲ ਹਿੰਦ ਕਿਸਾਨ ਸਭਾ, ਆੜ੍ਹਤੀਆ ਐਸੋਸੀਏਸ਼ਨ ਪ੍ਰਧਾਨ ਕਰਮਜੀਤ ਸਿੰਘ ਅਲਹੌਰਾਂ, ਸਾਬਕਾ ਪ੍ਰਧਾਨ ਸੁਰਿੰਦਰ ਗੁਪਤਾ, ਚੇਅਰਮੈਨ ਸਿਕੰਦਰ ਸਿੰਘ ਦੰਦਰਾਲਾ ਢੀਂਡਸਾ, ਅਨੁਜ ਕੁਮਾਰ, ਦੀਪਕ ਗੁਪਤਾ, ਸੰਜੀਵ ਜਿੰਦਲ, ਰਾਈਸ ਮਿਲਰਜ਼ ਐਸੋਸੀਏਸ਼ਨ ਤੇ ਮੰਡੀ ਮਜ਼ਦੂਰ ਯੂਨੀਅਨ ਆਦਿ ਜਥੇਬੰਦੀਆਂ ਸ਼ਾਮਲ ਸਨ।

**ਮਾਨਸਾ (ਆਤਮਾ ਸਿੰਘ ਪਮਾਰ)** : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਮਾਨਸਾ ਜ਼ਿਲ੍ਹੇ ਦੀਆਂ ਕਿਸਾਨ ਜਥੇਬੰਦੀਆਂ, ਆੜ੍ਹਤੀਆਂ ਐਸੋਸੀਏਸ਼ਨ, ਗੱਲਾ ਮਜ਼ਦੂਰ ਯੂਨੀਅਨ, ਮੁਨੀਮ ਯੂਨੀਅਨ, ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਤੇ ਹੋਰ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਨਵੀਂ ਅਨਾਜ ਮੰਡੀ ਸਿਰਸਾ ਰੋਡ ਮਾਨਸਾ ਦੇ ਮੁੱਖ ਗੇਟ ਸਾਹਮਣੇ ਰੋਸ ਵਜੋਂ ਪੂਰਨ ਰੂਪ 'ਚ ਆਵਾਜਾਈ ਠੱਪ ਕਰਕੇ ਚੱਕਾ ਜਾਮ ਕੀਤਾ ਗਿਆ।ਰੋਸ ਧਰਨੇ ਤੇ ਚੱਕਾ ਜਾਮ ਸਮੇਂ ਸੰਬੋਧਨ ਕਰਨ ਵਾਲਿਆਂ 'ਚ ਰੁਲਦੂ ਸਿੰਘ ਮਾਨਸਾ ਸੂਬਾ ਪ੍ਰਧਾਨ ਪੰਜਾਬ ਕਿਸਾਨ ਯੂਨੀਅਨ, ਕਾ.


ਮਹਿਲ ਕਲਾਂ

ਹਰਦੇਵ ਸਿੰਘ ਅਰਸ਼ੀ ਸੂਬਾਈ ਆਗੂ ਕੁੱਲ ਹਿੰਦ ਕਿਸਾਨ ਸਭਾ, ਮੁਨੀਸ਼ ਕੁਮਾਰ ਬੱਬੀ ਦਾਨੇਵਾਲੀਆ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ, ਬੀਕੇਯੂ ਲੱਖੋਵਾਲ ਦੇ ਆਗੂ ਨਿਰਮਲ ਸਿੰਘ ਝੰਡੂਕੇ, ਬੀਕੇਯੂ ਮਾਨਸਾ ਦੇ ਸੂਬਾ ਪ੍ਰਧਾਨ ਬੋਘ ਸਿੰਘ ਮਾਨਸਾ, ਬੀਕੇਯੂ ਕਾਦੀਆਂ ਦੇ ਪ੍ਰਮਜੀਤ ਸਿੰਘ ਗਾਗੋਵਾਲ, ਬੀਕੇਯੂ ਡਕੌਂਦਾ ਬੁਰਜ ਗਿੱਲ ਦੇ ਮਹਿੰਦਰ ਸਿੰਘ ਭੈਣੀ ਬਾਘਾ, ਬੀ ਕੇ ਯੂ ਡਕੌਂਦਾ ਧਨੇਰ ਦੇ ਮੱਖਣ ਸਿੰਘ ਭੈਣੀਬਾਘਾ, ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਡਾ. ਧੰਨਾ ਮੱਲ ਗੋਇਲ , ਬੀ ਕੇ ਯੂ ਕ੍ਰਾਂਤੀਕਾਰੀ ਦੇ ਭਜਨ ਸਿੰਘ ਘੁੰਮਣ, ਗੱਲਾ ਮਜ਼ਦੂਰ ਯੂਨੀਅਨ ਦੇ ਆਗੂ ਬਚਿੱਤਰ ਸਿੰਘ ਮਾਨਸਾ, ਆੜ੍ਹਤੀਆ ਐਸੋਸੀਏਸ਼ਨ ਦੇ ਸਕੱਤਰ ਰਮੇਸ਼ ਕੁਮਾਰ ਟੋਨੀ, ਬੀ ਕੇ ਯੂ ਕਾਦੀਆਂ ਦੇ ਪ੍ਰਮਜੀਤ ਗਾਗੋਵਾਲ, ਮਲੂਕ ਸਿੰਘ ਹੀਰਕੇ ਆਗੂ ਬੀ ਕੇ ਯੂ ਮਾਲਵਾ, ਜਮਹੂਰੀ ਕਿਸਾਨ ਸਭਾ ਦੇ ਮੇਜਰ ਸਿੰਘ ਦੂਲੋਵਾਲ, ਖੇਤ ਮਜ਼ਦੂਰ ਸਭਾ ਸਭਾ ਦੇ ਕਾ. ਕ੍ਰਿਸ਼ਨ ਚੌਹਾਨ, ਏਟਕ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉਡਤ, ਪੰਜਾਬ ਕਿਸਾਨ ਯੂਨੀਅਨ ਦੇ ਗੋਰਾ ਸਿੰਘ ਭੈਣੀ ਬਾਘਾ, ਕਰਨੈਲ ਸਿੰਘ ਮਾਨਸਾ, ਸ਼ਿੰਦਰਪਾਲ ਪਾਲ ਕੌਰ, ਹਰਜਿੰਦਰ ਸਿੰਘ ਮਾਨਸ਼ਾਹੀਆ, ਸੁਖਚਰਨ ਸਿੰਘ ਦਾਨੇਵਾਲੀਆ, ਉਗਰ ਸਿੰਘ ਮਾਨਸਾ, ਤੇਜ਼ ਸਿੰਘ ਚਕੇਰੀਆਂ, ਬਲਵਿੰਦਰ ਸ਼ਰਮਾ, ਡਾ. ਸੱਤ ਪਾਲ ਬੱਗਾ, ਬਰਿਆਮ ਸਿੰਘ ਖਿਆਲਾ, ਜਾਗਰ ਸਿੰਘ ਮਾਖਾ ਆਦਿ ਆਗੂ ਸ਼ਾਮਲ ਸਨ।ਗਿਆਨੀ ਦਰਸ਼ਨ ਸਿੰਘ ਕੋਟ ਫੱਤਾ, ਭੋਲਾ ਗੜ੍ਹੱਦੀ, ਜਗਦੇਵ ਭੁਪਾਲ ਤੇ ਜਰਨੈਲ ਸਿੰਘ ਆਦਿ ਨੇ ਇਨਕਲਾਬੀ ਗੀਤ ਗਾ ਕੇ ਧਰਨੇ ਵਿੱਚ ਜੋਸ਼ ਭਰਿਆ।ਇਸ ਸਮੇਂ ਧਰਨੇ ਵਿੱਚ ਪਹੁੰਚੇ ਤੇ ਸਹਿਯੋਗੀ ਸਾਥੀਆਂ ਦਾ ਸਟੇਜ ਵੱਲੋਂ ਧੰਨਵਾਦ ਵੀ ਕੀਤਾ ਗਿਆ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)** : ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਮੰਡੀਆਂ ਵਿੱਚ ਹੋ ਰਹੀ ਕਿਸਾਨਾਂ ਮਜ਼ਦੂਰਾਂ ਦੀ ਖੱਜਲ ਖੁਆਰੀ ਨੂੰ ਲੈ ਕੇ ਪੂਰੇ ਪੰਜਾਬ ਦੀ ਸੜਕੀ ਆਵਾਜਾਈ ਠੱਪ ਕੀਤੀ ਗਈ।ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਬੂੜਾ ਗੁੱਜਰ ਦੇ ਸਵਰਗਵਾਸ ਹੋਣ 'ਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ, ਬੀਕੇਯੂ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਸ਼ਿਵਰਾਜ ਸਿੰਘ ਭੰਗਚੜ੍ਹੀ, ਬੀਕੇਯੂ ਡਕੌਂਦਾ (ਬੁਰਜ ਗਿੱਲ) ਦੇ ਜ਼ਿਲ੍ਹਾ ਪ੍ਰਧਾਨ ਪੂਰਨ ਸਿੰਘ ਵੱਟੂ, ਕੌਮੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਜਗਸੀਤ ਸਿੰਘ ਦੂਹੇਵਾਲਾ, ਪੰਜਾਬ ਕਿਸਾਨ ਯੂਨੀਅਨ ਦੇ ਮੁੱਖ ਬੁਲਾਰੇ ਜਰਨੈਲ ਸਿੰਘ ਰੋੜਾਂਵਾਲਾ, ਬੀਕੇਯੂ ਮਾਲਵਾ (ਹੀਰਕੇ) ਦੇ ਜ਼ਿਲ੍ਹਾ ਪ੍ਰਧਾਨ ਹਰਪ੍ਰੀਤ ਸਿੰਘ ਮੁਕਤਸਰ, ਬੀਕੇਯੂ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਗੋਬਿੰਦ ਸਿੰਘ ਕੋਟਲੀ ਦੇਵਨ, ਬੀਕੇਯੂ ਲੱਖੋਵਾਲ ਦੇ ਜ਼ਿਲ੍ਹਾ ਜਨਰਲ ਸਕੱਤਰ ਗੁਰਮੀਤ ਸਿੰਘ ਲੰਬੀ ਢਾਬ, ਨੌਜਵਾਨ ਭਾਰਤ ਸਭਾ ਦੇ ਸੂਬਾ ਜਨਰਲ ਸਕੱਤਰ ਮੰਗਾ ਸਿੰਘ ਆਜ਼ਾਦ, ਪੰਜਾਬ ਸਟੂਡੈਂਟਸ ਯੂਨੀਅਨ ਦੇ ਜ਼ੋਨਲ ਆਗੂ ਸੁਖਪ੍ਰੀਤ ਕੌਰ ਢਿੱਲਵਾਂ, ਕੁੱਲ ਹਿੰਦ ਕਿਸਾਨ ਸਭਾ (ਪੁੰਨਾਂਵਾਲ) ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਧਰਮਪਾਲ ਸਿੰਘ ਝਬੇਲਵਾਲੀ ਨੇ ਬੋਲਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਦਿਵਾਏ ਗਏ ਭਰੋਸੇ ਦੇ ਬਾਵਜੂਦ ਮੰਡੀਆਂ ਵਿੱਚ ਖ਼ਰੀਦ ਤੇ ਲਿਫਟਿੰਗ ਦੇ ਸੰਕਟ ਦੇ ਮਸਲੇ ਜਿਉਂ ਦੇ ਤਿਉਂ ਬਰਕਰਾਰ ਹਨ।ਕਿਸਾਨ ਮਜ਼ਦੂਰ ਮੰਡੀਆਂ ਵਿੱਚ ਰੁਲ ਰਿਹਾ ਹੈ।ਫ਼ਸਲ ਕੱਟ ਲਗਾ ਕੇ ਐੱਮ.ਐੱਸ.ਪੀ. ਤੋਂ ਘੱਟ ਵੇਚਣ ਲਈ ਮਜ਼ਬੂਰ ਕਰ ਦਿੱਤਾ ਗਿਆ ਹੈ। ਆਗੂਆਂ ਨੇ ਕਿਹਾ ਕਿ ਕਿਸਾਨਾਂ ਦੇ ਮੰਡੀਆਂ ਵਿੱਚ ਰੁਲਣ ਲਈ ਪੰਜਾਬ ਸਰਕਾਰ ਦੇ ਨਾਲ-ਨਾਲ ਕੇਂਦਰ ਦੀ ਭਾਜਪਾ ਸਰਕਾਰ ਨੂੰ ਵੀ ਕਟਹਿਰੇ ਵਿੱਚ ਖੜ੍ਹਾ ਕਰਦਿਆਂ ਦੋਸ਼ ਲਾਇਆ ਕਿ ਲਿਫਟਿੰਗ ਨਾ ਹੋਣ ਲਈ ਕੇਂਦਰ ਸਰਕਾਰ ਜ਼ਿੰਮੇਵਾਰ ਹੈ। ਪੰਜਾਬ ਦੇ ਕਿਸਾਨਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ।ਸਟੇਜ ਦੀ ਜ਼ਿੰਮੇਵਾਰੀ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ ਨੇ ਨਿਭਾਈ।ਚਾਹ ਪਾਣੀ ਦੀ ਸੇਵਾ ਕਿਰਤੀ ਕਿਸਾਨ ਯੂਨੀਅਨ ਇਕਾਈ ਪਿੰਡ ਝਬੇਲਵਾਲੀ ਨੇ ਨਿਭਾਈ।ਇਸ ਮੌਕੇ ਨਿਰਮਲ ਸਿੰਘ ਸੰਗੂਧੌਣ, ਗੁਰਦਰਸ਼ਨ ਸਿੰਘ ਰੁਪਾਣਾ, ਅਮਨਦੀਪ ਸਿੰਘ ਹਰੀ ਕੇ ਕਲਾਂ ਬਲਦੇਵ ਸਿੰਘ ਹਰੀਕੇ, ਜਸਕਰਨ ਸਿੰਘ ਬੂੜਾ ਗੁੱਜਰ, ਗੁਰਜੰਟ ਸਿੰਘ, ਪ੍ਰਗਟ ਸਿੰਘ ਝਬੇਲਵਾਲੀ ਬਲਜੀਤ ਸਿੰਘ ਫੌਜੀ ਸਰਬਜੀਤ ਸਿੰਘ ਝਬੇਲਵਾਲੀ ਪ੍ਰਦੀਪ ਕੌਰ ਗੁਰਮੀਤ ਸਿੰਘ ਮਰਾੜ ਕਲਾ ਰਣਜੀਤ ਸਿੰਘ ਬਲਵਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ।

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਮੁੱਖ ਮਾਰਗ ਦੀ ਆਵਾਜਾਈ ਠੱਪ ਕਰਕੇ ਕਿਸਾਨਾਂ ਨੇ ਮਹਿਲ ਕਲਾਂ ਵਿਖੇ ਚਾਰ ਘੰਟੇ ਰੋਸ ਪ੍ਰਦਰਸ਼ਨ ਕੀਤਾ। ਇਸ ਮੌਕੇ ਭਾਕਿਯੂ ਡਕੌਂਦਾ (ਧਨੇਰ) ਦੇ ਜਗਰਾਜ ਸਿੰਘ ਹਰਦਾਸਪੁਰਾ, ਕਾਦੀਆਂ ਦੇ ਜਗਸੀਰ ਸਿੰਘ ਛੀਨੀਵਾਲ, ਰਾਜੇਵਾਲ ਦੇ ਨਿਰਭੈ ਸਿੰਘ ਛੀਨੀਵਾਲ, ਡਕੌਂਦਾ ਬੁਰਜ ਗਿੱਲ ਦੇ ਦਰਸ਼ਨ ਸਿੰਘ ਉਗੋਕੇ, ਅਮਰਜੀਤ ਸਿੰਘ ਮਹਿਲ ਖੁਰਦ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ 1 ਅਕਤੂਬਰ ਤੋਂ ਝੋਨੇ ਦੀ ਖਰੀਦ ਦਾ ਐਲਾਨ ਕੀਤਾ ਸੀ, ਪਰ ਅੱਜ 26 ਦਿਨ ਬੀਤ ਜਾਣ ਤੱਕ ਖਰੀਦ ਸ਼ੁਰੂ ਨਹੀਂ ਹੋਈ। ਮੰਡੀਆਂ ਝੋਨੇ ਨਾਲ ਨੱਕੋ ਨੱਕ ਭਰੀਆਂ ਪਈਆਂ ਹਨ।ਡਰਦਾ ਮਾਰਾ ਕਿਸਾਨ ਖੇਤਾਂ ਵਿੱਚ ਖੜ੍ਹਾ ਝੋਨਾ ਵੱਢਣ ਤੋਂ ਅਸਮਰਥ ਹੈ, ਕਿਉਂਕਿ ਮੰਡੀਆਂ ਵਿੱਚ ਝੋਨਾ ਰੱਖਣ ਲਈ ਥਾਂ ਨਹੀਂ ਹੈ। ਇਸ ਮੌਕੇ ਗੁਰਦੇਵ ਸਿੰਘ ਮਾਂਗੇਵਾਲ, ਨਾਨਕ ਸਿੰਘ ਅਮਲਾ ਸਿੰਘ ਵਾਲਾ, ਪਰਜੀਤ ਸਿੰਘ ਪੰਮਾ, ਭੁਪਿੰਦਰ ਸਿੰਘ ਮੂੰਮ, ਅੰਗਰੇਜ਼ ਸਿੰਘ ਰਾਏਸਰ, ਚਰਨਜੀਤ ਸਿੰਘ ਕ੍ਰਿਪਾਲ ਸਿੰਘ ਵਾਲਾ, ਗੁਰਨਾਮ ਸਿੰਘ, ਹਰਪ੍ਰੀਤ ਸਿੰਘ ਠੀਕਰੀਵਾਲਾ, ਸ਼ਿੰਗਾਰਾ ਸਿੰਘ ਛੀਨੀਵਾਲ ਆਦਿ ਆਗੂ ਹਾਜ਼ਰ ਸਨ।

**ਸਰਦੂਲਗੜ੍ਹ (ਅਵਤਾਰ ਜਟਾਣਾ)** : ਸੰਯੁਕਤ ਕਿਸਾਨ ਮੋਰਚੇ ਵੱਲੋਂ ਝੋਨੇ ਦੀ ਖਰੀਦ ਨੂੰ ਲੈ ਕੇ ਅੱਜ ਦਾਣਾ ਮੰਡੀ ਝੁਨੀਰ ਵਿਖੇ ਸਰਸਾ-ਮਾਨਸਾ ਰੋਡ ਨੂੰ ਚਾਰ ਘੰਟੇ ਜਾਮ ਕੀਤਾ ਗਿਆ।ਕਿਸਾਨਾਂ ਵੱਲੋਂ ਸਰਸਾ ਮਾਨਸਾ ਰੋਡ ਵਿਖੇ ਧਰਨਾ ਲਗਾ ਕੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ।ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ ਸਖਤ ਮਿਹਨਤ ਕਰਕੇ ਦੇਸ਼ ਦਾ ਢਿੱਡ ਭਰਨ ਵਾਲਾ ਕਿਸਾਨ ਅੱਜ ਮੰਡੀਆਂ ਵਿੱਚ ਰੁਲ ਰਿਹਾ, ਝੋਨੇ ਦੀ ਫਸਲ ਦੀ ਖਰੀਦ ਨਾ ਹੋਣ ਕਰਕੇ ਮੰਡੀਆਂ ਵਿੱਚ ਫਸਲ ਦੇ ਵੱਡੇ ਵੱਡੇ ਅੰਬਾਰ ਲੱਗੇ ਹੋਏ ਹਨ, ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਫਸਲ ਖ੍ਰੀਦਨ ਦੇ ਢਿੱਲੇ ਪ੍ਰਬੰਧ ਹੋਣ ਕਰਕੇ ਮਜਬੂਰ ਕਿਸਾਨਾਂ ਨੂੰ ਸੜਕਾਂ ਰੋਕਣੀਆਂ ਪੈ ਰਹੀਆਂ ਹਨ।ਪੰਜਾਬ ਤੇ ਕੇਂਦਰ ਸਰਕਾਰ ਫ਼ਸਲ ਦੀ ਖਰੀਦ ਨੂੰ ਲੈ ਕੇ ਹਰ ਫਰੰਟ 'ਤੇ ਫੇਲ੍ਹ ਹੋ ਚੁੱਕੀਆਂ ਹਨ ਅਤੇ ਪ੍ਰਾਈਵੇਟ ਹੱਥਾਂ ਨੂੰ ਸਮਰਪਤ ਹੋ ਗਈਆਂ ਹਨ, ਜਿਸ ਨੂੰ ਕਿਸਾਨ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ। ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਜੇ ਝੋਨੇ ਦੀ ਖਰੀਦ ਵਿੱਚ ਤੇਜ਼ੀ ਨਾ ਲਿਆਂਦੀ ਗਈ ਤਾਂ ਡਿਪਟੀ ਕਮਿਸ਼ਨਰਾਂ ਦਾ ਘਿਰਾਓ ਕੀਤਾ ਜਾਵੇਗਾ ਤੇ ਰੇਲਾਂ ਰੋਕੀਆਂ ਜਾਣਗੀਆਂ।ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਦੇ ਜਗਰਾਜ ਸਿੰਘ ਹੀਰਕੇ, ਮਹਿੰਦਰ ਸਿੰਘ ਭੈਣੀ ਬਾਘਾ ਬੀਕੇਯੂ ਡਕੌਂਦਾ, ਦਰਸ਼ਨ ਸਿੰਘ ਜਟਾਣਾ ਲੱਖੋਵਾਲ, ਗੁਰਦੇਵ ਸਿੰਘ ਲੋਹਗੜ੍ਹ ਜਮਹੂਰੀਅਤ ਕਿਸਾਨ ਸਭਾ, ਮਲੂਕ ਸਿੰਘ ਹੀਰਕੇ ਬੀਕੇਯੂ ਮਾਲਵਾ, ਅਮਰੀਕ ਸਿੰਘ ਕੋਟਧਰਮੂ ਪੰਜਾਬ ਕਿਸਾਨ ਯੂਨੀਅਨ, ਹਰਦੇਵ ਸਿੰਘ ਕੋਟ ਧਰਮ ਕਾਦੀਆਂ ਗਰੁੱਪ, ਬਲਕਾਰ ਸਿੰਘ ਚਾਹਲਾਂਵਾਲੀ ਧਨੇਰ ਗਰੁੱਪ, ਮਨਜੀਤ ਸਿੰਘ ਉੱਲਕ ਬੁਰਜ ਗਿੱਲ ਗਰੁੱਪ, ਅੰਗਰੇਜ ਸਿੰਘ ਸਾਨੇਵਾਲੀ


ਮਖੂ

ਮਨੀਸ਼ ਬੱਬੀ ਦਾਨੇਵਾਲਾ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ,ਪਾਲਾ ਰਾਮ ਸੇਠ ਝਨੀਰ, ਦਰਸ਼ਨ ਸਿੰਘ ਦਾਨੇਵਾਲਾ ਮਜ਼ਦੂਰ ਮੁਕਤੀ ਮੋਰਚਾ, ਆਤਮਾ ਰਾਮ ਸਰਦੂਲਗੜ੍ਹ ਟਰੇਡ ਯੂਨੀਅਨ, ਤੋਤਾ ਸਿੰਘ ਹੀਰਕੇ, ਮਲਕੀਤ ਸਿੰਘ ਜੌੜਕੀਆਂ, ਦਰਸ਼ਨ ਸਿੰਘ ਮੋਫਰ, ਲਾਲ ਚੰਦ ਸਰਦੂਲਗੜ੍ਹ, ਬੂਟਾ ਸਿੰਘ ਘੁੱਦੂਵਾਲਾ, ਜਗਸੀਰ ਮੈਂਬਰ ਝਨੀਰ, ਬਲਜਿੰਦਰ ਸਿੰਘ ਚਾਹਲਾਂਵਾਲੀ ਆਦਿ ਕਿਸਾਨ ਆਗੂਆਂ ਨੇ ਸੰਬੋਧਨ ਕੀਤਾ।

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)** : ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਫ਼ਰੀਦਕੋਟ ਵੱਲੋਂ ਫਰੀਦਕੋਟ ਦੇ ਸਾਦਿਕ ਚੌਕ ਵਿਖੇ ਧਰਨਾ ਦਿੱਤਾ ਗਿਆ, ਜਿਸ ਵਿਚ ਮੁੱਖ ਆਗੂਆਂ ਵੱਲੋਂ ਸੰਬੋਧਨ ਕਰਨ ਵਾਲਿਆਂ ਵਿੱਚ ਸੂਬਾ ਪ੍ਰਧਾਨ ਬਿੰਦਰ ਸਿੰਘ ਗੋਲੇਵਾਲਾ ਕੌਮੀ ਕਿਸਾਨ ਯੂਨੀਅਨ, ਸ਼ਮਸ਼ੇਰ ਸਿੰਘ ਕਿੰਗਰਾ ਕਨਵੀਨਰ ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਫ਼ਰੀਦਕੋਟ, ਭੁਪਿੰਦਰ ਸਿੰਘ ਔਲਖ ਪਿੰਡ ਚਹਿਲ ਜ਼ਿਲ੍ਹਾ ਪ੍ਰਧਾਨ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ, ਰਾਜਬੀਰ ਸਿੰਘ ਗਿੱਲ ਸੰਧਵਾਂ ਸਕੱਤਰ ਜਰਨਲ ਬੀਕੇਯੂ ਕਾਦੀਆਂ, ਜਸਕਰਨ ਸਿੰਘ ਮੋਰਾਂਵਾਲੀ ਜ਼ਿਲ੍ਹਾ ਪ੍ਰਧਾਨ ਬੀਕੇਯੂ ਡਕੌਂਦਾ ਧਨੇਰ, ਸੁਖਜਿੰਦਰ ਸਿੰਘ ਤੁੰਬੜਭੰਨ ਜ਼ਿਲ੍ਹਾ ਪ੍ਰਧਾਨ ਕੁੱਲ ਹਿੰਦ ਕਿਸਾਨ ਸਭਾ, ਬੋਹੜ ਸਿੰਘ ਖਾਰਾ ਬਲਾਕ ਪ੍ਰਧਾਨ ਕੋਟਕਪੂਰਾ ਬੀਕੇਯੂ ਲੱਖੋਵਾਲ, ਅਮਰਜੀਤ ਸਿੰਘ ਪੰਨੂ ਕਿਰਤੀ ਕਿਸਾਨ


ਸਰਦੂਲਗੜ੍ਹ

ਯੂਨੀਅਨ, ਮਦਨ ਲਾਲ ਡੀਟੀਐਫ ਆਦਿ ਆਗੂਆਂ ਨੇ ਸੰਬੋਧਨ ਕਰਦੇ ਕਿਹਾ ਕੇ ਝੋਨੇ ਦੀ ਖਰੀਦ ਜੋ ਇੱਕ ਤਰੀਕ ਤੋਂ ਸ਼ੁਰੂ ਹੋਣੀ ਸੀ ਉਹ ਅੱਜ ਤੱਕ ਪੱਚੀ ਦਿਨ ਬੀਤ ਜਾਣ ਤੇ ਵੀ ਸੁਸਤ ਰਫ਼ਤਾਰ ਨਾਲ ਖਰੀਦ ਹੋ ਰਹੀ ਹੈ, ਜਿਸ ਕਰਕੇ ਮੰਡੀਆਂ ਨੱਕੋ ਨੱਕ ਭਰੀਆਂ ਪਈਆਂ ਹਨ। ਇਸ ਧਰਨੇ ਵਿੱਚ ਸ਼ਾਮਲ ਹੋਏ ਆਗੂਆਂ ਵਿੱਚ ਜ਼ੋਰਾਂ ਸਿੰਘ ਭਾਣਾ ਜ਼ਿਲ੍ਹਾ ਜਰਨਲ ਸਕੱਤਰ ਬੀਕੇਯੂ ਡਕੌਂਦਾ ਧਨੇਰ, ਸੁਖਦੇਵ ਸਿੰਘ ਬੱਬੀ ਬਰਾੜ ਜ਼ਿਲ੍ਹਾ ਜੁਆਇੰਟ ਸਕੱਤਰ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ, ਨਰਿੰਦਰ ਸਿੰਘ ਖਜ਼ਾਨਚੀ ਬਲਾਕ ਕੋਟਕਪੂਰਾ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ, ਜਸਵੰਤ ਸਿੰਘ ਕੰਮੇਆਣਾ, ਨਛੱਤਰ ਸਿੰਘ ਕਿਲ੍ਹਾ ਨੌ ਜ਼ਿਲ੍ਹਾ ਮੀਤ ਬੀਕੇਯੂ ਕਾਦੀਆਂ, ਬਲਵੰਤ ਸਿੰਘ ਕੰਮੇਆਣਾ, ਗੁਰਨਾਮ ਸਿੰਘ ਬਿੱਲਾ ਮੰਡ ਕੌਮੀ ਕਿਸਾਨ ਯੂਨੀਅਨ, ਜਸਵਿੰਦਰ ਸਿੰਘ ਖਾਰਾ, ਕਾਕਾ ਸਿੰਘ ਬਰਾੜ ਬੀਕੇਯੂ ਲੱਖੋਵਾਲ, ਪ੍ਰਦੀਪ ਸਿੰਘ ਬਰਾੜ, ਹਰਬੰਸ ਸਿੰਘ ਔਲਖ ਕੁੱਲ ਹਿੰਦ ਕਿਸਾਨ ਸਭਾ, ਅਮ੍ਰਿਤ ਕੌਰ ਹਰੀਨੌ, ਬੀਬੀ ਆਸਾਂ ਰਾਣੀ ਆਦਿ ਆਗੂ ਹਾਜ਼ਰ ਸਨ।



ਪਟਿਆਲਾ ਰੋਡ 'ਤੇ ਮਾਰਕੀਟ ਕਮੇਟੀ ਦੇ ਬਾਹਰ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਧਰਨਾ ਲਾਇਆ ਗਿਆ। ਇਸ ਧਰਨੇ ਦੀ ਅਗਵਾਈ ਰਜਿੰਦਰ ਸਿੰਘ ਆਗੂ ਕੁੱਲ ਹਿੰਦ ਕਿਸਾਨ ਸਭਾ ਨੇ ਕੀਤੀ। (ਫੋਟੋ ਤੇ ਵੇਰਵਾ : ਰਮੇਸ਼ ਕਟਾਰੀਆ, ਰਾਜਪੁਰਾ)

## ਘੰਗਰੋਲੀ 'ਚ ਪਰਾਲੀ ਨੂੰ ਅੱਗ ਨਾ ਲਾਉਣ ਵਾਲੇ ਕਿਸਾਨਾਂ ਦਾ ਕੀਤਾ ਸਨਮਾਨ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪਟਿਆਲਾ ਜ਼ਿਲ੍ਹੇ 'ਚ ਪਰਾਲੀ ਨੂੰ ਸਾੜਨ ਤੋਂ ਰੋਕਣ ਲਈ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਤੇ ਐੱਸ.ਐੱਸ.ਪੀ. ਡਾ. ਨਾਨਕ ਸਿੰਘ ਨੇ ਬੀਤੀ ਦੇਰ ਸ਼ਾਮ ਜ਼ਿਲ੍ਹੇ ਦੀ ਸਮਾਣਾ ਸਬ ਡਵੀਜ਼ਨ ਦੇ ਕਈ ਪਿੰਡਾਂ ਦਾ ਦੌਰਾ ਕੀਤਾ। ਉਨ੍ਹਾਂ ਪਿੰਡ ਘੰਗਰੋਲੀ ਵਿਖੇ ਜਿੱਥੇ ਇੱਕ ਖੇਤ ਵਿੱਚ ਲੱਗੀ ਅੱਗ ਖ਼ੁਦ ਕੋਲ ਖੜ੍ਹ ਕੇ ਬੁਝਵਾਈ, ਉਥੇ ਹੀ ਇਸੇ ਪਿੰਡ ਦੇ ਦੋ ਕਿਸਾਨਾਂ ਵੱਲੋਂ ਪਰਾਲੀ ਸੰਭਾਲਣ ਲਈ ਕੀਤੇ ਜਾ ਰਹੇ ਉਪਰਾਲਿਆਂ ਲਈ ਇਨ੍ਹਾਂ ਦਾ ਖੇਤਾਂ ਵਿੱਚ ਜਾ ਕੇ ਸਨਮਾਨ ਵੀ ਕੀਤਾ।ਇਸੇ ਦੌਰਾਨ ਡਿਪਟੀ ਕਮਿਸ਼ਨਰ ਤੇ ਐੱਸ.ਐੱਸ.ਪੀ. ਨੇ ਸਮਾਣਾ-ਚੀਕਾ ਰੋਡ 'ਤੇ ਪਿੰਡ ਬਦਨਪੁਰ ਵਿਖੇ ਪਰਾਲੀ ਤੋਂ ਬਾਇਓਮਾਸ ਪੈਲੇਟਸ ਬਣਾਉਣ ਵਾਲੀ ਐੱਸ.ਪੀ.ਐੱਸ. ਈਕੋ ਫਰੈਂਡਲੀ ਫਿਊਲਜ਼ ਦਾ ਦੌਰਾ ਵੀ ਕੀਤਾ, ਜਿੱਥੇ ਰਾਜੀਵ ਸ਼ੈਟੀ, ਮੁਨੀਸ਼ ਕੁਮਾਰ ਤੇ ਅਜੇ ਕੁਮਾਰ ਨੇ ਦੱਸਿਆ ਕਿ ਇਹ ਪ੍ਰਾਜੈਕਟ ਪੂਰੀ ਸਫ਼ਲਤਾ ਪੂਰਵਕ ਚੱਲ ਰਿਹਾ ਹੈ ਤੇ ਪਰਾਲੀ ਦਾ ਪੱਕਾ ਹੱਲ ਹੋ ਰਿਹਾ ਹੈ।

ਡਿਪਟੀ ਕਮਿਸ਼ਨਰ ਤੇ ਐੱਸ.ਐੱਸ.ਪੀ. ਦੀ ਮੌਜੂਦਗੀ 'ਚ ਪਿੰਡ ਘੰਗਰੋਲੀ ਦੇ ਪਰਾਲੀ ਨਾ ਸਾੜਨ ਵਾਲੇ ਤੇ ਬੇਲਰ ਨਾਲ ਸੰਭਾਲ ਕੇ ਇਸ ਦੀਆਂ ਗੱਠਾਂ ਬਣਵਾਉਣ ਵਾਲੇ ਕਿਸਾਨਾਂ ਅਵਤਾਰ ਸਿੰਘ ਤੇ ਗੁਰਪ੍ਰੀਤ ਸਿੰਘ, ਨੇ ਹੋਰ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਅੱਗ ਨਾ ਲਗਾਉਣ ਸਗੋਂ ਇਸ ਦੇ ਸੁਚੱਜੇ ਪ੍ਰਬੰਧਨ ਲਈ ਅੱਗੇ ਆਉਣ।ਉਨ੍ਹਾਂ ਡਿਪਟੀ ਕਮਿਸ਼ਨਰ ਤੇ ਪ੍ਰਸ਼ਾਸਨ ਦਾ ਧੰਨਵਾਦ ਵੀ ਕੀਤਾ ਕਿ ਉਨ੍ਹਾਂ ਨੇ ਸਮੇਂ ਸਿਰ ਉਨ੍ਹਾਂ ਨੂੰ ਮਸ਼ੀਨਰੀ ਉਪਬਲੱਧ ਕਰਵਾ ਦਿੱਤੀ ਹੈ।ਇਸੇ ਦੌਰਾਨ ਇੱਕ ਖੇਤ ਵਿੱਚ ਲੱਗੀ ਅੱਗ ਨੂੰ ਬੁਝਾਉਣ ਲਈ ਡਿਪਟੀ ਕਮਿਸ਼ਨਰ ਤੇ ਐਸ.ਐਸ.ਪੀ. ਨੇ ਖ਼ੁਦ ਅਗਵਾਈ ਕੀਤੀ, ਥਾਣਾ ਸਦਰ ਸਮਾਣਾ ਦੇ ਐਸ.ਐਚ.ਓ. ਅਵਤਾਰ ਸਿੰਘ ਨੇ ਟ੍ਰੈਕਟਰ ਚਲਾ ਕੇ ਤੇ ਚੌਂਕੀ ਇੰਚਾਰਜ ਮਵੀ ਕਲਾਂ ਏ.ਐੱਸ.ਆਈ. ਹਰਦੀਪ ਸਿੰਘ ਤੇ ਹੋਰ ਮੁਲਾਜ਼ਮਾਂ ਨੇ ਪਰਾਲੀ ਨੂੰ ਲੱਗੀ ਅੱਗ ਬੁਝਾਈ।

## ਇੰਡਸਟਰੀ ਚੈਂਬਰ ਵੱਲੋਂ ਦੀਵਾਲੀ ਤੇ ਸਨਮਾਨ ਸਮਾਗਮ ਦਾ ਆਯੋਜਨ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**

ਸੰਗਰੂਰ ਡਿਸਟ੍ਰਿਕਟ ਇੰਡਸਟਰੀਅਲ ਚੈਂਬਰ ਦੀ ਧੂਰੀ ਸ਼ਾਖਾ ਵੱਲੋਂ ਪ੍ਰਧਾਨ ਮੁਕੇਸ਼ ਸਿੰਗਲਾ ਬੰਟੀ ਦੀ ਅਗਵਾਈ ਹੇਠ ਲੰਘੀ ਰਾਤ ਸਥਾਨਕ ਇਕ ਹੋਟਲ ਵਿਖੇ ਦੀਵਾਲੀ ਅਤੇ ਸਨਮਾਨ ਸਮਾਗਮ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਚੈਂਬਰ ਦੇ ਜ਼ਿਲ੍ਹਾ ਚੇਅਰਮੈਨ ਤੇ ਰਾਸ਼ਟਰੀ ਇਨਾਮ ਜੇਤੂ ਸ਼ਹਿਰ ਦੇ ਉੱਘੇ ਉਦਯੋਗਪਤੀ ਡਾ. ਏ ਆਰ ਸ਼ਰਮਾ, ਜ਼ਿਲ੍ਹਾ ਪ੍ਰਧਾਨ ਸਜੀਵ ਸੂਦ ਤੇ ਰਾਈਸੀਲਾ ਗਰੁੱਪ ਦੇ ਡਾਇਰੈਕਟਰ ਪ੍ਰਸ਼ੋਤਮ ਗਰਗ ਕਾਲਾ ਵੀ ਉਚੇਚੇ ਤੌਰ 'ਤੇ ਮੌਜੂਦ ਰਹੇ।ਸਮਾਗਮ ਦੀ ਸ਼ੁਰੂਆਤ ਚੈਂਬਰ ਦੇ ਮੀਤ ਪ੍ਰਧਾਨ ਰਾਜੇਸ਼ ਸਿੰਗਲਾ ਸ਼ੈਟੀ ਨੇ ਸਮੂਹ ਮਹਿਮਾਨਾਂ ਤੇ ਮੈਂਬਰਾਂ ਦਾ ਸਵਾਗਤ ਕਰਕੇ ਕੀਤੀ।ਉਨ੍ਹਾਂ ਇਸ ਮੌਕੇ ਸਮੂਹ ਹਾਜ਼ਰੀਨ ਨੂੰ ਦੀਵਾਲੀ ਦੀ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਅੱਜ ਦੇ ਇਸ ਸਮਾਗਮ ਦਾ ਮੁੱਖ ਮਕਸਦ ਜਿੱਥੇ ਦੀਵਾਲੀ ਦੀ ਖ਼ੁਸ਼ੀ ਇਕ ਦੂਸਰੇ ਨਾਲ ਸਾਂਝੀ ਕਰਨਾ ਹੈ।ਇਸੇ ਦੌਰਾਨ ਸ਼ੈਟੀ ਸਿੰਗਲਾ ਨੇ ਮੌਕੇ 'ਤੇ ਬਾਗੜੀਆਂ ਰੋਡ, ਸ਼ੇਰਪੁਰ ਫੀਡਰ, ਮਾਲੇਰਕੋਟਲਾ ਰੋਡ ਤੇ ਬਿਜਲੀ ਦੀ ਨਿਰੰਤਰ ਸਪਲਾਈ ਦੀ ਮੰਗ ਕੀਤੀ, ਮੌਕੇ 'ਤੇ ਮੌਜੂਦ ਪਾਵਰਕਾਮ ਦੇ ਚੀਫ ਰਤਨ ਮਿੱਤਲ ਨੇ ਕੰਮ ਦਾ ਤਖ਼ਮੀਨਾ ਬਣਵਾ ਕੇ ਜਲਦੀ ਕੰਮ ਕਰਵਾਉਣ ਦਾ ਭਰੋਸਾ ਵੀ ਦਿੱਤਾ।ਇਸ ਮੌਕੇ ਜ਼ਿਲ੍ਹਾ ਚੇਅਰਮੈਨ ਡਾ. ਏ ਆਰ ਸ਼ਰਮਾ ਨੇ ਕਿਹਾ ਕਿ ਪ੍ਰਸ਼ਾਸਨ ਨਾ ਸਿਰਫ ਉਦਯੋਗਪਤੀਆਂ ਲਈ, ਸਗੋਂ ਸਮੂਹ ਵਰਗਾਂ ਤੇ ਸਰਕਾਰ ਦਰਮਿਆਨ ਇੱਕ ਕੜੀ ਦਾ ਕੰਮ ਕਰਦਾ ਹੈ। ਉਨ੍ਹਾਂ ਧੂਰੀ ਵਿਖੇ ਬਤੌਰ ਐੱਸ.ਡੀ.ਐੱਮ. ਸੇਵਾਵਾਂ ਨਿਭਾ ਚੁੱਕੇ ਪੀ.ਸੀ.ਐੱਸ. ਅਧਿਕਾਰੀ ਅਮਿਤ ਗੁਪਤਾ ਤੇ ਡੀ.ਐੱਸ.ਪੀ. ਰਹੇ ਤਲਵਿੰਦਰ ਸਿੰਘ ਗਿੱਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਅਧਿਕਾਰੀਆਂ ਵੱਲੋਂ ਸ਼ਾਨਦਾਰ ਤਰੀਕੇ ਨਾਲ ਨਿਭਾਈਆਂ ਗਈਆਂ ਸੇਵਾਵਾਂ ਦੇ ਚੱਲਦਿਆਂ ਇਹ ਸਾਨੂੰ ਸਾਡੇ ਅਧਿਕਾਰੀ ਘੱਟ, ਸਗੋਂ ਭਰਾ ਜ਼ਿਆਦਾ ਲੱਗਦੇ ਸੀ।ਉਨ੍ਹਾਂ ਇਸ ਦੇ ਨਾਲ ਹੀ ਧੂਰੀ ਦੇ ਹੀ ਰਹਿਣ ਵਾਲੇ ਪਾਵਰਕਾਮ ਦੇ ਚੀਫ ਇੰਜੀਨੀਅਰ ਰਤਨ ਮਿੱਤਲ ਵੱਲੋਂ ਧੂਰੀ ਵਿਖੇ ਬਿਜਲੀ ਸੁਧਾਰਾਂ ਲਈ ਕੀਤੇ ਗਏ ਯਤਨਾਂ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਬਿਜਲੀ ਕਿਸੇ ਵੀ ਇੰਡਸਟਰੀ ਲਈ ਲਾਈਫ ਲਾਈਨ ਹੁੰਦੀ ਹੈ ਤੇ ਇਸ ਤੋਂ ਬਿਨਾਂ ਉਦਯੋਗਾਂ ਦੀ ਤਰੱਕੀ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ।

ਸਮਾਗਮ ਦੌਰਾਨ ਡਾ. ਏ ਆਰ ਸ਼ਰਮਾ ਨੇ ਚੈਂਬਰ ਦੇ ਜ਼ਿਲ੍ਹਾ ਪ੍ਰਧਾਨ ਸਜੀਵ ਸੂਦ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਡੇ ਨਵੇਂ ਪ੍ਰਧਾਨ ਸੂਦ ਸਾਹਿਬ ਬੇਹੱਦ ਨਿਮਰ ਸੁਭਾਅ ਦੇ ਮਾਲਕ ਹਨ ਤੇ ਅੱਜ ਉਨ੍ਹਾਂ ਦੇ ਇਸ ਸਮਾਗਮ 'ਚ ਸ਼ਮੂਲੀਅਤ ਕਰਨ ਨਾਲ ਅਸੀਂ ਮਾਨ ਮਹਿਸੂਸ ਕਰ ਰਹੇ ਹਾਂ।

ਸਮਾਗਮ ਦੌਰਾਨ ਐੱਸ.ਡੀ.ਐੱਮ. ਅਮਿਤ ਗੁਪਤਾ ਨੂੰ ਸਨਮਾਨਤ ਕਰਨ ਮੌਕੇ ਉਨ੍ਹਾਂ ਕਿਹਾ ਕਿ ਧੂਰੀ ਨਾਲ ਸਾਡੀ ਦਿਲ ਦੀ ਸਾਂਝ ਹੈ ਤੇ ਇੱਥੇ ਦੇ ਲੋਕਾਂ ਵੱਲੋਂ ਉਨ੍ਹਾਂ ਨੂੰ ਹਮੇਸ਼ਾ ਭਰਪੂਰ ਸਹਿਯੋਗ ਤੇ ਪਿਆਰ ਦਿੱਤਾ ਗਿਆ ਹੈ, ਜਿਸ ਨੂੰ ਉਹ ਕਦੇ ਭੁਲਾ ਨਹੀਂ ਸਕਦੇ।ਇਸ ਮੌਕੇ ਪਾਵਰਕਾਮ ਦੇ ਚੀਫ ਇੰਜੀਨੀਅਰ ਰਤਨ ਮਿੱਤਲ ਨੇ ਕਿਹਾ ਕਿ ਕਿਸੇ ਵੀ ਦੇਸ਼ ਦੀ ਆਰਥਕਤਾ ਇੰਡਸਟਰੀ ਰਾਹੀ ਹੀ ਮਜ਼ਬੂਤ ਕੀਤੀ ਜਾ ਸਕਦੀ ਹੈ ਤੇ ਉਹ ਇੰਡਸਟਰੀ ਨੂੰ ਹਰ ਮੁਮਕਿਨ ਯੋਗਦਾਨ ਦੇਣ ਲਈ ਹਮੇਸ਼ਾ ਤਿਆਰ ਹਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਕਿੱਟੀ ਚੋਪੜਾ, ਗੁਰਬਖਸ਼ ਸਿੰਘ ਗੁੱਡੂ ਚੇਅਰਮੈਨ, ਅਮਿਤ ਗੋਇਲ ਜਨਰਲ ਸਕੱਤਰ, ਚੰਦਨ ਮਿੱਤਲ ਕੈਫੀ ਕੈਸ਼ੀਅਰ, ਸੰਜੇ ਗੋਇਲ ਤੇ ਦਰਸ਼ਨ ਸਿੰਘ ਵਾਈਸ ਚੇਅਰਮੈਨ, ਜੀਵਨ ਜੈਨ, ਜਗਦੇਵ ਜਿੰਦਲ ਜੱਗਾ, ਰਵੀ ਬਾਂਸਲ, ਵਿਜੇ ਗੋਇਲ, ਵਿਨੋਦ ਗਰਗ, ਸ਼ਸ਼ੀ ਭੂਸ਼ਣ ਬਾਂਸਲ, ਰੋਮੀ ਸਿੰਗਲਾ, ਦੀਪਕ, ਦਵਿੰਦਰ ਗਰਗ ਆਦਿ ਮੌਜੂਦ ਸਨ।

## ਏ ਡੀ ਸੀ ਵੱਲੋਂ ਪਰਾਲੀ ਵਰਤਣ ਵਾਲੇ ਉਦਯੋਗਾਂ ਦੇ ਨੁਮਾਇੰਦਿਆਂ ਨਾਲ ਬੈਠਕ



**ਨਾਭਾ (ਵਰਿੰਦਰ ਵਰਮਾ)**-ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ ਦਿਹਾਤੀ ਵਿਕਾਸ ਅਨੁਪ੍ਰਿਤਾ ਜੌਹਲ ਨੇ ਸੁਚੱਜੇ ਪਰਾਲੀ ਪ੍ਰਬੰਧਨ ਲਈ ਨਾਭਾ ਦੇ ਐੱਸ.ਡੀ.ਐੱਮ. ਡਾ. ਇਸਮਤ ਵਿਜੇ ਸਿੰਘ ਦੇ ਦਫ਼ਤਰ ਵਿਖੇ ਪਰਾਲੀ ਵਰਤਣ ਵਾਲੇ ਉਦਯੋਗਾਂ ਸ੍ਰੀ ਗਣੇਸ਼ ਐਡੀਬਲਜ, ਸੁਖਬੀਰ ਐਗਰੋ, ਸਰਦਾਰ ਸੋਲਵੈਕਸ, ਕਰਨ ਬਾਇਓਫਿਊਲਜ਼, ਸੰਜੇ ਸੋਲਵੈਕਸ ਆਦਿ ਦੇ ਨੁਮਾਇੰਦਿਆਂ, ਖੇਤੀਬਾੜੀ ਵਿਭਾਗ ਤੇ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਅਧਿਕਾਰੀਆਂ ਨਾਲ ਬੈਠਕ ਕੀਤੀ। ਇਸ ਦੌਰਾਨ ਉਨ੍ਹਾਂ ਨੇ ਨਾਭਾ ਤੇ ਪਟਿਆਲਾ ਸਬ ਡਵੀਜ਼ਨ ਦੇ ਪਿੰਡਾਂ ਵਿੱਚ ਬਿਨ੍ਹਾਂ ਅੱਗ ਲਗਾਏ ਪਰਾਲੀ ਸੰਭਾਲਣ ਲਈ ਬੇਲਰ ਭੇਜਣ ਦਾ ਪ੍ਰਬੰਧ ਕੀਤਾ। ਏ.ਡੀ.ਸੀ. ਅਨੁਪ੍ਰਿਤਾ ਜੌਹਲ ਨੇ ਕਿਹਾ ਕਿ ਕਿਸਾਨ ਪਰਾਲੀ ਸੰਭਾਲਣ ਲਈ ਬੇਲਰ ਆਦਿ ਮਸ਼ੀਨਰੀ ਤੇ ਕਣਕ ਦੀ ਬਿਜਾਈ ਲਈ ਸੁਪਰ ਸੀਡਰ, ਹੈਪੀ ਸੀਡਰ ਤੇ ਸਰਫ਼ੇਸ ਸੀਡਰ ਲੈਣ ਲਈ ਨੰਬਰਦਾਰਾਂ, ਕਲੱਸਟਰ ਅਫ਼ਸਰ, ਖੇਤੀਬਾੜੀ ਵਿਭਾਗ, ਸਹਿਕਾਰੀ ਸਭਾਵਾਂ ਤੇ ਐੱਸ.ਡੀ.ਐੱਮ. ਦਫ਼ਤਰ ਨਾਲ ਕਰਨ ਸੰਪਰਕ। ਇਸ ਤੋਂ ਬਿਨਾਂ ਕਣਕ ਨੂੰ ਸੁੰਡੀ ਆਦਿ ਦੇ ਹਮਲੇ ਤੋਂ ਬਚਾਉਣ ਲਈ ਖੇਤੀਬਾੜੀ ਵਿਭਾਗ ਨਾਲ ਸੰਪਰਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਲੋੜੀਂਦੀ ਮਸ਼ੀਨਰੀ ਉਪਲੱਬਧ ਕਰਵਾਈ ਜਾ ਰਹੀ ਹੈ, ਪ੍ਰੰਤੂ ਕਿਸਾਨ ਆਪਣੇ ਖੇਤਾਂ ਵਿੱਚ ਅੱਗ ਨਾ ਲਗਾਉਣ। ਐੱਸ.ਡੀ.ਐੱਮ. ਡਾ. ਇਸਮਤ ਵਿਜੇ ਸਿੰਘ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਸੁਪਰੀਮ ਕੋਰਟ ਤੇ ਨੈਸ਼ਨਲ ਗਰੀਨ ਟ੍ਰਿਬਿਊਨ ਦੇ ਪਰਾਲੀ ਨਾ ਸਾੜਨ ਬਾਰੇ ਆਦੇਸ਼ਾਂ ਤੋਂ ਜਾਣੂ ਕਰਵਾਉਣ ਦੇ ਨਾਲ-ਨਾਲ ਪਰਾਲੀ ਪ੍ਰਬੰਧਨ ਲਈ ਮਸ਼ੀਨਰੀ ਪ੍ਰਦਾਨ ਕਰਨ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਪ੍ਰਬੰਧਾਂ ਬਾਰੇ ਪਿੰਡਾਂ ਵਿੱਚ ਅਨਾਊਂਸਮੈਂਟ ਕਰਵਾਈ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਕਿਸਾਨ ਪਿੰਡ ਦੇ ਨੰਬਰਦਾਰਾਂ, ਕਲੱਸਟਰ ਅਫ਼ਸਰਾਂ, ਖੇਤੀਬਾੜੀ ਵਿਭਾਗ, ਸਹਿਕਾਰੀ ਸਭਾਵਾਂ ਤੇ ਐੱਸ.ਡੀ.ਐੱਮ. ਦਫ਼ਤਰ ਨਾਲ ਸੰਪਰਕ ਕਰਕੇ ਵੀ ਪਰਾਲੀ ਨੂੰ ਬਿਨਾਂ ਅੱਗ ਲਾਏ ਸੰਭਾਲ ਸਕਦੇ ਹਨ।

26-Oct-PAGE-8.qxd 10/25/2024 9:37 PM Page 1



# ਨਜਾਇਜ਼ ਕਬਜ਼ਿਆਂ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਕਰਨਾ ਪੈ ਰਿਹਾ ਸਾਹਮਣਾ




**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ )** ਤਿਉਹਾਰਾਂ ਦੇ ਸੀਜਨ 'ਤੇ ਕਬਜ਼ਿਆਂ ਦੀ ਸਮੱਸਿਆ ਬਰਕਰਾਰ ਹੈ। ਨਜਾਇਜ਼ ਕਬਜ਼ਿਆਂ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।ਇਹ ਪੈਦਲ ਚੱਲਣ ਵਾਲਿਆਂ ਲਈ ਵੱਡੀ ਸਮੱਸਿਆ ਹੈ। ਟਰੈਫਿਕ ਨੂੰ ਪਾਰ ਕਰਨਾ ਉਨ੍ਹਾਂ ਦੀ ਮਜਬੂਰੀ ਬਣ ਗਿਆ ਹੈ।ਅਜਿਹੇ 'ਚ ਕਿਸੇ ਸਮੇਂ ਵੀ ਕੋਈ ਹਾਦਸਾ ਵਾਪਰਨ ਦਾ ਖਦਸ਼ਾ ਬਣਿਆ ਹੋਇਆ ਹੈ, ਪਰ ਇਸ ਦੀ ਕਿਸੇ ਨੂੰ ਕੋਈ ਪ੍ਰਵਾਹ ਨਹੀਂ ਹੈ। । ਕੋਠੀ ਰੋਡ, ਆਈਸ ਫੈਕਟਰੀ ਰੋਡ, ਅੰਬੇਡਕਰ ਚੌਕ ਸਬਜ਼ੀ ਮੰਡੀ ਨੇੜੇ ਚਾਰੇ ਪਾਸੇ ਨਾਜਾਇਜ਼ ਕਬਜ਼ੇ ਹਨ। ਲੋਕ ਨਾ ਤਾਂ ਆਪਣੇ ਵਾਹਨ ਪਾਰਕ ਕਰ ਸਕਦੇ ਹਨ ਅਤੇ ਨਾ ਹੀ ਪੈਦਲ ਤੁਰਨਾ ਮੁਸ਼ਕਿਲ ਹੋ ਗਿਆ ਹੈ । ਸੁਰਜੀਤ ਕਰੀਮਪੁਰੀ ਨੇ ਦੱਸਿਆ ਕਿ ਚੰਡੀਗੜ੍ਹ ਰੋਡ ਵੱਲ ਵੀ ਅਜਿਹੀ ਹੀ ਸਮੱਸਿਆ ਹੈ। ਚੰਡੀਗੜ੍ਹ ਰੋਡ ਸਕੂਲ ਦੇ ਕੋਲ ਕਬਜ਼ਿਆ ਦੀ ਭਰਮਾਰ ਹੈ। ਹਾਦਸਿਆ ਵੀ ਡਰ ਬਣਿਆ ਰਹਿੰਦਾ ਹੈ। ਪੂਰੇ ਸ਼ਹਿਰ ਵਿੱਚ ਜਿੱਧਰ ਵੀ ਨਜ਼ਰ ਮਾਰੋ, ਨਜਾਇਜ਼ ਕਬਜ਼ਿਆਂ ਦਾ ਸਾਮਰਾਜ ਫੈਲਿਆ ਹੋਇਆ ਹੈ । ਖਾਦਿਮ ਡਾ. ਪਰਮਜੀਤ ਨੇ ਕਿਹਾ ਕਿ ਕਬਜ਼ਿਆਂ ਕਾਰਨ ਹਰ ਰੋਜ਼ ਟ੍ਰੈਫਿਕ ਜਾਮ ਲੱਗਦੇ ਹਨ। ਇਸ ਸਮੱਸਿਆ ਦਾ ਕੋਈ ਸਥਾਈ ਹੱਲ ਹੋਣਾ ਚਾਹੀਦਾ ਹੈ। ਐਮ ਸੀ ਬਲਵਿੰਦਰ ਕੁਮਾਰ ਭੁੰਬਲਾ ਦਾ ਕਹਿਣਾ ਹੈ ਕਿ ਠੋਸ ਰਣਨੀਤੀ ਬਣਾ ਕੇ ਕਬਜ਼ੇ ਹਟਾਉਣੇ ਚਾਹੀਦੇ ਹਨ। ਦੋ ਪਹੀਆ ਅਤੇ ਚਾਰ ਪਹੀਆ ਵਾਹਨ ਸੜਕ ਦੇ ਅੱਧ ਵਿਚਕਾਰ ਖੜ੍ਹੇ ਹਨ, ਜਿਸ ਕਾਰਨ ਜਾਮ ਲੱਗ ਜਾਂਦਾ ਹੈ ਅਤੇ ਰਾਹਗੀਰਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਆਰ ਕੇ ਸਵੀਕਾਰ ਸੰਪ ਹਿਤੇਸ਼ ਕੁਮਾਰ ਦਾ ਕਹਿਣਾ ਹੈ ਕਿ ਜੇਕਰ ਮੁਹਿੰਮ ਚਲਾ ਕੇ ਸੜਕ ਖਾਲੀ ਕਰਵਾਈ ਜਾਵੇ ਤਾਂ ਹੀ ਸਮੱਸਿਆ ਹੱਲ ਹੋਵੇਗੀ। ਫੁੱਟਪਾਥ 'ਤੇ ਦੁਕਾਨਦਾਰ, ਸਬਜ਼ੀਆਂ ਵੇਚਣ ਵਾਲੇ ਆਪਣੀਆਂ ਦੁਕਾਨਾਂ ਸੜਕਾਂ ਦੇ ਕਿਨਾਰੇ ਹੀ ਲਗਾ ਲੈਂਦੇ ਹਨ, ਜਿਸ ਕਾਰਨ ਪੈਦਲ ਚੱਲਣ ਵਾਲਿਆਂ ਨੂੰ ਆਉਣ-ਜਾਣ ਵਿੱਚ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।ਸੜਕ 'ਤੇ ਵਾਹਨਾਂ ਦੀ ਆਵਾਜਾਈ ਕਾਰਨ ਪੈਦਲ ਚੱਲਣ ਸਮੇਂ ਹਾਦਸਾ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ । ਵਿਜੈ ਕੁਮਾਰ ਗਰੋਅਪ ਤੇਲ ਦਾ ਕਹਿਣਾ ਹੈ ਕਿ ਜਦੋਂ ਤੱਕ ਪ੍ਰਸ਼ਾਸਨ ਕੋਈ ਠੋਸ ਰਣਨੀਤੀ ਬਣਾ ਕੇ ਇਸ 'ਤੇ ਕਾਰਵਾਈ ਨਹੀਂ ਕਰਦਾ, ਸਮੱਸਿਆ ਦਾ ਹੱਲ ਹੋਣ ਵਾਲਾ ਨਹੀਂ ਹੈ। ਡਾਕਟਰ ਅਵਤਾਰ ਬਾਲੀ ਦਾ ਕਹਿਣਾ ਹੈ ਕਿ ਪੈਦਲ ਚੱਲਣ ਵਾਲਿਆਂ ਨੂੰ ਪੈਦਲ ਚੱਲਣ 'ਚ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਹੈ। ਬਹਾਦੁਰ ਚੰਦ ਅਰੋੜਾ ਦਾ ਕਹਿਣਾ ਹੈ ਕਿ ਸ਼ਹਿਰ 'ਚ ਟ੍ਰੈਫਿਕ ਜਾਮ ਲੱਗੇ ਰਹਿੰਦੇ ਹਨ । ਟ੍ਰੈਫਿਕ ਜਾਮ ਦਾ ਇਕ ਕਾਰਨ ਨਾਜਾਇਜ਼ ਕਬਜ਼ੇ ਵੀ ਹਨ। ਇਸ ਕਾਰਨ ਇੱਥੇ ਕਾਫੀ ਟ੍ਰੈਫਿਕ ਜਾਮ ਰਹਿੰਦਾ ਹੈ, ਫੁੱਟਪਾਥਾਂ 'ਤੇ ਕਬਜ਼ਿਆਂ ਦੀ ਸਮੱਸਿਆ ਲਗਾਤਾਰ ਬਣੀ ਹੋਈ ਹੈ, ਜਿਸ ਕਾਰਨ ਪੈਦਲ ਚੱਲਣ ਵਾਲਿਆਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਪ੍ਰਕਾਸ਼ ਮਾਡਲ ਐਮ ਡੀ ਸੁਖਰਾਜ ਸਿੰਘ ਕੈਂਡੀ ਦਾ ਕਹਿਣਾ ਹੈ ਕਿ ਮਹੀਨਾ ਬੱਧਾ ਰਹਿੰਦਾ ਹੈ, ਦੋ ਪਹੀਆ ਅਤੇ ਚਾਰ ਪਹੀਆ ਵਾਹਨ ਸੜਕ ਦੇ ਅੱਧ ਵਿਚਕਾਰ ਖੜ੍ਹੇ ਹਨ, ਜਿਸ ਕਾਰਨ ਜਾਮ ਲੱਗ ਜਾਂਦਾ ਹੈ।

# ਅਧਿਆਪਕਾਂ ਨੂੰ ਨੋਟਿਸ ਕੱਢਣ ਦੀ ਜੀ ਟੀ ਯੂ ਵੱਲੋਂ ਨਿਖੇਧੀ

**ਫਿਲੌਰ (ਨਿਰਮਲ)**- ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਸਕੱਤਰ ਗੁਰਵਿੰਦਰ ਸਿੰਘ ਸੱਸਕੋਰ , ਕੈਸ਼ੀਅਰ ਅਮਨਦੀਪ ਸ਼ਰਮਾ ਤੇ ਪ੍ਰੈਸ ਸਕੱਤਰ ਕਰਨੈਲ ਫਿਲੌਰ ਨੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਵਲੋ ਸਰਕਾਰੀ ਪ੍ਰਾਇਮਰੀ ਸਕੂਲ ਗੋਦਾਰਾ ਦੇ ਅਧਿਆਪਕਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਨੋਟਿਸ ਵਿੱਚ ਅਧਿਆਪਕਾਂ 'ਤੇ ਇੱਕ ਸਥਾਨਕ ਵਿਧਾਇਕ ਵੱਲੋਂ ਸਕੂਲ ਦੀ ਅਚਨਚੇਤ ਚੈਕਿੰਗ ਦੌਰਾਨ ਵੀ ਆਈ ਪੀ ਟ੍ਰੀਟਮੈਂਟ ਨਾ ਮਿਲਣ 'ਤੇ ਸ਼ਿਕਾਇਤ ਕੀਤੀ ਗਈ ਸੀ।ਆਗੂਆਂ ਨੇ ਕਿਹਾ ਕਿ ਵੀ ਆਈ ਪੀ ਕਲਚਰ ਦਾ ਵਿਰੋਧ ਕਰਕੇ ਸਤਾ ਵਿੱਚ ਆਈ ਸਰਕਾਰ ਦੇ ਵਿਧਾਇਕ ਤੇ ਮੰਤਰੀ ਹੁਣ ਆਪ ਸੁਪਰ ਵੀ ਆਈ ਪੀ ਕਲਚਰ ਦਾ ਸ਼ਿਕਾਰ ਹੋ ਗਏ ਹਨ ਤੇ ਸਕੂਲਾਂ ਤੇ ਹੋਰ ਸੰਸਥਾਨਾਂ ਵਿੱਚ ਵੀ ਆਈ ਪੀ ਟ੍ਰੀਟਮੈਂਟ ਭਾਲਦੇ ਹਨ।ਉਹਨਾਂ ਕਿਹਾ ਕਿ ਸਕੂਲਾਂ ਵਿੱਚ ਅਧਿਆਪਕਾਂ ਦਾ ਕੰਮ ਬੱਚਿਆਂ ਨੂੰ ਸਿੱਖਿਆ ਦੇਣਾ ਹੈ, ਨਾ ਕਿ ਕਿਸੇ ਦੇ ਸਵਾਗਤ ਲਈ ਸੜਕ 'ਤੇ ਖੜ੍ਹਨਾ ।ਉਹਨਾਂ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਅਗਰ ਕਿਸੇ ਵੀ ਅਧਿਆਪਕ 'ਤੇ ਕੋਈ ਕਾਰਵਾਈ ਕੀਤੀ ਗਈ ਤਾਂ ਬਾਕੀ ਆਧਿਆਪਕ ਜਥੇਬੰਦੀਆਂ ਨੂੰ ਨਾਲ ਲੈ ਕੇ ਸੰਘਰਸ਼ ਕੀਤਾ ਜਾਵੇਗਾ ।ਇਸ ਸਮੇਂ ਬਲਵਿੰਦਰ ਸਿੰਘ ਭੁੱਟੋ ਜਥੇਬੰਧਕ ਸਕੱਤਰ, ਜਸਵਿੰਦਰ ਸਮਾਣਾ ਸਹਾਇਕ ਜਥੇਬੰਧਕ ਸਕੱਤਰ, ਕੁਲਦੀਪ ਸਿੰਘ ਪੂਰੋਵਾਲ, ਗੁਰਪ੍ਰੀਤ ਸਿੰਘ ਅੰਮੀਵਾਲ ਸੀਨੀਅਰ ਮੀਤ ਪ੍ਰਧਾਨ, ਗੁਰਦੀਪ ਸਿੰਘ ਬਾਜਵਾ, ਮਨੋਹਰ ਲਾਲ ਸ਼ਰਮਾਂ ਮੀਤ ਪ੍ਰਧਾਨ, ਦੇਵੀ ਦਿਆਲ, ਹਰਿੰਦਰ ਮੱਲੀਆਂ ਜੁਆਇੰਟ ਸਕੱਤਰ,ਦਿਲਦਾਰ ਭੰਡਾਲ, ਗਣੇਸ਼ ਭਗਤ, ਦਿਲਦਾਰ ਭੰਡਾਲ, ਗੁਰਦੀਪ ਸਿੰਘ ਬਾਜਵਾ, ਗੁਰਮੇਲ ਸਿੰਘ, ਬਲਵਿੰਦਰ ਸਿੰਘ ਭੁੱਟੋ, ਸੁਭਾਸ਼ ਪਠਾਨਕੋਟ, ਸੁੱਚਾ ਸਿੰਘ ਟਰਪਈ, ਹਰਿੰਦਰ ਮੱਲੀਆਂ , ਬਲਦੇਵ ਸਿੰਘ ਬਰਾੜ , ਸਰਬਜੀਤ ਸਿੰਘ ਬਰਾੜ,ਪਰਮਜੀਤ ਸਿੰਘ ਸ਼ੋਰੇ ਵਾਲਾ, ਰਾਜੀਵ ਹਾਂਡਾ, ਕੁਲਦੀਪ ਪੁਰੋਵਾਲ, ਸੁਖਚੈਨ ਸਿੰਘ ਬੱਧਣ, ਜਗਜੀਤ ਸਿੰਘ ਮਾਨ, ਨੂਰ ਮੁਹੰਮਦ, ਨਰਿੰਦਰ ਸਿੰਘ ਮਾਖਾ, ਜੱਜ ਪਾਲ ਸਿੰਘ ਬਾਜੇ ਕੇ, ਮਨੋਹਰ ਲਾਲ ਸ਼ਰਮਾ, ਜਸਵਿੰਦਰ ਸਿੰਘ ਸਮਾਣਾ, ਰਵਿੰਦਰ ਸਿੰਘ ਪੱਪੀ ਸਿੱਧੂ, ਬਿਕਰਮਜੀਤ, ਦੇਵੀ, ਰਜੇਸ਼ ਕੁਮਾਰ ਫਤਹਿਗੜ੍ਹ, ਮਨਜਿੰਦਰ ਸਿੰਘ ਲਾਡੀ, ਦਿਦਾਰ ਸਿੰਘ ਪਟਿਆਲਾ, ਰਸ਼ਪਾਲ ਸਿੰਘ, ਸੁਖਜਿੰਦਰ ਸਿੰਘ, ਕੁਲਦੀਪ ਸਿੰਘ ਮੋਗਾ, ਬਲਵਿੰਦਰ ਸਿੰਘ ਸੰਧੂ, ਜਗਸੀਰ ਸਿੰਘ ਗਿੱਲ ਫਿਰੋਜ਼ਪੁਰ, ਅਮਨਦੀਪ ਫਾਜ਼ਿਲਕਾ, ਸੰਦੀਪ ਫਾਜ਼ਿਲਕਾ ਆਦਿ ਹਾਜ਼ਰ ਸਨ।

# ਸ਼ੇਰਪੁਰ ਵਾਸੀਆਂ ਨੇ ਸੇਵਾ-ਮੁਕਤ ਥਾਣੇਦਾਰ ਕੁਲਦੀਪ ਸਿੰਘ ਸਿੱਧੂ ਨੂੰ ਸਰਬਸੰਮਤੀ ਨਾਲ ਸਰਪੰਚ



**ਮਾਹਿਲਪੁਰ (ਸ.ਫਰੀ)**-ਪੰਚਾਇਤ ਚੋਣਾਂ ਦੌਰਾਨ ਬਲਾਕ ਮਾਹਿਲਪੁਰ ਦੇ ਪਿੰਡ ਸ਼ੇਰਪੁਰ ਦੇ ਸੂਝਵਾਨ ਵਸਨੀਕਾਂ ਨੇ ਆਪਣੇ ਪਿੰਡ ਦੇ ਪੜ੍ਹੇ ਲਿਖੇ ਇਮਾਨਦਾਰ ਸਮਾਜ ਸੇਵੀ ਸੇਵਾ ਮੁਕਤ ਥਾਣੇਦਾਰ ਕੁਲਦੀਪ ਸਿੰਘ ਸਿੱਧੂ ਨੂੰ ਸਰਬਸੰਮਤੀ ਨਾਲ ਪਿੰਡ ਦਾ ਸਰਪੰਚ ਬਣਾਕੇ ਆਉਂਦੇ ਪੰਜ ਸਾਲਾਂ ਲਈ ਪਿੰਡ ਦਾ ਵਿਕਾਸ ਤੇ ਸੁਧਾਰ ਕਰਨ ਦਾ ਮੌਕਾ ਬਖਸ਼ਿਆ।ਇਸ ਮੌਕੇ ਡੇਰਾ ਬਾਬਾ ਨਾਰਾਇਣ ਦਾਸ ਮਹਾਰਾਜ ਕੱਲਰਾਂ ਵਾਲਿਆਂ ਦੇ ਗੱਦੀਨਸ਼ੀਨ ਸੰਤ ਬਾਬਾ ਹਰਮੇਸ਼ ਦਾਸ ਨੇ ਸਰਪੰਚ ਕੁਲਦੀਪ ਸਿੰਘ ਸਿੱਧੂ ਸਮੇਤ ਸਾਰੀ ਪੰਚਾਇਤ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਸਰਪੰਚ ਕੁਲਦੀਪ ਸਿੰਘ ਸਿੱਧੂ ਨੇ ਮਹਾਂਪੁਰਸ਼ਾਂ ਤੇ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਹ ਸਾਰੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਪਿੰਡ ਦੇ ਵਿਕਾਸ ਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਦਿਨ ਰਾਤ ਯਤਨਸ਼ੀਲ ਰਹਿਣਗੇ। ਇਸ ਮੌਕੇ ਸਾਬਕਾ ਸਰਪੰਚ ਗੁਰਦੀਪ ਸਿੰਘ,ਪੰਚ ਹਰਭਜਨ ਸਿੰਘ, ਦਿਲਬਾਗ ਸਿੰਘ, ਸਰਬਜੀਤ ਕੌਰ, ਸੁਖਜੀਤ ਕੌਰ, ਮਨਦੀਪ ਸਿੰਘ, ਸੁੱਚਾ ਸਿੰਘ, ਸਤਨਾਮ ਸਿੰਘ, ਗੁਰਨਾਮ ਸਿੰਘ, ਜਰਨੈਲ ਸਿੰਘ, ਮਹਿੰਦਰ ਸਿੰਘ, ਲੰਬੜਦਾਰ ਗੁਰਬਖਸ਼ ਸਿੰਘ, ਪਲਵਿੰਦਰ ਸਿੰਘ, ਉੱਤਮ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਸਰਬ-ਸੰਮਤੀ ਨਾਲ ਚੁਣੀਆ ਪੰਚਾਇਤਾਂ ਨੂੰ ਸਰਟੀਫਿਕੇਟ ਵੰਡੇ



**ਫਿਲੌਰ (ਨਿਰਮਲ)** ਸਰਬ ਸੰਮਤੀ ਨਾਲ ਚੁਣਿਆ ਗਈਆਂ ਫਿਲੌਰ ਇਲਾਕੇ ਦੀਆਂ ਪੰਚਾਇਤਾਂ ਨੂੰ ਸਰਟੀਫਿਕੇਟ ਸ੍ਰੀ ਰਾਜੇਸ਼ ਨੰਦਾ ਐਸਡੀਓ ਬਿਜਲੀ ਬੋਰਡ ਫਿਲੌਰ ਵੱਲੋਂ ਵੰਡੇ ਗਏ। ਇਸ ਮੌਕੇ 'ਤੇ ਉਨ੍ਹਾਂ ਸਰਬ ਸੰਮਤੀ ਨਾਲ ਚੁਣੇ ਗਏ ਸਰਪੰਚਾਂ, ਪੰਚਾਂ ਨੂੰ ਕਿਹਾ ਕਿ ਉਹ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਾ ਕੇ ਨਾ ਸਾੜਨ ਲਈ ਕਹਿਣ ਤਾਂ ਜੋ ਲੋਕਾਂ ਨੂੰ ਪ੍ਰਦੂਸ਼ਣ ਤੋਂ ਬਚਾਇਆ ਜਾ ਸਕੇ ਤੇ ਵਾਤਾਵਰਨ ਨੂੰ ਸਾਫ ਰੱਖਿਆ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਪਿੰਡਾਂ ਦੇ ਵਿਕਾਸ ਕੰਮ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਕੀਤੇ ਜਾਣ। ਸ਼ਮਸ਼ਾਨ ਘਾਟ ਵਿਖੇ ਅੰਤਿਮ ਸੰਸਕਾਰ ਕਰ ਦਿੱਤਾ ਗਿਆ।ਇਸ ਮੌਕੇ ਪਰਿਵਾਰਕ ਮੈਂਬਰਾਂ, ਪਿੰਡ ਵਾਸੀਆਂ ਤੋਂ ਇਲਾਵਾ ਇਲਾਕੇ ਦੇ ਧਾਰਮਿਕ, ਸਮਾਜਿਕ ਤੇ ਰਾਜਨੀਤਕ ਆਗੂ ਹਾਜ਼ਰ ਸਨ।

# ਅੱਖਾਂ ਦਾ ਅਪ੍ਰੇਸ਼ਨ ਕੈਂਪ ਭਲਕੇ

**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)** ਸਵਰਗੀਆ ਸਰਦਾਰ ਸੰਤੋਖ ਸਿੰਘ ਦੀ ਯਾਦ ਵਿੱਚ ਲਾਇਨਸ ਕਲੱਬ ਆਦਮਪੁਰ ਅਤੇ ਲਾਈਨ ਆਈ ਹਸਪਤਾਲ ਸੁਸਾਇਟੀ ਦੀ ਦੇਖ ਰਹੇ ਅਧੀਨ ਮੁਕਤ ਅੱਖਾਂ ਦਾ ਆਪਰੇਸ਼ਨ ਕੈਂਪ 27 ਅਕਤੂਬਰ ਦਿਨ ਐਤਵਾਰ ਨੂੰ ਸਵੇਰੇ 9 ਵਜੇ ਤੋਂ 12 ਵਜੇ ਤੱਕ ਦਸ਼ਮੇਸ਼ ਹਸਪਤਾਲ ਭੋਗਪੁਰ ਵਿਖੇ ਲਗਾਇਆ ਜਾ ਰਿਹਾ ਹੈ ਜਿਸ ਵਿੱਚ ਮਾਹਰ ਡਾਕਟਰ ਡਾਕਟਰ ਅੰਕਾਰ ਸਿੰਘ ਐਮ ਬੀ ਬੀ ਐਸ ਡਾਕਟਰ ਬਿਕਰਮਜੀਤ ਸਿੰਘ ਐਮ ਬੀ ਬੀ ਐਸ ਹਰਨੀਤ ਕੌਰ ਐਮ ਬੀ ਬੀ ਐਸ ਮਰੀਜ਼ਾਂ ਦਾ ਚੈੱਕ ਅਪ ਕਰਨਗੇ ਲੋੜਵੰਦ ਮਰੀਜ਼ਾਂ ਦੇ ਅੱਖਾਂ ਦੇ ਆਪਰੇਸ਼ਨ ਲਾਈਨਜ ਆਈ ਹਸਪਤਾਲ ਵਿਖੇ ਫ੍ਰੀ ਕੀਤੇ ਜਾਣਗੇ।

## 'ਪ੍ਰੋਜੈਕਟ ਜੀਵਨ ਜੋਤ' ਤਹਿਤ ਭੀਖ ਮੰਗਣ ਤੋਂ 3 ਲੜਕੀਆਂ ਦਾ ਕੀਤਾ ਰੈਸਕਿਊ

**ਜਲੰਧਰ (ਸੁਰਿੰਦਰ ਕੁਮਾਰ)** ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਦੀਆਂ ਹਦਾਇਤਾਂ ਅਨੁਸਾਰ ਪ੍ਰੋਜੈਕਟ ਜੀਵਨ ਜੋਤ ਤਹਿਤ ਜ਼ਿਲ੍ਹਾ ਜਲੰਧਰ ਵਿੱਚ ਬਾਲ ਭਿੱਖਿਆ ਨੂੰ ਰੋਕਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ।ਇਸ ਮੁਹਿੰਮ ਤਹਿਤ ਸ਼ਹਿਰ ਦੇ ਬੀ ਐਮ ਸੀ ਚੌਕ, ਚੁਨਮੁਨ ਚੌਕ, ਗੁਰੂ ਨਾਨਕ ਮਿਸ਼ਨ ਤੇ ਕਪੂਰਥਲਾ ਚੌਕ ਤੋਂ ਇਲਾਵਾ ਵੱਖ-ਵੱਖ ਥਾਵਾਂ 'ਤੇ ਬਾਲ ਭਿੱਖਿਆ ਨੂੰ ਰੋਕਣ ਲਈ ਜਾਂਚ ਕੀਤੀ ਗਈ।ਚੈਕਿੰਗ ਦੌਰਾਨ 3 ਲੜਕੀਆਂ ਨੂੰ ਰੈਸਕਿਊ ਕੀਤਾ ਗਿਆ, ਜੋ ਭੀਖ ਮੰਗ ਰਹੀਆਂ ਸਨ।ਲੀਗਲ ਪ੍ਰੋਬੇਸ਼ਨ ਅਫ਼ਸਰ ਸੰਦੀਪ ਕੁਮਾਰ ਨੇ ਦੱਸਿਆ ਕਿ ਜੀਰੋ ਤੋਂ 18 ਸਾਲ ਤੱਕ ਦੇ ਬੱਚਿਆਂ ਤੋਂ ਭੀਖ ਮੰਗਵਾਉਣ ਵਾਲੇ ਵਿਅਕਤੀ ਨੂੰ ਜੁਵੇਨਾਈਲ ਜਸਟਿਸ ਐਕਟ ਅਧੀਨ ਦੋ ਸਾਲ ਤੱਕ ਦੀ ਸਜ਼ਾ ਅਤੇ 1 ਲੱਖ ਰੁਪਏ ਜੁਰਮਾਨਾ ਹੋ ਸਕਦਾ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਬਾਲ ਭਿੱਖਿਆ ਨੂੰ ਰੋਕਣ ਲਈ ਜਿਲਾ ਬਾਲ ਸੁਰੱਖਿਆ ਅਫਸਰ ਅਜੈ ਭਾਰਤੀ ਦੀ ਅਗਵਾਈ ਹੇਠ ਚਲਾਈ ਗਈ ਜਾਂਚ ਮੁਹਿੰਮ ਵਿੱਚ ਕੌਂਸਲਰ ਸੁਨੀਤਾ, ਪੁਲਿਸ ਵਿਭਾਗ ਤੋਂ ਸਬ ਇੰਸਪੈਕਟਰ ਸਰਬਜੀਤ ਸਿੰਘ ਵੀ ਹਾਜ਼ਰ ਸਨ।

## ਅਕਾਲੀ ਦਲ ਦਾ ਜ਼ਿਮਨੀ ਚੋਣ ਨਾ ਲੜਨ ਦਾ ਫੈਸਲਾ ਉਸ ਦੇ ਸਿਆਸੀ ਦੀਵਾਲੀਏਪਨ ਦਾ ਪਰਦਾਫਾਸ਼ ਕਰਦਾ : ਆਪ

**ਚੰਡੀਗੜ੍ਹ,(ਗੁਰਜੀਤ ਬਿੱਲਾ)** ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਬੁਲਾਰੇ ਪਵਨ ਕੁਮਾਰ ਟੀਨੂੰ ਨੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਪੰਜਾਬ ਦੀਆਂ ਚਾਰ ਵਿਧਾਨ ਸਭਾ ਸੀਟਾਂ 'ਤੇ ਹੋਣ ਵਾਲੀਆਂ ਜ਼ਿਮਨੀ ਚੋਣਾਂ ਨਾ ਲੜਨ ਦੇ ਫੈਸਲੇ 'ਤੇ ਪ੍ਰਤੀਕਰਮ ਦਿੰਦਿਆਂ ਕਿਹਾ ਕਿ ਅਕਾਲੀ ਦਲ ਬਾਦਲ ਹੁਣ ਸਿਆਸੀ ਤੌਰ 'ਤੇ ਕਮਜ਼ੋਰ ਹੋ ਚੁੱਕੀ ਹੈ।ਪੰਜਾਬ ਵਿੱਚ ਉਹ ਅਪ੍ਰਸੰਗਿਕ ਹੋ ਗਿਆ ਹੈ ਅਤੇ ਭਾਜਪਾ ਦੇ ਡਰ ਅੱਗੇ ਝੁਕ ਰਹੀ ਹੈ।ਪਵਨ ਟੀਨੂੰ ਨੇ ਕਿਹਾ ਕਿ ਇਹ ਫੈਸਲਾ ਦਰਸਾਉਂਦਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਨੇ ਭਾਰਤੀ ਜਨਤਾ ਪਾਰਟੀ ਦੇ ਦਬਾਅ ਅੱਗੇ ਆਤਮ ਸਮਰਪਣ ਕਰ ਦਿੱਤਾ ਹੈ।ਇਹ ਚੋਣਾਂ ਨਾ ਲੜਨ ਦਾ ਉਸ ਦਾ ਫੈਸਲਾ ਉਸ ਦੇ ਸਿਆਸੀ ਦੀਵਾਲੀਏਪਨ ਨੂੰ ਦਰਸਾਉਂਦਾ ਹੈ।ਇਹ ਫੈਸਲਾ ਪੰਜਾਬ ਅਤੇ ਸੂਬੇ ਦੇ ਸੰਘਰਸ਼ਸ਼ੀਲ ਕਿਸਾਨਾਂ ਦੀਆਂ ਲੋੜਾਂ ਨੂੰ ਵੀ ਨਜ਼ਰਅੰਦਾਜ਼ ਕਰਦਾ ਹੈ। ਟੀਨੂੰ ਨੇ ਜ਼ਿਮਨੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਜਿੱਤ ਦਾ ਭਰੋਸਾ ਪ੍ਰਗਟ ਕਰਦਿਆਂ ਕਿਹਾ ਕਿ ਇਹ ਚੋਣ ਪੰਜਾਬ ਲਈ ਸੈਮੀਫਾਈਨਲ ਹੈ। ਆਮ ਆਦਮੀ ਪਾਰਟੀ ਨੇ ਸਾਫ਼-ਸੁਥਰਾ ਅਤੇ ਪਾਰਦਰਸ਼ੀ ਪ੍ਰਸ਼ਾਸਨ ਦੇਣ ਸਮੇਤ ਆਪਣੇ ਸਾਰੇ ਵਾਅਦੇ ਪੂਰੇ ਕੀਤੇ ਹਨ। ਜਨਤਾ ਜ਼ਰੂਰ ਸਾਡਾ ਸਾਥ ਦੇਵੇਗੀ।

## ਹੁਸ਼ਿਆਰਪੁਰ -ਫਗਵਾੜਾ ਰੋਡ ਜਾਮ, ਐੱਸ ਡੀ ਐੱਮ ਵੱਲੋਂ ਬਾਰਦਾਨੇ ਦਾ ਇੰਤਜ਼ਾਮ ਕਰਨ 'ਤੇ ਹੀ ਖੁੱਲ੍ਹਿਆ

ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ) ਅਜ਼ਾਦ ਕਿਸਾਨ ਕਮੇਟੀ ਦੇ ਪ੍ਰਧਾਨ ਹਰਪਾਲ ਸਿੰਘ ਸੰਘਾ ਨੇ ਦੱਸਿਆ ਕਿ ਪਿੰਡ ਰਾਜਪੁਰ ਭਾਈਆਂ ਵਿਖੇ ਅਜ਼ਾਦ ਕਿਸਾਨ ਕਮੇਟੀ ਦੋਆਬਾ ਪੰਜਾਬ ਵੱਲੋਂ ਝੋਨੇ ਦੀ ਖਰੀਦ ਦੀ ਲਿਫਟਿੰਗ ਨਾ ਹੋਣ ਦੇ ਰੋਸ਼ ਵਜੋਂ ਪਹਿਲਾਂ ਫੋਕਲ ਪੁਆਇੰਟ ਰਾਜਪੁਰ ਭਾਈਆਂ ਵਿਖੇ ਕਿਸਾਨਾਂ ਨੇ ਧਰਨਾ ਦਿੱਤਾ।ਜਦੋਂ ਫਿਰ ਵੀ ਸੁਣਵਾਈ ਨਾ ਹੋਈ ਤਾਂ ਆਮ ਆਦਮੀ ਦੀ ਸਰਕਾਰ ਤੋਂ ਭੜਕੇ ਕਿਸਾਨਾਂ ਨੇ ਫਿਰ ਹੁਸ਼ਿਆਰਪੁਰ-ਫਗਵਾੜਾ ਰੋਡ ਅੱਤੋਵਾਲ ਜੀ ਟੀ ਰੋਡ ਜਾਮ ਕੀਤਾ ਗਿਆ।ਜਿਸ ਕਾਰਨ ਜਿਲ੍ਹਾ ਪ੍ਰਸ਼ਾਸ਼ਨ ਨੂੰ ਹੱਥਾਂ ਪੈਰਾਂ ਦੀ ਪਈ ਤਾਂ ਮੌਕੇ 'ਤੇ ਪਹੁੰਚੇ ਐਸ ਡੀ ਐਮ ਨੇ ਬਾਰਦਾਨੇ ਦਾ ਇਤਜ਼ਾਮ ਕਰਵਾਇਆ ਤੇ ਸ਼ੈਲਰ ਮਾਲਕਾਂ ਨਾਲ ਕਿਸਾਨ ਆਗੂਆਂ ਦੀ ਹਾਜ਼ਰੀ ਵਿੱਚ ਮਾਲ ਉਤਾਰਨ ਦੀ ਗੱਲ ਕੀਤੀ।ਇਸ ਤੋਂ ਬਾਅਦ ਜੀ ਟੀ ਰੋਡ ਤੋਂ ਧਰਨਾ ਖ਼ਤਮ ਕਰ ਦਿੱਤਾ ਗਿਆ।

## ਫੂਡ ਸੇਫਟੀ ਟੀਮ ਵੱਲੋਂ ਵਾਹਨਾਂ ਤੇ ਮਠਿਆਈ ਦੀਆਂ ਦੁਕਾਨਾਂ ਦੀ ਅਚਨਚੇਤ ਚੈਕਿੰਗ



ਨਵਾਂਸ਼ਹਿਰ, ( ਕੁਲਵਿੰਦਰ ਸਿੰਘ ਦੁਰਗਾਪੁਰੀਆ) ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਦੀਆਂ ਹਦਾਇਤਾਂ ਅਨੁਸਾਰ ਸਹਾਇਕ ਫੂਡ ਸੇਫਟੀ ਕਮਿਸ਼ਨਰ ਹਰਪ੍ਰੀਤ ਕੌਰ ਦੀ ਅਗਵਾਈ ਵਿਚ ਫੂਡ ਸੇਫਟੀ ਟੀਮ ਵੱਲੋਂ ਮਾਛੀਵਾੜਾ ਰੋਡ 'ਤੇ ਨਾਕੇ ਦੌਰਾਨ ਵੱਖ-ਵੱਖ ਵਾਹਨਾਂ ਅਤੇ ਮਠਿਆਈ ਦੀਆਂ ਦੁਕਾਨਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ।ਸਹਾਇਕ ਫੂਡ ਸੇਫਟੀ ਕਮਿਸ਼ਨਰ ਨੇ ਦੱਸਿਆ ਕਿ ਚੈਕਿੰਗ ਦੌਰਾਨ 7 ਸੈਂਪਲ (3 ਸੈਂਪਲ ਦੁੱਧ ਦੇ ਅਤੇ 4 ਸੈਂਪਲ ਰੰਗਦਾਰ ਮਠਿਆਈਆਂ) ਦੇ ਲਏ ਗਏ। ਇਨ੍ਹਾਂ ਸੈਂਪਲਾਂ ਨੂੰ ਸਟੇਟ ਲੈਬ ਨੂੰ ਜਾਂਚ ਕਰਨ ਲਈ ਭੇਜਿਆ ਜਾ ਰਿਹਾ ਹੈ।ਉਨ੍ਹਾਂ ਸਮੂਹ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਦੀਵਾਲੀ ਦੇ ਸੀਜ਼ਨ ਦੌਰਾਨ ਮਠਿਆਈਆਂ ਬਣਾਉਣ ਵਿਚ ਘਟੀਆ ਸਮੱਗਰੀ ਦੀ ਵਰਤੋਂ ਨਾ ਕਰਨ ਅਤੇ ਸਾਫ-ਸਫਾਈ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਆਮ ਜਨਤਾ ਦੀ ਸਿਹਤ ਨੂੰ ਧਿਆਨ ਵਿਚ ਰੱਖਦੇ ਹੋਏ ਭਵਿੱਖ ਵਿਚ ਵੀ ਫੂਡ ਸੇਫਟੀ ਟੀਮ ਵੱਲੋਂ ਅਚਨਚੇਤ ਚੈਕਿੰਗਾਂ ਦੀ ਮੁਹਿੰਮ ਨੂੰ ਜਾਰੀ ਰੱਖਿਆ ਜਾਵੇਗਾ ।

# ਸਤਿਕਾਰ ਕੌਰ ਦੀ ਗ੍ਰਿਫਤਾਰੀ ਤੋਂ ਬਾਅਦ ਨਸ਼ਿਆਂ ਦੇ ਸੰਕਟ 'ਤੇ 'ਆਪ' ਨੇ ਭਾਜਪਾ ਨੂੰ ਘੇਰਿਆ

ਚੰਡੀਗੜ੍ਹ.(ਗੁਰਜੀਤ ਬਿੱਲਾ) ਆਮ ਆਦਮੀ ਪਾਰਟੀ ਪੰਜਾਬ ਦੇ ਬੁਲਾਰੇ ਐਡਵੋਕੇਟ ਬਿਕਰਮ ਜੀਤ ਪਾਸੀ ਨੇ ਭਾਰਤ ਵਿੱਚ ਨਸ਼ਿਆਂ ਦੇ ਵਿਆਪਕ ਮੁੱਦਿਆਂ ਅਤੇ ਨਸ਼ਿਆਂ ਦੇ ਗਠਜੋੜ ਵਿੱਚ ਵਿਰੋਧੀ ਸਿਆਸੀ ਆਗੂਆਂ ਦੀ ਸ਼ਮੂਲੀਅਤ ਬਾਰੇ ਚਿੰਤਾ ਜ਼ਾਹਰ ਕਰਦਿਆਂ ਭਾਜਪਾ ਆਗੂ ਸਤਿਕਾਰ ਕੌਰ ਦੀ ਨਸ਼ਿਆਂ ਦੇ ਮਾਮਲੇ 'ਚ ਹਾਲ ਹੀ ਵਿੱਚ ਹੋਈ ਗ੍ਰਿਫਤਾਰੀ ਨੂੰ ਲੈਕੇ ਭਾਜਪਾ ਨੂੰ ਘੇਰਿਆ।ਪਾਸੀ ਨੇ ਕਿਹਾ ਕਿ ਭਾਜਪਾ ਸਰਕਾਰ ਦੇ ਅਧੀਨ ਨਸ਼ਿਆਂ ਦੇ ਕਾਰੋਬਾਰ 'ਚ ਸਿਆਸੀ ਤਾਕਤਾਂ ਸ਼ਾਮਲ ਹਨ। ਪੰਜਾਬ ਵਿੱਚ 'ਆਪ' ਸਰਕਾਰ ਨਸ਼ਿਆਂ ਵਿਰੁੱਧ ਸਖ਼ਤ ਕਾਰਵਾਈ ਕਰ ਰਹੀ ਹੈ, ਜਦਕਿ ਭਾਜਪਾ ਅੱਖਾਂ ਬੰਦ ਕਰੀ ਬੈਠੀ ਹੈ।ਉਨ੍ਹਾਂ ਕਿਹਾ ਕਿ ਅਕਾਲੀ-ਭਾਜਪਾ ਸਰਕਾਰ ਨੇ ਹੀ ਡਰੱਗ ਮਾਫੀਆ ਨੂੰ ਪੰਜਾਬ 'ਚ ਆਪਣੇ ਪੈਰ ਜਮਾਉਣ ਦੀ ਖੁੱਲ੍ਹ ਦਿੱਤੀ ਅਤੇ ਹੁਣ ਸਾਬਕਾ ਕਾਂਗਰਸੀ ਵਿਧਾਇਕ ਤੇ ਮੌਜੂਦਾ ਭਾਜਪਾ ਮੈਂਬਰ ਸਤਕਾਰ ਕੌਰ ਦੀ ਗ੍ਰਿਫਤਾਰੀ ਨੇ ਇਕ ਵਾਰ ਫਿਰ ਇਨ੍ਹਾਂ ਸਾਰੀਆਂ ਪਾਰਟੀਆਂ ਦਾ ਪਰਦਾਫਾਸ਼ ਕਰ ਦਿੱਤਾ ਹੈ।

'ਆਪ' ਆਗੂ ਨੇ ਭਾਜਪਾ ਦੀ ਜਵਾਬਦੇਹੀ ਨੂੰ ਲੈ ਕੇ ਵੀ ਸਵਾਲ ਚੁੱਕੇ ਹਨ। ਉਨ੍ਹਾਂ ਕਿਹਾ ਸਤਿਕਾਰ ਕੌਰ ਵਰਗੇ ਉੱਚ-ਪ੍ਰੋਫਾਈਲ ਮੈਂਬਰਾਂ ਦੀ ਗ੍ਰਿਫਤਾਰੀ ਤੋਂ ਬਾਅਦ, ਭਾਜਪਾ ਸਿਰਫ ਆਪਣੇ ਆਪ ਨੂੰ ਦੂਰ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।ਹਾਲਾਂਕਿ, ਇਹ ਆਗੂ ਉਨ੍ਹਾਂ ਦੀ ਪਾਰਟੀ ਦਾ ਹਿੱਸਾ ਸਨ। ਭਾਜਪਾ ਇਨ੍ਹਾਂ ਮੁੱਦਿਆਂ 'ਤੇ ਚੁੱਪ ਅਤੇ ਨਿਸ਼ਕਿਰਿਆ ਕਿਉਂ ਹੈ ? ਉਨ੍ਹਾਂ ਕਿਹਾ ਕਿ ਭਾਜਪਾ ਨੂੰ ਦੋਸ਼ ਮੜ੍ਹਨ ਦੀ ਬਜਾਏ ਨਸ਼ਿਆਂ ਦੇ ਫੈਲਾਅ ਨੂੰ ਰੋਕਣ ਲਈ ਨਿਰਣਾਇਕ ਕਦਮ ਚੁੱਕਣੇ ਚਾਹੀਦੇ ਹਨ।

# ਹਾਂਗਕਾਂਗ 'ਚ ਫਸੀ ਪੰਜਾਬ ਦੀ ਧੀ 12 ਸਾਲਾਂ ਬਾਅਦ ਸੀਚੇਵਾਲ ਦੇ ਯਤਨਾਂ ਸਦਕਾ ਵਾਪਸ ਘਰ ਪਰਤੀ



**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)** ਹਾਂਗਕਾਂਗ ਵਿੱਚ ਫਸੀ ਇੱਕ ਔਰਤ ਨੂੰ 12 ਸਾਲਾਂ ਬਾਅਦ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਯਤਨਾਂ ਸਦਕਾ ਵਾਪਸ ਲਿਆਂਦਾ ਗਿਆ ਹੈ।ਲੁਧਿਆਣਾ ਜਿਲ੍ਹੇ ਦੇ ਪਿੰਡ ਭੈਣੀ ਸਾਹਿਬ ਦੀ ਰਹਿਣ ਵਾਲੀ ਇਹ ਔਰਤ ਨਿਰਮਲ ਕੁਟੀਆ ਸੁਲਤਾਨਪੁਰ ਵਿਚ ਸੰਤ ਸੀਚੇਵਾਲ ਦਾ ਪਰਿਵਾਰ ਸਮੇਤ ਧੰਨਵਾਦ ਕਰਨ ਲਈ ਉਚੇਚੇ ਤੌਰ 'ਤੇ ਪਹੁੰਚੀ ਸੀ।ਪੀੜਤ ਔਰਤ ਨੇ ਦੱਸਿਆ ਕਿ ਉਹ ਗਰੀਬ ਪਰਵਾਰ ਨਾਲ ਸੰਬਧ ਰੱਖਦੀ ਹੈ ਅਤੇ ਉਹ ਦੋ ਧੀਆਂ ਦੀ ਮਾਂ ਵੀ ਹੈ।ਉਹ ਹਾਂਗਕਾਂਗ 2012 ਵਿੱਚ ਬੇਹਤਰ ਭਵਿੱਖ ਦੀ ਖਾਤਰ ਗਈ ਸੀ।ਉੱਥੇ ਉਹ ਟੂਰਿਸਟ ਵੀਜ਼ੇ 'ਤੇ ਗਈ ਸੀ ਪਰ ਉੱਥੇ ਹੀ ਪੱਕੇ ਹੋਣ ਦੀ ਚਾਹਤ ਕਾਰਨ ਉਹ ਹਾਂਗਕਾਂਗ ਵਿੱਚ ਹੀ ਕੰਮ ਕਰਦੀ ਰਹੀ।ਹਾਂਗਕਾਂਗ ਵਿੱਚ ਰਹਿੰਦਿਆ ਉਹ ਇੱਕ ਹੋਰ ਔਰਤ ਨਾਲ ਇੱਕੋਠਿਆ ਕਮਰੇ ਵਿੱਚ ਰਹਿਣ ਲੱਗ ਪਈ ਸੀ।ਇਸੇ ਦੌਰਾਨ ਇੱਕ ਗੈਂਗਸਟਰ ਦੀ ਸ਼ਿਕਾਇਤ ਕਰਨੀ ਉਸ ਨੂੰ ਬੜੀ ਮਹਿੰਗੀ ਪਈ।ਜਿਸ ਕਾਰਨ ਉਸਨੂੰ ਗੈਂਗਸਟਰਾਂ ਵੱਲੋਂ ਦਿੱਤੀਆਂ ਧਮਕੀਆਂ ਕਾਰਨ ਲੰਬੇ ਸਮੇਂ ਤੱਕ ਮਾਨਸਿਕ ਪੀੜਾ ਝੱਲਣੀ ਪਈ।ਪੀੜਤ ਔਰਤ ਨਾਲ ਆਈ ਉਸਦੀ ਭੈਣ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਗੈਂਗਸਟਰਾਂ ਵੱਲੋਂ ਉਸਨੂੰ ਇਸ ਹੱਦ ਤੱਕ ਡਰਾ ਦਿੱਤਾ ਗਿਆ ਸੀ ਕਿ ਵਾਪਸ ਘਰ ਆਉਣ ਤੋਂ ਬਾਅਦ ਵੀ ਉਸਦੀ ਭੈਣ ਹਾਲੇ ਵੀ ਸਦਮੇ ਵਿੱਚ ਹੈ।ਉਸਦੀ ਭੈਣ ਵੀਡਿਓ ਕਾਲ ਰਾਹੀ ਇਹ ਸਾਰੀ ਜਾਣਕਾਰੀ ਦਿੱਤੀ ਸੀ ਕਿ ਉਸਦੀ ਜਾਨ ਨੂੰ ਹਾਂਗਕਾਂਗ ਵਿਚ ਖਤਰਾ ਹੈ।ਉਸਨੇ ਦੱਸਿਆ ਕਿ ਉਹਨਾਂ ਨੂੰ ਪਿੰਡ ਭੈਣੀ ਤੋਂ ਹੀ ਕਿਸੇ ਨੇ ਦੱਸਿਆ ਕਿ ਉਹ ਸੰਤ ਬਲਬੀਰ ਸਿੰਘ ਸੀਚੇਵਾਲ ਤੱਕ ਪਹੁੰਚ ਕਰਨ। ਜਿਸਤੋਂ ਬਾਅਦ ਉਹਨਾਂ ਸੰਤ ਸੀਚੇਵਾਲ ਤੱਕ ਪਹੁੰਚ ਕੀਤੀ ਤੇ ਉਹਨਾਂ ਵੱਲੋਂ ਤੁਰੰਤ ਇਸ ਮਾਮਲੇ ਨੂੰ ਵਿਦੇਸ਼ ਮੰਤਰਾਲੇ ਤੇ ਭਾਰਤੀ ਦੂਤਾਵਾਸ ਨਾਲ ਸੰਪਰਕ ਸਾਧ ਲਿਆ ਸੀ,ਜਿਸ ਕਾਰਨ ਉਸਦੀ ਭੈਣ ਕੁੱਝ ਮਹੀਨਿਆਂ ਬਾਅਦ ਹੀ ਵਾਪਿਸ ਆ ਗਈ।

ਪਰਿਵਾਰ ਸਮੇਤ ਸੁਲਤਾਨਪੁਰ ਲੋਧੀ ਆਇਆ ਇਹ ਪਰਿਵਾਰ ਸਭ ਤੋਂ ਪਹਿਲਾਂ ਗੁਰਦੁਆਰਾ ਗੁਰਪ੍ਰਕਾਸ਼ ਸਾਹਿਬ ਵਿਖੇ ਨਤਮਸਤਕ ਹੋਇਆ। ਸੰਤ ਸੀਚੇਵਾਲ ਨੇ ਹਾਂਗਕਾਂਗ ਤੋਂ ਆਈ ਇਸ ਪੀੜਤ ਔਰਤ ਨੂੰ ਹੌਸਲਾ ਦਿੰਦਿਆ ਆਖਿਆ ਕਿ ਉਹ ਜਿਗਰੇ ਵਾਲੀ ਹੈ ਜਿਸ ਨੇ ਮੁਸ਼ਕਲ ਹਲਾਤਾਂ ਵਿੱਚ ਵੀ ਘਰ ਵਾਪਸੀ ਦੀ ਆਸ ਨਹੀਂ ਛੱਡੀ। ਵਾਪਸ ਪਰਤੀ ਪੀੜਤ ਲੜਕੀ ਦੀ ਭੈਣ ਨੇ ਜਾਣਕਾਰੀ ਦਿੰਦਿਆ ਹੋਇਆ ਦੱਸਿਆ ਕਿ ਹਾਂਗਕਾਂਗ ਵਿੱਚ ਰਹਿੰਦਿਆ ਉਸ ਵੱਲੋਂ ਕਿਸੇ ਲੜਕੀ ਨਾਲ ਕਮਰਾ ਸਾਂਝਾ ਕੀਤਾ ਗਿਆ ਸੀ। ਜਿਸਨੇ ਕੁੱਝ ਸਮੇਂ ਬਾਅਦ ਧੋਖੇ ਨਾਲ ਉਸਦੀ ਭੈਣ ਦਾ ਸਮਾਨ ਕਮਰੇ ਵਿੱਚੋਂ ਬਾਹਰ ਕੱਢਕੇ ਬੇਘਰ ਕਰ ਦਿੱਤਾ ਸੀ।ਇਸਦਾ ਵਿਰੋਧ ਕਰਨ ਤੇ ਉਸ ਲੜਕੀ ਵੱਲੋਂ ਉਸਦੀ ਭੈਣ ਨੂੰ ਗੈਂਗਸਟਰ ਪਾਸੋ ਜਾਨੋਂ ਮਾਰਨ ਦੀਆਂ ਧਮਕੀਆਂ ਦੇਣੀਆਂ ਸ਼ੁਰੂ ਕਰਵਾ ਦਿੱਤੀਆਂ। ਇਸ ਡਰ ਕਾਰਨ ਉਸ ਦੀ ਭੈਣ ਉੱਥੇ ਆਪਣਾ ਮਾਨਸਿਕ ਸੰਤੁਲਨ ਖੋਹ ਬੈਠੀ ਸੀ ਤੇ ਡੂੰਘੇ ਸਦਮੇ ਵਿੱਚ ਚਲੀ ਗਈ ਸੀ। ਉਹ ਲੰਮਾਂ ਸਮਾਂ ਮਾਨਸਿਕ ਰੋਗਾਂ ਦੀ ਵੀ ਸ਼ਿਕਾਰ ਰਹੀ। ਗੈਂਗਸਟਰਾਂ ਨੇ ਉਸਨੂੰ ਇਸ ਕਦਰ ਉੱਥੇ ਡਰਾ ਦਿੱਤਾ ਸੀ ਕਿ ਉਹਨਾਂ ਦਾ ਡਰ ਉਸ ਨੂੰ ਉੱਥੇ ਕਈ ਸਾਲ ਤੱਕ ਸਤਾਉਂਦਾ ਰਿਹਾ ਤੇ ਪੀੜਤ ਲਈ ਵਾਪਿਸ ਮੁੜਨਾ ਨਾ-ਮੁਮਕਿਨ ਬਣ ਗਿਆ।

# ਤਲਵੰਡੀ ਅਰਾਈਆਂ 'ਚ ਇਕੱਠੇ ਬਲੇ ਪਿਓ-ਪੁੱਤ ਦੇ ਸਿਵੇ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)** ਸੈਂਕੜੇ ਅੱਖਾਂ ਵਿੱਚੋਂ ਉਸ ਸਮੇਂ ਹੰਝੂਆਂ ਦੇ ਦਰਿਆ ਵੱਗ ਪਏ ਜਦੋਂ ਤਲਵੰਡੀ ਅਰਾਈਆਂ ਵਿਖੇ ਪਿਓ ਪੁੱਤਰ ਦੇ ਮ੍ਰਿਤਕ ਸਰੀਰਾਂ ਨੂੰ ਇਕੱਠਿਆਂ ਅਗਨ ਭੇਟ ਕੀਤਾ ਗਿਆ।ਬੀਤੇ ਦਿਨੀਂ ਹਲਕਾ ਸ਼ਾਮ ਚੌਰਾਸੀ ਦੇ ਪਿੰਡ ਚਕੋਵਾਲ ਦੇ ਸਰਕਾਰੀ ਹਸਪਤਾਲ ਦੇ ਬਾਹਰ ਕੁੱਝ ਲੋਕਾਂ ਵਲੋਂ ਕਸ਼ਮੀਰੀ ਲਾਲ ਜੱਸੀ ਵਾਸੀ ਤਲਵੰਡੀ ਅਰਾਈਆਂ ਅਤੇ ਉਸਦੇ ਲੜਕੇ ਅਮਰਜੀਤ ਲਾਲ ਜੱਸੀ ਤਲਵੰਡੀ ਅਰਾਈਆਂ ਨੂੰ ਗੋਲੀਆਂ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ ਸੀ ਜਿਨ੍ਹਾਂ ਦਾ ਸਰਕਾਰੀ ਹਸਪਤਾਲ ਹੁਸ਼ਿਆਰਪੁਰ ਵਿਖੇ ਪੋਸਟ ਮਾਰਟਮ ਕੀਤਾ ਗਿਆ ਅਤੇ ਬਾਅਦ ਦੁਪਿਹਰ ਪਿੰਡ ਤਲਵੰਡੀ ਅਰਾਈਆਂ ਦੇ ਸ਼ਮਸ਼ਾਨ ਘਾਟ ਵਿਖੇ ਅੰਤਿਮ ਸੰਸਕਾਰ ਕਰ ਦਿੱਤਾ ਗਿਆ।ਇਸ ਮੌਕੇ ਪਰਿਵਾਰਕ ਮੈਂਬਰਾਂ, ਪਿੰਡ ਵਾਸੀਆਂ ਤੋਂ ਇਲਾਵਾ ਇਲਾਕੇ ਦੇ ਧਾਰਮਿਕ, ਸਮਾਜਿਕ ਤੇ ਰਾਜਨੀਤਕ ਆਗੂ ਹਾਜ਼ਰ ਸਨ।

# ਸੇਂਟ ਸੋਲਜਰ ਇੰਸਟੀਚਿਊਟ ਵਿਖੇ ਆਰਟ ਐਂਡ ਕਰਾਫਟ ਵਰਕਸ਼ਾਪ ਲਗਾਈ

**ਜਲੰਧਰ(ਇਕਬਾਲ ਸਿੰਘ ਉਭੀ)**- ਸੇਂਟ ਸੋਲਜਜ਼ ਮੈਨੇਜਮੈਂਟ ਐਂਡ ਟੈਕਨੀਕਲ ਇੰਸਟੀਚਿਊਟ ਦੇ ਫੈਸ਼ਨ ਡਿਜ਼ਾਈਨਿੰਗ ਵਿਭਾਗ ਵੱਲੋਂ ਵਿਦਿਆਰਥੀਆਂ ਲਈ ਤਿੰਨ ਰੋਜ਼ਾ ਫੇਵੀਕ੍ਰਿਲ ਆਰਟ ਐਂਡ ਕਰਾਫਟ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਸ ਵਰਕਸ਼ਾਪ ਦਾ ਸੰਚਾਲਨ ਤਜਰਬੇਕਾਰ ਫੈਸ਼ਨ ਡਿਜ਼ਾਈਨਰ ਸ਼੍ਰੀਮਤੀ ਰਿਤੂ ਲਾਲ ਨੇ ਕੀਤਾ।ਉਨ੍ਹਾਂ ਦਾ ਸਵਾਗਤ ਕਾਲਜ ਪ੍ਰਿੰਸੀਪਲ ਡਾ: ਰੋਹਨ ਸ਼ਰਮਾ ਅਤੇ ਐਚਓਡੀ ਫੈਸ਼ਨ ਡਿਜ਼ਾਈਨਿੰਗ ਸ਼੍ਰੀਮਤੀ ਪੂਜਾ ਘਈ ਵੱਲੋਂ ਕੀਤਾ ਗਿਆ ।ਵਿਦਿਆਰਥੀਆਂ ਨੇ ਮਾਹਿਰਾਂ ਤੋਂ ਵੱਖ-ਵੱਖ ਤਰ੍ਹਾਂ ਦੀਆਂ ਕਲਾ ਕਿਰਿਆਵਾਂ ਸਿੱਖੀਆਂ, ਜਿਸ ਵਿੱਚ ਪਹਿਲੇ ਦਿਨ ਵਿਦਿਆਰਥੀਆਂ ਨੇ ਪਾਊਚਿੰਗ ਅਤੇ ਸ਼ਾਪਿੰਗ ਬੈਗ ਪੇਂਟਿੰਗ ਸਿੱਖੀ, ਦੂਜੇ ਦਿਨ ਵਿਦਿਆਰਥੀਆਂ ਨੇ ਦੀਵਾਲੀ ਦੀ ਸਜਾਵਟ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਆਖਰੀ ਦਿਨ ਵਿਦਿਆਰਥੀਆਂ ਨੇ ਆਪਣੀਆਂ ਪੇਂਟਿੰਗਾਂ ਪੇਸ਼ ਕੀਤੀਆਂ। ਕਾਲਜ ਪ੍ਰਿੰਸੀਪਲ ਡਾ: ਰੋਹਨ ਸ਼ਰਮਾ ਅਤੇ ਸਮੂਹ ਸਟਾਫ਼ ਮੈਂਬਰਾਂ ਨੇ ਵਿਸ਼ੇਸ਼ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤਾ। ਗਰੁੱਪ ਚੇਅਰਮੈਨ ਅਨਿਲ ਚੋਪੜਾ ਨੇ ਕਾਲਜ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਇਨ੍ਹਾਂ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

# ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਨੇ ਲਗਾਇਆ ਜੈਵਿਕ ਖਾਦ ਦਾ ਸਟਾਲ



**ਫਗਵਾੜਾ ( ਡਾ. ਰਮਨ ,ਜਸਵਿੰਦਰ ਢੱਡਾ )** ਲਾਇਨਜ ਕਲੱਬ ਫਗਵਾੜਾ ਚੈਂਪੀਅਨ ਵਲੋਂ ਕਲੱਬ ਪ੍ਰਧਾਨ ਲਾਇਨ ਸੰਜੀਵ ਸੂਰੀ ਦੀ ਅਗਵਾਈ ਅਤੇ ਕਾਰਪੋਰੇਸ਼ਨ ਫਗਵਾੜਾ ਦੇ ਸਹਿਯੋਗ ਸਦਕਾ ਨਗਰ ਨਿਗਮ ਦੇ ਪਲਾਂਟ ਵਿਚ ਤਿਆਰ ਜੈਵਿਕ ਖਾਦ ਦੀ ਵਿਕਰੀ ਲਈ ਕੰਗ ਇੰਟਰਪ੍ਰਾਈਜਿਜ਼ ਨਿਊ ਮੰਡੀ ਰੋਡ ਫਗਵਾੜਾ ਵਿਖੇ ਸਟਾਲ ਲਗਾਇਆ ਗਿਆ। ਇਸ ਦੌਰਾਨ ਲਾਇਨਜ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ ਲਾਇਨ ਗੁਰਦੀਪ ਸਿੰਘ ਕੰਗ ਐਮਜੇਐਫ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਉਹਨਾਂ ਜਿੱਥੇ ਕਲੱਬ ਦੇ ਉਪਰਾਲੇ ਦੀ ਸ਼ਲਾਘਾ ਕੀਤੀ, ਉੱਥੇ ਹੀ ਸ਼ਹਿਰ ਵਾਸੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਸਵੱਛਤਾ ਮੁਹਿੰਮ ਵਿਚ ਕਾਰਪੋਰੇਸ਼ਨ ਨੂੰ ਸਹਿਯੋਗ ਦਿੱਤਾ ਜਾਵੇ ਤਾਂ ਜੋ ਸ਼ਹਿਰ ਨੂੰ ਸਾਫ-ਸੁਥਰਾ ਤੇ ਖ਼ੂਬਸੂਰਤ ਬਣਾਇਆ ਜਾ ਸਕੇ।ਇਸ ਦੌਰਾਨ ਸਵੱਛ ਭਾਰਤ ਮਿਸ਼ਨ ਦੇ ਕੋਆਰਡੀਨੇਟਰ ਪੂਜਾ ਸ਼ਰਮਾ ਆਈਈਸੀ ਐਂਡ ਸੀਬੀ ਐਕਸਪਰਟ ਅਤੇ ਸੁਨੀਤਾ ਸ਼ਰਮਾ ਸੀਐਫ ਨੇ ਦੱਸਿਆ ਕਿ ਇਹ ਸਟਾਲ ਸਵੱਛਤਾ ਲਹਿਰ ਪੰਦਰਵਾੜੇ ਤਹਿਤ ਲਗਾਇਆ ਗਿਆ । ਉਹਨਾਂ ਨੇ ਘਰਾਂ ਵਿਚ ਔਰਤਾਂ ਨੂੰ ਗਿੱਲਾ ਤੇ ਸੁੱਕਾ ਕੂੜਾ ਵੱਖਰੇ ਡਸਟਬਿਨ ਵਿਚ ਇਕੱਤਰ ਕਰਨ ਦੀ ਅਪੀਲ ਕਰਦਿਆਂ ਦੱਸਿਆ ਕਿ ਗਿੱਲਾ ਕੂੜਾ ਜੈਵਿਕ ਖਾਦ ਬਨਾਉਣ ਦੇ ਕੰਮ ਆਉਂਦਾ ਹੈ। ਇਸ ਦੌਰਾਨ ਘਰਾਂ ਵਿਚ ਹੀ ਜੈਵਿਕ ਖਾਦ ਤਿਆਰ ਕਰਨ ਦੀ ਵਿਧੀ ਵੀ ਦੱਸੀ ਗਈ।

ਇਸ ਮੌਕੇ ਲਾਇਨ ਸੁਸ਼ੀਲ ਸ਼ਰਮਾ ਡੀ.ਸੀ.ਐਸ.(ਪ੍ਰੋਜੈਕਟ) ਤੋਂ ਇਲਾਵਾ ਕਲੱਬ ਦੇ ਸਕੱਤਰ ਲਾਇਨ ਦਿਨੇਸ਼ ਖਰਬੰਦਾ, ਕੈਸ਼ੀਅਰ ਲਾਇਨ ਅਜੇ ਕੁਮਾਰ, ਪੀ.ਆਰ.ਓ. ਲਾਇਨ ਸਤਵਿੰਦਰ ਸਿੰਘ ਭਮਰਾ, ਰੀਜਨ ਚੇਅਰਮੈਨ ਲਾਇਨ ਚਮਨ ਲਾਲ, ਲਾਇਨ ਸਾਰੰਗ ਨਿਸ਼ਚਲ, ਲਾਇਨ ਸੁਮਿਤ ਭੰਡਾਰੀ, ਲਾਇਨ ਰਾਜਕੁਮਾਰ ਸਪਰਾ, ਲਾਇਨ ਵਰੁਣ ਵਧਵਾ, ਲਾਇਨ ਵਿੱਕੀ ਚੁੰਬਰ, ਲਾਇਨ ਕਰਨ ਅਗਰਵਾਲ, ਰਮੇਸ਼ ਸ਼ਿੰਗਾਰੀ, ਹੈਪੀ ਮੱਲ੍ਹਣ ਆਦਿ ਹਾਜ਼ਰ ਸਨ।

# ਨਗਰ ਕੌਂਸਲ ਵੱਲੋਂ ਮਨਾਇਆ ਜਾ ਰਿਹੈ ਸਵੱਛਤਾ ਪੰਦਰਵਾੜਾ




**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸਰਕਾਰ ਅਤੇ ਪੀ ਐਮ ਆਈ ਡੀ ਸੀ ਦੀਆਂ ਹਦਾਇਤਾਂ ਅਨੁਸਾਰ ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ ਦੀ ਅਗਵਾਈ ਵਿੱਚ ਹਰਬਖਸ਼ ਸਿੰਘ ਕਾਰਜ ਸਾਧਕ ਅਫਸਰ ਦੀ ਦੇਖ ਰੇਖ ਹੇਠ ਗੁਰੂ ਨਗਰੀ ਸ਼੍ਰੀ ਅਨੰਦਪੁਰ ਸਾਹਿਬ ਨੂੰ ਸਾਫ ਸੁਥਰਾ ਬਣਾਉਣ ਲਈ ਸਵੱਛਤਾ ਦੀ ਲਹਿਰ ਪੰਦਰਵਾੜਾ ਜੋ ਕਿ 24 ਅਕਤੂਬਰ ਤੋਂ 7 ਨਵੰਬਰ 2024 ਤੱਕ ਦ੍ਰਿਸ਼ ਅਮਾਨ ਸਵੱਛਤਾ ਮਨਾਇਆ ਜਾ ਰਿਹਾ ਹੈ।

ਮਦਨ ਲਾਲ ਸੈਂਨਟਰੀ ਇੰਸਪੈਕਟਰ ਅਤੇ ਐਡਵੋਕੇਟ ਮਨਦੀਪ ਸਿੰਘ ਸੀ.ਐਫ ਅਤੇ ਸਮੂਹ ਨਗਰ ਕੌਂਸਲ ਦੀ ਟੀਮ ਵੱਲੋਂ ਅੱਜ ਸ਼ਹਿਰ ਦੇ ਪ੍ਰਵੇਸ਼ ਦੁਆਰ ਮਾਤਾ ਨਾਨਕੀ ਚੈਰੀਟੇਬਲ ਹਸਪਤਾਲ ਅਤੇ ਦੂਜਾ ਨਿਕਾਸੀ ਦੁਆਰ ਅਗੰਮਪੁਰ ਚੌਂਕ ਵਿਖੇ ਗਿੱਲੇ ਸੁੱਕੇ ਕੂੜੇ ਨੂੰ ਅਲੱਗ ਅਲੱਗ ਚੁਣਨਾ ਤੇ ਪ੍ਰੋਸੈਸਿੰਗ ਕਰਨ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਲਗਾਤਾਰ ਲੋਕਾਂ ਨੂੰ ਗਿੱਲੇ ਅਤੇ ਸੁੱਕੇ ਕੂੜੇ ਅਤੇ ਸਿੰਗਲ ਯੂਜ ਪਲਾਸਟਿਕ ਦੇ ਨਾ ਵਰਤੋ ਕਰਨ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੇ ਲੋਕਾਂ ਨੂੰ ਇਹ ਅਪੀਲ ਕੀਤੀ ਗਈ ਕਿ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਵਿੱਚ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇ।ਇਸ ਮੌਕੇ ਪਰਮਜੀਤ ਝੱਜ, ਰਜਿੰਦਰ ਮਲਿਕ, ਓਮ ਪ੍ਰਕਾਸ਼ ,ਲੋਕੇਸ਼ ਕੁਮਾਰ, ਸੰਦੀਪ ਕੁਮਾਰ ਸਮੀਰ, ਲੱਕੀ ਸਤੀਸ਼ ਬਬਲੂ, ਸਾਗਰ, ਵਿਜੇ ਸਰਾਂ, ਸੰਜੂ ,ਰੋਹਿਤ ਗੰਗੂਵਾਲ, ਗਗਨ, ਪ੍ਰਿੰਸ ਹਾਜ਼ਰ।

# ਰਵਿੰਦਰਾ ਗਿਰੀ ਦਾ ਦੂਸਰਾ ਭੰਡਾਰਾ ਕਰਵਾਇਆ

**ਲੋਹੀਆਂ ਖਾਸ, (ਯੋਗੇਸ਼ਵਰ)** : ਪ੍ਰਾਚੀਨ ਸ਼ਿਵ ਮੰਦਰ ਲੋਹੀਆਂ ਖਾਸ ਦੇ ਬ੍ਰਹਮਲੀਨ ਮਹੰਤ ਸ਼੍ਰੀ 108 ਮਹੰਤ ਰਵਿੰਦਰਾ ਗਿਰੀ ਜੀ ਮਹਾਰਾਜ ਦੇ ਦੂਸਰੇ ਭੰਡਾਰੇ ਮੌਕੇ ਧਾਰਮਿਕ ਸਮਾਗਮ ਕਰਵਾਇਆ ਗਿਆ ਅਤੇ ਗੁਰੂਦੇਵ ਬਾਪ ਮਹੰਤ ਸ਼ਿਪਰਾ ਗਿਰੀ ਮਹਾਰਾਜ ਕੀਰਤਨ ਕੀਤਾ ਅਤੇ ਲੰਗਰ ਭੰਡਾਰਾ ਕਰਵਾਇਆ ਗਿਆ। ਪ੍ਰਾਚੀਨ ਸ਼ਿਵ ਮੰਦਰ ਲੋਹੀਆਂ ਖਾਸ ਦੇ ਗੱਦੀਨਸ਼ੀਨ ਪਰਮਪੂਜ ਗੁਰੂਦੇਵ ਬਾਪ ਜੀ ਮਹੰਤ ਸ਼ਿਪਰਾ ਗਿਰੀ ਮਹਾਰਾਜ ਦੀ ਅਗਵਾਈ ਹੇਠ ਮੰਦਰ ਦੇ ਗਣਪਤੀ ਸੰਨਿਆਸ ਆਸ਼ਰਮ 'ਚ ਕਰਵਾਏ ਜਾ ਰਹੇ ਦੋ ਦਿਨਾਂ ਸਮਾਗਮਾਂ ਦੌਰਾਨ ਸ਼੍ਰੀ ਰਮਾਇਣ ਦੇ ਪਾਠ ਦੇ ਭੋਗ ਪਾਏ ਗਏ ਅਤੇ ਹਵਨ ਵੀ ਕਰਵਾਇਆ ਗਿਆ। ਇਸ ਮੌਕੇ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਤੋਂ ਗਣੇਸ਼ ਜੀ ਅਤੇ ਬ੍ਰਹਮਲੀਨ ਮਹੰਤ ਗਣਪਤੀ ਗਿਰੀ, ਬ੍ਰਹਮਲੀਨ ਮਹੰਤ ਪ੍ਰਗਾਨੰਦ ਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ਼ਾਂਤੀ ਗਿਰੀ ਮਹਾਰਾਜ ਅਤੇ ਬ੍ਰਹਮਲੀਨ ਮਹੰਤ ਰਵਿੰਦਰਾ ਗਿਰੀ ਮਹਾਰਾਜ ਦੀਆਂ ਮੂਰਤੀਆਂ ਸ਼ੋਭਾ ਯਾਤਰਾ ਦੇ ਰੂਪ ਵਿੱਚ ਸੈਲਾਨੀ ਮਾਤਾ ਮੰਦਰ ਵਿੱਚ ਲੈ ਜਾ ਕੇ ਮੂਰਤੀ ਸਥਾਪਨਾ ਕੀਤੀ ਗਈ।



# ਗੁਰਾਇਆ ਬਲਾਕ-2 ਦੀਆਂ ਪ੍ਰਾਇਮਰੀ ਖੇਡਾਂ ਸੰਪੰਨ



**ਅੱਪਰਾ ਗੁਰਾਇਆ, (ਨਿਰਮਲ ਗੁੜਾ, ਬਿੰਦਰ ਸੁੰਮਨ)** — ਗੁਰਾਇਆ ਸਿੱਖਿਆ ਬਲਾਕ ਦੋ ਦੀਆਂ ਪ੍ਰਾਇਮਰੀ ਖੇਡਾਂ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਢੰਡਵਾੜ 'ਚ ਸਮਾਪਤ ਹੋਈਆਂ । ਨਗਰ ਨਿਵਾਸੀਆਂ, ਐਨ ਆਰ ਵੀਰਾਂ, ਸੈਂਟਰ ਢੰਡਵਾੜ, ਸੈਂਟਰ ਸਰਹਾਲ ਮੁੰਡੀ ਅਤੇ ਵੱਖ-ਵੱਖ ਸਕੂਲਾਂ ਦੇ ਖੇਡ ਅਧਿਕਾਰੀਆਂ ਦੇ ਸਹਿਯੋਗ ਨਾਲ ਕਰਵਾਈਆਂ ਗਈਆਂ ਇਨ੍ਹਾਂ ਖੇਡਾਂ ਦਾ ਉਦਘਾਟਨ ਸਰਪੰਚ ਸਮੁੱਚੀ ਗ੍ਰਾਮ ਪੰਚਾਇਤ, ਯੂਥ ਕਲੱਬ ਅਤੇ ਸਰਕਾਰੀ ਹਾਈ ਸਕੂਲ ਢੰਡਵਾਲ ਦੇ ਮੁੱਖੀ ਵਲੋਂ ਸਾਂਝੇ ਤੌਰ 'ਤੇ ਰੀਬਨ ਕੱਟ ਕੇ ਕੀਤਾ ਗਿਆ।ਖੇਡਾਂ 'ਚ 7 ਸੈਂਟਰਾਂ ਆਧੀਨ ਪੈਂਦੇ ਕਰੀਬ 65 ਸਕੂਲਾਂ ਦੇ ਖਿਡਾਰੀਆਂ ਨੇ ਭਾਗ ਲਿਆ।ਕਬੱਡੀ ਲੜਕੀਆਂ ਨੈਸ਼ਨਲ ਸਟਾਇਲ 'ਚ ਮੰਡੀ ਸੈਂਟਰ ਦੀ ਟੀਮ ਪਹਿਲੇ ਸਥਾਨ 'ਤੇ ਅਤੇ ਦੁਸਾਂਝ ਕਲਾਂ ਸੈਂਟਰ ਦੀ ਟੀਮ ਦੂਸਰੇ ਸਥਾਨ 'ਤੇ ਰਹੀ।ਲੜਕੀਆਂ ਖੋ-ਖੋ 'ਚ ਸੈਂਟਰ ਮੰਡੀ ਪਹਿਲੇ ਅਤੇ ਸੈਂਟਰ ਸਰਹਾਲ ਮੰਡੀ ਦੂਸਰੇ ਸਥਾਨ 'ਤੇ ਰਹੇ।ਮਿੰਨੀ ਹੈਂਡਵਾਲ ਲੜਕੀਆਂ 'ਚ ਸੈਂਟਰ ਬੜਾ ਪਿੰਡ ਪਹਿਲੇ ਅਤੇ ਸਰਹਾਲ ਮੁੰਡੀ ਦੂਸਰੇ ਸਥਾਨ 'ਤੇ ਰਹੇ। ਫੁੱਟਬਾਲ ਲੜਕੀਆਂ ਸੈਂਟਰ ਬੜਾ ਪਿੰਡ ਪਹਿਲੇ ਅਤੇ ਸੈਂਟਰ ਦੁਸਾਂਝ ਕਲਾਂ ਦੂਸਰੇ ਸਥਾਨ 'ਤੇ ਰਹੇ। ਲੜਕਿਆਂ 'ਚ ਕਬੱਡੀ ਸਰਕਲ ਸਟਾਇਲ, ਰੱਸਾਕਸ਼ੀ, ਹਾਕੀ ਅਤੇ ਖੋ-ਖੋ 'ਚ ਬੜਾ ਪਿੰਡ ਪਹਿਲੇ ਅਤੇ ਮੇਜ਼ਬਾਨ ਸੈਂਟਰ ਦੂਸਰੇ ਸਥਾਨ 'ਤੇ ਰਿਹਾ ਜਦਕਿ ਕਬੱਡੀ ਨੈਸ਼ਨਲ ਸਟਾਇਲ 'ਚ ਮੇਜ਼ਬਾਨ ਸੈਂਟਰ ਪਹਿਲੇ ਅਤੇ ਬੜਾ ਪਿੰਡ ਦੂਸਰੇ ਸਥਾਨ 'ਤੇ ਰਿਹਾ। ਖਿਡਾਰੀਆਂ ਨੂੰ ਇਨਾਮਾਂ ਦੀ ਵੰਡ ਸਰਪੰਚ, ਗ੍ਰਾਮ ਪੰਚਾਇਤ,ਯੂਥ ਸਪੋਰਟਸ ਕਲੱਬ ਢੰਡਵਾੜ ਅਤੇ ਸੈਂਟਰ ਮੁੱਖੀਆਂ ਵਲੋਂ ਸਾਂਝੇ ਤੌਰ 'ਤੇ ਕੀਤੀ ਗਈ।

# ਆਰ ਬੀ ਯੂ ਨੇ ਏ ਆਈ, ਵਰਚੂਅਲ ਰਿਐਲਿਟੀ 'ਚ ਸਿਖਲਾਈ ਲਈ ਐੱਮ ਓ ਯੂ 'ਤੇ ਹਸਤਾਖਰ



**ਮੋਹਾਲੀ, ਕੁਰਾਲੀ (ਗੁਰਜੀਤ ਬਿੱਲਾ, ਮੋਹਨ ਅਗਰਵਾਲ)**-ਰਿਆਤ ਬਾਹਰਾ ਯੂਨੀਵਰਸਿਟੀ ਨੇ ਕਿਊਵੋਲਵ ਪ੍ਰਾਈਵੇਟ ਲਿਮਟਿਡ ਅਤੇ ਫੋਕਲਿਸਟ ਪ੍ਰਾਈਵੇਟ ਲਿਮਟਿਡ ਦੇ ਨਾਲ ਭਾਰਤ ਸਰਕਾਰ ਦੇ ਹੁਨਰ ਵਿਕਾਸ ਅਤੇ ਉੱਦਮਤਾ ਮੰਤਰਾਲੇ ਦੀ ਫਲੈਗਸ਼ਿਪ ਸਕੀਮ 'ਤੇ ਪ੍ਰੋਜੈਕਟ ਲਈ ਇੱਕ ਸਮਝੌਤਾ ਪੱਤਰ 'ਤੇ ਹਸਤਾਖਰ ਕੀਤੇ ਹਨ। ਇਸ ਸਹਿਮਤੀ ਪੱਤਰ 'ਤੇ ਰਿਆਤ ਬਾਹਰਾ ਯੂਨੀਵਰਸਿਟੀ ਦੇ ਰਜਿਸਟਰਾਰ ਡਾਕਟਰ ਦਿਨੇਸ਼ ਸ਼ਰਮਾ ਅਤੇ ਸਚਿਨ ਮਿਸ਼ਰਾ, ਵਾਈਸ-ਪ੍ਰੈਜ਼ੀਡੈਂਟ,ਫੋਕਲਿਸਟ ਅਤੇ ਅਵਿਨਾਸ਼ ਕਾਲਰਾ, ਬਿਜ਼ਨਸ ਹੈੱਡ, ਕਿਊਵੋਲਵ ਪ੍ਰਾਈਵੇਟ ਲਿਮਟਿਡ ਨੇ ਦਸਤਖਤ ਕੀਤੇ।ਐਮਓਯੂ ਦਸਤਖਤ ਸਮਾਰੋਹ ਵਿੱਚ ਆਰਬੀਯੂ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ, ਵਾਈਸ-ਚਾਂਸਲਰ ਡਾ: ਸਤੀਸ਼ ਕੁਮਾਰ ਬਾਂਸਲ ਅਤੇ ਯੂਐਸਸੀ ਦੇ ਡੀਨ ਡਾ. ਆਨੰਦ ਕੁਮਾਰ ਸ਼ੁਕਲਾ ਵੀ ਮੌਜੂਦ ਸਨ।ਐਮਓਯੂ ਦਾ ਉਦੇਸ਼ ਰਿਆਤ ਬਾਹਰਾ ਯੂਨੀਵਰਸਿਟੀ ਦੇ ਕੈਂਪਸ ਵਿੱਚ ਇੱਕ ਅਤਿ-ਆਧੁਨਿਕ ਸਿਸਟਮ ਲੈਬਾਰਟਰੀ (ਏਆਰ /ਵੀਆਰ ਲੈਬ) ਸਥਾਪਤ ਕਰਕੇ ਆਰਟੀਫਿਸ਼ੀਅਲ ਇੰਟੈਲੀਜੈਂਸ (ਏਆਈ) ਅਤੇ ਵਰਚੁਅਲ ਰਿਐਲਿਟੀ (ਵੀਆਰ) ਦੇ ਉੱਭਰ ਰਹੇ ਖੇਤਰ ਵਿੱਚ ਵਿਦਿਆਰਥੀਆਂ ਨੂੰ ਸਿਖਲਾਈ ਦੇਣਾ ਹੈ। ਇਹ ਕੈਂਪਸ ਦੇ ਵਿਦਿਆਰਥੀਆਂ ਅਤੇ ਵਿਭਾਗ ਤੋਂ ਬਾਹਰ ਦੇ ਵਿਦਿਆਰਥੀਆਂ ਦੀ ਹੁਨਰ-ਅਧਾਰਤ ਸਿਖਲਾਈ ਦੀ ਸਹੂਲਤ ਦੇਵੇਗਾ ਜਿਸ ਨਾਲ ਏਆਰ /ਵੀਆਰ ਐਪਲੀਕੇਸ਼ਨ ਦੇ ਵਿਕਾਸ ਦਾ ਰਾਹ ਖੁਲ ਸਕਦਾ ਹੈ। ਐਮਓਯੂ ਦੇ ਹਿੱਸੇ ਵਜੋਂ, ਰਿਆਤ ਬਾਹਰਾ ਯੂਨੀਵਰਸਿਟੀ ਏਆਰ /ਵੀਆਰ ਲੈਬ ਸਥਾਪਤ ਕਰਨ ਲਈ ਲੋੜੀਂਦੇ ਸਰੋਤ ਪ੍ਰਦਾਨ ਕਰੇਗਾ, ਅਤੇ ਫੋਕਲਿਸਟ ਪ੍ਰਾ. ਲਿਮਟਿਡ ਵਿਦਿਆਰਥੀਆਂ ਦੇ ਹੁਨਰ ਵਿਕਾਸ ਲਈ ਪ੍ਰਸਤਾਵ ਨੂੰ ਲਾਗੂ ਕਰਨ ਵਿੱਚ ਮਦਦ ਕਰੇਗਾ ਜਦਕਿ ਕਿਊਵੋਲਵ ਲਿਮਟਿਡ ਲੈਬ ਅਤੇ ਪ੍ਰੋਜੈਕਟ ਦੇ ਕੰਮਕਾਜ ਲਈ ਲੋੜੀਂਦਾ ਪਲੇਟਫਾਰਮ ਅਤੇ ਹੋਰ ਸਹੂਲਤਾਂ ਪ੍ਰਦਾਨ ਕਰੇਗਾ।ਉਹਨਾਂ ਕਿਹਾ ਕਿ ਇਹ ਸਿਰਫ ਆਰਬੀਯੂ ਦੇ ਵਿਦਿਆਰਥੀਆਂ 'ਤੇ ਹੀ ਨਹੀਂ, ਸਗੋਂ ਉਹਨਾਂ ਵਿਦਿਆਰਥੀਆਂ 'ਤੇ ਵੀ ਲਾਗੂ ਹੋਵੇਗਾ ਜੋ ਹੋਰ ਵਿਭਾਗਾਂ ਅਤੇ ਯੂਨੀਵਰਸਿਟੀਆਂ ਤੋਂ ਹਨ ਅਤੇ ਜਿਨ੍ਹਾਂ ਕੋਲ ਲੋੜੀਂਦੇ ਕੰਪਿਊਟਰ ਹੁਨਰ ਹਨ।

# ਕਿਰਤੀ ਕਿਸਾਨ ਯੂਨੀਅਨ ਵੱਲੋਂ ਰੋਸ ਪ੍ਰਦਰਸ਼ਨ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ )** ਹੁਸ਼ਿਆਰਪੁਰ ਵਿਖੇ ਕਿਰਤੀ ਕਿਸਾਨ ਯੂਨੀਅਨ ਵੱਲੋਂ ਝੋਨੇ ਦੀਆ ਭਰੀਆਂ ਟਾਰਲੀਆ ਲਗਾਕੇ ਰੋਸ਼ ਪ੍ਰਦਰਸਨ ਕੀਤਾ।ਕਿਸਾਨ ਯੂਨੀਅਨ ਹੁਸ਼ਿਆਰਪੁਰ ਵੱਲੋਂ ਡੀ ਸੀ ਦਫ਼ਤਰ ਹੁਸ਼ਿਆਰਪੁਰ ਵਿਖੇ ਝੋਨੇ ਨਾਲ ਭਰੀਆਂ ਟਰਾਲੀਆਂ ਲਗਾ ਕੇ ਰੋਸ ਪ੍ਰਦਰਸ਼ਨ ਕੀਤਾ। ਡੀ ਸੀ ਨਾਲ ਗੱਲਬਾਤ ਕਰਕੇ ਹੁਸ਼ਿਆਰਪੁਰ ਮੰਡੀ ਅਤੇ ਨਜ਼ਦੀਕ ਦੀਆਂ ਕੁਝ ਮੰਡੀਆ ਦੇ ਆੜਤੀਆਂ ਵਲੋਂ ਸੱਤ ਤੋਂ ਦੱਸ ਕਿਲੋ ਦੀ ਕਾਟ ਦਾ ਵਿਰੋਧ ਕੀਤਾ।ਪ੍ਰਸ਼ਾਸਨ ਵੱਲੋਂ ਦਿਤੇ ਭਰੋਸੇ ਮਗਰੋਂ ਆੜ੍ਹਤੀਆਂ ਨੂੰ ਚੇਤਾਵਨੀ ਦੇ ਕੇ ਬਿਨਾਂ ਕਾਟ ਦੇ ਟਰਾਲੀਆਂ ਖਾਲੀ ਕਰਵਾਈਆਂ ਗਈਆਂ।ਇਸ ਸਮੇਂ ਸੁਖਵਿੰਦਰ ਸਿੰਘ ਸੋਢੀ ਜੱਲੋਵਾਲ, ਜਰਨੈਲ ਸਿੰਘ ਜੱਲੋਵਾਲ, ਹਰਨੇਕ ਸਿੰਘ ਪੰਡੋਰੀ ਬੀਬੀ, ਗੁਰਦੀਪ ਸਿੰਘ ਹਰਖੋਵਾਲ, ਜਰਨੈਲ ਸਿੰਘ ਮੁੱਖਲਿਆਣਾ, ਸਤਨਾਮ ਸਿੰਘ ਮੁੱਖਲਿਆਣਾ, ਸਤਨਾਮ ਸਿੰਘ ਮੁੱਖਲਿਆਣਾ,ਪਲੈਟੋ ਭੂੰਗਾ, ਬਿੱਟੂ ਹਾਰਟਾ, ਸਤਨਾਮ ਸਿੰਘ ਬੱਡਲਾ, ਜਗਤਾਰ ਸਿੰਘ ਭਿੰਡਰ ਹਾਜ਼ਰ ਸਨ।

# ਸਿਲਵਰ ਓਕ ਸਕੂਲ ਦੇ ਵਿਦਿਆਰਥੀਆਂ ਵੱਲੋਂ ਦੀਵਾਲੀ ਮੌਕੇ ਲੋੜਵੰਦਾਂ ਦੀ ਮਦਦ ਲਈ ਪਹਿਲ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸਕੂਲ ਸ਼ਾਹਬਾਜ਼ਪੁਰ ਖੇਡਾਂ ਅਤੇ ਪੜ੍ਹਾਈ ਦੇ ਨਾਲ ਨਾਲ ਸਮਾਜ ਸੇਵੀ ਕੰਮਾਂ ਦੇ ਵਿੱਚ ਵੀ ਕਦਮ ਵਧਾ ਕੇ ਭਾਗ ਲੈਂਦਾ ਹੈ।ਸਕੂਲ ਦੀ ਇਸੇ ਪਰੰਪਰਾ ਨੂੰ ਅੱਗੇ ਵਧਾਉਂਦੇ ਹੋਏ ਇਸ ਵਾਰ ਦਿਵਾਲੀ 'ਤੇ ਬੱਚਿਆਂ ਨੇ ਆਪਣੇ ਮਾਪਿਆਂ ਦੀ ਮਦਦ ਨਾਲ ਅਤੇ ਅਧਿਆਪਕਾਂ ਨਾਲ ਮਿਲ ਕੇ ਰੋਜ਼ਮਰਾ ਦੀਆਂ ਜ਼ਰੂਰਤਾਂ ਦਾ ਸਮਾਨ ਆਪਣੇ ਜੇਬ ਖਰਚੀ ਵਿੱਚੋਂ ਇਕੱਠਾ ਕੀਤਾ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਸਕੂਲ ਵਿੱਚੋਂ ਤਿੰਨ ਬੱਸਾਂ ਇਸੇ ਰੋਜ਼ਮਰਾ ਦੇ ਜ਼ਰੂਰਤ ਵਾਲੇ ਸਮਾਨ ਦੀਆਂ ਤਿਆਰ ਕਰ ਕੇ ਗੁਰੂ ਆਸਰਾ ਸੇਵਾ ਸੁਸਾਇਟੀ ਬਾਹਗਾ, ਬਿਰਧ-ਆਸ਼ਰਮ ਦੇਹਰੀਵਾਲ ਅਤੇ ਕੁਸ਼ਟ ਆਸ਼ਰਮ ਦਸੂਹਾ ਵਿਖੇ ਭੇਜੀਆਂ ਗਈਆਂ। ਪ੍ਰਿੰਸੀਪਲ ਮਨੀਸ਼ਾ ਸੰਗਰ ਨੇ ਦੱਸਿਆ ਕਿ ਸਿਲਵਰ ਓਕ ਸਕੂਲ ਆਪਣੀ ਜਿੰਮੇਵਾਰੀ ਸਮਝਦਾ ਹੈ ਕਿ ਬੱਚਿਆਂ ਨੂੰ ਪੜ੍ਹਾਈ ਤੇ ਖੇਡਾਂ ਦੇ ਨਾਲ ਨਾਲ ਸਮਾਜ ਪ੍ਰਤੀ ਜਿੰਮੇਵਾਰੀ ਦਾ ਵੀ ਅਹਿਸਾਸ ਕਰਵਾਇਆ ਜਾਵੇ।ਉਹਨਾਂ ਦੱਸਿਆ ਕਿ ਚੇਅਰਮੈਨ ਤਰਲੋਚਨ ਸਿੰਘ ਦੀ ਪ੍ਰੇਰਨਾ ਸਦਕਾ ਬੱਚਿਆਂ ਤੇ ਅਧਿਆਪਕਾਂ ਨੇ ਮਿਲ ਕੇ ਆਪਣੇ ਜੇਬ ਖਰਚਿਆਂ ਵਿੱਚੋਂ ਪੈਸੇ ਬਚਾ ਕੇ ਰੋਜ਼ਮਾਰਾ ਦੀਆਂ ਜ਼ਰੂਰਤਾਂ ਦਾ ਸਮਾਨ ਖਰੀਦ ਕੇ ਇਕੱਠਾ ਕੀਤਾ ਅਤੇ ਇਹ ਸਾਰੇ ਸਮਾਨ ਨੂੰ ਤਿੰਨਾਂ ਬੱਸਾਂ ਦੇ ਵਿੱਚ ਪਾ ਕੇ ਅਲੱਗ ਅਲੱਗ ਜਗਾ ਲੋੜਵੰਦਾਂ ਦੀ ਮਦਦ ਲਈ ਭੇਜਿਆ ਗਿਆ।ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਕਿਹਾ ਕਿ ਅਸੀਂ ਬੱਚਿਆਂ ਨੂੰ ਮਿਆਰੀ ਸਿੱਖਿਆ ਅਤੇ ਵਧੀਆ ਖੇਡ ਸਹੂਲਤਾਂ ਦੇਣ ਲਈ ਹੀ ਨਹੀਂ ਸਗੋਂ ਸਮਾਜ ਦੇ ਚੰਗੇ ਨਾਗਰਿਕ ਵਜੋਂ ਪਛਾਣ ਦੇਣ ਲਈ ਵੀ ਵਚਨਬੱਧ ਹਾਂ।ਇਸ ਮੌਕੇ ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਣੀ, ਰਿਸੋਰਸ ਕੋਆਰਡੀਨੇਟਰ ਬਿਕਰਮਜੀਤ ਸਿੰਘ ਭੇਲਾ, ਸੰਜੀਵ ਕੁਮਾਰ ਸ਼ਰਮਾ, ਅਮਰਜੀਤ ਕੌਰ ਸੈਣੀ, ਜਗਬੰਧੰਨ ਸਿੰਘ, ਰਾਜਵਿੰਦਰ ਕੌਰ, ਰਾਜਬੀਰ ਕੌਰ, ਸੁਰੇਸ਼, ਵਿਸ਼ਾਲੀ, ਸੁਮੀਤ ਕੌਰ, ਬਲਜੀਤ ਕੌਰ, ਸੁਮਨ, ਨੇਹਾ, ਰਜਮੀਤ, ਹਰਮਿੰਦਰ, ਪਰਮਜੀਤ ਕੌਰ, ਪੂਜਾ, ਅਰਚਣਾ, ਗੁਰਪ੍ਰੀਤ, ਗੁਰਦੇਵ ਸਿੰਘ, ਹਰਜੀਤ ਸਿੰਘ, ਬਾਕੀ ਸਟਾਫ ਮੈਂਬਰ ਵੀ ਮੌਜੂਦ ਸਨ।

# ਲੋਕਾਂ ਦੀ ਸਹੂਲਤ ਲਈ ਨਗਰ ਨਿਗਮ ਵੱਲੋਂ ਵਟਸਐਪ ਨੰਬਰ ਜਾਰੀ

**ਹੁਸ਼ਿਆਰਪੁਰ( ਬਲਵੀਰ ਸਿੰਘ ਸੈਣੀ-)**ਨਗਰ ਨਿਗਮ ਦੇ ਕਮਿਸ਼ਨਰ ਡਾ. ਅਮਨਦੀਪ ਕੌਰ ਨੇ ਅੱਜ ਇੱਥੇ ਦੱਸਿਆ ਕਿ ਨਿਗਮ ਸ਼ਹਿਰ ਵਾਸੀਆਂ ਨੂੰ ਮੁਕੰਮਲ ਤੌਰ 'ਤੇ ਬੁਨਿਆਦੀ ਸਹੂਲਤਾਂ ਦੇਣ ਲਈ ਵਚਨਬੱਧ ਹੈ, ਜਿਸ ਤਹਿਤ ਸਮੇਂ-ਸਮੇਂ ਸਿਰ ਲੋੜੀਂਦੇ ਉਪਰਾਲੇ ਅਮਲ ਵਿਚ ਲਿਆਏ ਜਾਂਦੇ ਹਨ।ਉਨ੍ਹਾਂ ਨੇ ਦੱਸਿਆ ਕਿ ਨਿਗਮ ਵੱਲੋਂ ਇਕ ਹੋਰ ਪਹਿਲਕਦਮੀ ਕਰਦੇ ਹੋਏ ਆਮ ਪਬਲਿਕ ਦੀਆਂ ਸ਼ਿਕਾਇਤਾਂ ਤੁਰੰਤ ਨਿਪਟਾਉਣ ਲਈ ਵੱਖਰੇ ਨਿਗਮ ਕੰਪਲੈਕਸ ਵਿਖੇ ਤੌਰ 'ਤੇ ਸ਼ਿਕਾਇਤ ਸੈੱਲ ਸਥਾਪਤ ਕੀਤਾ ਗਿਆ, ਜਿੱਥੇ ਸਟਾਫ ਨੂੰ ਤਾਇਨਾਤ ਕਰਕੇ ਸ਼ਿਕਾਇਤ ਦਰਜ ਕਰਾਉਣ ਲਈ ਵਟਸਐਪ ਨੰਬਰ 94634-97791 ਜਾਰੀ ਕੀਤਾ ਗਿਆ ਸੀ, ਜਿਸ 'ਤੇ ਲੋਕਾਂ ਵੱਲੋਂ ਆਪਣੇ ਮਸਲੇ ਦਰਜ ਕਰਵਾਏ ਜਾਂਦੇ ਹਨ ।ਉਨ੍ਹਾਂ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਲੋਕਾਂ ਵੱਲੋਂ ਹੁਣ ਤੱਕ 255 ਸ਼ਿਕਾਇਤਾਂ ਦਰਜ ਕਰਵਾਈਆਂ ਗਈਆਂ ਹਨ, ਜਿਨ੍ਹਾਂ ਵਿੱਚੋਂ ਨਗਰ ਨਿਗਮ ਵੱਲੋਂ 250 ਸ਼ਿਕਾਇਤਾਂ ਦਾ ਫੌਰੀ ਤੌਰ 'ਤੇ ਹੱਲ ਕਰਵਾ ਦਿੱਤਾ ਗਿਆ ਹੈ।ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਵਟਸਐਪ ਨੰਬਰ ਦੀ ਸਹੂਲਤ ਦਾ ਪੂਰਾ ਲਾਹਾ ਲੈਣ।

# ਮੰਡੀਆਂ 'ਚ ਖ਼ਰੀਦੇ ਝੋਨੇ ਦੀ ਲਿ.ਫਟਿੰਗ ਵੀ ਨਾਲੋ-ਨਾਲ : ਡਿਪਟੀ ਕਮਿਸ਼ਨਰ



**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੱਬੀ)**: ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਦੇਰ ਸ਼ਾਮ ਚਮਕੌਰ ਸਾਹਿਬ ਅਨਾਜ ਮੰਡੀ ਦਾ ਦੌਰਾ ਕਰਕੇ ਝੋਨੇ ਦੀ ਖ਼ਰੀਦ ਤੇ ਚੁਕਾਈ ਦਾ ਜਾਇਜ਼ਾ ਲਿਆ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਕੀਤੇ ਗਏ ਪ੍ਰਬੰਧਾਂ ਦੇ ਚੱਲਦਿਆਂ ਅਨਾਜ ਮੰਡੀਆਂ ਵਿੱਚ ਝੋਨੇ ਦੀ ਖਰੀਦ ਕੀਤੀ ਫ਼ਸਲ ਦੀ ਚੁਕਾਈ ਵੀ ਤੇਜ਼ੀ ਨਾਲ ਕਰਵਾਈ ਜਾ ਰਹੀ ਹੈ। ਸ੍ਰੀ ਜੈਨ ਨੇ ਦੱਸਿਆ ਕਿ ਜ਼ਿਲ੍ਹਾ ਰੂਪਨਗਰ ਦੀਆਂ ਅਨਾਜ ਮੰਡੀਆਂ ਵਿੱਚ ਹੁਣ ਤੱਕ 62 ਹਜਾਰ 65 ਮੀਟਰਕ ਟਨ ਝੋਨੇ ਦੀ ਆਮਦ ਹੋਈ ਹੈ ਅਤੇ ਵੱਖ-ਵੱਖ ਖਰੀਦ ਏਜੰਸੀਆਂ ਵਲੋਂ 59 ਹਜਾਰ 354 ਮੀਟ੍ਰਿਕ ਟਨ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ 125.73 ਕਰੋੜ ਰੁਪਏ ਦੀ ਅਦਾਇਗੀ ਵੀ ਕਿਸਾਨਾਂ ਨੂੰ ਖ੍ਰੀਦ ਕੀਤੇ ਜਾ ਚੁੱਕੇ ਝੋਨੇ ਦੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀ ਲਿਫਟਿੰਗ ਦੀ ਕੁੱਝ ਸਮੱਸਿਆ ਆਈ ਸੀ, ਜਿਸ ਨੂੰ ਪੰਜਾਬ ਸਰਕਾਰ ਵਲੋਂ ਹੱਲ ਕੀਤਾ ਗਿਆ ਹੈ ਅਤੇ ਕਿਸਾਨਾਂ ਦੀ ਖਰੀਦ ਕੀਤੀ ਜਿਣਸ ਦੀ ਲਿਫਟਿੰਗ ਹੁਣ ਤੇਜ਼ੀ ਨਾਲ ਸ਼ੁਰੂ ਹੋ ਗਈ ਹੈ।




ਕੈਨੇਡਾ ਤੋਂ ਆਈ ਸਿਮਰਨਜੀਤ ਕੌਰ ਪੁੱਤਰੀ ਗੁਰਚਰਨ ਸਿੰਘ ਲਾਲੀ ਪਿੰਡ ਨਸੀਰਪੁਰ ਵੱਲੋਂ ਜ਼ਰੂਰਤ ਮੰਦ ਬੱਚਿਆਂ ਨੂੰ ਕਾਪੀਆਂ, ਪੈਨਸਿਲਾਂ ਤੇ ਟਿਫਨ ਬੋਕਸ ਵੰਡੇ ਗਏ। ਉਹਨਾ ਦੇ ਨਾਲ ਹਨ ਪਿੰਡ ਦੀ ਪੰਚਾਇਤ ਦੀ ਸਰਪੰਚ ਮਨਦੀਪ ਕੌਰ, ਪੰਚ ਤੇਗਾ ਸਿੰਘ, ਤਰਸੇਮ ਸਿੰਘ, ਹਰਦੇਵ ਸਿੰਘ, ਚੰਦ ਨਾਹਰ, ਰੁਪਿੰਦਰ ਕੌਰ, ਬਲਜੀਤ ਸਿੰਘ, ਗੁਰਚਰਨ ਸਿੰਘ ਲਾਲੀ, ਹਰਦੀਪ ਸਿੰਘ ਤੇ ਹਰਜਿੰਦਰ ਸਿੰਘ ਆਦਿ।( ਫੋਟੋ ਤੇ ਵੇਰਵਾ : ਯੋਗੇਸ਼ਵਰ)



ਪ੍ਰਾਚੀਨ ਸ਼ਿਵ ਮੰਦਰ ਲੋਹੀਆਂ ਖਾਸ ਦੇ ਗੱਦੀ ਨਸ਼ੀਨ ਪਰਮਪੂਜ ਗੁਰੂਦੇਵ ਮਹੰਤ ਸ਼ਿਪਰਾ ਗਿਰੀ ਮਹਾਰਾਜ ਦਾ ਲੋਹੀਆਂ ਖਾਸ ਪੁੱਜਣ 'ਤੇ ਉਹਨਾਂ ਦਾ ਸਵਾਗਤ ਕਰਦੇ ਹੋਏ ਪ੍ਰਾਚੀਨ ਸ਼ਿਵ ਮੰਦਰ ਦੇ ਸੇਵਾਦਾਰ। (ਫੋਟੋ ਤੇ ਵੇਰਵਾ : ਯੋਗੇਸ਼ਵਰ)

26-Oct-PAGE-9.qxd 10/25/2024 10:45 PM Page 1



# ਪੱਤਰਕਾਰ ਤੱਗੜ ਦੀ ਹਮਾਇਤ 'ਚ ਮੋਹਾਲੀ ਪ੍ਰੈਸ ਕਲੱਬ ਨੇ ਖੁੱਡੀਆਂ ਨੂੰ ਦਿੱਤਾ ਮੈਮੋਰੰਡਮ



**ਮੋਹਾਲੀ, (ਗੁਰਜੀਤ ਬਿੱਲਾ)** ਮੋਹਾਲੀ ਪ੍ਰੈਸ ਕਲੱਬ ਦੀ ਗਵਰਨਿੰਗ ਬਾਡੀ ਨੇ ਪੰਜਾਬ ਦੇ ਖੇਤੀਬਾੜੀ ਮੰਤਰੀ ਸਰਦਾਰ ਗੁਰਮੀਤ ਸਿੰਘ ਖੁੱਡੀਆਂ ਨਾਲ ਅੱਜ ਉਹਨਾਂ ਦੇ ਸੈਕਟਰ-39 ਸਥਿਤ ਨਿਵਾਸ ਤੇ ਮੁਲਾਕਾਤ ਕੀਤੀ ਅਤੇ ਪੱਤਰਕਾਰ ਰਾਜਿੰਦਰ ਸਿੰਘ ਤੱਗੜ 'ਤੇ ਮੋਹਾਲੀ ਪੁਲਸ ਵੱਲੋਂ ਦਰਜ ਕੀਤੇ 4 ਝੂਠੇ ਪਰਚਿਆਂ ਨੂੰ ਰੱਦ ਕਰਨ ਲਈ ਮੰਗ ਪੱਤਰ ਦਿੱਤਾ।ਕਲੱਬ ਦੇ ਪ੍ਰਧਾਨ ਸੁਖਦੇਵ ਸਿੰਘ ਪਟਵਾਰੀ ਨੇ ਮੰਤਰੀ ਜੀ ਤੋਂ ਮੰਗ ਕੀਤੀ ਕਿ ਸਾਰੇ ਮਾਮਲਿਆਂ ਦੀ ਜਾਂਚ ਲਈ ਇੱਕ ਸਿੱਟ ਬਣਾਈ ਜਾਵੇ।ਇਸ ਨਵੀਂ ਜਾਂਚ ਕਮੇਟੀ ਵਿਚ ਇੱਕ ਸੇਵਾਮੁਕਤ ਸੈਸ਼ਨ ਜੱਜ ਅਤੇ ਇੱਕ ਸੇਵਾਮੁਕਤ ਜਾਂ ਮੌਜੂਦਾ ਐਸ ਐਸ ਪੀ ਪੱਧਰ ਜਾਂ ਕੋਈ ਹੋਰ ਸੀਨੀਅਰ ਅਧਿਕਾਰੀ ਸ਼ਾਮਲ ਹੋਵੇ। ਇਹ ਜਾਂਚ ਸਮਾਂਬੱਧ ਤਰੀਕੇ ਨਾਲ ਕੀਤੀ ਜਾਵੇ।ਪਟਵਾਰੀ ਨੇ ਕਿਹਾ ਕਿ ਝੂਠੇ ਪਰਚੇ ਦਰਜ ਕਰਨ ਅਤੇ ਕਰਵਾਉਣ ਵਾਲਿਆਂ ਵਿਰੁੱਧ ਹੁਣ ਹਾਈਕੋਰਟ ਦੇ ਦਖਲ ਤੋਂ ਬਾਅਦ ਪਰਚੇ ਹੋ ਗਏ ਹਨ।ਮੰਤਰੀ ਨੇ ਭਰੋਸਾ ਦਿਵਾਇਆ ਕਿ ਉਹ ਜਲਦ ਮੁੱਖ ਮੰਤਰੀ ਸਾਹਿਬ ਨੂੰ ਮਿਲਕੇ ਜਾਂਚ ਕਮੇਟੀ ਬਣਾਉਣ ਦੀ ਸਿਫਾਰਿਸ਼ ਕਰਨਗੇ।ਇੱਸ ਮੌਕੇ ਬੋਲਦਿਆਂ ਪੱਤਰਕਾਰ ਤੱਗੜ ਨੇ ਕਿਹਾ ਕਿ ਮੋਹਾਲੀ ਦੀ ਪਿਛਲੀ ਪੁਲਸ ਟੀਮ ਨੇ ਉਹਨਾਂ ਦੇ ਭਰਿਸ਼ਟਾਚਾਰ ਨੂੰ ਬੇਨਕਾਬ ਕਰਦੀਆਂ ਖੋਜੀ ਖਬਰਾਂ ਤੋਂ ਪ੍ਰੇਸ਼ਾਨ ਹੋ ਕੇ ਝੂਠੇ ਪਰਚੇ ਦਰਜ ਕੀਤੇ ਅਤੇ ਉਸ ਨੂੰ ਕਰੀਬ 5 ਮਹੀਨੇ ਜੇਲ੍ਹ ਵਿਚ ਰਹਿਣਾ ਪਿਆ।

ਤੱਗੜ ਨੇ ਮੰਤਰੀ ਦੇ ਧਿਆਨ ਵਿਚ ਲਿਆਂਦਾ ਕਿ ਪੁਲਸ-ਬਿਲਡਰ ਨੈਕਸਸ ਨੂੰ ਕੁੱਝ ਸਿਆਸਤਦਾਨਾਂ ਦੀ ਵੀ ਹਮਾਇਤ ਹਾਸਿਲ ਹੈ, ਜਿਸ ਕਾਰਨ ਆਮ ਲੋਕਾਂ ਦੀ ਲੁੱਟ ਜਾਰੀ ਹੈ।ਇਸ ਮੌਕੇ ਗਵਰਨਿੰਗ ਬਾਡੀ ਮੈਂਬਰ ਗੁਰਮੀਤ ਸਿੰਘ ਸ਼ਾਹੀ (ਜਨਰਲ ਸਕੱਤਰ), ਸੁਸ਼ੀਲ ਗਰਚਾ (ਸੀਨੀਅਰ ਮੀਤ ਪ੍ਰਧਾਨ), ਮਨਜੀਤ ਸਿੰਘ ਚਾਨਾ (ਕੈਸ਼ੀਅਰ), ਵਿਜੇ ਕੁਮਾਰ (ਉਪ ਪ੍ਰਧਾਨ), ਨੀਲਮ ਠਾਕੁਰ ਅਤੇ ਮਾਇਆ ਰਾਮ (ਸੰਯੁਕਤ ਸਕੱਤਰ), ਸਤਨਾਮ ਸਿੰਘ ਦਾਊਂ ਆਦਿ ਮੌਜੂਦ ਸਨ।

# ਬੈਂਕ ਨਾਲ ਧੋਖਾਧੜੀ ਦੇ ਦੋਸ਼ 'ਚ ਪਤੀ-ਪਤਨੀ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ ( ਪ੍ਰਮੋਦ ਭਾਰਦਵਾਜ)** ਬੈਂਕ ਨਾਲ ਧੋਖਾਧੜੀ ਦੇ ਇੱਕ ਕਥਿਤ ਮਾਮਲੇ 'ਚ ਬਸੀ ਪਠਾਨਾਂ ਪੁਲਸ ਵੱਲੋਂ ਇੱਕ ਵਿਆਹੁਤਾ ਜੋੜੇ ਨੂੰ ਨਾਮਜ਼ਦ ਕੀਤੇ ਜਾਣ ਦਾ ਸਮਾਚਾਰ ਹੈ।ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਸਟੇਟ ਬੈਂਕ ਆਫ ਪਟਿਆਲਾ (ਹੁਣ ਸਟੇਟ ਬੈਂਕ ਆਫ ਇੰਡੀਆ) ਬਸੀ ਪਠਾਨਾਂ ਬ੍ਰਾਂਚ ਦੇ ਮੈਨੇਜਰ ਬਿਮਲ ਗੋਇਲ ਨੇ ਦੋਸ਼ ਲਗਾਏ ਸਨ ਕਿ ਦੀਪ ਕਮਲ ਅਤੇ ਉਸ ਦੇ ਪਤੀ ਸਮਨਦੀਪ ਸਿੰਘ ਨੇ ਸਾਲ 2015 ਵਿੱਚ ਉਨ੍ਹਾਂ ਦੇ ਬੈਂਕ ਤੋਂ ਆਸਟਰੇਲੀਆ 'ਚ ਪੜ੍ਹਾਈ ਕਰਨ ਜਾਣ ਵਾਸਤੇ 10 ਲੱਖ ਰੁਪਏ ਦਾ ਲੋਨ ਲਿਆ ਸੀ।ਸ਼ਿਕਾਇਤਕਰਤਾ ਨੇ ਦੋਸ਼ ਲਗਾਏ ਕਿ ਲੋਨ ਦੀ ਉਕਤ ਰਕਮ ਨਾ ਪੜ੍ਹਾਈ ਲਈ ਵਰਤੀ ਗਈ ਅਤੇ ਨਾ ਹੀ ਲੋਨ ਦੀ ਕੋਈ ਕਿਸ਼ਤ ਮੋੜੀ ਗਈ।ਸ਼ਿਕਾਇਤਕਰਤਾ ਨੇ ਕਿਹਾ ਕਿ ਅਜਿਹਾ ਕਰਕੇ ਉਕਤ ਵਿਅਕਤੀਆਂ ਵੱਲੋਂ ਬੈਂਕ ਨਾਲ ਧੋਖਾਧੜੀ ਕੀਤੀ ਗਈ ਹੈ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਥਾਣਾ ਬਸੀ ਪਠਾਨਾਂ ਵਿਖੇ ਸਮਨਦੀਪ ਸਿੰਘ ਅਤੇ ਦੀਪ ਕਮਲ ਵਾਸੀਆਨ ਪਿੰਡ ਹਾਜੀਪੁਰ ਵਿਰੁੱਧ ਮੁਕੱਦਮਾ ਦਰਜ ਕਰਕੇ ਬਸੀ ਪਠਾਨਾਂ ਸਿਟੀ ਚੌਕੀ ਦੇ ਇੰਚਾਰਜ ਥਾਣੇਦਾਰ ਪਰਦੀਪ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

# ਸੀ ਟੀ ਗਰੁੱਪ ਨੇ ਆਈ ਕੇ ਜੀ ਪੀ ਟੀ ਯੂ ਯੂਥ ਫੈਸਟ 'ਚ ਓਵਰਆਲ ਟਰਾਫੀ ਜਿੱਤੀ



**ਜਲੰਧਰ ( ਸ਼ੈਲੀ ਐਲਬਰਟ)** ਸੀਟੀ ਗਰੁੱਪ ਨੇ ਅੰਮ੍ਰਿਤਸਰ ਗਰੁੱਪ ਆਫ ਇੰਸਟੀਚਿਊਸ਼ਨਜ਼ ਵਿਖੇ ਆਯੋਜਿਤ ਆਈਕੇਜੀ ਪੀਟੀਯੂ ਯੂਥ ਫੈਸਟ ਵਿੱਚ ਓਵਰਆਲ ਟਰਾਫੀ ਜਿੱਤੀ । ਤਿੰਨ ਦਿਨਾਂ ਵਿੱਚ ਸੀਟੀ ਗਰੁੱਪ ਦੇ ਵਿਦਿਆਰਥੀਆਂ ਨੇ ਅਸਾਧਾਰਨ ਪ੍ਰਤਿਭਾ ਅਤੇ ਹੁਨਰ ਦਾ ਪ੍ਰਦਰਸ਼ਨ ਕੀਤਾ ਤੇ ਡਾਂਸ ਅਤੇ ਸੰਗੀਤ ਲਈ ਸਮੁੱਚੀ ਟਰਾਫੀਆਂ ਹਾਸਲ ਕੀਤੀਆਂ। ਈਵੈਂਟ ਦੇ ਪਹਿਲੇ ਦਿਨ ਸੀਟੀ ਗਰੁੱਪ ਦਾ ਪ੍ਰਦਰਸ਼ਨ ਸ਼ਾਨਦਾਰ ਰਿਹਾ, ਜਿਸ ਵਿੱਚ ਉਨ੍ਹਾਂ ਦੀ ਟੀਮ ਨੇ ਸਕਿੱਟ ਵਰਗ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਕਲਾਸੀਕਲ ਇੰਸਟਰੂਮੈਂਟਲ (ਪਰਕਸ਼ਨ), ਕਲਾਸੀਕਲ ਇੰਸਟਰੂਮੈਂਟਲ (ਨਾਨ-ਪਰਕਸ਼ਨ) ਅਤੇ ਵਾਰ ਗਾਇਨ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਦੂਜੇ ਦਿਨ ਲੋਕ ਗੀਤ, ਲਾਈਟ ਇੰਡੀਅਨ ਵੋਕਲ, ਗਰੁੱਪ ਸ਼ਬਦ ਅਤੇ ਗਰੁੱਪ ਸੌਂਗ ਇੰਡੀਅਨ ਵਿੱਚ ਪਹਿਲਾ ਸਥਾਨ ਤੇ ਵਨ ਐਕਟ ਪਲੇ ਵਿੱਚ ਦੂਜਾ ਸਥਾਨ ਹਾਸਲ ਕੀਤਾ। ਫੈਸਟੀਵਲ ਦੇ ਆਖ਼ਰੀ ਦਿਨ ਸੀਟੀ ਗਰੁੱਪ ਨੇ ਗਿੱਧੇ ਵਿੱਚ ਪਹਿਲਾ ਸਥਾਨ ਅਤੇ ਸਰਵੋਤਮ ਡਾਂਸਰ ਅਵਾਰਡ ਦੇ ਨਾਲ-ਨਾਲ ਵੈਸਟਰਨ ਸੋਲੋ ਅਤੇ ਵੈਸਟਰਨ ਗਰੁੱਪ ਕੈਟਾਗਰੀਆਂ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਸੀਟੀ ਗਰੁੱਪ ਦੇ ਚੇਅਰਮੈਨ ਸ. ਚਰਨਜੀਤ ਸਿੰਘ ਨੇ ਵਿਦਿਆਰਥੀਆਂ 'ਤੇ ਮਾਣ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਇਹ ਸ਼ਾਨਦਾਰ ਪ੍ਰਾਪਤੀ ਸਾਡੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਅਤੇ ਸਮਰਪਣ ਦਾ ਪ੍ਰਮਾਣ ਹੈ।।ਵਿਦਿਆਰਥੀ ਭਲਾਈ ਦੇ ਡੀਨ, ਡਾ. ਅਰਜਨ ਸਿੰਘ ਨੇ ਵੀ ਭਾਗੀਦਾਰਾਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾਕਿ ਸਾਡੇ ਵਿਦਿਆਰਥੀਆਂ ਨੇ ਨਾ ਸਿਰਫ਼ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਹੈ, ਸਗੋਂ ਉੱਤਮਤਾ ਪ੍ਰਤੀ ਆਪਣੀ ਅਟੁੱਟ ਵਚਨਬੱਧਤਾ ਵੀ ਦਿਖਾਈ ਹੈ।

# ਤਿਉਹਾਰਾਂ ਮੌਕੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਦਾ ਦਿੱਤਾ ਸੰਦੇਸ਼



**ਬਲਾਚੌਰ (ਜਸਵਿੰਦਰ ਬੈਂਸ)** ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਅਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਨੇ ਸ਼ਹਿਰ ਵਾਸੀਆਂ ਨੂੰ , ਦੀਵਾਲੀ, ਵਿਸ਼ਵਕਰਮਾ ਦਿਵਸ, ਬਾਬਾ ਬਲਰਾਜ ਛਿੰਝ ਮੇਲੇ ਅਤੇ ਗੁਰੂ ਪਰਵ ਦੀ ਵਧਾਈ ਦਿੰਦੇ ਹੋਏ ਟ੍ਰੈਫਿਕ ਦੇ ਨਿਯਮ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਦੁਕਾਨਦਾਰ ਆਪਣੀਆਂ ਦੁਕਾਨਾਂ ਦੇ ਬਾਹਰ ਸਮਾਨ ਘੱਟ ਤੋਂ ਘੱਟ ਰੱਖਣ ਤਾਂ ਜੋ ਲੋਕਾਂ ਨੂੰ ਬਾਜ਼ਾਰਾਂ ਵਿੱਚੋਂ ਲੰਘਣ ਵਿੱਚ ਕੋਈ ਦਿੱਕਤ ਨਾ ਆਵੇ।ਦੁਕਾਨਦਾਰਾਂ ਨੂੰ ਚਾਹੀਦਾ ਹੈ ਕਿ ਉਹ ਪ੍ਰਸ਼ਾਸਨ ਨੂੰ ਸਹਿਯੋਗ ਦੇਣ ਤਾਂ ਜੋ ਬਾਜ਼ਾਰਾਂ ਵਿੱਚ ਭੀੜ-ਭੜੱਕੇ ਕਾਰਨ ਕੋਈ ਵੀ ਬਿਮਾਰ ਵਿਅਕਤੀ ਇਲਾਜ ਤੋਂ ਵਾਂਝਾ ਨਾ ਰਹੇ।ਇਸੇ ਤਰ੍ਹਾਂ ਬੱਚਿਆਂ ਨੂੰ ਸਕੂਲ ਜਾਂ ਕਾਲਜ ਜਾਣ ਵਿੱਚ ਕੋਈ ਦਿੱਕਤ ਨਹੀਂ ਆਉਣੀ ਚਾਹੀਦੀ ਕਿਉਂਕਿ ਤਿਉਹਾਰਾਂ ਦੇ ਦਿਨਾਂ ਵਿੱਚ ਬਾਜ਼ਾਰਾਂ ਵਿੱਚ ਲੋਕਾਂ ਦੀ ਭੀੜ ਕਾਫੀ ਵੱਧ ਜਾਂਦੀ ਹੈ।

# ਐਥਲੈਟਿਕਸ ਖੇਡਾਂ 9 ਤੇ 10 ਦਸੰਬਰ ਨੂੰ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਸਪੋਰਟਸ ਐਂਡ ਕਲਚਰਲ ਐਸੋਸੀਏਸ਼ਨ ਆਫ ਨੂਰਮਹਿਲ ਰਜਿ. (ਸਕੈਨ)ਦੇ ਐਗਜ਼ੀਕਿਊਟਿਵ ਮੈਂਬਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਸਕੈਨ ਸੰਸਥਾ ਦੇ ਪ੍ਰਧਾਨ ਰਣਜੀਤ ਸਿੰਘ ਹੁੰਦਲ ਦੀ ਪ੍ਰਧਾਨਗੀ ਹੇਠ ਸਥਾਨਕ ਸ਼ਿਵਾ ਪਬਲਿਕ ਸਕੂਲ ਵਿਖੇ ਕੀਤੀ ਗਈ।ਇਸ ਮੀਟਿੰਗ 'ਚ ਸਰਬ ਸੰਮਤੀ ਨਾਲ ਪਾਸ ਕੀਤਾ ਗਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਐਥਲੈਟਿਕਸ ਖੇਡਾਂ ਸਥਾਨਕ ਦੁਸਹਿਰਾ ਗਰਾਊਂਡ 'ਚ 9 ਅਤੇ 10 ਦਸੰਬਰ ਦਿਨ ਸੋਮਵਾਰ ਤੇ ਮੰਗਲਵਾਰ ਨੂੰ ਕਰਵਾਈਆਂ ਜਾਣਗੀਆਂ।ਇਸ ਖੇਡ ਮੇਲੇ ਵਿੱਚ ਪਹਿਲਾਂ ਵਾਂਗ ਹੀ ਮਾਰਚ ਪਾਸਟ, ਬੱਚਿਆਂ ਦੇ ਗਿੱਧੇ ਭੰਗੜੇ ਅਤੇ ਬੱਚਿਆਂ ਦੁਆਰਾ ਤਿਆਰ ਕੀਤਾ ਯੋਗਾ ਈਵੈਂਟ ਵੀ ਕਰਵਾਇਆ ਜਾਵੇਗਾ।ਇਸ ਮੀਟਿੰਗ ਵਿੱਚ ਸਕੈਨ ਪ੍ਰਧਾਨ ਸ ਰਣਜੀਤ ਸਿੰਘ ਹੁੰਦਲ, ਮੈਡਮ ਸੁਮਨ ਲਤਾ ਪਾਠਕ, ਸ਼੍ਰੀ ਪਵਨ ਕੁਮਾਰ ਰਾਏ, ਮੱਖਣ ਸ਼ੇਰਪੁਰੀ, ਪ੍ਰਿੰਸੀਪਲ ਰੀਨਾ ਸ਼ਰਮਾ, ਪਰਮਜੀਤ ਸਿੰਘ ਚੀਮਾ, ਖੁਸ਼ਪਾਲ ਚੀਮਾ, ਪ੍ਰਿਤਪਾਲ ਸਿੰਘ ਨੰਨਰਾ, ਹਰਕਮਲ ਸਿੰਘ ਜੌਹਲ, ਰਵਿੰਦਰ ਸਿੰਘ ਜੌਹਲ, ਅਮਨ ਭੱਚੂ, ਅਮਨ ਪਾਠਕ, ਮੰਨੂ ਭਾਰਦਵਾਜ ਸ਼ਾਮਲ ਹੋਏ।

# ਯੁਵਕ ਸੇਵਾਵਾਂ ਕਲੱਬਾਂ ਨੂੰ ਗ੍ਰਾਂਟ ਜਾਰੀ ਕਰਨ ਲਈ ਅਰਜੀਆਂ ਦੀ ਮੰਗ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਪੰਜਾਬ ਸਰਕਾਰ ਦੇ ਯੁਵਕ ਸੇਵਾਵਾਂ ਵਿਭਾਗ ਵੱਲੋਂ ਆਪਣੇ ਨਾਲ ਐਫਲੀਏਟਿਡ ਕਲੱਬਾਂ ਤੋਂ ਪਿਛਲੇ 2 ਸਾਲਾਂ ਦੌਰਾਨ ਆਪਣੇ ਪਿੰਡਾਂ/ਵਾਰਡਾਂ ਵਿੱਚ ਕੀਤੇ ਸਮਾਜ ਸੇਵੀ ਕੰਮ, ਨਸ਼ਿਆਂ ਅਤੇ ਸਮਾਜਿਕ ਅਲਾਮਤਾਂ ਤੋਂ ਨੌਜਵਾਨਾਂ ਨੂੰ ਦੂਰ ਰੱਖਣ ਦੇ ਕਾਰਜ, ਖੇਡਾਂ ਪ੍ਰਤੀ ਨੌਜਵਾਨਾਂ ਨੂੰ ਪ੍ਰਫੁੱਲਿਤ ਕਰਨ ਲਈ ਕੀਤੀਆਂ ਗਤੀਵਿਧੀਆਂ ਅਤੇ ਹੋਰ ਸਾਹਸੀ ਗਤੀਵਿਧੀਆਂ ਦੇ ਆਧਾਰ 'ਤੇ ਉਨ੍ਹਾਂ ਨੂੰ ਸਹਾਇਤਾ ਗ੍ਰਾਂਟ ਦੇਣ ਲਈ ਜਿਲ੍ਹਾ ਜਲੰਧਰ ਵਿੱਚੋਂ 07 ਨਵੰਬਰ 2024 ਤੱਕ ਅਰਜੀਆਂ ਦੀ ਮੰਗ ਕੀਤੀ ਗਈ ਹੈ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਰਵੀ ਦਾਰਾ ਸਹਾਇਕ ਡਾਇਰੈਕਟਰ ਨੇ ਦੱਸਿਆ ਕਿ ਯੁਵਕ ਸੇਵਾਵਾਂ ਕਲੱਬ ਆਪਣੀਆਂ ਅਰਜੀਆਂ ਦੇ ਨਾਲ ਕੀਤੀਆਂ ਗਈਆਂ ਗਤੀਵਿਧੀਆਂ ਦੀਆਂ ਫੋਟੋਗ੍ਰਾਫ, ਅਖਬਾਰਾਂ ਦੀਆਂ ਕਟਿੰਗਾਂ ਅਤੇ ਹੋਰ ਪ੍ਰਮਾਣ ਪੱਤਰ ਸਹਿਤ ਫਾਇਲ ਤਿਆਰ ਕਰਕੇ ਦਫਤਰ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਜਲੰਧਰ ਨੇੜੇ ਬਰਲਟਨ ਪਾਰਕ ਸਾਹਮਣੇ ਸੁਰਜੀਤ ਹਾਕੀ ਸਟੇਡੀਅਮ ਵਿਖੇ ਨਿਸਚਿਤ ਮਿਤੀ ਤੱਕ ਜਮ੍ਹਾ ਕਰਵਾ ਸਕਦੇ ਹਨ। ਵਿਭਾਗ ਵੱਲੋਂ ਜਾਰੀ ਸਹਾਇਤਾ ਗ੍ਰਾਂਟ ਕਲੱਬ ਦੀ ਚੋਣ ਜਿਲ੍ਹਾ ਪੱਧਰੀ ਕਮੇਟੀ ਦੁਆਰਾ ਕੀਤੀ ਜਾਵੇਗੀ।

# ਹੈਰੋਇਨ ਸਮੇਤ ਤਿੰਨ ਕਾਬੂ

**ਮਲੋਟ, (ਗੁਰਮੀਤ ਸਿੰਘ ਮੱਕੜ)**:-ਸਥਾਨਕ ਥਾਣਾ ਸਿਟੀ ਪੁਲਸ ਵੱਲੋਂ ਥਾਣਾ ਸਿਟੀ ਦੇ ਮੁੱਖੀ ਵਰੁਣ ਕੁਮਾਰ ਦੀ



ਅਗਵਾਈ ਵਿਚ 12 ਗ੍ਰਾਮ ਹੈਰੋਇਨ ਸਮੇਤ ਤਿੰਨ ਵਿਅਕਤੀਆਂ ਨੂੰ ਕਾਬੂ ਕੀਤਾ ਹੈ, ਜਿਨ੍ਹਾਂ ਦੀ ਪਹਿਚਾਣ ਗੁਰਵਿੰਦਰ ਸਿੰਘ ਵਾਸੀ ਈਨਾਖੇੜਾ, ਪ੍ਰਨੀਤ ਸਿੰਘ ਵਾਸੀ ਲੁੰਡੇਵਾਲਾ ਅਤੇ ਬਲਕਰਨ ਸਿੰਘ ਵਾਸੀ ਬੁਰਜ਼ਾਂ ਫਾਟਕ ਮਲੋਟ ਵੱਜੋਂ ਹੋਈ ਹੈ। ਪੁਲਸ ਨੇ ਉਕਤ ਵਿਅਕਤੀਆਂ ਖਿਲਾਫ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਡੋਡਿਆਂ ਦੇ 15 ਕਿੱਲੋ ਛਿਲਕਿਆਂ ਸਮੇਤ ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਮੰਡੀ ਗੋਬਿੰਦਗੜ੍ਹ ਵਿਖੇ ਬੱਸ 'ਚੋਂ ਉੱਤਰੇ ਇੱਕ ਵਿਅਕਤੀ ਨੂੰ ਪੁਲਸ ਵੱਲੋਂ ਡੋਡਿਆਂ ਦੇ 15 ਕਿੱਲੋ ਛਿਲਕਿਆਂ ਸਣੇ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ। ਥਾਣਾ ਮੰਡੀ ਗੋਬਿੰਦਗੜ੍ਹ ਦੀ ਇੱਕ ਪੁਲਸ ਪਾਰਟੀ ਮੰਡੀ ਗੋਬਿੰਦਗੜ੍ਹ ਦੇ ਬੱਤੀਆਂ ਵਾਲੇ ਚੌਂਕ 'ਚ ਮੌਜੂਦ ਸੀ ਤਾਂ ਸਰਹਿੰਦ ਵੱਲੋਂ ਆਈ ਇੱਕ ਪ੍ਰਾਈਵੇਟ ਬੱਸ 'ਚੋਂ ਇੱਕ ਮੋਨਾ ਵਿਅਕਤੀ ਹੇਠਾਂ ਉੱਤਰਿਆ, ਜਿਸ ਦੇ ਹੱਥ ਵਿੱਚ ਫੜੇ ਪਲਾਸਟਿਕ ਦੇ ਥੈਲੇ ਦਾ ਹੇਠਾਂ ਉੱਤਰਨ ਲੱਗੇ ਮੂੰਹ ਖੁੱਲ ਗਿਆ ਤੇ ਥੈਲੇ ਵਿਚਲਾ ਪਦਾਰਥ ਧਰਤੀ 'ਤੇ ਡਿੱਗ ਪਿਆ।ਪੁਲਸ ਕਰਮਚਾਰੀਆਂ ਨੇ ਸ਼ੱਕ ਦੇ ਆਧਾਰ 'ਤੇ ਉਕਤ ਵਿਅਕਤੀ ਨੂੰ ਕਾਬੂ ਕਰਕੇ ਉਸ ਦਾ ਨਾਮ ਪਤਾ ਪੁੱਛਿਆ ਤਾਂ ਉਸ ਨੇ ਆਪਣੀ ਪਹਿਚਾਣ ਬਲਵੀਰ ਸਿੰਘ ਉਰਫ ਬੀਰ੍ਹਾ ਵਾਸੀ ਪਿੰਡ ਜਲਾਲਪੁਰ ਵਜੋਂ ਦੱਸੀ।ਥਾਣੇਦਾਰ ਧਰਮਪਾਲ ਨੇ ਜਦੋਂ ਉਕਤ ਵਿਅਕਤੀ ਦੇ ਥੈਲੇ 'ਚੋਂ ਡਿੱਗੇ ਪਦਾਰਥ ਨੂੰ ਚੈੱਕ ਕੀਤਾ ਤਾਂ ਥੈਲੇ ਵਿੱਚੋਂ ਡੋਡਿਆਂ ਦੇ ਛਿਲਕੇ ਬਰਾਮਦ ਹੋਏ ਜਿਨ੍ਹਾਂ ਦਾ ਵਜ਼ਨ 15 ਕਿੱਲੋ ਸੀ।ਪੁਲਸ ਨੇ ਕੇਸ ਦਰਜ ਕਰਕੇ ਬਲਵੀਰ ਸਿੰਘ ਉਰਫ ਬੀਰ੍ਹਾ ਨੂੰ ਗ੍ਰਿਫਤਾਰ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

# ਪ੍ਰੀਤ ਨਗਰ 'ਚ ਉਸਾਰੀ ਅਧੀਨ ਸਰਕਾਰੀ ਐਲੀਮੈਂਟਰੀ ਸਕੂਲ ਨੂੰ ਜਾਰੀ ਹੋਈ 7 ਲੱਖ ਦੀ ਗ੍ਰਾਂਟ

ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ) ਆਮ ਆਦਮੀ ਪਾਰਟੀ ਦੀ ਨਿਧੜਕ ਮਹਿਲਾ ਆਗੂ ਪ੍ਰਿਤਪਾਲ ਕੌਰ ਤੁਲੀ ਦੇ ਯਤਨਾਂ ਸਦਕਾ ਮੁਹੱਲਾ ਪ੍ਰੀਤ ਨਗਰ ਵਿਖੇ ਸਰਕਾਰੀ ਐਲੀਮੈਂਟਰੀ ਸਕੂਲ ਦੀ ਉਸਾਰੀ ਅਧੀਨ ਇਮਾਰਤ ਨੂੰ ਸਰਕਾਰ ਵਲੋਂ ਸੱਤ ਲੱਖ ਰੁਪਏ ਦੀ ਦੂਸਰੀ ਕਿਸ਼ਤ ਜਾਰੀ ਕੀਤੀ ਗਈ ਹੈ। ਜਾਣਕਾਰੀ ਦਿੰਦਿਆਂ ਪ੍ਰਿਤਪਾਲ ਕੌਰ ਤੁਲੀ ਨੇ ਦੱਸਿਆ ਕਿ ਇਹ ਸਕੂਲ ਸਨਾਤਨ ਧਰਮ ਸ਼ਿਵ ਮੰਦਰ ਭਗਤਪੁਰਾ ਵਿੱਚ ਕਰੀਬ ਤੀਹ ਸਾਲਾਂ ਤੋਂ ਚਲਾਇਆ ਜਾ ਰਿਹਾ ਸੀ।ਪਰ ਥਾਂ ਦੀ ਘਾਟ ਕਾਰਨ ਵਿਦਿਆਰਥੀਆਂ ਦੀ ਗਿਣਤੀ ਵੀ ਘਟਦੀ ਜਾ ਰਹੀ ਸੀ।ਜਿਸ ਤੋਂ ਬਾਅਦ ਇਕ ਐਨ ਆਰ ਆਈ ਨੇ ਸਕੂਲ ਲਈ ਕਰੀਬ ਪੰਦਰਾਂ ਮਰਲੇ ਜ਼ਮੀਨ ਦਾਨ ਕੀਤੀ ਸੀ ਅਤੇ ਮੰਦਰ ਦੀ ਕਮੇਟੀ ਨੇ ਵੀ ਰਜਿਸਟਰੀ ਸਕੂਲ ਦੇ ਨਾਂ ਕਰਵਾ ਦਿੱਤੀ।ਜਗ੍ਹਾ ਦਾ ਪ੍ਰਬੰਧ ਹੋਣ 'ਤੇ ਭਗਵੰਤ ਮਾਨ ਸਰਕਾਰ ਵਲੋਂ ਪਹਿਲੀ ਕਿਸ਼ਤ ਦੇ ਰੂਪ ਵਿਚ 8 ਲੱਖ ਰੁਪਏ ਦੀ ਗ੍ਰਾਂਟ ਬੀਤੇ ਸਾਲ ਦਸੰਬਰ ਮਹੀਨੇ ਵਿਚ ਜਾਰੀ ਕੀਤੀ ਸੀ।ਜਿਸ ਨਾਲ ਸਕੂਲ ਦੀ ਇਮਾਰਤ ਦੀ ਉਸਾਰੀ ਦਾ ਕੰਮ ਸ਼ੁਰੂ ਹੋਇਆ। ਹੁਣ ਦੂਸਰੀ ਕਿਸ਼ਤ ਦੇ ਪੈਸਿਆਂ ਨਾਲ ਉਸਾਰੇ ਗਏ ਕਮਰਿਆਂ ਦੀ ਤਿਆਰੀ ਅਤੇ ਹੋਰ ਕੰਮ ਕਰਵਾਏ ਜਾਣਗੇ। ਉਨ੍ਹਾਂ ਨੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਅਤੇ ਮੈਂਬਰ ਪਾਰਲੀਮੈਂਟ ਡਾ. ਰਾਜਕੁਮਾਰ ਚੱਬੇਵਾਲ ਦਾ ਖਾਸ ਤੌਰ 'ਤੇ ਧੰਨਵਾਦ ਕੀਤਾ।

# ਕੁੱਟਮਾਰ ਕਰਨ ਦੇ ਦੋਸ਼ ਹੇਠ ਤਿੰਨ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਗਵਾਂਢੀਆਂ ਨਾਲ ਹੋਈ ਮਾਮੂਲੀ ਬਹਿਸਬਾਜ਼ੀ ਤੋਂ ਤੈਸ਼ 'ਚ ਆ ਕੇ ਮਾਂ ਪੁੱਤ ਦੀ ਕੁੱਟਮਾਰ ਕਰ ਦੇਣ ਦੇ ਕਥਿਤ ਮਾਮਲੇ 'ਚ ਬਸੀ ਪਠਾਨਾਂ ਪੁਲਸ ਵੱਲੋਂ ਤਿੰਨ ਵਿਅਕਤੀਆਂ ਵਿਰੁੱਧ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਏਕਤਾ ਨਾਮਕ ਔਰਤ ਨੇ ਦੋਸ਼ ਲਗਾਏ ਸਨ ਕਿ ਮਾਮੂਲੀ ਬਹਿਸ ਉਪਰੰਤ ਉਸ ਦੇ ਗਵਾਂਢ'ਚ ਰਹਿਣ ਵਾਲੀ ਸੀਮਾ ਰਾਣੀ ਅਤੇ ਉਸ ਦੇ ਲੜਕਿਆਂ ਦੇਵ ਵਰਤ ਅਤੇ ਕਰਨਵੀਰ ਨੇ ਉਸ ਦੀ ਅਤੇ ਉਸਦੇ ਲੜਕੇ ਦੀ ਘਰ ਆ ਕੇ ਕੁੱਟਮਾਰ ਕੀਤੀ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਦੇਵ ਵਰਤ,ਕਰਨਵੀਰ ਅਤੇ ਸੀਮਾ ਰਾਣੀ ਵਾਸੀਆਨ ਬਸੀ ਪਠਾਨਾਂ ਵਿਰੁੱਧ ਮੁਕੱਦਮਾ ਦਰਜ ਕਰਵਾ ਕੇ ਬਸੀ ਪਠਾਨਾਂ ਸਿਟੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

# ਵਿਦਿਆਰਥੀਆਂ ਵੱਲੋਂ ਪ੍ਰਭ ਆਸਰਾ ਝੰਜੇੜੀ ਦਾ ਦੌਰਾ

**ਸ੍ਰੀ ਫਤਿਹਗੜ੍ਹ ਸਾਹਿਬ,(ਪ੍ਰਮੋਦ ਭਾਰਦਵਾਜ)** ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਸਮਾਜ ਸ਼ਾਸਤਰ ਵਿਭਾਗ ਵੱਲੋਂ ਪ੍ਰਭ ਆਸਰਾ ਐਨਜੀਓ ਝੰਜੇੜੀ ਦੀ ਇੱਕ ਰੋਜ਼ਾ ਫੀਲਡ ਟ੍ਰਿਪ ਦਾ ਆਯੋਜਨ ਕੀਤਾ ਗਿਆ।ਇਹ ਯਾਤਰਾ ਵਿਦਿਆਰਥੀਆਂ ਦੇ ਪਾਠਕ੍ਰਮ ਦਾ ਹਿੱਸਾ ਸੀ।ਇਸ ਦੌਰੇ ਦਾ ਉਦੇਸ਼ ਵਿਦਿਆਰਥੀਆਂ ਨੂੰ ਸਮਾਜਿਕ ਖੋਜ ਦੇ ਵੱਖ-ਵੱਖ ਪਹਿਲੂਆਂ ਤੋਂ ਜਾਣੂ ਕਰਵਾਉਣਾ ਅਤੇ ਸਿਧਾਂਤ ਨੂੰ ਅਭਿਆਸ ਨਾਲ ਜੋੜਨਾ ਸੀ। ਇਸ ਦੌਰੇ ਦੌਰਾਨ,ਵਿਦਿਆਰਥੀਆਂ ਨੇ ਐਨ.ਜੀ.ਓ. ਵਿੱਚ ਰਹਿ ਰਹੇ ਵਿਅਕਤੀਆਂ ਦੁਆਰਾ ਦਰਪੇਸ਼ ਆਰਥਿਕ, ਸਮਾਜਿਕ ਅਤੇ ਮਨੋਵਿਗਿਆਨਕ ਚੁਣੌਤੀਆਂ ਦੀ ਖੋਜ ਕੀਤੀ।ਉਹਨਾਂ ਨੇ ਐਨਜੀਓ ਦੇ ਸਟਾਫ਼ ਅਤੇ ਨਿਵਾਸੀਆਂ ਨਾਲ ਵੀ ਗੱਲਬਾਤ ਕੀਤੀ ।ਇਸ ਪਹਿਲਕਦਮੀ ਦੇ ਹਿੱਸੇ ਵਜੋਂ 32 ਵਿਦਿਆਰਥੀਆਂ ਨੇ ਸਹਾਇਕ ਪ੍ਰੋਫੈਸਰ ਡਾ: ਹਰਮਨਪ੍ਰੀਤ ਕੌਰ ਅਤੇ ਸ਼੍ਰੀਮਤੀ ਏਕਰੂਪ ਕੌਰ ਦੇ ਨਾਲ ਝੰਜੇੜੀ ਸਥਿਤ ਪ੍ਰਭ ਆਸਰਾ ਐਨ.ਜੀ.ਓ. ਦਾ ਦੌਰਾ ਕੀਤਾ । ਇਹ ਫੀਲਡਵਰਕ ਵਿਭਾਗ ਦੇ ਮੁਖੀ ਡਾ.ਨਵਸ਼ਗਨਦੀਪ ਕੌਰ ਜਿਨ੍ਹਾਂ ਨੇ ਸਮਾਜ ਸ਼ਾਸਤਰ ਵਿੱਚ ਅਨੁਭਵੀ ਸਿੱਖਿਆ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ।



# ਦੇਸ਼ ਭਗਤ ਟੈਕਨੀਕਲ ਕਾਲਜ ਹੁਸ਼ਿਆਰਪੁਰ ਵਿਖੇ ਕਨਵੋਕੇਸ਼ਨ ਸਮਾਗਮ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਦੇਸ਼ ਭਗਤੀ ਟੈਕਨੀਕਲ ਕਾਲਜ ਹੁਸ਼ਿਆਰਪੁਰ ਵਿਖੇ ਸ਼ਾਨਦਾਰ ਕਨਵੋਕੇਸ਼ਨ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਹਲਕਾ ਹੁਸ਼ਿਆਰਪੁਰ ਦੇ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਸੈਂਕੜੇ ਵਿਦਿਆਰਥੀਆਂ ਨੂੰ ਗ੍ਰੈਜੂਏਟ ਅਤੇ ਤਕਨੀਕੀ ਸਿੱਖਿਆ ਦੀਆਂ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ।ਵਿਧਾਇਕ ਜਿੰਪਾ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੰਦੇ ਹੋਏ ਜੀਵਨ ਵਿੱਚ ਨਿਰੰਤਰ ਵਿਕਾਸ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਆਪਣੇ ਸੰਬੋਧਨ ਵਿੱਚ ਜਿੰਪਾ ਨੇ ਕਿਹਾ, ਨੌਜਵਾਨਾਂ ਨੂੰ ਸਿਰਫ਼ ਵਿੱਦਿਅਕ ਪ੍ਰਾਪਤੀਆਂ ਉੱਤੇ ਹੀ ਧਿਆਨ ਨਹੀਂ ਦੇਣਾ ਚਾਹੀਦਾ ਸਗੋਂ ਹਰ ਖੇਤਰ ਵਿੱਚ ਸਰਵਪੱਖੀ ਵਿਕਾਸ ਵੱਲ ਵਧਣਾ ਚਾਹੀਦਾ ਹੈ।ਜ਼ਿੰਦਗੀ ਦਾ ਟੀਚਾ ਸਿਰਫ਼ ਨੌਕਰੀ ਦੇ ਪਿੱਛੇ ਭੱਜਣਾ ਹੀ ਨਹੀਂ ਹੋਣਾ ਚਾਹੀਦਾ, ਸਗੋਂ ਸਮਾਜ ਪ੍ਰਤੀ ਯੋਗਦਾਨ ਅਤੇ ਦੇਸ਼ ਦੀ ਤਰੱਕੀ ਵਿਚ ਹਿੱਸਾ ਲੈਣਾ ਵੀ ਜ਼ਰੂਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸਵੈ-ਵਿਕਾਸ, ਸਵੈ-ਨਿਰਭਰਤਾ ਅਤੇ ਨਿਰੰਤਰ ਸਿੱਖਣ ਦੀ ਮਹੱਤਤਾ ਤੋਂ ਜਾਣੂ ਕਰਵਾਇਆ। ਵਿਧਾਇਕ ਨੇ ਕਿਹਾ ਕਿ ਨੌਜਵਾਨ ਦੇਸ਼ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਦੇ ਯਤਨ ਦੇਸ਼ ਨੂੰ ਅੱਗੇ ਲਿਜਾਣ ਵਿੱਚ ਫੈਸਲਾਕੁੰਨ ਭੂਮਿਕਾ ਨਿਭਾਉਣਗੇ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਰੁਜ਼ਗਾਰ ਤੋਂ ਇਲਾਵਾ ਉੱਦਮ ਦੇ ਖੇਤਰ ਵਿੱਚ ਵੀ ਕਦਮ ਪੁੱਟਣ ਅਤੇ ਆਤਮ-ਨਿਰਭਰ ਭਾਰਤ ਮੁਹਿੰਮ ਨੂੰ ਮਜ਼ਬੂਤ ਕਰਨ। ਸਮਾਗਮ ਵਿੱਚ ਕਾਲਜ ਪ੍ਰਿੰਸੀਪਲ ਅਤੇ ਹੋਰ ਪਤਵੰਤੇ ਸੱਜਣਾਂ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਲਈ ਪ੍ਰੇਰਨਾ ਦਿੱਤੀ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਡਿਪਟੀ ਮੇਅਰ ਪਰਵੀਨ ਸੈਣੀ, ਗੰਗਾ ਪ੍ਰਸਾਦ, ਬਲਵਿੰਦਰ ਸਿੰਘ, ਜਸਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਗੈਰ-ਤਕਨੀਕੀ ਮੁਕਾਬਲੇ ਕਰਵਾਏ



**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** ਦੋਆਬਾ ਗਰੁੱਪ ਆਫ਼ ਕਾਲਜ਼ ਡਾਇਰੈਕਟਰ ਰਜੇਸ਼ਵਰ ਨੇ ਵਿਦਿਆਰਥੀਆਂ ਨੂੰ ਤਕਨੀਕੀ ਅਤੇ ਗੈਰ-ਤਕਨੀਕੀ ਇਵੈਂਟਸ ਵਰਗੇ ਕਈ ਮੁਕਾਬਲੇ ਕਰਵਾਏ ਗਏ। ਇਹ ਸਮਾਗਮ ਬਹੁਤ ਹੀ ਸੁਚੱਜੇ ਢੰਗ ਨਾਲ ਕਰਵਾਇਆ ਗਿਆ ਅਤੇ ਕਲਾਕਾਰਾਂ ਨੇ ਦਰਸ਼ਕਾਂ ਦਾ ਮਨ ਮੋਹ ਲਿਆ। ਡਾਇਰੈਕਟਰ ਸਾਹਿਬ ਨੇ ਕਾਮਨਾ ਕੀਤੀ ਕਿ ਪੜ੍ਹਾਈ ਤੋਂ ਇਲਾਵਾ ਵਿਦਿਆਰਥੀ ਪਾਠਕ੍ਰਮ ਤੋਂ ਬਾਹਰ ਦੀਆਂ ਗਤੀਵਿਧੀਆਂ ਵਿੱਚ ਹਿੱਸਾ ਲੈਣ ਤਾਂ ਜੋ ਇਸ ਨੂੰ ਜੀਵਨ ਭਰ ਲਈ ਯਾਦਗਾਰ ਬਣਾਇਆ ਜਾ ਸਕੇ। ਡਾ. ਖੁਸ਼ਨੀਤ ਕੌਰ ਬਾਠ (ਪ੍ਰਿੰਸੀਪਲ) ਨੇ ਵੀ ਕਾਮਨਾ ਕੀਤੀ ਕਿ ਵਿਦਿਆਰਥੀ ਆਪਣੀ ਪੜ੍ਹਾਈ 'ਤੇ ਧਿਆਨ ਕੇਂਦਰਿਤ ਕਰਨ ਅਤੇ ਵੱਧ ਤੋਂ ਵੱਧ ਪ੍ਰਾਪਤੀਆਂ ਲਈ ਆਪਣੇ ਕੈਰੀਅਰ ਨੂੰ ਢਾਲਣ ਲਈ ਅਹਿਮ ਭੂਮਿਕਾ ਨਿਭਾਉਣ। ਵਿਦਿਆਰਥੀ ਵੱਖ-ਵੱਖ ਤਕਨੀਕੀ ਈਵੈਂਟਾਂ (ਤਕਨੀਕੀ ਕਵਿਜ਼, ਡੀਬਗਿੰਗ, ਲੈਨ ਗੇਮਿੰਗ, ਬਸ ਡੂ ਇਟ, ਪੇਪਰ ਪੇਸ਼ਕਾਰੀ, ਬ੍ਰਿਜ ਮੇਕਿੰਗ, ਡਿਬੇਟ ਐਡ ਮੈਡ ਸ਼ੋਅ, ਮੈਨੇਜਮੈਂਟ ਕਵਿਜ਼ ਅਤੇ ਗੈਰ-ਤਕਨੀਕੀ ਮੁਕਾਬਲੇ ਕਰਵਾਏ ਗਏ। ਇਹ ਪ੍ਰੋਗਰਮ ਲਗਾਤਾਰ 3 ਦਿਨ ਚੱਲਿਆ। ਟੈਕਨੋ-ਵਿਲਾ ਈਵੈਂਟਸ ਦੇ ਅੰਤ 'ਚ ਜੇਤੂਆਂ ਨੂੰ ਸਨਮਾਨਿਤ ਕੀਤਾ ਗਿਆ।

# ਮੰਡੀਆਂ 'ਚ ਰੁਲ ਰਹੀ ਕਿਸਾਨਾਂ ਦੀ ਕੋਈ ਨਹੀਂ ਲੈ ਰਿਹਾ ਸਾਰ : ਅਜੇ ਮੰਗੂਪਰ



**ਬਲਾਚੌਰ (ਜਸਵਿੰਦਰ ਬੈਂਸ)** ਦਿਨ ਰਾਤ ਮਿਹਨਤ ਨਾਲ ਪਾਲੀ ਝੋਨੇ ਦੀ ਫਸਲ ਨੂੰ ਲੈ ਕੇ ਕਿਸਾਨ ਮੰਡੀਆਂ 'ਚ ਰੁਲ ਰਿਹਾ ਹੈ ਜਦਕਿ ਸੂਬਾ ਦਾ ਕੋਈ ਵੀ ਨੁਮਾਇੰਦਾ ਮੰਡੀਆਂ 'ਚ ਆ ਕੇ ਕਿਸਾਨਾਂ ਦੀ ਸਾਰ ਤੱਕ ਨਹੀਂ ਲੈ ਰਿਹਾ ਹੈ।ਇਨ੍ਹਾਂ ਵਿਚਾਰਾ ਦਾ ਪ੍ਰਗਟਾਵਾ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਵੱਲੋਂ ਦਾਣਾ ਮੰਡੀ ਬਲਾਚੌਰ ਵਿੱਚ ਸੂਬੇ ਦੀ ਸਰਕਾਰ ਖਿਲਾਫ ਕੀਤੇ ਇੱਕ ਵਿਸ਼ਾਲ ਰੋਸ ਪ੍ਰਦਰਸ਼ਨ ਦੌਰਾਨ ਆਪਣੇ ਸੰਬੋਧਨ ਵਿੱਚ ਆਖੇ।ਇਸ ਮੌਕੇ ਸਮੂਹ ਕਾਂਗਰਸੀਆਂ ਵੱਲੋਂ ਆਪਣੇ ਹੱਥਾਂ 'ਚ ਹਲਕਾ ਵਿਧਾਇਕ ਦੇ ਹਲਕੇ 'ਚ ਗੁੰਮਸ਼ੁਦਾ ਦੇ ਅਤੇ ਪੰਜਾਬ ਸਰਕਾਰ ਮੁਰਦਾਬਾਦ ਦੀਆਂ ਤਖਤੀਆਂ ਵੀ ਫੜੀਆਂ ਹੋਈਆਂ ਸਨ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਨੇ ਆਖਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇੱਕ ਅਕਤੂਬਰ ਤੋਂ ਮੰਡੀਆਂ 'ਚ ਆਏ ਝੋਨੇ ਦੇ ਦਾਣੇ ਦਾਣੇ ਨੂੰ ਖਰੀਦ ਕਰਨ ਦਾ ਐਲਾਨ ਕੀਤਾ ਸੀ, ਪਰ ਇਹ ਐਲਾਨ ਫੋਕਾ ਅਤੇ ਇਸ਼ਤਿਹਾਰੀ ਸੁਰਖੀਆਂ ਤੱਕ ਹੀ ਸੀਮਿਤ ਹੋ ਕੇ ਰਹਿ ਗਏ ਹਨ।ਉਹਨਾਂ ਆਖਿਆ ਕਿ ਇੱਕ ਅਕਤੂਬਰ ਤੋਂ ਬਾਅਦ ਅੱਜ 24 ਦਿਨ ਬੀਤ ਜਾਣ ਦੇ ਬਾਵਜੂਦ ਵੀ ਦਾਣਾ ਮੰਡੀ ਬਲਾਚੌਰ ਅਤੇ ਹੋਰ ਪੰਜਾਬ ਭਰ ਦੀਆਂ ਦਾਣਾ ਮੰਡੀਆਂ 'ਚ ਪੰਜਾਬ ਅਤੇ ਕੇਂਦਰ ਸਰਕਾਰ ਦੀਆਂ ਖਰੀਦ ਏਜੰਸੀਆਂ ਨਾ ਮਾਤਰ ਝੋਨੇ ਦੀ ਖਰੀਦ ਕਰਕੇ ਡਰਾਮੇਬਾਜ਼ੀਆਂ ਕਰ ਕੋਝੀਆ ਚਾਲਾਂ ਚੱਲ ਰਹੀਆਂ ਹਨ। ਉਨ੍ਹਾ ਪੰਜਾਬ ਅਤੇ ਕੇਂਦਰ ਸਰਕਾਰ ਦੀ ਅਸਲ ਮਨਸ਼ਾ ਨੂੰ ਬਿਆਨ ਕਰਦਿਆਂ ਆਖਿਆ ਕਿਸਾਨਾਂ ਨਾਲ ਧੋਖਾ ਕਰਕੇ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾਉਣ ਲਈ ਹੀ ਇਹ ਸਭ ਕੋਝੀਆਂ ਚਾਲਾਂ ਚੱਲੀਆਂ ਜਾ ਰਹੀਆ ਹਨ। ਉਨ੍ਹਾ ਕਿਹਾ ਕਿ ਜੇ ਪੰਜਾਬ ਸਰਕਾਰ ਨੇ ਪ੍ਰਬੰਧ ਠੀਕ ਨਾ ਕੀਤੇ ਤਾਂ ਪੰਜਾਬ ਦਾ ਕਿਸਾਨ ਸੜਕਾ 'ਤੇ ਆਉਣ ਲਈ ਮਜ਼ਬੂਰ ਹੋਵੇਗਾ। ਇਸ ਮੌਕੇ ਚੇਅਰਮੈਨ ਬਲਾਕ ਸੰਮਤੀ ਬਲਾਚੌਰ ਧਰਮ ਪਾਲ ਭਰਥਲਾ, ਮੋਹਨ ਲਾਲ ਸੰਧੂ ਬਲਾਕ ਪ੍ਰਧਾਨ ਕਾਂਗਰਸ ਤਿਲਕ ਰਾਜ ਸੂਦ ਬਲਾਕ ਪ੍ਰਧਾਨ ਸੜੋਆ, ਬਲਜਿੰਦਰ ਸਿੰਘ ਸਰਪੰਚ ਜਿਲਾ ਪ੍ਰਧਾਨ ਪੰਚਾਇਤੀ ਰਾਜ ਸੰਗਠਨ, ਜਸਵਿੰਦਰ ਵਿੱਕੀ ਕਾਠਗੜ੍ਹ, ਸਾਬਕਾ ਪ੍ਰਧਾਨ ਨਗਰ ਕੌਂਸਲ ਬਲਾਚੌਰ ਨਰਿੰਦਰ ਘਈ, ਦੇਸ ਰਾਜ ਹੱਕਲਾ, ਅਵਤਾਰ ਸਿੰਘ ਬਲਾਕ ਪ੍ਰਧਾਨ ਓਬੀਸੀ, ਜਸਵਿੰਦਰਸਿੰਘ ਦਿਆਲ, ਅਸ਼ੋਕ ਬਾਂਠ, ਬਲਵੀਰ ਚੌਧਰੀ ਬਲਾਕ ਪ੍ਰਧਾਨ ਸੜੋਆ ਯੂਥ ਸਮੇਤ ਹੋਰ ਵੀ ਸਖਸ਼ੀਅਤਾ ਹਾਜ਼ਰ ਸਨ।

# ਬਸਪਾ ਵੱਲੋਂ ਸਿਵਲ ਹਸਪਤਾਲ ਖਿਲਾਫ਼ ਧਰਨਾ ਪ੍ਰਦਰਸ਼ਨ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਬਹੁਜਨ ਸਮਾਜ ਪਾਰਟੀ ਵੱਲੋਂ ਸਿਵਲ ਹਸਪਤਾਲ ਹੁਸ਼ਿਆਰਪੁਰ ਦੇ ਖਿਲਾਫ਼ ਧਰਨਾ ਪ੍ਰਦਰਸ਼ਨ ਦਿਨੇਸ਼ ਕੁਮਾਰ ਪੱਪੂ ਅਤੇ ਵਰਿੰਦਰ ਬੱਧਨ ਸ਼ਹਿਰੀ ਪ੍ਰਧਾਨ ਦੀ ਅਗਵਾਈ ਹੇਠ ਕੀਤਾ ਗਿਆ ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਬਸਪਾ ਆਗੂ ਮਨਿੰਦਰ ਸਿੰਘ ਸ਼ੇਰਪੁਰੀ ਸਕੱਤਰ ਬਸਪਾ ਪੰਜਾਬ, ਸੁਖਦੇਵ ਸਿੰਘ ਬਿੱਟਾ ਸਾਬਕਾ ਸੂਬਾ ਕਮੇਟੀ ਮੈਂਬਰ, ਯੂਥ ਆਗੂ ਦਰਸ਼ਨ ਲੱਧੜ ਹਾਜ਼ਰ ਹੋਏ।ਬਸਪਾ ਆਗੂਆਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਿਵਲ ਹਸਪਤਾਲ ਵਿੱਚ ਵੱਡੇ ਪੱਧਰ 'ਤੇ ਡੇਂਗੂ ਫੈਲ ਰਿਹਾ ਹੈ ਅਤੇ ਪਾਣੀ ਦੀ ਲੀਕੇਜ ਵੀ ਵੱਡੇ ਪੱਧਰ ਤੇ ਹੋ ਰਹੀ ਹੈ।ਮਰੀਜਾਂ ਨੂੰ ਵੀ ਬਿਨਾ ਵਜ੍ਹਾ ਰੈਫਰ ਕਰਕੇ ਖੱਜਲ ਖੁਆਰ ਕੀਤਾ ਜਾਂਦਾ ਹੈ। ਤਿਉਹਾਰਾਂ ਕਾਰਨ ਸ਼ਹਿਰ ਦੇ ਅੰਦਰ ਮਿਲਾਵਟ ਵੀ ਜੋਰਾਂ 'ਤੇ ਹੋ ਰਹੀ ਹੈ ਤੇ ਲੋਕਾਂ ਦੀ ਸਿਹਤ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ ਪਰ ਪ੍ਰਸ਼ਾਸ਼ਨ ਵੱਲੋਂ ਕੋਈ ਠੋਸ ਕਦਮ ਨਹੀਂ ਚੁੱਕਿਆ ਜਾ ਰਿਹਾ। ਬਸਪਾ ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਹਜੇ ਤਾਂ ਧਰਨਾ ਸਿਰਫ 10 ਵਜੇ ਤੋਂ 4 ਵਜੇ ਤੱਕ ਲਗਾਇਆ ਗਿਆ ਹੈ ਜੇਕਰ ਸਾਡੀਆਂ ਮੰਗਾਂ ਵੱਲ ਜਲਦੀ ਧਿਆਨ ਨਾ ਦਿੱਤਾ ਗਿਆ ਤਾਂ ਬਸਪਾ ਵੱਲੋਂ ਵੱਡੇ ਪੱਧਰ 'ਤੇ ਸਿਵਲ ਸਰਜਨ ਦੀ ਕੋਠੀ ਅੱਗੇ ਪੱਕਾ ਧਰਨਾ ਲਗਾਇਆ ਜਾਵੇਗਾ।

# ਬਰਸਟ ਨੇ 56 ਲੱਖ ਰੁਪਏ ਦੀ ਲਾਗਤ ਨਾਲ ਬਣੀ ਲਿੰਕ ਰੋਡ ਦਾ ਕੀਤਾ ਉਦਘਾਟਨ

**ਬੰਗਾ (ਅਵਤਾਰ ਕਲੇਰ)** ਪੰਜਾਬ ਮੰਡੀ ਬੋਰਡ ਵੱਲੋਂ ਰਿਕਾਰਡ ਸਮੇਂ 'ਚ 56 ਲੱਖ ਰੁਪਏ ਦੀ ਲਾਗਤ ਨਾਲ ਨੈਸ਼ਨਲ ਹਾਈਵੇ ਬੰਗਾ-ਫਗਵਾੜਾ ਸੜਕ ਤੋਂ ਪਿੰਡ ਕਲੇਰਾਂ ਤੱਕ ਬਣਾਈ ਗਈ ਲਿੰਕ ਰੋਡ ਦਾ ਉਦਘਾਟਨ ਹਰਚੰਦ ਸਿੰਘ ਬਰਸਟ, ਚੇਅਰਮੈਨ, ਪੰਜਾਬ



ਮੰਡੀ ਬੋਰਡ ਨੇ ਆਪਣੇ ਕਰ ਕਮਲਾਂ ਨਾਲ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਚੰਦ ਸਿੰਘ ਬਰਸਟ, ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਰਹਿਨੁਮਾਈ ਅਤੇ ਲੋਕਾਂ ਦੇ ਸਾਥ ਸਦਕਾ ਪੰਜਾਬ 'ਚ ਵਿਕਾਸ ਕਾਰਜ ਬਹੁਤ ਤੇਜ਼ੀ ਨਾਲ ਹੋ ਰਹੇ ਹਨ । ਉਹਨਾਂ ਕਿਹਾ ਕਿ ਨੈਸ਼ਨਲ ਹਾਈਵੇ ਬੰਗਾ-ਫਗਵਾੜਾ ਸੜਕ ਤੋਂ ਪਿੰਡ ਕਲੇਰਾਂ ਤੱਕ ਦੀ ਲਿੰਕ ਰੋਡ ਦੇ ਨਵੀਂ ਬਣਨ ਨਾਲ ਜਿੱਥੇ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਵਿੱਚ ਆਸਾਨੀ ਹੋ ਜਾਵੇਗੀ, ਉੱਥੇ ਹੀ ਸਕੂਲਾਂ ਤੇ ਕਾਲਜਾਂ ਨੂੰ ਜਾਣ ਵਾਲੇ ਵਿਦਿਆਰਥੀਆਂ ਨੂੰ ਵੀ ਵਧੀਆ ਸਹੂਲਤ ਮਿਲੇਗੀ ਜਾਵੇਗੀ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਆਰ ਡੀ ਐਫ ਰੋਕ ਕੇ ਪੰਜਾਬ ਦੇ ਪਿੰਡਾ ਦੇ ਵਿਕਾਸ ਨੂੰ ਠੱਪ ਕੀਤਾ ਗਿਆ ਹੈ, ਜੇਕਰ ਇਹ ਆਰ ਡੀ ਐਫ ਜਾਰੀ ਹੋ ਜਾਵੇ ਤਾਂ ਪੰਜਾਬ ਦੇ ਪਿੰਡਾਂ ਦੀਆਂ ਸੜਕਾਂ ਨਵੀਆਂ ਬਣ ਸਕਦੀਆਂ ਹਨ, ਪਰ ਇਹਨਾਂ ਮੁਸ਼ਕਲਾਂ ਹੋਣ ਬਾਵਜੂਦ ਪੰਜਾਬ ਮੰਡੀ ਬੋਰਡ ਵੱਲੋਂ ਉਲੀਕੇ ਜਾ ਰਹੇ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਪੂਰਾ ਕੀਤਾ ਜਾ ਰਿਹਾ ਹੈ।ਸੜਕ ਦੇ ਉਦਘਾਟਨੀ ਸਮਾਗਮ ਵਿਚ ਡਾ. ਸੁਖਵਿੰਦਰ ਕੁਮਾਰ ਸੁੱਖੀ ਹਲਕਾ ਵਿਧਾਇਕ ਬੰਗਾ, ਕੁਲਜੀਤ ਸਿੰਘ ਸਰਹਾਲ ਵਾਇਸ ਚੇਅਰਮੈਨ ਪੰਜਾਬ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਨਿਗਮ ਅਤੇ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਹਰਚੰਦ ਸਿੰਘ ਬਰਸਟ ਦਾ ਧੰਨਵਾਦ ਕੀਤਾ।

# ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਦੇ ਦੂਜੇ ਦਿਨ ਹੋਏ ਫਸਵੇਂ ਮੁਕਾਬਲੇ



**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਸ੍ਰੀ ਦਸ਼ਮੇਸ਼ ਮਾਰਸ਼ਲ ਆਰਟ ਅਤੇ ਖੇਡ ਅਕੈਡਮੀ ਵਿਖੇ ਚੱਲ ਰਹੇ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਦੇ ਦੂਜੇ ਦਿਨ ਫਸਵੇਂ ਮੁਕਾਬਲੇ ਹੋਏ। ਜਿਨਾਂ ਵਿੱਚ ਖਿਡਾਰੀਆਂ ਨੂੰ ਅਸ਼ੀਰਵਾਦ ਦੇਣ ਲਈ ਮਾਰਕੀਟ ਕਮੇਟੀ ਸ੍ਰੀ ਅਨੰਦਪੁਰ ਸਾਹਿਬ ਦੇ ਚੇਅਰਮੈਨ ਕਮਿੱਕਰ ਸਿੰਘ ਢਾਡੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਹਨਾਂ ਕਿਹਾ ਕਿ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦਾ ਸੁਪਨਾ ਹੈ ਕਿ ਸਰਕਾਰੀ ਸਕੂਲਾਂ ਨੂੰ ਵਧੀਆ ਮਾਹੌਲ ਪ੍ਰਦਾਨ ਕੀਤਾ ਜਾਵੇ।ਜਿਸ ਲੜੀ ਤਹਿਤ ਸਕੂਲਾਂ ਵਿੱਚ ਵਧੀਆ ਵਿੱਦਿਅਕ ਢਾਂਚਾ ਵਿਕਸਿਤ ਕੀਤਾ ਜਾ ਰਿਹਾ ਹੈ।ਉਹਨਾਂ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਦੇ ਵਧੀਆ ਭਵਿੱਖ ਲਈ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਓ।ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਜਸਵੀਰ ਸਿੰਘ ਨੇ ਨਤੀਜੇ ਜਾਰੀ ਕਰਦੇ ਹੋਏ ਦੱਸਿਆ ਕਿ ਸ਼ਤਰੰਜ ਲੜਕੇ ਵਿੱਚ ਮੋਰਿੰਡਾ ਬਲਾਕ ਨੇ ਪਹਿਲਾਂ ਅਤੇ ਸ੍ਰੀ ਅਨੰਦਪੁਰ ਸਾਹਿਬ ਨੇ ਦੂਜਾ, ਹਾਕੀ ਲੜਕਿਆਂ ਅਤੇ ਕੁੜੀਆਂ ਵਿੱਚ ਸ੍ਰੀ ਅਨੰਦਪੁਰ ਸਾਹਿਬ ਨੇ ਪਹਿਲਾਂ ਅਤੇ ਸਲੋਰਾ ਨੇ ਦੂਜਾ ਸਥਾਨ ਹਾਸਿਲ ਕੀਤਾ। ਰਿਦਮਿਕ ਜਿਮਨਾਸਟਿਕ ਲੜਕੀਆਂ ਵਿੱਚ ਨੰਗਲ ਨੇ ਪਹਿਲਾ ਅਤੇ ਝੱਜ ਨੇ ਦੂਜਾ ਸਥਾਨ ਹਾਸਲ ਕੀਤਾ।

# ਪਰਾਲੀ ਨੂੰ ਅੱਗ ਲਗਾਉਣ ਵਾਲਿਆਂ ਦੇ ਜ਼ਮੀਨੀ ਰਿਕਾਰਡ'ਚ ਹੋਵੇਗੀ ਰੈੱਡ ਐਂਟਰੀ : ਐੱਸ ਡੀ ਐੱਮ



**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਪਰਾਲੀ ਨੂੰ ਅੱਗ ਲਗਾਉਣ ਦੀ ਪ੍ਰਥਾ ਦਾ ਖਾਤਮਾ ਕਰਨ ਲਈ ਬਲਾਕ ਸਰਹਿੰਦ ਤੇ ਖੇੜਾ ਦੀਆਂ ਪੰਚਾਇਤਾਂ ਨਾਲ ਬੱਚਤ ਭਵਨ ਵਿਖੇ ਐਸਡੀਐਮ ਫ਼ਤਹਿਗੜ੍ਹ ਸਾਹਿਬ ਸ਼੍ਰੀ ਅਰਵਿੰਦ ਗੁਪਤਾ ਨੇ ਵਿਸ਼ੇਸ਼ ਮੀਟਿੰਗ ਕੀਤੀ।ਮੀਟਿੰਗ ਦੌਰਾਨ ਸ਼੍ਰੀ ਗੁਪਤਾ ਨੇ ਸਮੂਹ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਜਿਥੇ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਵਿਸ਼ੇਸ਼ ਤੌਰ 'ਤੇ ਜਾਗਰੂਕਤਾ ਮੁਹਿੰਮ ਉਲੀਕੀ ਗਈ ਹੈ, ਉਥੇ ਸਮੂਹ ਪੰਚਾਇਤਾਂ ਨੂੰ ਮਾਨਵਤਾ ਦੀ ਭਲਾਈ ਦੇ ਇਸ ਕਾਰਜ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾਉਣਾ ਚਾਹੀਦਾ ਹੈ।ਸ਼੍ਰੀ ਗੁਪਤਾ ਨੇ ਕਿਹਾ ਕਿ ਕਿਸਾਨ ਖੇਤੀਬਾੜੀ ਵਿਭਾਗ ਦੀ ਇੰਨ ਸੀਟੂ ਪ੍ਰਣਾਲੀ ਨਾਲ ਪਰਾਲੀ ਨੂੰ ਖੇਤ ਵਿੱਚ ਹੀ ਵਾਹ ਸਕਦੇ ਹਨ।ਇਸ ਪ੍ਰਣਾਲੀ ਤਹਿਤ ਹੈਪੀ ਸੀਡਰ, ਸੁਪਰ ਸੀਡਰ, ਰੋਟਾਵੇਟਰ ਤੇ ਕੰਬਾਇਨਾਂ ਪਿੱਛੇ ਐਸਐਮਐਸ ਸਿਸਟਮ ਲਗਾ ਕੇ ਪਰਾਲੀ ਦੇ ਕੁਤਰੇ ਕਰਕੇ ਖੇਤਾਂ ਵਿੱਚ ਹੀ ਵਾਹਿਆ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਪਰਾਲੀ ਦੀਆਂ ਗੰਢਾਂ ਬਣਾ ਕੇ ਵੀ ਰੱਖੀਆਂ ਜਾ ਸਕਦੀਆਂ ਹਨ ਜੋ ਕਿ ਪਰਾਲੀ ਦੀ ਵਰਤੋਂ ਵਾਲੇ ਉਦਯੋਗਾਂ ਨੂੰ ਦੇ ਕੇ ਮੁਨਾਫਾ ਕਮਾਇਆ ਜਾ ਸਕਦਾ ਹੈ। ਉਨ੍ਹਾਂ ਸਰਪੰਚਾਂ ਨੂੰ ਕਿਹਾ ਕਿ ਪਰਾਲੀ ਦੀ ਸੁਚੱਜੀ ਸੰਭਾਲ ਲਈ ਸਰਕਾਰ ਵੱਲੋਂ 80 ਫੀਸਦੀ ਤੱਕ ਦੀ ਸਬਸਿਡੀ 'ਤੇ ਦਿੱਤੀਆਂ ਜਾ ਰਹੀਆਂ ਖੇਤੀ ਮਸ਼ੀਨਾਂ ਦੀ ਵਰਤੋਂ ਵੀ ਕੀਤੀ ਜਾ ਸਕਦੀ ਹੈ।

ਉਨ੍ਹਾਂ ਪਰਾਲੀ ਨੂੰ ਅੱਗ ਲਗਾਉਣ ਦੀ ਪ੍ਰਥਾ ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਵਾਲੇ ਕਿਸਾਨਾਂ ਵਿਰੁੱਧ ਪੁਲਿਸ ਕੇਸ ਦਰਜ਼ ਕਰਵਾਏ ਜਾਣਗੇ। ਉਨ੍ਹਾਂ ਦੇ ਚਲਾਨ ਕੀਤੇ ਜਾਣਗੇ ਤੇ ਜ਼ਮੀਨ ਦੇ ਰਿਕਾਰਡ ਵਿੱਚ ਰੈੱਡ ਐਂਟਰੀ ਕੀਤੀ ਜਾਵੇਗੀ।

# ਐੱਲ ਪੀ ਯੂ ਮੋਟਰ ਸਪੋਰਟਸ ਟੀਮਾਂ ਨੇ 11 ਪੁਰਸਕਾਰ ਜਿੱਤੇ



**ਜਲੰਧਰ ( ਸ਼ੈਲੀ ਐਲਬਰਟ)** ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੀ ਵੋਲਟ੍ਰੋਨ ਅਤੇ ਡਿਊਸ ਰੇਸਰ ਟੀਮ ਨੇ ਬੁੱਧ ਇੰਟਰਨੈਸ਼ਨਲ ਸਰਕਟ 'ਤੇ ਆਯੋਜਿਤ ਇੰਡੀਅਨ ਕਾਰਟਿੰਗ ਰੇਸ 2024 'ਚ ਸ਼ਾਨਦਾਰ ਜਿੱਤ ਹਾਸਲ ਕੀਤੀ । ਇਹ ਮੁਕਾਬਲਾ ਇੰਪੀਰੀਅਲ ਸੋਸਾਇਟੀ ਆਫ ਇਨੋਵੇਟਿਵ ਇੰਜੀਨੀਅਰਜ਼ ਇੰਡੀਆ ਵੱਲੋਂ ਕਰਵਾਇਆ ਗਿਆ ਸੀ।ਇਸ ਈਵੈਂਟ ਵਿੱਚ ਭਾਰਤ ਭਰ ਦੇ ਇੰਜੀਨੀਅਰਿੰਗ ਖੇਤਰਾਂ ਦੀਆਂ 60 ਤੋਂ ਵੱਧ ਟੀਮਾਂ ਨੇ ਭਾਗ ਲਿਆ। ਬੁੱਧ ਇੰਟਰਨੈਸ਼ਨਲ ਸਰਕਟ ਭਾਰਤ ਵਿੱਚ ਇੱਕੋ ਇੱਕ ਫਾਰਮੂਲਾ 1 ਸਰਕਟ ਹੈ।ਵਿਦਿਆਰਥੀਆਂ ਨੂੰ ਇੰਜਨੀਅਰਿੰਗ ਡਿਜ਼ਾਈਨ, ਲਾਗਤ ਅਤੇ ਗਤੀਸ਼ੀਲ ਪ੍ਰਦਰਸ਼ਨ ਤੇ ਧਿਆਨ ਕੇਂਦਰਿਤ ਕਰਦੇ ਹੋਏ, ਪ੍ਰੋਟੋਟਾਈਪ ਵਾਹਨਾਂ ਨੂੰ ਡਿਜ਼ਾਈਨ ਕਰਨ ਅਤੇ ਬਣਾਉਣ ਲਈ ਚੁਣੌਤੀ ਦਿੱਤੀ ਗਈ ਸੀ।ਐਲਪੀਯੂ ਟੀਮਾਂ ਨੇ ਸੀਵੀ ਅਤੇ ਇਲੈਕਟ੍ਰਿਕ ਵਹੀਕਲ ਦੋਵਾਂ ਸ਼੍ਰੇਣੀਆਂ ਵਿੱਚ ਓਵਰਆਲ ਚੈਂਪੀਅਨ ਦਾ ਖਿਤਾਬ ਹਾਸਲ ਕੀਤਾ ਅਤੇ 1.6 ਲੱਖ ਰੁਪਏ ਦਾ ਨਕਦ ਇਨਾਮ ਜਿੱਤਿਆ ।ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕੁੱਲ 11 ਵੱਕਾਰੀ ਪੁਰਸਕਾਰ ਜਿੱਤੇ।। ਡਾ ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ (ਰਾਜ ਸਭਾ) ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ ਨੇ ਭਾਗੀਦਾਰਾਂ ਦੀ ਉਹਨਾਂ ਦੀਆਂ ਪ੍ਰਾਪਤੀਆਂ ਲਈ ਪ੍ਰਸ਼ੰਸਾ ਕੀਤੀ।ਡਾ: ਮਿੱਤਲ ਨੇ ਕਿਹਾ ਕਿ ਇਹ ਪ੍ਰਾਪਤੀ ਸਿਰਫ਼ ਟੀਮਾਂ ਲਈ ਇੱਕ ਜਿੱਤ ਤੋਂ ਵੱਧ ਹੈ, ਇਹ ਐਲਪੀਯੂ ਵਿੱਚ ਅਟੁੱਟ ਸਮਰਪਣ, ਨਵੀਨਤਾ ਅਤੇ ਟੀਮ ਵਰਕ ਨੂੰ ਦਰਸਾਉਂਦੀ ਹੈ । ਇੰਡੀਅਨ ਕਾਰਟਿੰਗ ਰੇਸ ਇੱਕ ਮੁਕਾਬਲਾ ਹੈ, ਜੋ ਦੇਸ਼ ਭਰ ਦੀਆਂ ਸੰਸਥਾਵਾਂ ਦੇ ਇੰਜੀਨੀਅਰਿੰਗ ਵਿਦਿਆਰਥੀਆਂ ਨੂੰ ਕਲਾਸਰੂਮ ਵਿੱਚ ਸਿਖਾਏ ਗਏ ਗਿਆਨ ਨੂੰ ਲਾਗੂ ਕਰਦੇ ਹੋਏ ਵਿਹਾਰਕ ਹੁਨਰ ਹਾਸਲ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਦਾ ਹੈ।। ਐੱਲ. ਪੀ. ਯੂ. ਟੀਮ ਨੇ ਦੋਨਾਂ ਸ਼੍ਰੇਣੀਆਂ ਵਿੱਚ ਸਰਵੋਤਮ ਪ੍ਰਵੇਗ, ਲਾਈਟਵੇਟ ਅਤੇ ਭਵਿੱਖ ਦੇ ਪੁਰਸਕਾਰਾਂ ਦੇ ਨਾਲ-ਨਾਲ ਸੀਵੀ ਲਈ ਸਰਵੋਤਮ ਕਰਾਸ ਪੈਡ ਅਤੇ ਰਨਰ-ਅੱਪ ਅਤੇ ਇਲੈਕਟ੍ਰਿਕ ਸ਼੍ਰੇਣੀ ਵਿੱਚ ਸਰਵੋਤਮ ਨਿਰਮਾਣ ਅਤੇ ਕੀਮਤ ਪ੍ਰਾਪਤ ਕੀਤੀ ।

# ਰਾਵਤ ਨੂੰ ਮੁੜ ਚੁਣਿਆ ਪੰਜਾਬ ਸਟੇਟ ਲੈਂਡ ਰਿਕਾਰਡ ਇੰਪਲਾਇਜ਼ ਐਸੋਸੀਏਸ਼ਨ ਦਾ ਪ੍ਰਧਾਨ



**ਜਲੰਧਰ :** ਪੰਜਾਬ ਸਟੇਟ ਲੈਂਡ ਰਿਕਾਰਡ, ਇੰਪਲਾਇਜ਼ ਐਸੋਸੀਏਸ਼ਨ ਦੇ ਕਰਮਚਾਰੀਆਂ ਵੱਲੋਂ ਵੋਟਿੰਗ ਰਾਹੀਂ ਚੋਣ ਕਰਵਾਈ ਗਈ, ਜਿਸ 'ਚ ਮੁੜ ਤੋਂ ਰਣਜੀਤ ਸਿੰਘ ਰਾਵਤ ਨੂੰ ਪ੍ਰਧਾਨ ਚੁਣਿਆ ਗਿਆ ਅਤੇ ਸਰਬਸੰਮਤੀ ਨਾਲ ਨਵੀਂ ਕਾਰਜਕਾਰਨੀ ਦਾ ਗਠਨ ਕੀਤਾ ਗਿਆ।

ਜਿਸ 'ਚ ਅਮਰਜੀਤ ਸਿੰਘ ਸੰਧੂ ਚੈਅਰਮੈਨ, ਸੁਖਦੇਵ ਕੁਮਾਰ ਬਸਰਾ ਉਪ ਪ੍ਰਧਾਨ, ਗਗਨਦੀਪ ਜਨਰਲ ਸਕੱਤਰ, ਬਲਜਿੰਦਰ ਸਿੰਘ ਉਪ ਸਕੱਤਰ, ਰਾਕੇਸ਼ ਕੁਮਾਰ ਖਜਾਨਚੀ, ਅਮਰਿੰਦਰ ਸਿੰਘ ਉਪ ਖਜਾਨਚੀ, ਗੁਰਵਿੰਦਰ ਸਿੰਘ ਸਲਾਹਕਾਰ, ਇੰਦਰਜੀਤ ਸਿੰਘ ਪ੍ਰੈੱਸ ਸਕੱਤਰ, ਸ੍ਰੀਮਤੀ ਰਜਨੀ ਬਾਲਾ ਮੈਂਬਰ, ਰੋਹਿਤ ਗੁਪਤਾ ਮੈਂਬਰ, ਲਵਦੀਪ ਸਿੰਘ ਮੈਂਬਰ ਅਤੇ ਜੋਗਰਾਜ ਮੈਂਬਰ ਚੁਣਿਆ ਗਿਆ।ਇਸ ਮੌਕੇ ਪੰਜਾਬ ਰਾਜ ਦੇ ਪੀ ਐਸ ਐਮ ਐਸ ਯੂਨੀਅਨ ਦੇ ਜਨਰਲ ਸਕੱਤਰ ਅਤੇ ਪੀ ਐਸ ਐਮ ਐਸ ਯੂਨੀਅਨ ਜਲੰਧਰ ਦੇ ਪ੍ਰਧਾਨ ਤੇਜਿੰਦਰ ਸਿੰਘ ਨੰਗਲ, ਸੀ.ਪੀ.ਐਫ ਕਰਮਚਾਰੀ ਯੂਨੀਅਨ ਪੰਜਾਬ ਦੇ ਪ੍ਰਧਾਨ ਸੁਖਜੀਤ ਸਿੰਘ, ਦੀ ਕਲਾਸ ਫੋਰ ਗੌਰਮਿੰਟ ਇੰਪਲਾਇਜ ਯੂਨੀਅਨ ਪੰਜਾਬ, ਜਿਲ੍ਹਾ ਇਕਾਈ ਜਲੰਧਰ ਦੇ ਜਨਰਲ ਸਕੱਤਰ ਡਿੰਪਲ ਰਹੇਲਾ, ਪੀ ਐਸ ਐਮ ਐਸ ਯੂਨੀਅਨ ਜਲੰਧਰ ਦੇ ਸੀਨੀਅਰ ਮੀਤ ਪ੍ਰਧਾਨ ਪਵਨ ਕੁਮਾਰ ਅਤੇ ਸੀ ਪੀ ਐਫ ਕਰਮਚਾਰੀ ਯੂਨੀਅਨ ਪੰਜਾਬ ਦੇ ਖਜ਼ਾਨਚੀ ਅਮਨਦੀਪ ਸਿੰਘ ਵੱਲੋਂ ਚੁਣੀ ਗਈ ਨਵੀਂ ਕਾਰਜਕਾਰਨੀ ਨੂੰ ਵਧਾਈਆਂ ਦਿੱਤੀਆਂ ਗਈਆਂ ।

# ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਰਾਸ਼ਟਰੀ ਸ਼ਹੀਦ ਦਾ ਦਰਜਾ ਤੇ ਭਾਰਤ ਰਤਨ ਦੇਣ ਦੀ ਮੰਗ




**ਜਲੰਧਰ :** ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਹਜ਼ਾਰਾਂ ਦੇਸ਼ ਪ੍ਰੇਮੀਆਂ ਨੇ ਆਪਣੀਆਂ ਜਾਨਾਂ ਦੀ ਪ੍ਰਵਾਹ ਨਾ ਕਰਦੇ ਹੋਏ ਕੁਰਬਾਨੀ ਦਿੱਤੀ, ਜਿਨ੍ਹਾਂ ਵਿੱਚੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਇੱਕ ਸਨ। ਆਜ਼ਾਦੀ ਤੋਂ ਬਾਅਦ ਅੱਜ ਤੱਕ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਰਾਸ਼ਟਰੀ ਤੌਰ 'ਤੇ ਸ਼ਹੀਦ ਦਾ ਦਰਜਾ ਨਹੀਂ ਮਿਲ ਸਕਿਆ ਜਦ ਕਿ ਸ਼ਹੀਦ ਭਗਤ ਸਿੰਘ ਦੇ ਨਾਂਅ 'ਤੇ ਕਈ ਰਾਸ਼ਟਰੀ ਸੰਸਥਾਵਾਂ ਦੇ ਨਾਂਅ ਰੱਖੇ ਜਾ ਚੁੱਕੇ ਹਨ। ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਰਾਸ਼ਟਰੀ ਸ਼ਹੀਦ ਦਾ ਦਰਜਾ ਤੇ ਭਾਰਤ ਰਤਨ ਦਿਵਾਉਣ ਦੀ ਮੰਗ ਨੂੰ ਲੈ ਕੇ ਭਗਤ ਸਿੰਘ ਫੈਨ ਭਗਵੰਤ ਸਿੰਘ ਘੱਗਾ ਨੇ ਸਥਾਨਕ ਪੰਜਾਬ ਪ੍ਰੈਸ ਕਲੱਬ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਸਰਕਾਰ ਭਗਤ ਸਿੰਘ ਨੂੰ ਸ਼ਹੀਦ ਦਾ ਦਰਜਾ ਦਿਉਣ ਲਈ ਪੰਜਾਬ ਵਿਧਾਨ ਸਭਾ 'ਚ ਮਤਾ ਪਾਸ ਕਰਵਾਏ। ਘੱਗਾ ਨੇ ਆਪਣੇ ਤੌਰ 'ਤੇ ਪੰਜਾਬ ਦੇ 92 ਤੋਂ ਵੱਧ ਵਿਧਾਇਕਾਂ ਤੇ ਐਮ ਪੀਜ਼ ਦੇ ਸਹਿਮਤੀ ਪੱਤਰ ਪ੍ਰਾਪਤ ਕੀਤੇ ਹਨ। ਘੱਗਾ ਨੇ ਕਿਹਾ ਕਿ 23 ਸਤੰਬਰ 2022 ਨੂੰ ਉਨ੍ਹਾ ਨੇ ਵਿਅਕਤੀਗਤ ਤੌਰ 'ਤੇ ਇਸ ਮੰਗ ਨੂੰ ਲੈ ਕੇ ਜਨਤਕ ਮੁਹਿੰਮ ਸ਼ੁਰੂ ਕੀਤੀ ਸੀ, ਜਿਸ ਦੇ ਨਾਲ ਅੱਜ ਬਹੁਤ ਸਾਰੇ ਲੋਕ ਜੁੜ ਗਏ ਹਨ। ਭਗਵੰਤ ਸਿੰਘ ਘੱਗਾ ਨੇ ਮੰਗ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਉਹ ਵਿਧਾਨ ਸਭਾ ਦੇ ਸਰਦ ਰੁੱਤ ਸਮਾਗਮ 'ਚ ਮਤਾ ਪਾਸ ਕਰਵਾਏ। ਇਸ ਮੌਕੇ ਉਨ੍ਹਾ ਨਾਲ ਅਜੀਤ ਸਿੰਘ ਖਾਲਸਾ, ਦਵਿੰਦਰ ਸਿੰਘ, ਸੰਦੀਪ ਸਿੰਘ ਖੱਟਕੜ ਕਲਾਂ, ਜਗਤਾਰ ਸਿੰਘ ਤੱਲਣ, ਰਣਜੀਤ ਸਿੰਘ, ਦਵਿੰਦਰ ਸਿੰਘ ਤੇ ਹੋਰ ਸਾਥੀ ਹਾਜ਼ਰ ਸਨ।

# ਸੜਕਾਂ ਰੋਕਣਾ ਕਿਸੇ ਮਸਲੇ ਦਾ ਹੱਲ ਨਹੀਂ : ਸ਼ੇਖੂਪੁਰਾ



**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ )**ਆਜ਼ਾਦ ਟੈਕਸੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰਦੀਪ ਸਿੰਘ ਸ਼ੇਖੂਪੁਰਾ ਨੇ ਸਮੂਹ ਕਿਸਾਨ ਆਗੂਆਂ ਨੂੰ ਅਪੀਲ ਕੀਤੀ ਹੈ ਕਿ ਆਪਣੀਆਂ ਮੰਗਾਂ ਮਨਵਾਉਣ ਦੇ ਲਈ ਸੜਕਾਂ ਰੋਕਣ ਦੀ ਬਜਾਏ ਸਿਆਸੀ ਆਗੂਆਂ ਦੇ ਘਰਾਂ ਦਾ ਘਿਰਾਓ ਕਰਨ। ਪ੍ਰਦੀਪ ਸਿੰਘ ਸ਼ੇਖੂਪੁਰਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਹੈ ਕਿ ਅਸੀਂ ਆਪਣੀਆਂ ਟੈਕਸੀਆਂ ਗੱਡੀਆਂ ਦਾ ਟੈਕਸ ਘਰੇ ਖੜ੍ਹੀਆਂ ਦਾ ਭਰਦੇ ਹਾਂ, ਪਰ ਫਿਰ ਵੀ ਸਰਕਾਰ ਟੈਕਸੀ ਯੂਨੀਅਨ ਅਤੇ ਕਿਸਾਨ ਆਗੂਆਂ ਦੀਆਂ ਮੁਸ਼ਕਲਾਂ ਨੂੰ ਨਹੀਂ ਸਮਝਦੀ, ਪਰ ਸੜਕਾਂ ਰੋਕਣ ਕਾਰਨ ਟਰਾਂਸਪੋਰਟ ਦੇ ਧੰਦੇ ਨੂੰ ਬਹੁਤ ਜਿਆਦਾ ਨੁਕਸਾਨ ਹੋ ਰਿਹਾ ਹੈ। ਟੈਕਸਾਂ ਦੀ ਮਾਰ ਦੇ ਨਾਲ-ਨਾਲ ਇਨਸ਼ੋਰੈਂਸ ਦੀ ਰਕਮ ਵੀ ਅਦਾ ਕਰਨੀ ਪੈਂਦੀ ਹੈ ਪਰ ਆਏ ਦਿਨ ਲੱਗ ਰਹੇ ਧਰਨਿਆਂ ਕਾਰਨ ਬਹੁਤ ਘੱਟ ਗਿਣਤੀ ਲੋਕ ਸਫਰ ਕਰ ਰਹੇ ਹਨ। ਇਸ ਦੇ ਨਾਲ ਹੀ ਸੂਬਿਆਂ ਦੇ ਬਾਰਡਰ ਬੰਦ ਹੋਣ ਕਾਰਨ 100 ਕਿਲੋਮੀਟਰ ਤੋਂ ਜ਼ਿਆਦਾ ਗੱਡੀਆਂ ਚੱਲ ਰਹੀਆਂ ਹਨ, ਜਿਸ ਦਾ ਨੁਕਸਾਨ ਟੈਕਸੀ ਮਾਲਕ ਤੇ ਟਰਾਂਸਪੋਰਟਰਾਂ ਨੂੰ ਹੋ ਰਿਹਾ ਹੈ। ਐਨ ਆਰ ਆਈ ਪਰਿਵਾਰ ਹੁਣ ਪੰਜਾਬ ਆਉਣ ਤੋਂ ਗੁਰੇਜ ਕਰਨ ਲੱਗੇ ਹਨ ਇਸ ਲਈ ਸੂਬੇ ਦਾ ਟੈਕਸੀ ਤੇ ਟਰਾਂਸਪੋਰਟ ਉਦਯੋਗ, ਐਨ ਆਰ ਆਈ ਪਰਿਵਾਰ ਅਤੇ ਕਿਸਾਨ ਆਗੂ ਸੜਕਾਂ 'ਤੇ ਧਰਨੇ ਦੇਣ ਦੀ ਬਜਾਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਹਲਕਾ ਵਿਧਾਇਕ ਅਤੇ ਸੰਸਦ ਮੈਂਬਰਾਂ ਦੇ ਘਰਾਂ ਦਾ ਘਿਰਾਓ ਕਰਨ।

## ਚੱਕ ਪੰਜ ਕੋਹੀ ਦੇ ਨਵੇਂ ਸਰਪੰਚ ਤੇ ਮੈਂਬਰ ਸਨਮਾਨਤ



**ਜਲਾਲਾਬਾਦ (ਜੀਤ ਕੁਮਾਰ)**-ਪਿੰਡ ਚੱਕ ਪੰਜ ਕੋਹੀ (ਕੱਚਾ ਕਾਲੇਵਾਲਾ) ਦੀ ਗ੍ਰਾਮ ਪੰਚਾਇਤ ਦੇ ਨਵੇਂ ਬਣੇ ਸਰਪੰਚ-ਪੰਚਾਂ ਤੇ ਸਮੂਹ ਸੰਗਤ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਵਿੱਚ ਸਮੂਹ ਪਿੰਡ ਵਾਸੀਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਵਾਲਮੀਕਿ ਮਜਬ੍ਹੀ ਸਿੱਖ ਸਰਵ ਸਮਾਜ ਭਲਾਈ ਕਮੇਟੀ ਜ਼ਿਲ੍ਹਾ ਫ਼ਾਜ਼ਿਲਕਾ ਤੇ ਐਸ.ਸੀ./ਐਸ.ਟੀ. ਅਤੇ ਓ.ਬੀ.ਸੀ. ਮਹਾਂ ਸੰਘਰਸ਼ ਕਮੇਟੀ ਜਲਾਲਾਬਾਦ ਦੇ ਆਗੂ ਡਾ. ਕੌਰ ਸਿੰਘ, ਸਰਪੰਚ ਗੁਰਮੇਜ ਲਾਲ ਮੰਨੇਵਾਲਾ, ਡਾ. ਜਗਸੀਰ ਸਿੰਘ ਚੱਕ ਸੈਦੋਕੇ, ਮਾ. ਲਖਮੀਰ ਸਿੰਘ ਲੱਧੜ, ਮਾ. ਸ਼ਮਸ਼ੇਰ ਸਿੰਘ ਪਾਲੀਵਾਲਾ, ਪੱਪੂ ਸਿੰਘ ਪੱਕਾ ਕਾਲੇਵਾਲਾ ਵਿਸ਼ੇਸ਼ ਤੌਰ 'ਤੇ ਪੁੱਜੇ ਤੇ ਗੁਰੂ ਘਰ ਦੇ ਮੁੱਖ ਸੇਵਾਦਾਰ ਨੂੰ ਸਿਰੋਪਾਓ ਭੇਟ ਕੀਤਾ। ਇਸਦੇ ਨਾਲ ਹੀ ਨਵੇਂ ਬਣੇ ਸਰਪੰਚ ਗੁਰਮੀਤ ਸਿੰਘ ਤੇ ਸਮੂਹ ਪੰਚਾਇਤ ਮੈਂਬਰਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਆਗੂਆਂ ਡਾ. ਕੌਰ ਸਿੰਘ, ਸਰਪੰਚ ਗੁਰਮੇਜ ਲਾਲ ਤੇ ਡਾ.ਜਗਸੀਰ ਸਿੰਘ ਚੱਕ ਸੈਦੋਕੇ ਨੇ ਕਿਹਾ ਕਿ ਹੋਣਹਾਰ ਬੱਚਿਆਂ ਨੂੰ ਪੜ੍ਹਾਈ ਤੇ ਖੇਡਾਂ ਪ੍ਰਤੀ ਉਤਸ਼ਾਹਤ ਕਰਨ, ਚੰਗੀ ਕਾਰਗੁਜ਼ਾਰੀ ਵਾਲੇ ਅਧਿਆਪਕਾਂ, ਪਿੰਡਾਂ ਦੀਆਂ ਪੰਚਾਇਤਾਂ ਦੇ ਸਰਪੰਚਾਂ-ਪੰਚਾਂ ਆਦਿ ਮੋਹਤਬਾਰ ਸ਼ਖ਼ਸੀਅਤਾਂ ਨੂੰ ਸਨਮਾਨਤ ਕਰਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ ਤੇ ਭਵਿੱਖ ਵਿਚ ਵੀ ਇਸੇ ਤਰ੍ਹਾਂ ਉੱਦਮ ਜਾਰੀ ਰੱਖਿਆ ਜਾਵੇਗਾ।

## ਮਾਡਰਨ ਕਾਲਜ 'ਚ ਜਸ਼ਨ ਏ ਆਗਾਜ਼ ਪ੍ਰੋਗਰਾਮ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਕਾਲਜ ਆਫ ਐਜੂਕੇਸ਼ਨ ਬੀਰ ਕਲਾਂ ਵਿਖੇ ਜਸ਼ਨ ਏ ਆਗਾਜ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਬੀਐਡ ਤੇ ਈ ਟੀ ਟੀ ਦੇ ਨਵੇਂ ਆਏ ਵਿਦਿਆਰਥੀਆਂ ਵਿੱਚੋਂ ਮਿਸਟਰ ਫਰੈਸ਼ਰ ਤੇ ਮਿਸ ਫਰੈਸ਼ਰ ਚੁਣ ਕੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਬੀਐਡ ਵਿੱਚੋਂ ਹਰਜੀਤ ਸਿੰਘ ਮਿਸਟਰ ਫਰੈਸ਼ਰ ਤੇ ਮਨਪ੍ਰੀਤ ਕੌਰ ਮਿਸ਼ ਫਰੈਸ਼ਰ ਚੁਣੇ ਗਏ।ਇਸੇ ਤਰ੍ਹਾਂ ਈਟੀਟੀ ਵਿੱਚੋਂ ਅਮਨਦੀਪ ਸਿੰਘ ਮਿਸਟਰ ਫਰੈਸ਼ਰ ਤੇ ਹਰਮਨਦੀਪ ਕੌਰ ਮਿਸ ਫਰੈਸ਼ਰ ਚੁਣੇ ਗਏ। ਕਾਲਜ ਦੇ ਪ੍ਰਿੰਸੀਪਲ ਡਾਕਟਰ ਵੀ ਕੇ ਰਾਏ ਨੇ ਚੁਣੇ ਗਏ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਤੇ ਇਸ ਮੌਕੇ ਉਨ੍ਹਾਂ ਨੇ ਵਿਦਿਆਰਥੀਆਂ ਨਾਲ ਵਿਦਿਆ ਦੇ ਸੰਬੰਧ ਵਿੱਚ ਬਹੁਤ ਸਾਰੀਆਂ ਗੱਲਾਂ ਕੀਤੀਆਂ ਤੇ ਵਿਦਿਆਰਥੀਆਂ ਨੂੰ ਸਮਝਾਇਆ ਕਿ ਕਿਸ ਤਰ੍ਹਾਂ ਉਨ੍ਹਾਂ ਨੇ ਆਉਣ ਵਾਲੇ ਸਮੇਂ ਵਿੱਚ ਅੱਗੇ ਵਧਣਾ ਹੈ ਚੰਗੇ ਅਧਿਆਪਕ ਬਣ ਕੇ ਦੇਸ਼ ਦੀ ਸੇਵਾ ਕਰਨੀ ਹੈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਗਿੱਧਾ, ਸਕਿੱਟਾਂ ਤੇ ਗੀਤ ਪੇਸ਼ ਕੀਤੇ ਗਏ। ਸਟੇਜ ਸਕੱਤਰ ਦੀ ਭੂਮਿਕਾ ਅਮਨਦੀਪ ਕੌਰ, ਮੈਡਮ ਹਰਦੀਪ ਕੌਰ ਤੇ ਰਜਿੰਦਰ ਕੌਰ ਨੇ ਬਾਖੂਬੀ ਨਿਭਾਈ।

## 'ਖੇਡਾਂ ਵਤਨ ਪੰਜਾਬ ਦੀਆਂ' 'ਚ ਗੁਰਲੀਨ ਕੌਰ ਰੱਖੜਾ ਨੇ ਜਿੱਤੇ ਦੋ ਸੋਨੇ ਦੇ ਤਮਗੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਰਕਾਰ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ 2024 ਸੀਜ਼ਨ-3 ਦੇ ਸੂਬਾ ਪੱਧਰੀ ਫੈਂਸਿੰਗ ਮੁਕਾਬਲੇ ਬਾਬਾ ਬੰਦਾ ਸਿੰਘ ਬਹਾਦਰ ਕਾਲਜ ਫਤਹਿਗੜ੍ਹ ਸਾਹਿਬ ਵਿਖੇ ਕਰਾਏ ਗਏ, ਜਿਨ੍ਹਾਂ ਵਿੱਚ ਸਕੂਲ ਆਫ਼ ਐਮੀਨੈਂਸ ਫੇਜ਼ 3 ਬੀ 1 ਮੁਹਾਲੀ ਦੀ ਵਿਦਿਆਰਥਣ ਰਾਸ਼ਟਰੀ ਕਾਂਸੀ ਤਮਗਾ ਜੇਤੂ ਪੰਜਾਬ ਇੰਸਟੀਚਿਊਟ ਆਫ਼ ਸਪੋਰਟਸ (ਪੀ.ਆਈ.ਐਸ.) ਦੀ ਖਿਡਾਰਨ ਗੁਰਲੀਨ ਕੌਰ ਰੱਖੜਾ ਨੇ ਫੈਂਸਿੰਗ ਦੇ ਫੁਆਇਲ ਈਵੈਂਟ ਵਿਚ ਇੰਡਵਿਜ਼ੂਅਲ ਮੈਚ ਦੌਰਾਨ ਪਹਿਲਾ ਸਥਾਨ ਹਾਸਲ ਕਰਕੇ ਸੋਨੇ ਦਾ ਤਮਗਾ ਜਿੱਤਿਆ, ਦੂਜੇ ਸਥਾਨ 'ਤੇ ਗੁਰਜੋਤ ਕੌਰ ਮੁਹਾਲੀ ਨੇ ਸਿਲਵਰ ਦਾ ਤਮਗਾ, ਤੀਜੇ ਸਥਾਨ 'ਤੇ ਜੈਸਮੀਨ ਪਟਿਆਲਾ ਤੇ ਕਾਜਲ ਗੁਰਦਾਸਪੁਰ ਨੇ ਕਾਂਸੀ ਦਾ ਤਮਗਾ ਹਾਸਲ ਕੀਤਾ।ਫੁਆਇਲ ਟੀਮ ਮੁਕਾਬਲਿਆਂ 'ਚ ਵੀ ਮੁਹਾਲੀ ਨੇ ਪਹਿਲਾ ਸਥਾਨ ਹਾਸਲ ਕਰਕੇ ਸੋਨੇ ਦਾ ਤਮਗਾ ਜਿੱਤਿਆ ਹੈ।ਟੂਰਨਾਮੈਂਟ ਦੇ ਇੰਚਾਰਜ ਅਤੇ ਪੀ. ਆਈ. ਐਸ. ਦੇ ਫੈਂਸਿੰਗ ਕੋਚ ਪੰਕਜ ਸਿੰਗਲਾ ਨੇ ਕਿਹਾ ਕਿ ਖਿਡਾਰੀਆਂ ਦੀ ਮਿਹਨਤ ਨੇ ਹੀ ਇਹ ਜਿੱਤ ਦਰਜ ਕਰਾਈ ਹੈ ਤੇ ਭਵਿੱਖ ਵਿੱਚ ਰਾਸ਼ਟਰੀ ਤੇ ਅੰਤਰਰਾਸ਼ਟਰੀ ਮੁਕਾਬਲਿਆਂ ਵਿਚ ਵੀ ਵਧੀਆ ਕਾਰਗੁਜ਼ਾਰੀ ਦਿਖਾਉਣਗੇ।

## ਸੂਬੇ ਅੰਦਰ ਨਸ਼ਿਆਂ ਦੇ ਪਸਾਰੇ ਲਈ ਰਵਾਇਤੀ ਪਾਰਟੀਆਂ ਜ਼ਿੰਮੇਵਾਰ : ਭੱਲਾ



**ਬਠਿੰਡਾ (ਰਾਜੀਵ ਗੋਇਲ)**-ਪੰਜਾਬ ਅੰਦਰ ਨਸ਼ਿਆਂ ਦੇ ਪਸਾਰੇ ਲਈ ਰਵਾਇਤੀ ਪਾਰਟੀਆਂ ਦੇ ਆਗੂ ਜ਼ਿੰਮੇਵਾਰ ਹਨ। ਇਸ ਦੀ ਤਾਜ਼ਾ ਮਿਸਾਲ ਕਾਂਗਰਸ ਦੀ ਸਾਬਕਾ ਵਿਧਾਇਕ ਤੇ ਭਾਜਪਾ ਦੀ ਆਗੂ ਸਤਿਕਾਰ ਕੌਰ ਗਹਿਰੀ ਦਾ ਨਸ਼ੇ ਦੀ ਖੇਪ ਨਾਲ ਫੜਿਆ ਜਾਣਾ ਹੈ। ਇਹ ਵਿਚਾਰ ਆਮ ਆਦਮੀ ਪਾਰਟੀ ਜ਼ਿਲ੍ਹਾ ਦਿਹਾਤੀ ਦੇ ਪ੍ਰਧਾਨ ਤੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਜਤਿੰਦਰ ਭੱਲਾ ਨੇ ਪ੍ਰਗਟ ਕੀਤੇ। ਉਨ੍ਹਾਂ ਆਖਿਆ ਕਿ ਅਕਾਲੀ ਭਾਜਪਾ ਤੇ ਕਾਂਗਰਸ ਨੇ ਸੂਬੇ ਅੰਦਰ ਲੰਬਾ ਸਮਾਂ ਰਾਜ ਕੀਤਾ, ਜਿਸ ਦੌਰਾਨ ਇਨ੍ਹਾਂ ਰਵਾਇਤੀ ਪਾਰਟੀਆਂ ਦੇ ਆਗੂ ਨਸ਼ਾ ਤਸਕਰੀ ਦੇ ਧੰਦੇ ਵਿਚ ਲਿਪਤ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬੇ ਅੰਦਰ ਨਸ਼ਿਆਂ ਦੇ ਪਸਾਰੇ ਲਈ ਇਹੀ ਰਵਾਇਤੀ ਪਾਰਟੀਆਂ ਦੇ ਆਗੂ ਪੂਰੀ ਤਰ੍ਹਾਂ ਜ਼ਿੰਮੇਵਾਰ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੀ ਸਾਬਕਾ ਵਿਧਾਇਕ ਤੇ ਮੌਜੂਦਾ ਭਾਜਪਾ ਦੀ ਆਗੂ ਸਤਿਕਾਰ ਕੌਰ ਗਹਿਰੀ ਦੇ ਨਸ਼ੇ ਦੀ ਖੇਪ ਸਮੇਤ ਫੜੇ ਜਾਣ ਨਾਲ ਇਸ ਗੱਲ 'ਤੇ ਮੋਹਰ ਲੱਗ ਗਈ ਹੈ ਕਿ ਰਵਾਇਤੀ ਪਾਰਟੀਆਂ ਦੇ ਆਗੂ ਨਸ਼ਾ ਤਸਕਰਾਂ ਨਾਲ ਮਿਲੇ ਹੀ ਨਹੀਂ ਹੋਏ, ਸਗੋਂ ਉਹ ਖੁਦ ਤਸਕਰੀ ਨੂੰ ਅੰਜਾਮ ਦਿੰਦੇ ਰਹੇ ਹਨ। ਭੱਲਾ ਨੇ ਦੋਸ਼ ਲਾਇਆ ਕਿ ਰਵਾਇਤੀ ਪਾਰਟੀਆਂ ਦੇ ਆਗੂਆਂ ਦੀ ਨਲਾਇਕੀਆਂ ਕਾਰਨ ਹੀ ਅੱਜ ਸੂਬੇ ਦਾ ਇਹ ਹਾਲ ਹੋਇਆ ਹੈ ਜਿਸ ਨੂੰ ਠੀਕ ਕਰਨ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਲੱਗੀ ਹੋਈ ਹੈ। ਭੱਲਾ ਨੇ ਕਿਹਾ ਕਿ ਪਿਛਲੇ 50 ਸਾਲਾਂ ਵਿੱਚ ਨਸ਼ਾ ਤਸਕਰੀ ਅਤੇ ਭ੍ਰਿਸ਼ਟਾਚਾਰ ਨੇ ਆਪਣੀਆਂ ਜੜ੍ਹਾਂ ਬੇਹੱਦ ਡੂੰਘੀਆਂ ਕਰ ਲਈਆਂ ਹਨ, ਪਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਨਸ਼ਿਆਂ ਤੇ ਭ੍ਰਿਸ਼ਟਾਚਾਰ ਦੀ ਜੜ ਨੂੰ ਹੱਥ ਪਾਇਆ ਹੋਇਆ ਹੈ ਤੇ ਇਨ੍ਹਾਂ ਨੂੰ ਜੜ੍ਹੋਂ ਪੁੱਟ ਕੇ ਹੀ ਦਮ ਲਿਆ ਜਾਵੇਗਾ।

## ਕੈਂਟ ਰੇਲਵੇ ਸਟੇਸ਼ਨ 'ਤੇ ਰੇਲ ਚੌਪਾਲ ਦਾ ਆਯੋਜਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਅੰਮ੍ਰਿਤਸਰ ਤੇ ਫ਼ਿਰੋਜ਼ਪੁਰ ਕੈਂਟ ਰੇਲਵੇ ਸਟੇਸ਼ਨਾਂ 'ਤੇ ਰੇਲ ਚੌਪਾਲ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਸਟੇਸ਼ਨ ਸੁਪਰਡੈਂਟ ਓਮਕਾਰ, ਚੀਫ ਹੈਲਥ ਇੰਸਪੈਕਟਰ ਮਨੋਜ ਕੁਮਾਰ, ਕਮਰਸ਼ੀਅਲ ਇੰਸਪੈਕਟਰ ਬਲਵਿੰਦਰ ਸਿੰਘ ਗਿੱਲ ਅੰਮ੍ਰਿਤਸਰ ਤੇ ਸਟੇਸ਼ਨ ਸੁਪਰਡੈਂਟ ਨੰਦ ਕਿਸ਼ੋਰ, ਚੀਫ ਹੈਲਥ ਇੰਸਪੈਕਟਰ ਯਤਿੰਦਰ ਕੁਮਾਰ ਅਤੇ ਦੋ ਰੇਲ ਗੱਡੀਆਂ ਦੇ ਮੈਨੇਜਰ ਰਜਿੰਦਰ ਤੇ ਪ੍ਰਦੀਪ ਕੁਮਾਰ ਫ਼ਿਰੋਜ਼ਪੁਰ ਛਾਉਣੀ ਹਾਜ਼ਰ ਸਨ।ਇਸ ਰੇਲ ਚੌਪਾਲ ਦਾ ਆਯੋਜਨ ਭਾਰਤੀ ਰੇਲਵੇ ਵੱਲੋਂ ਸਵੱਛਤਾ ਅਭਿਆਨ 4.0 ਦੇ ਸਬੰਧ ਵਿੱਚ ਕੀਤਾ ਗਿਆ।ਰੇਲ ਚੌਪਾਲ ਰਾਹੀਂ ਉਨ੍ਹਾਂ ਰੇਲ ਯਾਤਰੀਆਂ ਨਾਲ ਸਿੱਧੇ ਤੌਰ 'ਤੇ ਰਾਬਤਾ ਕਾਇਮ ਕੀਤਾ ਤੇ ਸਫ਼ਾਈ ਸਬੰਧੀ ਉਨ੍ਹਾਂ ਦੀ ਫੀਡਬੈਕ ਲਈ ਅਤੇ ਉਨ੍ਹਾਂ ਨੂੰ ਸਫ਼ਾਈ ਸਬੰਧੀ ਜਾਗਰੂਕ ਕੀਤਾ।ਜ਼ਿਆਦਾਤਰ ਰੇਲਵੇ ਮੁਸਾਫਰਾਂ ਨੇ ਭਾਰਤੀ ਰੇਲਵੇ ਦੇ ਯਤਨਾਂ ਦੀ ਸ਼ਲਾਘਾ ਕੀਤੀ ਤੇ ਸਫਾਈ ਲਈ ਚੁੱਕੇ ਗਏ ਕਦਮਾਂ 'ਤੇ ਤਸੱਲੀ ਪ੍ਰਗਟਾਈ ਅਤੇ ਸਫਾਈ ਸਬੰਧੀ ਆਪਣੇ ਕੀਮਤੀ ਸੁਝਾਅ ਵੀ ਦਿੱਤੇ।

## ਸਟੱਡੀ ਸਰਕਲ ਨੇ ਕਾਲਜ ਵਿਦਿਆਰਥੀਆਂ ਦਾ ਨੈਤਿਕ ਸਿੱਖਿਆ ਇਮਤਿਹਾਨ ਕਰਾਇਆ



**ਸੰਗਰੂਰ (ਪ੍ਰਵੀਨ ਸਿੰਘ)**-ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਨੈਤਿਕ ਕਦਰਾਂ ਕੀਮਤਾਂ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਹਿਤ ਕਾਲਜ ਵਿਦਿਆਰਥੀਆਂ ਦਾ ਨੈਤਿਕ ਸਿੱਖਿਆ ਇਮਤਿਹਾਨ ਕਰਾਇਆ ਗਿਆ।ਸੁਰਿੰਦਰ ਪਾਲ ਸਿੰਘ ਸਿਦਕੀ ਜ਼ੋਨਲ ਕੋਆਰਡੀਨੇਟਰ ਤੇ ਕੁਲਵੰਤ ਸਿੰਘ ਨਾਗਰੀ ਜ਼ੋਨਲ ਸਕੱਤਰ ਨੇ ਦੱਸਿਆ ਕਿ ਸੰਗਰੂਰ-ਬਰਨਾਲਾ, ਮਾਲੇਰਕੋਟਲਾ ਜ਼ੋਨ ਦੇ ਅਧੀਨ ਪਹਿਲੇ ਪੜਾਅ ਵਿੱਚ ਸੰਗਰੂਰ ਦੇ ਅਕਾਲ ਕਾਲਜ ਫਾਰ ਵਿਮਨ, ਮਸਤੂਆਣਾ ਸਾਹਿਬ ਦੇ ਵੱਖ-ਵੱਖ ਕਾਲਜਾਂ ਤੋਂ ਬਿਨਾਂ ਜ਼ਿਲ੍ਹਾ ਉਦਯੋਗਿਕ ਸਿੱਖਿਆ ਸੰਸਥਾਨ ਤੇ ਲਾਈਫ ਗਾਰਡ ਇੰਸਟੀਚਿਊਟ ਕਲੌਦੀ ਤੇ ਬਰਨਾਲਾ ਵਿਖੇ ਵੀ ਵੱਖ ਵੱਖ ਕਾਲਜਾਂ ਵਿੱਚ ਪ੍ਰੀਖਿਆ ਕੇਂਦਰ ਬਣਾਏ ਗਏ।ਲਾਭ ਸਿੰਘ ਡਿਪਟੀ ਚੀਫ਼ ਆਰਗੇਨਾਈਜ਼ਰ, ਅਜਮੇਰ ਸਿੰਘ ਡਿਪਟੀ ਡਾਇਰੈਕਟਰ, ਗੁਰਮੇਲ ਸਿੰਘ ਵਿੱਤ ਸਕੱਤਰ, ਗੁਰਮੀਤ ਸਿੰਘ, ਅਵਤਾਰ ਸਿੰਘ ਲੀਲਾ ਬਰਨਾਲਾ, ਪ੍ਰੋ. ਹਰਵਿੰਦਰ ਕੌਰ, ਅਮਨਦੀਪ ਕੌਰ ਐਡੀਸ਼ਨਲ ਜ਼ੋਨਲ ਸਕੱਤਰ ਇਸਤਰੀ ਕੌਂਸਲ ਦੀ ਨਿਗਰਾਨੀ ਵਿੱਚ ਵੱਖ-ਵੱਖ ਖੇਤਰਾਂ ਵਿੱਚ ਹੋਏ ਇਮਤਿਹਾਨ ਲਈ ਡਾ ਦਰਸ਼ਨ ਸਿੰਘ, ਜਸਵੀਰ ਸਿੰਘ ਖਾਲਸਾ ਸੰਗਰੂਰ ਅਤੇ ਬੇਬੇ ਨਾਨਕੀ ਸਿਲਾਈ ਕੇਂਦਰ ਦੀ ਪ੍ਰਧਾਨ ਹਰਪ੍ਰੀਤ ਕੌਰ ਦੇ ਨਾਲ਼ ਸਬੰਧਤ ਕਾਲਜਾਂ ਦੇ ਪ੍ਰਿੰਸੀਪਲ ਸਾਹਿਬਾਨ ਦੀ ਅਗਵਾਈ ਵਿੱਚ ਅਮਨਿੰਦਰ ਕੌਰ, ਤੇਜਿੰਦਰ ਕੌਰ, ਡਾ ਸਰਬਜੀਤ ਕੌਰ, ਡਾ ਹਰਮਿੰਦਰ ਕੌਰ, ਸੁਖਦੇਵ ਸਿੰਘ (ਮਸਤੂਆਣਾ ਸਾਹਿਬ ਦੀਆਂ ਸੰਸਥਾਵਾਂ), ਅਵਿਨਾਸ਼ ਕੌਰ ਪ੍ਰੋ. ਇੰਚਾਰਜ, ਰਿਤੂ ਸੈਣੀ, ਜਸ਼ਨ ਸੇਠੀ (ਵਿਮਨ ਕਾਲਜ ਸੰਗਰੂਰ), ਅਰਸ਼ਜੋਤ ਕੌਰ (ਅਕਾਲ ਐਜੂਕੇਸ਼ਨ ਕਾਲਜ ਫ਼ਤਿਹਗੜ੍ਹ ਛੰਨਾ), ਨਰਿੰਦਰ ਸਿੰਘ, ਮੱਖਣ ਸਿੰਘ, ਹਰਜਿੰਦਰ ਸਿੰਘ (ਡਾਈਟ ਸੰਗਰੂਰ) ਨੇ ਨਿਗਰਾਨ ਅਮਲੇ ਦੀਆਂ ਡਿਊਟੀਆਂ ਨਿਭਾਈਆਂ।ਜ਼ੋਨਲ ਕੋਆਰਡੀਨੇਟਰ ਨੇ ਦੱਸਿਆ ਕਿ ਇਸ ਇਮਤਿਹਾਨ ਵਿੱਚੋਂ ਜ਼ੋਨ ਦੇ ਪਹਿਲੇ ਪੰਜ ਸਥਾਨਾਂ ਦੇ ਜੇਤੂ ਵਿਦਿਆਰਥੀਆਂ ਨੂੰ ਨਕਦ ਇਨਾਮ ਦਿੱਤੇ ਜਾਣਗੇ ਤੇ ਉਤਸ਼ਾਹ ਵਧਾਊ ਇਨਾਮ ਵੀ ਹੋਣਗੇ।

# ਸਨੌਰ ਹਿੰਸਾ ਮਾਮਲੇ ਖਿਲਾਫ ਪ੍ਰਨੀਤ ਕੌਰ ਦੀ ਅਗਵਾਈ 'ਚ ਧਰਨਾ

### ਆਪ ਸਰਕਾਰ ਦੋਸ਼ੀਆਂ ਨੂੰ ਬਚਾ ਕੇ ਲੋਕਤੰਤਰ ਦਾ ਕਤਲ ਕਰ ਰਹੀ ਹੈ : ਪ੍ਰਨੀਤ ਕੌਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸੀਨੀਅਰ ਭਾਜਪਾ ਆਗੂ ਪ੍ਰਨੀਤ ਕੌਰ ਨੇ ਸਨੌਰ ਬੱਸ ਸਟੈਂਡ ਨੇੜੇ ਹਾਲ ਹੀ ਵਿੱਚ ਵਾਪਰੀ ਸਨੌਰ ਹਿੰਸਾ ਵਿੱਚ ਗੰਭੀਰ ਜ਼ਖ਼ਮੀ ਹੋਏ ਬੇਕਸੂਰ ਪਿੰਡ ਵਾਸੀ ਸਰਬਜੀਤ ਸਿੰਘ ਦੇ ਪਰਵਾਰ ਤੇ ਹੋਰ ਪਿੰਡ ਵਾਸੀਆਂ ਸਮੇਤ ਸਨੌਰ ਬੱਸ ਸਟੈਂਡ ਨੇੜੇ ਧਰਨਾ ਦਿੱਤਾ।ਰੋਸ ਮੁਜ਼ਾਹਰੇ ਨੇ ਪੰਜਾਬ ਪੁਲਸ ਤੋਂ ਦੋਸ਼ੀਆਂ ਖਿਲਾਫ ਤੁਰੰਤ ਕਾਰਵਾਈ ਤੇ ਜਵਾਬਦੇਹੀ ਦੀ ਮੰਗ ਕੀਤੀ।ਪ੍ਰਨੀਤ ਕੌਰ ਨੇ ਕਿਹਾ ਕਿ ਇਹ ਬਹੁਤ ਹੀ ਅਫਸੋਸਨਾਕ ਹੈ ਕਿ 10 ਦਿਨ ਬੀਤ ਜਾਣ ਤੋਂ ਬਾਅਦ ਵੀ ਪੁਲਸ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ 'ਚ ਅਸਫਲ ਰਹੀ ਹੈ।ਇਹ ਘੋਰ ਅਣਗਹਿਲੀ, ਕਾਨੂੰਨ-ਵਿਵਸਥਾ ਦੀ ਮਸ਼ੀਨਰੀ ਵਿੱਚ ਲੋਕਾਂ ਦੇ ਵਿਸ਼ਵਾਸ ਨੂੰ ਕਮਜ਼ੋਰ ਕਰਦੀ ਹੈ।ਅਸੀਂ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਤੋਂ ਦੋਸ਼ੀਆਂ ਵਿਰੁੱਧ ਤੁਰੰਤ ਕਾਰਵਾਈ ਤੇ ਜਵਾਬਦੇਹੀ ਦੀ ਮੰਗ ਕਰਦੇ ਹਾਂ।ਪ੍ਰਨੀਤ ਕੌਰ ਨੇ 'ਆਪ' ਸਰਕਾਰ ਦੀ ਪੰਜਾਬ 'ਚ ਕਾਨੂੰਨ ਵਿਵਸਥਾ ਬਣਾਈ ਰੱਖਣ 'ਚ ਅਸਮਰਥਤਾ ਦੀ ਆਲੋਚਨਾ ਕੀਤੀ।ਸਨੌਰ ਦੀ ਘਟਨਾ ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਵਿੱਚ ਸਰਕਾਰ ਦੀ ਨਾਕਾਮੀ ਨੂੰ ਉਜਾਗਰ ਕਰਦੀ ਹੈ।ਪੁਲਸ ਦੀ ਅਣਗਹਿਲੀ ਕਾਨੂੰਨ ਲਾਗੂ ਕਰਨ ਵਾਲੀ ਪ੍ਰਣਾਲੀ ਦੇ ਢਹਿ-ਢੇਰੀ ਹੋਣ ਦਾ ਸੰਕੇਤ ਦਿੰਦੀ ਹੈ।ਉਨ੍ਹਾ ਭਗਵੰਤ ਮਾਨ ਸਰਕਾਰ ਦੀ ਸਖ਼ਤ ਨਿਖੇਧੀ ਕੀਤੀ।ਉਨ੍ਹਾਂ ਕਿਹਾ ਕਿ ਆਪ ਦੀ ਇਸ ਅਸਫਲ ਸਰਕਾਰ ਦੇ ਅਧੀਨ ਪੰਜਾਬ 'ਚ ਅਮਨ-ਕਾਨੂੰਨ ਦੀ ਪੂਰੀ ਸਥਿਤੀ ਢਹਿ-ਢੇਰੀ ਹੋ ਗਈ ਹੈ।

ਉਹ ਲੋਕਤੰਤਰ ਦਾ ਕਤਲ ਕਰਨ ਦੀ ਸਰਗਰਮੀ ਨਾਲ ਕੋਸ਼ਿਸ਼ ਕਰ ਰਹੇ ਹਨ। ਧਰਨੇ ਤੋਂ ਬਾਅਦ ਪ੍ਰਨੀਤ ਕੌਰ, ਜਿਨ੍ਹਾਂ ਨਾਲ ਭਾਜਪਾ ਮਹਿਲਾ ਮੋਰਚਾ ਦੀ ਪ੍ਰਧਾਨ ਜੈ ਇੰਦਰ ਕੌਰ ਵੀ ਸ਼ਾਮਲ ਸਨ, ਨੇ ਪਟਿਆਲਾ ਦੇ ਸੀਨੀਅਰ ਪੁਲਸ ਕਪਤਾਨ (ਐੱਸ ਐੱਸ ਪੀ) ਨਾਨਕ ਸਿੰਘ ਤੇ ਐੱਸ ਪੀ ਦਿਹਾਤੀ ਰਾਜੇਸ਼ ਛਿੱਬਰ ਨਾਲ ਗੱਲ ਕੀਤੀ ਅਤੇ ਸਖ਼ਤ ਅਲਟੀਮੇਟਮ ਜਾਰੀ ਕਰਦਿਆਂ ਕਿਹਾ ਕਿ 48 ਘੰਟੇ ਦੇ ਅੰਦਰ-ਅੰਦਰ ਕਾਰਵਾਈ ਕੀਤੀ ਜਾਵੇ, ਨਹੀਂ ਤਾਂ ਸਖ਼ਤ ਨਤੀਜੇ ਭੁਗਤਣੇ ਪੈਣਗੇ।

## ਡਾਕਟਰ ਰਾਕੇਸ਼ ਸਿੰਗਲਾ ਨੂੰ ਸਟੇਟ ਧਨਵੰਤਰੀ ਐਵਾਰਡ 29 ਨੂੰ



**ਧੂਰੀ (ਸੁਖਦੇਵ ਧੂਰੀ)**-ਆਯੁਰਵੈਦਿਕ ਇਲਾਜ ਪ੍ਰਣਾਲੀ ਦੇ ਜਨਮ ਦਾਤਾ ਵੈਦ ਧਨਵੰਤਰੀ ਦੇ ਨਾਮ 'ਤੇ ਦਿੱਤਾ ਜਾਣ ਵਾਲਾ ਸਟੇਟ ਧਨਵੰਤਰੀ ਐਵਾਰਡ ਇਸ ਵਾਰ ਸ਼ਾਨਦਾਰ ਮੈਡੀਕਲ ਸੇਵਾਵਾਂ ਨਿਭਾਉਣ ਲਈ ਧੂਰੀ ਦੇ ਪ੍ਰਸਿੱਧ ਸਮਾਜ ਸੇਵੀ ਡਾਕਟਰ ਰਾਕੇਸ਼ ਸਿੰਗਲਾ ਨੂੰ 29 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਦਿੱਤਾ ਜਾਵੇਗਾ।ਇਸ ਸਨਮਾਨ ਸਮਾਗਮ ਦੇ ਮੁੱਖ ਮਹਿਮਾਨ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾਕਟਰ ਬਲਵੀਰ ਸਿੰਘ ਹੋਣਗੇ, ਜੋ ਕਿ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਦੀ ਹਾਜ਼ਰੀ ਵਿੱਚ ਇਹ ਐਵਾਰਡ ਦੇਣਗੇ।ਡਾਕਟਰ ਸਿੰਗਲਾ ਨੂੰ ਇਹ ਐਵਾਰਡ ਮਿਲਣ 'ਤੇ ਇਲਾਕੇ ਦੀਆਂ ਵੱਖ ਵੱਖ ਮੈਡੀਕਲ, ਰਾਜਨੀਤਕ, ਸਮਾਜਿਕ ਤੇ ਧਾਰਮਿਕ ਸ਼ਖ਼ਸੀਅਤਾਂ ਵੱਲੋਂ ਮੁਬਾਰਕਬਾਦ ਦਿੱਤੀ ਜਾ ਰਹੀ ਹੈ।

ਦੱਸਣਯੋਗ ਹੈ ਕਿ ਡਾਕਟਰ ਰਾਕੇਸ਼ ਸਿੰਗਲਾ ਸਮਾਜ ਸੇਵੀ ਵਜੋਂ ਚੰਗਾ ਨਾਮਣਾ ਖੱਟ ਚੁੱਕੇ ਹਨ ਤੇ ਲੋੜਵੰਦ ਵਿਅਕਤੀਆਂ ਦੀ ਮਦਦ ਲਈ ਹਮੇਸ਼ਾ ਤਿਆਰ ਰਹਿੰਦੇ ਹਨ।

# ਗੇਟ ਰੈਲੀ ਕਰਕੇ ਪੰਜਾਬ ਸਰਕਾਰ ਖ਼ਿਲਾਫ਼ ਕੀਤਾ ਰੋਸ ਪ੍ਰਦਰਸ਼ਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਮਨਿਸਟੀਰੀਅਲ ਸਟਾਫ਼ ਬਲਾਕ ਮਹਿਲ ਕਲਾਂ ਦੇ ਵੱਖ-ਵੱਖ ਵਿਭਾਗਾਂ ਨਾਲ ਸੰਬੰਧਿਤ ਕ੍ਰਮਚਾਰੀਆਂ ਵੱਲੋਂ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਜ ਯੂਨੀਅਨ ਪੰਜਾਬ ਦੇ ਸੱਦੇ ਤੇ ਬੀ ਡੀ ਪੀ ਓ ਦਫਤਰ ਮਹਿਲ ਕਲਾਂ ਵਿਖੇ ਗੇਟ ਰੈਲੀ ਕਰਕੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।ਕ੍ਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਿਰਮਲਜੀਤ ਸਿੰਘ ਚਾਨੇ ਨੇ ਕਿਹਾ ਕਿ ਪੰਜਾਬ ਸਰਕਾਰ ਕਰਮਚਾਰੀਆਂ ਦੀਆਂ ਮੰਗਾਂ ਨੂੰ ਲਗਾਤਾਰ ਅਣਗੌਲਿਆ ਕਰਦੀ ਜਾ ਰਹੀ ਹੈ, ਕਿਉਂਕਿ ਮੰਗਾਂ ਮੰਨਣ ਦੀ ਬਜਾਏ ਲਾਰੇ ਲੱਪੇ ਨਾਲ ਡੰਗ ਸਾਰ ਰਹੀ ਹੈ।ਕੇਂਦਰ ਤੇ ਗੁਆਂਢੀ ਸੂਬਿਆਂ ਦੀਆਂ ਸਰਕਾਰਾਂ ਨਾਲੋਂ ਪੰਜਾਬ ਸਰਕਾਰ ਦੇ ਮੁਲਾਜ਼ਮ 15 ਫੀਸਦੀ ਘੱਟ ਡੀ.ਏ ਲੈ ਰਹੇ ਹਨ।ਪੰਜਾਬ ਸਰਕਾਰ ਤਨਖਾਹ ਸਕੇਲ ਕੇਂਦਰ ਦੇ ਲਾਗੂ ਕਰ ਰਹੀ ਹੈ, ਜਦਕਿ ਭੱਤੇ ਪੰਜਾਬ ਦੇ ਲਾਗੂ ਕਰਕੇ ਦੋਗਲੀ ਨੀਤੀ 'ਤੇ ਚੱਲ ਰਹੀ ਹੈ।17-07-20 ਤੋਂ ਮੁਲਾਜ਼ਮ ਨਿਗੂਣੀਆਂ ਤਨਖ਼ਾਹਾਂ ਤੇ ਭਰਤੀ ਕੀਤੇ ਜਾ ਰਹੇ ਹਨ।ਪੁਰਾਣੀ ਪੈਨਸ਼ਨ ਦਾ ਨੋਟੀਫਿਕੇਸ਼ਨ ਦੋ ਸਾਲ ਪਹਿਲਾਂ ਕੀਤਾ ਗਿਆ ਸੀ, ਪਰ ਅੱਜ ਤੱਕ ਲਾਗੂ ਨਹੀਂ ਕੀਤਾ ਗਿਆ। ਮੁਲਾਜ਼ਮਾਂ ਨੇ ਬੜੇ ਚਾਅ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਲਿਆਉਣ ਵਿੱਚ ਵੱਡਾ ਹਿੱਸਾ ਪਾਇਆ ਸੀ, ਪਰ ਇਹ ਸਰਕਾਰ ਪਹਿਲੀਆਂ ਸਰਕਾਰਾਂ ਤੋਂ ਵੀ ਦੋ ਕਦਮ ਵਧ ਕੇ ਹੈ।ਮੁਲਾਜ਼ਮ ਆਗੂਆਂ ਨੇ ਸਰਕਾਰ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ 29-30 ਅਕਤੂਬਰ ਨੂੰ ਸਮੂਹਿਕ ਛੁੱਟੀ 'ਤੇ ਰਹਿਣਗੇ ਅਤੇ 8 ਨਵੰਬਰ ਨੂੰ ਵਿਧਾਨ ਸਭਾ ਹਲਕਾ ਬਰਨਾਲਾ ਵਿੱਚ ਪੰਜਾਬ ਪੱਧਰ ਦੀ ਵੱਡੀ ਰੈਲੀ ਕਰਕੇ ਸਰਕਾਰ ਨੂੰ ਉਲਟੇ ਪੈਰੀਂ ਭੱਜਣ ਲਈ ਮਜ਼ਬੂਰ ਕਰ ਦੇਵਾਂਗੇ।

# ਝੁਨੀਰ ਦੀਆਂ ਬਲਾਕ ਬਲਾਕ ਪੱਧਰੀ ਖੇਡਾਂ ਸ਼ਾਨੋ-ਸ਼ੌਕਤ ਨਾਲ ਸੰਪੰਨ



**ਮਾਨਸਾ/ਝੁਨੀਰ (ਆਤਮਾ ਸਿੰਘ ਪਮਾਰ)**-ਝੁਨੀਰ ਬਲਾਕ ਦੇ ਸਿੱਖਿਆ ਅਫ਼ਸਰ ਅਮਨਦੀਪ ਸਿੰਘ ਔਲਖ ਤੇ ਬਲਾਕ ਖੇਡ ਅਫਸਰ ਰਣਜੀਤ ਸਿੰਘ ਦੀ ਅਗਵਾਈ ਵਿੱਚ ਬਲਾਕ ਪੱਧਰੀ ਖੇਡਾਂ ਐਨਲਾਈਟਡ ਫਿਜੀਕਲ ਕਾਲਜ ਝੁਨੀਰ ਵਿਖੇ ਕਰਵਾਈਆਂ ਗਈਆਂ।ਬਲਾਕ ਪ੍ਰਾਇਮਰੀ ਸਿੱਖਿਆ ਅਧਿਕਾਰੀ ਅਮਨਦੀਪ ਸਿੰਘ ਔਲਖ ਨੇ ਖੇਡਾਂ ਦਾ ਉਦਘਾਟਨ ਕੀਤਾ।ਨੈਸ਼ਨਲ ਕਬੱਡੀ ਮੁੰਡੇ 'ਚ ਕਲੱਸਟਰ ਉੱਡਤ ਭਗਤ ਰਾਮ ਪਹਿਲੇ ਤੇ ਚਹਿਲਾਂਵਾਲਾ ਦੂਜੇ ਸਥਾਨ 'ਤੇ ਰਿਹਾ। ਸਰਕਲ ਕਬੱਡੀ ਮੁੰਡੇ ਉੱਡਤ ਭਗਤ ਰਾਮ ਕਲੱਸਟਰ ਪਹਿਲ ਤੇ ਕਲੱਸਟਰ ਚਹਿਲਾਂਵਾਲਾ ਦੂਜੇ ਸਥਾਨ 'ਤੇ ਰਿਹਾ।ਰਿਲੇਅ ਰੇਸ ਕੁੜੀਆਂ 'ਚ ਉੱਲਕ ਪਹਿਲੇ ਤੇ ਉੱਡਤ ਭਗਤ ਰਾਮ ਦੂਜੇ ਸਥਾਨ 'ਤੇ ਰਿਹਾ।ਖੋ ਖੋ ਮੁੰਡੇ ਕਲੱਸਟਰ ਅੱਕਾਂਵਾਲੀ ਨੇ ਪਹਿਲੀ ਤੇ ਚਹਿਲਾਂਵਾਲਾ ਨੇ ਦੂਜੀ ਪੁਜ਼ੀਸ਼ਨ ਹਾਸਲ ਕੀਤੀ।ਮਿੰਨੀ ਹੈਂਡਬਾਲ ਵਿੱਚ ਕਲੱਸਟਰ ਚਹਿਲਾਂਵਾਲਾ ਪਹਿਲੇ, ਟਾਹਲੀਆਂ ਦੂਜੇ ਸਥਾਨ 'ਤੇ ਰਹੀ।ਰੱਸਾਕਸੀ ਮੁੰਡੇ ਕਲੱਸਟਰ ਚਹਿਲਾਂਵਾਲਾ ਪਹਿਲੇ ਤੇ ਉੱਡਤ ਭਗਤ ਦੂਜੇ ਸਥਾਨ 'ਤੇ ਰਿਹਾ।ਸਾਰੇ ਮੁਕਾਬਲੇ ਬਲਾਕ ਖੇਡ ਅਫਸਰ ਰਣਜੀਤ ਸਿੰਘ ਦੀ ਦੇਖ-ਰੇਖ ਵਿੱਚ ਹੋਏ।ਸ੍ਰ. ਅਮਨਦੀਪ ਸਿੰਘ ਔਲਖ ਸਿੰਘ ਨੇ ਜੇਤੂ ਖਿਡਾਰੀਆਂ ਨੂੰ ਸਰਟੀਫਿਕੇਟ ਤੇ ਮੈਡਲ ਦੇ ਕੇ ਸਨਮਾਨਤ ਕੀਤਾ।ਉਨ੍ਹਾਂ ਸਾਰੇ ਕਨਵੀਨਰਾਂ ਦਾ ਵਧੀਆ ਢੰਗ ਨਾਲ ਖੇਡਾਂ ਸੰਪੰਨ ਕਰਵਾਉਣ ਲਈ ਧੰਨਵਾਦ ਕੀਤਾ।

ਇਸ ਸਮੇਂ ਸੀ ਐੱਚ ਟੀ ਸੰਦੀਪ ਸਿੰਘ ਚਹਿਲਾਂਵਾਲੀ, ਸੀ ਐੱਚ ਟੀ ਅਮਰਜੀਤ ਕੌਰ ਉੱਲਕ, ਸੀ ਐੱਚ ਟੀ ਸ਼ਾਂਤੀ ਦੇਵੀ ਅੱਕਾਂਵਾਲੀ, ਸੀ ਐੱਚ ਟੀ ਪ੍ਰਸ਼ੋਤਮ ਕੁਮਾਰ ਖਿਆਲੀ ਚਹਿਲਾਂਵਾਲੀ, ਸੀ ਐੱਚ ਟੀ ਜੋਗਿੰਦਰ ਸਿੰਘ ਲਾਲੀ ਟਾਹਲੀਆਂ, ਬਲਵੰਤ ਸਿੰਘ ਐੱਚ ਟੀ ਸ਼ੇਰਿਆਂਵਾਲੀ, ਜਗਵੰਤ ਧਾਲੀਵਾਲ, ਤੇਜਿੰਦਰ ਸਿੰਘ, ਗੁਰਨਾਮ ਸਿੰਘ, ਰਵਿੰਦਰ ਸਿੰਘ ਧਾਲੀਵਾਲ, ਕਰਮਜੀਤ ਕੌਰ ਲਾਲਿਆਂਵਾਲੀ, ਬਲਾਕ ਪ੍ਰੈੱਸ ਸਕੱਤਰ ਸੁਖਦੀਪ ਸਿੰਘ ਗਿੱਲ ਤੇ ਜਗਸੀਰ ਸਿੰਘ ਸਿੱਧੂ, ਕਰਮਜੀਤ ਸਿੰਘ ਧਿੰਗੜ ਹਾਜ਼ਰ ਸਨ।

# ਕਾਮਰੇਡ ਨਿੱਕਾ ਖੇੜਾ ਸਰਬਸੰਮਤੀ ਨਾਲ ਮੁੜ ਸਕੱਤਰ ਬਣੇ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸੀ.ਪੀ.ਆਈ. (ਐੱਮ) ਤਹਿਸੀਲ ਸਮਰਾਲਾ ਦੇ ਮਾਛੀਵਾੜਾ ਸਾਹਿਬ ਦਾ ਅਜਲਾਸ ਹੋਇਆ, ਜਿਸ ਵਿੱਚ ਸਰਬਸੰਮਤੀ ਨਾਲ ਕਾਮਰੇਡ ਨਿੱਕਾ ਸਿੰਘ ਖੇੜਾ ਨੂੰ ਸਕੱਤਰ ਚੁਣ ਲਿਆ ਗਿਆ। ਇਕੱਤਰ ਕੀਤੀ ਜਾਣਕਾਰੀ ਮੁਤਾਬਿਕ ਕਾਮਰੇਡ ਪ੍ਰਕਾਸ਼ ਸਿੰਘ ਉਧੋਵਾਲ, ਹਰਦੇਵ ਸਿੰਘ ਬਾਗ ਤੇ ਚੱਤਰ ਸਿੰਘ ਲੁਬਾਣਗੜ੍ਹ ਦੀ ਪ੍ਰਧਾਨਗੀ ਹੇਠ ਸ਼ੁਰੂ ਹੋਏ ਅਜਲਾਸ ਵਿੱਚ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਤੇ ਜ਼ਿਲ੍ਹਾ ਸਕੱਤਰ ਕਾਮਰੇਡ ਬਲਜੀਤ ਸਿੰਘ ਸ਼ਾਹੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਅਜਲਾਸ ਵਿੱਚ ਪਾਰਟੀ ਦੇ ਪਹਿਲੇ ਤਹਿਸੀਲ ਸਕੱਤਰ ਕਾਮਰੇਡ ਨਿੱਕਾ ਸਿੰਘ ਖੇੜਾ ਨੇ ਹਾਜ਼ਰ ਸਾਥੀਆਂ ਅੱਗੇ ਪਿਛਲੇ ਸਮੇਂ ਦੌਰਾਨ ਹੋਏ ਕੰਮਾਂ ਦੀ ਰਿਪੋਰਟ ਪੇਸ਼ ਕੀਤੀ, ਜਿਸ ਨੂੰ ਸੋਚ ਵਿਚਾਰ ਉਪਰੰਤ ਪਾਸ ਕਰ ਦਿੱਤਾ ਗਿਆ। ਕਾਮਰੇਡ ਨਿੱਕਾ ਸਿੰਘ ਖੇੜਾ ਨੂੰ ਤਹਿਸੀਲ ਸਕੱਤਰ ਚੁਣਨ ਦੇ ਨਾਲ-ਨਾਲ 11 ਮੈਂਬਰੀ ਤਹਿਸੀਲ ਕਮੇਟੀ ਚੁਣੀ ਗਈ, ਜਿਸ ਵਿੱਚ ਕਾਮਰੇਡ ਪ੍ਰਕਾਸ਼ ਸਿੰਘ, ਹਰਦੇਵ ਸਿੰਘ ਬਾਗ, ਗੁਰਪ੍ਰੀਤ ਕੌਰ, ਪ੍ਰਿੰਸ ਖੇੜਾ, ਚੱਤਰ ਸਿੰਘ, ਬਲਕਾਰ ਸਿੰਘ, ਬਲਜੀਤ ਸਿੰਘ, ਸ਼ਾਮ ਸਿੰਘ, ਰਣਜੀਤ ਸਿੰਘ, ਰਮਨਦੀਪ ਕੌਰ ਆਦਿ ਚੁਣੇ ਗਏ, ਜਦਕਿ 2 ਸੀਟਾਂ ਖਾਲੀ ਰੱਖੀਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਸ਼ੋਕ ਖੇੜਾ, ਦਲਜੀਤ ਸਿੰਘ ਕੋਟਾਲਾ, ਸਰਪੰਚ ਰਜਿੰਦਰ ਸਿੰਘ ਖੇੜਾ, ਰਵਿੰਦਰ ਸਿੰਘ ਗੜ੍ਹੀ ਬੇਟ, ਬਾਬੂ ਸਿੰਘ ਝੜੌਦੀ, ਸੁਰਿੰਦਰ ਸਿੰਘ ਜੁਲਫ਼ਗੜ੍ਹ, ਰਣਜੀਤ ਸਿੰਘ ਜਾਤੀਵਾਲ, ਹਰਜੀਤ ਸਿੰਘ ਬੁੱਲੇਵਾਲ, ਜਗਜੀਤ ਸਿੰਘ, ਅਨਮੋਲ ਸਿੰਘ, ਅਵਤਾਰ ਕੌਰ, ਇਸਨਪ੍ਰੀਤ ਕੌਰ, ਪਰਮਜੀਤ ਕੌਰ, ਸੁਖਵਿੰਦਰ ਕੌਰ, ਲਕਸ਼ਮੀ ਰਾਣੀ, ਹਰਜੀਤ ਕੌਰ, ਸੁਖਪ੍ਰੀਤ ਕੌਰ, ਮਨਵੀਰ ਕੌਰ, ਜਸਪ੍ਰੀਤ ਕੌਰ, ਹਰਮੇਸ਼ ਸਿੰਘ, ਸੁਰਮੁਖ ਸਿੰਘ, ਪਰਮਜੀਤ ਕੌਰ, ਸਤਵੰਤ ਸਿੰਘ ਆਦਿ ਮੌਜੂਦ ਸਨ।

## 52 ਗ੍ਰਾਮ ਹੈਰੋਇਨ ਸਮੇਤ ਤਿੰਨ ਕਾਬੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਥਾਣਾ ਸਿਟੀ ਪੁਲਸ ਨੇ ਇੱਕ ਔਰਤ ਤੇ ਦੋ ਵਿਅਕਤੀਆਂ ਨੂੰ 52 ਗ੍ਰਾਮ ਹੈਰੋਇਨ, 4 ਮੋਬਾਇਲ ਫੋਨ ਤੇ ਇੱਕ ਡਸਟਰ ਕਾਰ ਸਮੇਤ ਗ੍ਰਿਫਤਾਰ ਕੀਤਾ ਹੈ।ਇਹ ਗ੍ਰਿਫਤਾਰੀਆਂ ਪੁਲਸ ਦੀ ਗਸ਼ਤ ਤੇ ਚੈਕਿੰਗ ਦੌਰਾਨ ਬਜਾਜ ਡੇਅਰੀ ਦੇ ਨੇੜੇ ਹੋਈਆਂ।

ਗ੍ਰਿਫਤਾਰ ਕੀਤੇ ਗੁਰਪ੍ਰੀਤ ਸਿੰਘ ਉਰਫ ਮੰਤਰੀ, ਲਵਪ੍ਰੀਤ ਸਿੰਘ ਤੇ ਮਨਪ੍ਰੀਤ ਕੌਰ ਨੂੰ ਪੁਲਸ ਨੇ ਕਾਰਵਾਈ ਦੌਰਾਨ ਸ਼ੱਕ ਦੇ ਆਧਾਰ 'ਤੇ ਰੋਕਿਆ।ਉਨ੍ਹਾਂ ਦੀ ਤਲਾਸ਼ੀ ਦੌਰਾਨ ਹੈਰੋਇਨ ਤੇ ਮੋਬਾਇਲ ਫੋਨ ਬਰਾਮਦ ਕੀਤੇ ਗਏ। ਕਾਬੂ ਕੀਤੇ ਗੁਰਪ੍ਰੀਤ ਸਿੰਘ ਤੇ ਉਸ ਦੀ ਪਤਨੀ ਮਨਪ੍ਰੀਤ ਕੌਰ ਸਮੇਤ ਲਵਪ੍ਰੀਤ ਸਿੰਘ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ।

# ਸਰੀਰ ਦਾਨੀ ਪੰਡਤ ਕੇਦਾਰਨਾਥ ਦੀ ਯਾਦ 'ਚ ਵਿਦਿਆਰਥੀਆਂ ਦਾ ਸਨਮਾਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਮੀਦੀ ਵਿਖੇ ਸਰੀਰਦਾਨੀ ਪੰਡਤ ਕੇਦਾਰ ਨਾਥ ਦੇ ਪਰਵਾਰ ਵੱਲੋਂ ਕਰਾਏ ਗਏ ਸਨਮਾਨ ਸਮਾਗਮ ਨੂੰ ਸੰਬੋਧਨ ਕਰਦਿਆਂ ਪਿਸ਼ੌਰਾ ਸਿੰਘ ਨੇ ਕੇਦਾਰ ਨਾਥ ਦੀ ਸ਼ਖ਼ਸੀਅਤ ਬਾਰੇ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਕਿਹਾ ਕਿ ਸਨਮਾਨ ਸਮਾਗਮ ਵਿੱਚ ਬਾਰ੍ਹਵੀਂ, ਦਸਵੀਂ, ਅੱਠਵੀਂ, ਪੰਜਵੀਂ ਵਿੱਚੋਂ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਨਕਦ ਰਾਸ਼ੀ ਤੇ ਉਸਾਰੂ ਵਿਗਿਆਨਕ ਸਾਹਿਤ ਦੇ ਕੇ ਸਨਮਾਨਤ ਕੀਤਾ ਗਿਆ।

ਪ੍ਰਿੰਸੀਪਲ ਮੈਡਮ ਸਕੁੰਤਲਾ ਦੇਵੀ ਦੀ ਤਰਫੋਂ ਲੈਕਚਰਾਰ ਦਲਵੀਰ ਸਿੰਘ ਗਿੱਲ ਨੇ ਹਮੀਦੀ ਪਰਵਾਰ ਦੇ ਸਕੂਲ ਪ੍ਰਤੀ ਲਗਾਅ ਰੱਖਣ ਦੇ ਇਸ ਉੱਦਮ ਦਾ ਜ਼ੋਰਦਾਰ ਸਵਾਗਤ ਕਰਦਿਆਂ ਬੱਚਿਆਂ ਨੂੰ ਅਜਿਹੇ ਸਮੇਂ ਚੰਗੇ ਆਚਰਣ ਦੇ ਮਾਲਕ ਬਣਨ ਤੇ ਕੇਦਾਰ ਨਾਥ ਦੇ ਵਿਚਾਰਾਂ ਤੋਂ ਸੇਧ ਹਾਸਲ ਕਰਕੇ ਆਉਣ ਵਾਲੇ ਸਮੇਂ ਦੇ ਚੰਗੇ ਨਾਗਰਿਕ ਬਣਨ ਲਈ ਪ੍ਰੇਰਿਆ।ਸਾਥੀ ਨਰਾਇਣ ਦੱਤ ਨੇ ਸਰੀਰਦਾਨ, ਅੱਖਾਂ ਤੇ ਖੂਨ ਦਾਨ ਦੀ ਮਹੱਤਤਾ ਤੋਂ ਜਾਣੂ ਕਰਵਾਇਆ ਕਿ ਕਿਵੇਂ ਅਸੀਂ ਜਿਉਂਦੇ ਜੀਅ ਤੇ ਮਰਨ ਉਪਰੰਤ ਵੀ ਮਨੁੱਖਤਾ ਦੇ ਕੰਮ ਆ ਸਕਦੇ ਹਾਂ।ਪਿੰਡ ਦੇ ਸਰਪੰਚ ਓਮਨਦੀਪ ਸਿੰਘ ਨੇ ਬੱਚਿਆਂ ਨੂੰ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਬਚ ਕੇ ਸਮਾਜ ਦੇ ਸੁਖਵਾਨ ਨਾਗਰਿਕ ਬਣਨ ਲਈ ਪ੍ਰੇਰਿਆ।ਸਕੂਲ ਲਾਇਬ੍ਰੇਰੀ ਵਿੱਚੋਂ ਉਸਾਰੂ ਸਾਹਿਤ ਪੜ੍ਹ ਕੇ ਵਿਗਿਆਨਕ ਸੋਝੀ ਹਾਸਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।

ਸਮਾਗਮ ਵਿੱਚ ਸਰਕਾਰੀ ਪ੍ਰਾਇਰੀ ਸਕੂਲ ਹਮੀਦੀ ਦੇ ਸਟੇਟ ਐਵਾਰਡ ਹਾਸਲ ਕਰਨ ਵਾਲੇ ਅਧਿਆਪਕ ਅਸ਼ਵਨੀ ਕੁਮਾਰ ਦਾ ਹਮੀਦੀ ਪਰਵਾਰ ਵੱਲੋਂ ਸਨਮਾਨ ਕੀਤਾ ਗਿਆ।ਇਸ ਸਮੇਂ ਜਤਿੰਦਰ ਕੁਮਾਰ, ਸ਼ਿਵ ਕੁਮਾਰ, ਸੁਦੇਸ਼ ਰਾਣੀ, ਨੀਲਮ ਅਤੇ ਕਾਂਤਾ ਰਾਣੀ, ਕਮਲਜੀਤ ਤੇ ਰਿਆਂਸ ਵੀ ਹਾਜ਼ਰ ਸਨ।ਸਕੂਲ ਸਟਾਫ਼, ਮੈਨੇਜਮੈਂਟ ਕਮੇਟੀ, ਪੰਚਾਇਤ ਵੱਲੋਂ ਹਮੀਦੀ ਪਰਵਾਰ ਤੇ ਮਾ. ਅਸ਼ਵਨੀ ਕੁਮਾਰ ਨੂੰ ਸਨਮਾਨ ਪੱਤਰ ਭੇਟ ਕਰਕੇ ਸਨਮਾਨ ਕੀਤਾ ਗਿਆ।

## ਰਾਇਟਵੇ ਏਅਰਲਿੰਕਸ ਨੇ ਲਵਾਇਆ ਆਸਟ੍ਰੇਲੀਆ ਦਾ ਵੀਜ਼ਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਾਲਵਾ ਖੇਤਰ ਦੀ ਪ੍ਰਸਿੱਧ ਰਾਇਟ ਵੇ ਏਅਰਲਿੰਕਸ ਇਮੀਗ੍ਰੇਸ਼ਨ ਤੇ ਆਈਲਟਸ ਸੰਸਥਾ, ਜੋ ਪੰਜਾਬ ਦੇ ਇਲਾਵਾ ਪੂਰੇ ਭਾਰਤ ਵਿੱਚ ਕੰਮ ਕਰ ਰਹੀ ਹੈ, ਨੇ ਹਜਾਰਾਂ ਹੀ ਵਿਦਿਆਰਥੀਆਂ ਦੇ ਵਿਦੇਸ਼ 'ਚ ਪੜ੍ਹਾਈ ਕਰਨ ਦੇ ਸੁਪਨਿਆਂ ਨੂੰ ਪੂਰਾ ਕੀਤਾ ਹੈ। ਸੰਸਥਾ ਨੇ ਕੁਲਵਿੰਦਰ ਕੌਰ ਪਤਨੀ ਕਨਵਰਬੀਰ ਸਿੰਘ ਵਾਸੀ ਪਿੰਡ ਰਾਮੂੰਵਾਲਾ ਹਰਚੋਕਾ, ਮੋਗਾ ਦਾ ਆਸਟ੍ਰੇਲੀਆ ਵਿਜ਼ਟਰ ਵੀਜ਼ਾ ਲਗਵਾ ਕੇ ਦਿੱਤਾ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਆ ਤਿਆਗੀ ਨੇ ਕਿਹਾ ਕਿ ਅਫਵਾਹਾਂ 'ਤੇ ਧਿਆਨ ਨਾ ਦਿਉ। ਉਨ੍ਹਾ ਕਿਹਾ ਕਿ ਜਿਨ੍ਹਾਂ ਬੱਚਿਆਂ ਦੇ ਕੈਨੇਡਾ ਤੇ ਯੂ ਕੇ ਦੇ ਸਟੱਡੀ ਕੇਸ ਰੀਫਿਊਜ਼ ਹੋ ਚੁੱਕੇ ਹਨ, ਉਹ ਆਸਟ੍ਰੇਲੀਆ ਲਈ ਅਪਲਾਈ ਕਰ ਸਕਦੇ ਹਨ ਤੇ ਜੇਕਰ ਕੋਈ ਵੀ ਵਿਜ਼ਟਰ ਜਾਂ ਟੂਰਿਸਟ ਵੀਜ਼ੇ 'ਤੇ ਯੂ ਕੇ, ਕੈਨੇਡਾ ਜਾ ਆਸਟ੍ਰੇਲੀਆ ਜਾਣਾ ਚਾਹੁੰਦਾ ਹੋਵੇ ਤਾਂ ਉਹ ਵੀ ਅਪਲਾਈ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਹੁਣ ਬੱਚੇ ਕਾਲਜ ਤੇ ਅੰਬੈਸੀ ਦੀ ਫੀਸ ਵੀਜ਼ਾ ਲੱਗਣ ਤੋਂ ਬਾਅਦ ਦੇ ਸਕਦੇ ਹੈ। ਰਾਇਟਵੇ ਏਅਰਲਿੰਕਸ ਬੈਂਕ ਦੇ ਜ਼ਰੀਏ ਬੱਚਿਆ ਨੂੰ ਐਜੂਕੇਸ਼ਨ ਲੋਨ ਦੀ ਸੁਵਿਧਾ ਲੈ ਕੇ ਦਿੰਦਾ ਹੈ, ਜਿਨ੍ਹਾਂ ਪੈਸਿਆਂ ਨੂੰ ਬੱਚੇ ਅਪਣੇ ਖਰਚੇ ਲਈ ਵਰਤ ਸਕਦੇ ਹਨ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਆ ਤਿਆਗੀ ਨੇ ਕੁਲਵਿੰਦਰ ਕੌਰ ਨੂੰ ਵਧਾਈ ਦਿੱਤੀ।

# ਕੇਂਦਰ ਤੇ ਪੰਜਾਬ ਸਰਕਾਰ ਦੇ ਘਟੀਆ ਪ੍ਰਬੰਧਾਂ ਕਰਕੇ ਕਿਸਾਨ ਮੰਡੀਆਂ 'ਚ ਰੁਲ ਰਿਹੈ : ਬਾਜਵਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਆਮ ਆਦਮੀ ਪਾਰਟੀ ਦੀ ਕਿਸਾਨ, ਮਜ਼ਦੂਰ, ਆੜ੍ਹਤੀ ਤੇ ਸ਼ੈਲਰ ਮਾਲਕਾਂ ਨੂੰ ਜੜ੍ਹੋਂ ਉਖਾੜ ਸੁੱਟਣ ਵਾਲੀ ਕਥਿਤ ਮਾਰੂ ਨੀਤੀ ਤੇ ਨੀਅਤ ਦੇ ਸਿੱਟੇ ਵਜੋਂ ਉਕਤ ਸਾਰੇ ਵਰਗ ਅੱਜ ਸੜਕਾਂ ਉੱਪਰ ਉੱਤਰ ਆਏ ਹਨ ਅਤੇ ਇਕ ਮਹੀਨਾ ਬੀਤ ਜਾਣ ਦੇ ਬਾਵਜੂਦ ਸਰਕਾਰ ਦੀ ਅਜੇ ਤੱਕ ਨੀਂਦ ਨਹੀਂ ਖੁੱਲ੍ਹੀ।ਆਪ ਸਰਕਾਰ ਉੱਪਰ ਇਹ ਦੋਸ਼ ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਇੱਥੇ ਕੋਟਕਪੂਰਾ ਰੋਡ ਬਾਘਾ ਪੁਰਾਣਾ 'ਤੇ ਸਥਿਤ ਅਨਾਜ ਮੰਡੀ ਵਿਖੇ ਗੱਲਬਾਤ ਕਰਦਿਆਂ ਲਾਏ।ਸ੍ਰ. ਬਾਜਵਾ ਇੱਥੇ ਕਿਸਾਨਾਂ ਦਾ ਦਰਦ ਜਾਨਣ ਲਈ ਵਿਸ਼ੇਸ਼ ਤੌਰ 'ਤੇ ਪੁੱਜੇ ਸਨ।ਉਨ੍ਹਾਂ ਗੰਭੀਰ ਸਮੱਸਿਆਵਾਂ ਨਾਲ ਜੂਝਦੇ ਕਿਸਾਨਾਂ, ਮਜ਼ਦੂਰਾਂ, ਆੜ੍ਹਤੀਆਂ ਤੇ ਸ਼ੈਲਰ ਮਾਲਕਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ।ਬਾਜਵਾ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਦੇ ਘਟੀਆ ਪ੍ਰਬੰਧਾਂ ਕਰ ਕੇ ਪੰਜਾਬ ਦਾ ਕਿਸਾਨ ਤੇ ਝੋਨਾ ਮੰਡੀਆਂ ਵਿੱਚ ਰੁਲ ਰਿਹਾ ਹੈ।ਉਨ੍ਹਾ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਵੱਲੋਂ ਪ੍ਰਬੰਧਾਂ ਦੀ ਘਾਟ ਹੈ ਤੇ ਦੂਜੇ ਪਾਸੇ ਕੇਂਦਰ ਦੀ ਲਾਪ੍ਰਵਾਹੀ ਕਰ ਕੇ ਲਿਫਟਿੰਗ ਵੀ ਨਹੀਂ ਹੋ ਰਹੀ, ਜਿਸ ਕਰ ਕੇ ਕਿਸਾਨਾਂ ਨੂੰ ਨਤੀਜਾ ਭੁਗਤਣਾ ਪੈ ਰਿਹਾ ਹੈ।ਬਾਜਵਾ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਝੋਨੇ ਦੇ ਸੀਜ਼ਨ ਤੋਂ ਪਹਿਲਾਂ ਕੇਂਦਰ ਸਰਕਾਰ ਨਾਲ ਗੱਲਬਾਤ ਕਰ ਕੇ ਸੈਲਰ ਖਾਲੀ ਕਰਾਉਣੇ ਚਾਹੀਦੇ ਸੀ।ਜੇਕਰ ਪੰਜਾਬ ਸਰਕਾਰ ਨੇ ਪ੍ਰਬੰਧ ਕੀਤੇ ਹੁੰਦੇ ਤਾਂ ਅੱਜ ਸਮੱਸਿਆ ਨਾ ਆਉਂਦੀ, ਪਰ ਅਜਿਹਾ ਨਾ ਹੋਣ ਕਰ ਕੇ ਕਿਸਾਨਾਂ ਦੀ ਫਸਲ ਮੰਡੀਆਂ ਵਿੱਚ ਪਈ ਹੈ।ਇਸ ਕਰ ਕੇ ਕੇਂਦਰ ਤੇ ਪੰਜਾਬ ਸਰਕਾਰ ਕਿਸਾਨਾਂ ਨੂੰ ਰੋਲ ਰਹੀ ਹੈ।ਪੰਜਾਬ ਸਰਕਾਰ ਵੱਲੋਂ ਮੰਡੀਆਂ ਵਿੱਚ ਲਾਈਟ, ਪਾਣੀ, ਬਾਰਦਾਨੇ ਦੇ ਢਿੱਲੇ ਪ੍ਰਬੰਧ ਕੀਤੇ ਗਏ ਹਨ, ਜਿਸ ਕਰ ਕੇ ਮੰਡੀਆਂ ਵਿੱਚ ਬੈਠੇ ਕਿਸਾਨ ਦੁਖੀ ਹਨ।

ਇਸ ਮੌਕੇ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ, ਜ਼ਿਲ੍ਹਾ ਪ੍ਰਧਾਨ ਸੁਖਜੀਤ ਸਿੰਘ ਕਾਕਾ ਲੋਹਗੜ੍ਹ, ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਜਗਸੀਰ ਸਿੰਘ ਕਾਲੇਕੇ, ਭੁਪਿੰਦਰ ਸਿੰਘ ਸਾਹੋਕੇ, ਭੋਲਾ ਸਿੰਘ ਬਰਾੜ ਸਮਾਧ ਭਾਈ, ਹਰੀ ਸਿੰਘ ਖਾਈ, ਅਮਰਜੀਤ ਸਿੰਘ ਰਾਜੇਆਣਾ, ਸਾਬਕਾ ਚੇਅਰਮੈਨ ਗੁਰਬਚਨ ਸਿੰਘ ਬਰਾੜ, ਇੰਦਰਜੀਤ ਸਿੰਘ ਬੀੜ ਚੜਿੱਕ ਤੇ ਹੋਰ ਸ਼ਾਮਲ ਸਨ।

# ਡੀ ਆਈ ਜੀ, ਡੀ ਸੀ ਤੇ ਐੱਸ ਐੱਸ ਪੀ ਵੱਲੋਂ ਝੋਨੇ ਦੀ ਖਰੀਦ ਦਾ ਜਾਇਜ਼ਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ, ਕੁੱਲਭੂਸ਼ਨ ਚਾਵਲਾ)**-ਅਸ਼ਵਨੀ ਕੁਮਾਰ ਡੀ ਆਈ ਜੀ ਫਰੀਦਕੋਟ ਰੇਂਜ, ਰਾਜੇਸ਼ ਤ੍ਰਿਪਾਠੀ ਡਿਪਟੀ ਕਮਿਸ਼ਨਰ ਤੇ ਤੁਸ਼ਾਰ ਗੁਪਤਾ ਐੱਸ ਐੱਸ ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਖਰੀਦ ਪ੍ਰਬੰਧਾਂ ਨੂੰ ਲੈ ਕੇ ਅਨਾਜ ਮੰਡੀ ਸ੍ਰੀ ਮੁਕਤਸਰ ਸਾਹਿਬ ਦਾ ਦੌਰਾ ਕੀਤਾ ਗਿਆ।ਇਸ ਮੌਕੇ ਚੱਲ ਰਹੀ ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲਿਆ ਤੇ ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਖਰੀਦ ਪ੍ਰਕਿਰਿਆ ਦੌਰਾਨ ਕਿਸਾਨਾਂ ਨੂੰ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਹਦਾਇਤਾਂ ਕੀਤੀਆਂ ਗਈਆ ਹਨ ਕਿ ਝੋਨੇ ਦੀ ਖਰੀਦ ਤੇਜ਼ੀ ਨਾਲ ਕੀਤੀ ਜਾਵੇ ਤੇ ਅਦਾਇਗੀ ਵੀ ਨਾਲੋ ਨਾਲ ਕਾਰਵਾਈ ਜਾਵੇ।ਮੰਡੀਆਂ ਦੇ ਦੌਰੇ ਦੌਰਾਨ ਉਨ੍ਹਾਂ ਕਿਹਾ ਕਿ ਅਧਿਕਾਰੀਆਂ ਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਗਏ ਹਨ ਕਿ ਜਿਵੇਂ ਹੀ ਕਿਸਾਨ ਫਸਲ ਮੰਡੀ ਵਿਖੇ ਲੈ ਕੇ ਆਉਂਦਾ ਹੈ ਤਾਂ ਨਾਲੋਂ-ਨਾਲ ਖਰੀਦ ਪ੍ਰਕਿਰਿਆ ਅਰੰਭੀ ਜਾਵੇ।ਉਨ੍ਹਾਂ ਇਸ ਸਬੰਧੀ ਅਧਿਕਾਰੀਆਂ ਨੂੰ ਤੇਜ਼ੀ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ।ਇਸ ਮੌਕੇ ਅਸ਼ਵਨੀ ਕੁਮਾਰ ਡੀ ਆਈ ਜੀ, ਡੀ ਸੀ ਰਾਜੇਸ਼ ਤ੍ਰਿਪਾਠੀ ਤੇ ਤੁਸ਼ਾਰ ਗੁਪਤਾ ਐੱਸ ਐੱਸ ਪੀ ਸ੍ਰੀ ਮੁਕਤਸਰ ਸਾਹਿਬ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਫਸਲ ਦੀ ਕਟਾਈ ਉਪਰੰਤ ਝੋਨੇ ਦੀ ਪਰਾਲੀ ਤੇ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾ ਕੇ, ਸਗੋਂ ਇਸ ਦੀ ਖਾਦ ਦੇ ਰੂਪ ਵਿੱਚ ਵਰਤੋਂ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਜ਼ਮੀਨ ਵਿੱਚ ਹੀ ਵਾਹਿਆ ਜਾਵੇ ਤੇ ਫਸਲ ਦੀ ਬਜਾਈ ਕੀਤੀ ਜਾਵੇ, ਜਿਸ ਨਾਲ ਅਗਲੇਰੀ ਫਸਲ ਦੀ ਉਪਜ ਵਿੱਚ ਫਾਇਦਾ ਮਿਲਦਾ ਹੈ ਅਤੇ ਝਾੜ ਵੀ ਵੱਧ ਪ੍ਰਾਪਤ ਹੁੰਦਾ ਹੈ। ਇਸ ਮੌਕੇ ਸ੍ਰੀਮਤੀ ਬਲਜੀਤ ਕੌਰ ਐੱਸ ਡੀ ਐੱਮ ਸ੍ਰੀ ਮੁਕਤਸਰ ਸਾਹਿਬ, ਜ਼ਿਲ੍ਹਾ ਮੰਡੀ ਅਫਸਰ ਅਜੇਪਾਲ ਸਿੰਘ ਬਰਾੜ, ਮਾਰਕਿਟ ਕਮੇਟੀ ਦੇ ਸਕੱਤਰ ਕਲਗਾ ਸਿੰਘ ਆਦਿ ਮੌਜੂਦ ਸਨ।

# ਜ਼ਿਮਨੀ ਚੋਣਾਂ 'ਚ ਸ਼ਾਨਦਾਰ ਜਿੱਤ ਪ੍ਰਾਪਤ ਕਰੇਗੀ ਕਾਂਗਰਸ : ਗੁਰਸ਼ਰਨ ਕੌਰ ਰੰਧਾਵਾ

### ਕਾਲਾ ਢਿੱਲੋਂ ਦੇ ਕਾਗਜ਼ ਭਰਾਉਣ ਬਰਨਾਲਾ ਪੁੱਜੇ ਰੰਧਾਵਾ



**ਪਟਿਆਲਾ/ਸਮਾਣਾ (ਰਾਜਿੰਦਰ ਸਿੰਘ ਥਿੰਦ/ਇਕਬਾਲ ਸਿੰਘ, ਗੁਰਪਿਆਰ ਸਿੰਘ)**-ਪੰਜਾਬ ਦੀਆਂ ਚਾਰ ਜ਼ਿਮਨੀ ਚੋਣਾਂ ਵਿੱਚ ਕਾਂਗਰਸ ਪਾਰਟੀ ਸ਼ਾਨਦਾਰ ਜਿੱਤ ਪ੍ਰਾਪਤ ਕਰੇਗੀ ਤੇ ਇਹ ਜਿੱਤ 2027 ਵਿੱਚ ਕਾਂਗਰਸ ਸਰਕਾਰ ਬਣਨ ਦਾ ਨੀਂਹ ਪੱਥਰ ਰੱਖੇਗੀ।ਇਹ ਸ਼ਬਦ ਪੰਜਾਬ ਮਹਿਲਾ ਕਾਂਗਰਸ ਦੇ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਦੀ ਬਰਨਾਲਾ ਵਿਖੇ ਕਾਂਗਰਸੀ ਉਮੀਦਵਾਰ ਕੁਲਦੀਪ ਸਿੰਘ ਕਾਲਾ ਢਿੱਲੋਂ ਦੇ ਕਾਗਜ਼ ਦਾਖਲ ਕਰਵਾਉਣ ਉਪਰੰਤ ਪਟਿਆਲਾ ਦੀ ਪ੍ਰੈੱਸ ਨੂੰ ਇੱਕ ਲਿਖਤੀ ਬਿਆਨ ਰਾਹੀਂ ਪ੍ਰਗਟ ਕੀਤੇ।ਬੀਬੀ ਰੰਧਾਵਾ ਨੇ ਕਿਹਾ ਕਿ ਅੱਜ ਪੰਜਾਬ ਦਾ ਹਰ ਵਰਗ ਚਾਹੇ ਕਿਸਾਨ, ਮਜ਼ਦੂਰ, ਦੁਕਾਨਦਾਰ, ਵਪਾਰੀ, ਮੁਲਾਜ਼ਮ, ਗਰੀਬ, ਨਰੇਗਾ ਕਾਮੇ, ਔਰਤਾਂ ਵਿਦਿਆਰਥੀ ਤੇ ਨੌਜਵਾਨ ਹੋਣ, ਪੰਜਾਬ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਤੋਂ ਬੇਹੱਦ ਦੁਖੀ ਹਨ।ਉਨ੍ਹਾਂ ਕਿਹਾ ਕਿ ਅੱਜ ਜੋ ਕਿਸਾਨ ਦੀ ਤਰਸਯੋਗ ਹਾਲਤ ਮੰਡੀਆਂ ਵਿੱਚ ਰੁਲਣ ਨਾਲ ਹੋ ਰਹੀ ਹੈ, ਅਜਿਹਾ ਪਹਿਲਾਂ ਕਦੇ ਵੀ ਦੇਖਣ ਨੂੰ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਬੀਜੇਪੀ ਦੀ ਕੇਂਦਰ ਸਰਕਾਰ ਤੇ ਪੰਜਾਬ ਦੀ ਆਪ ਸਰਕਾਰ ਦੋਨੋਂ ਮਿਲ ਕੇ ਪੰਜਾਬ ਦੀ ਕਿਸਾਨੀ ਨੂੰ ਖੂਹ ਵਿੱਚ ਧਕੇਲ ਰਹੇ ਹਨ, ਜਿਸ ਦਾ ਖਾਮਿਆਜ਼ਾ ਪੰਜਾਬ ਦੇ ਲੋਕਾਂ ਨੂੰ ਝੱਲਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁਲਾਜ਼ਮ ਸੜਕਾਂ 'ਤੇ ਉਤਰਨ ਲਈ ਮਜਬੂਰ ਹਨ, ਗਰੀਬ ਵਰਗ ਰੋਟੀ ਖਾਣ ਤੇ ਆਪਣਾ ਇਲਾਜ ਕਰਾਉਣ ਤੋਂ ਅਸਮਰਥ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਦੀਆਂ ਸਰਕਾਰਾਂ ਮੌਕੇ ਪੰਜਾਬ ਦੇ ਲੋਕਾਂ ਨੂੰ ਜੋ ਸਹੂਲਤਾਂ ਮਿਲਦੀਆਂ ਸਨ, ਅੱਜ ਉਹ ਸਾਰੀਆਂ ਸਰਕਾਰੀ ਫਾਈਲਾਂ ਵਿੱਚ ਬੰਦ ਹੋ ਕੇ ਰਹਿ ਗਈਆਂ ਹਨ।ਮਸ਼ਹੂਰੀਆਂ ਤੇ ਚੁਟਕਲੇ ਸੁਣਾ ਕੇ ਬਣੀ ਇਹ ਸਰਕਾਰ ਅੱਜ ਮਸ਼ਹੂਰੀਆਂ ਤੇ ਚੁਟਕਲਿਆਂ ਤੱਕ ਹੀ ਸੀਮਤ ਰਹਿ ਗਈ ਹੈ। ਰੰਧਾਵਾ ਨੇ ਕਿਹਾ ਕਿ ਅੱਜ ਪੰਜਾਬ ਦੇ ਲੋਕ ਆਪ ਸਰਕਾਰ ਤੇ ਭਾਜਪਾ ਨੂੰ ਸਬਕ ਸਿਖਾਉਣ ਲਈ ਤਿਆਰ ਬੈਠੇ ਹਨ ਅਤੇ ਇਸ ਦਾ ਨਤੀਜਾ ਚਾਰ ਜ਼ਿਮਨੀ ਚੋਣਾਂ ਵਿੱਚ ਕਾਂਗਰਸ ਦੀ ਜਿੱਤ ਨਾਲ ਸਾਹਮਣੇ ਆਵੇਗਾ।ਬੀਬੀ ਰੰਧਾਵਾ ਨੇ ਪੰਜਾਬ ਦੀਆਂ ਮਹਿਲਾਵਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਇੱਕਜੁੱਟ ਹੋ ਕੇ ਭਗਵੰਤ ਮਾਨ ਸਰਕਾਰ ਨੂੰ ਸਬਕ ਸਿਖਾਉਣ ਲਈ ਕਾਂਗਰਸ ਦਾ ਸਾਥ ਨਿਭਾਉਣ।ਇਸ ਮੌਕੇ ਉਨ੍ਹਾਂ ਨਾਲ ਮਨਵਿੰਦਰ ਕੌਰ ਪੱਖੋ, ਸਿਮਰਤ ਧਾਲੀਵਾਲ, ਰਣਜੀਤ ਬਦੇਸ਼ਾ, ਰੇਖਾ ਅਗਰਵਾਲ, ਅਮਰਜੀਤ ਭੱਠਲ, ਪ੍ਰਿੰਸੀਪਲ ਅਮਰਜੀਤ ਕੌਰ ਮੌਜੂਦ ਸਨ।

# ਆਰ ਜੀ ਆਰ ਸੈੱਲ ਵੱਲੋਂ ਜ਼ਿਲ੍ਹਾ ਪੱਧਰੀ ਕਿਸਾਨ ਸਮਾਗਮ

### ਸਮਾਗਮ 'ਚ ਲਗਾਏ ਸਟਾਲ ਬਣੇ ਖਿੱਚ ਦਾ ਕੇਂਦਰ



**ਮਮਦੋਟ (ਜਸਬੀਰ ਸਿੰਘ ਕੰਬੋਜ)**

ਫਸਲਾਂ ਦੀ ਰਹਿੰਦ-ਖੂੰਹਦ (ਪਰਾਲੀ ਤੇ ਹੋਰ ਨਿੱਕ ਸੁੱਕ) ਦੀ ਸੁਚੱਜੀ ਸਾਂਭ ਸੰਭਾਲ ਤੇ ਇਸ ਨੂੰ ਆਮਦਨ ਦਾ ਸਾਧਨ ਬਣਾਉਣ ਦੇ ਨਾਲ ਨਾਲ ਹੋਰ ਘਰੇਲੂ ਵਰਤੋਂ ਵਿੱਚ ਲਿਆਉਣ ਸੰਬੰਧੀ ਕਿਸਾਨ ਭਰਾਵਾਂ ਨੂੰ ਜਾਣਕਾਰੀ ਦੇਣ ਦੇ ਉਦੇਸ਼ ਨਾਲ ਰੀਵਾਈਵਿੰਗ ਗ੍ਰੀਨ ਰੈਵੋਲਿਊਸ਼ਨ (ਆਰ ਜੀ ਆਰ) ਸੈੱਲ ਲੁਧਿਆਣਾ ਵੱਲੋਂ ਜ਼ਿਲ੍ਹਾ ਪੱਧਰੀ ਸਮਾਗਮ ਸਥਾਨਕ ਪੰਜਾਬ ਪੈਲੇਸ ਵਿਖੇ ਕਰਵਾਇਆ ਗਿਆ।

ਸਮਾਗਮ ਦੌਰਾਨ ਫਸਲ ਵਿਗਿਆਨੀ ਤੇ ਨਦੀਨਾਂ ਦੇ ਮਾਹਰ ਡਾਕਟਰ ਸੁਰਜੀਤ ਸਿੰਘ, ਸੀਨੀਅਰ ਪੌਦਾ ਰੋਗ ਵਿਗਿਆਨੀ ਡਾ: ਚੰਦਰ ਮੋਹਨ, ਅਮਿਤ ਪੰਜ ਬਲਾਕ ਡਵੈਲਪਮੈਂਟ ਆਫ਼ਿਸਰ ਮੱਖੂ, ਪ੍ਰਦੀਪ ਸਿੰਘ ਐੱਚ ਡੀ ਓ ਤੇ ਪਸ਼ੂਆਂ ਦੇ ਮਾਹਰ ਡਾ. ਸਹੋਤਾ ਵੱਲੋਂ ਕਿਸਾਨਾਂ ਨੂੰ ਅਜੋਕੀ ਖ਼ੇਤੀ ਨੂੰ ਲਾਹੇਵੰਦੀ ਖ਼ੇਤੀ ਬਣਾਉਣਾ, ਫਸਲਾਂ ਦੀ ਪਰਾਲੀ ਤੇ ਹੋਰ ਨਿੱਕ ਸੁੱਕ ਨੂੰ ਖਾਦ ਜਾਂ ਰੂੜੀ 'ਚ ਤਬਦੀਲ ਕਰਨਾ, ਫਸਲਾਂ ਤੇ ਪਸ਼ੂਆਂ ਨੂੰ ਲੱਗਣ ਵਾਲੀਆਂ ਬਿਮਾਰੀਆਂ, ਇਨ੍ਹਾਂ ਦੀ ਰੋਕਥਾਮ ਤੇ ਬਚਾਅ ਸਬੰਧੀ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ। ਪੈਲੇਸ ਦੇ ਬਾਹਰ ਲਾਨ ਵਿੱਚ ਆਰਗੈਨਿਕ ਖ਼ੇਤੀ ਨੂੰ ਲਾਹੇਵੰਦ ਧੰਦੇ ਵਜੋਂ ਅਪਣਾਉਣ ਵਾਲੇ ਕਿਸਾਨਾਂ ਵੱਲੋਂ ਵੱਖ ਵੱਖ ਤਰ੍ਹਾਂ ਦੇ ਸਟਾਲ ਲਗਾ ਕੇ ਲੋਕਾਂ ਨੂੰ ਜ਼ਹਿਰ ਰਹਿਤ ਫਸਲਾਂ ਪੈਦਾ ਕਰਨ ਦਾ ਹੋਕਾ ਵੀ ਦਿੱਤਾ ਜਾ ਰਿਹਾ ਸੀ।

ਇਨ੍ਹਾਂ ਸਟਾਲਾਂ 'ਚ ਕਰੀ ਕਲਾਂ ਦੇ ਕਿਸਾਨ ਵੱਲੋਂ ਗੰਨੇ ਦੀ ਪਨੀਰੀ, ਆਰਗੈਨਿਕ ਤਰੀਕੇ ਨਾਲ ਤਿਆਰ ਕੀਤਾ ਗੁੜ, ਸ਼ੱਕਰ, ਹਲਦੀ, ਮਾੜੇ ਕਲਾਂ ਦ ਕਿਸਾਨ ਵੱਲੋਂ ਆਰਗੈਨਿਕ ਤਰੀਕੇ ਨਾਲ ਤਿਆਰ ਕੀਤੀਆ ਵੱਖ ਵੱਖ ਵਰਾਇਟੀਆਂ, ਲਖਮੀਰ ਕੇ ਭੱਟੀਆਂ ਦੇ ਕਿਸਾਨ ਵੱਲੋਂ ਆਰਗੈਨਿਕ ਤਰੀਕੇ ਨਾਲ ਤਿਆਰ ਸਬਜਜ਼ੀਆਂ ਦੀ ਪਨੀਰੀ ਸਮੇਤ ਹੋਰ ਕਈ ਤਰ੍ਹਾਂ ਦੇ ਸਟਾਲਾਂ ਦਾ ਸਮਾਗਮ ਵਿੱਚ ਪੁੱਜੇ ਕਿਸਾਨਾਂ ਨੇ ਭਰਪੂਰ ਲਾਹਾ ਲਿਆ ਤੇ ਇਨ੍ਹਾਂ ਤੋਂ ਮਹੱਤਵਪੂਰਨ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਪੰਨੂੰ ਐਗਰੋ ਫ਼ੂਡ ਕਰੀ ਕਲਾਂ ਤੇ ਗੁਰਜਾਪ ਕਿਸਾਨ ਨਰਸਰੀ ਫਾਰਮ ਵਾਲਿਆਂ ਕਿਸਾਨਾਂ ਨੂੰ ਆਰਗੈਨਿਕ ਖ਼ੇਤੀ ਦੇ ਮਨੁੱਖੀ ਸਰੀਰ ਤੇ ਪ੍ਰਭਾਵ ਦਸਦੇ ਹੋਏ ਕਿਸਾਨਾਂ ਨੂੰ ਜ਼ਹਿਰ ਰਹਿਤ ਫਸਲਾਂ ਉਗਾਉਣ ਦੀ ਅਪੀਲ ਕੀਤੀ। ਇਸ ਮੌਕੇ ਅਗਾਂਹ ਵਧੂ ਕਿਸਾਨ ਨੱਥਾ ਸਿੰਘ ਚੱਕ ਭੰਗੇ ਵਾਲਾ (ਗੱਟੀ ਹਯਾਤ), ਬਲਕਾਰ ਸਿੰਘ ਜੋਸ਼ਨ ਸਰਪੰਚ ਜੋਧਪੁਰ, ਮਹਿੰਦਰ ਸਿੰਘ ਵਧਵਾਨ ਰਹੀਮੇ ਕੇ, ਸੰਪੂਰਨ ਸਿੰਘ ਮਮਦੋਟ, ਸਮੇਤ ਵੱਡੀ ਗਿਣਤੀ ਵਿੱਚ ਜ਼ਿਲ੍ਹਾ ਫਿਰੋਜ਼ਪੁਰ ਨਾਲ ਸੰਬੰਧਤ ਕਿਸਾਨ ਹਾਜ਼ਰ ਸਨ।

# ਪੁਲਸ ਕਰਮੀ ਦੇ ਰਵੱਈਏ 'ਤੇ ਦੁਕਾਨਦਾਰਾਂ ਨੇ ਕੀਤਾ ਚੱਕਾ ਜਾਮ



**ਕਾਦੀਆਂ** (ਯਾਦਵਿੰਦਰ ਸਿੰਘ ਮਲਹੋਤਰਾ)-ਵੀਰਵਾਰ ਦੁਪਹਿਰ ਮੇਨ ਬਾਜ਼ਾਰ ਕਾਦੀਆਂ ਵਿੱਚ ਉਦੋਂ ਸਥਿਤੀ ਤਣਾਅਪੂਰਨ ਬਣ ਗਈ ਜਦੋਂ ਮੇਨ ਬਾਜ਼ਾਰ ਕਾਦੀਆਂ ਦੇ ਦੁਕਾਨਦਾਰਾਂ ਨੇ ਪੁਲਸ ਮੁਲਾਜ਼ਮ ਸਤਿੰਦਰ ਸਿੰਘ ਦੇ ਰਵੱਈਏ ਨੂੰ ਲੈ ਕੇ ਪੰਜਾਬ ਪੁਲਸ ਵਿਰੁੱਧ ਨਾਅਰੇਬਾਜ਼ੀ ਕੀਤੀ ਅਤੇ ਇੱਕ ਘੰਟਾ ਤੱਕ ਪ੍ਰਭਾਕਰ ਚੌਕ 'ਤੇ ਚੱਕਾ ਜਾਮ ਕੀਤਾ। ਜਾਣਕਾਰੀ ਮੁਤਾਬਿਕ ਦੋ ਪੁਲਸ ਮੁਲਾਜ਼ਮ ਮੇਨ ਬਾਜ਼ਾਰ ਕਾਦੀਆਂ ਦੇ ਦੁਕਾਨਦਾਰਾਂ ਨੂੰ ਦੀਵਾਲੀ ਦੀ ਭੀੜ ਨੂੰ ਮੁੱਖ ਰੱਖਦਿਆਂ ਦੁਕਾਨਾਂ ਦੇ ਅੱਗ ਰੱਖੇ ਸਾਮਾਨ ਨੂੰ ਪਿੱਛੇ ਕਰਨ ਲਈ ਕਹਿ ਰਹੇ ਸਨ ਅਤੇ ਮੋਟਰਸਾਈਕਲਾਂ ਨੂੰ ਦੁਕਾਨਾਂ ਅੱਗੇ ਖੜ੍ਹੇ ਨਾ ਕਰਨ ਲਈ ਕਹਿ ਰਹੇ ਸਨ। ਪੁਲਸ ਮੁਲਾਜ਼ਮ ਸਤਿੰਦਰ ਸਿੰਘ ਦੇ ਰਵੱਈਏ ਨੂੰ ਲੈ ਕੇ ਕੁਝ ਦੁਕਾਨਦਾਰ ਭੜਕ ਗਏ। ਇੱਕ ਦੁਕਾਨਦਾਰ ਬਲੂ ਭਾਮੜੀ ਨੇ ਦੱਸਿਆ ਕਿ ਇੱਕ ਪੁਲਸ ਮੁਲਾਜ਼ਮ ਸਤਿੰਦਰ ਸਿੰਘ ਦਾ ਰਵੱਈਆ ਦੁਕਾਨਦਾਰਾਂ ਨਾਲ ਬਹੁਤ ਮਾੜਾ ਸੀ। ਉਨ੍ਹਾਂ ਪੁਲਸ ਮੁਲਾਜ਼ਮ ਨੂੰ ਕਿਹਾ ਕਿ ਦੁਕਾਨਦਾਰ ਆਪਣਾ ਸਾਮਾਨ ਤਾਂ ਪਿੱਛੇ ਕਰ ਦਿੰਦੇ ਹਨ ਪਰ ਮੋਟਰਸਾਈਕਲ ਜੇ ਕੋਈ ਗਾਹਕ ਦੁਕਾਨਾਂ ਸਾਹਮਣੇ ਖੜ੍ਹਾ ਕਰਦਾ ਹੈ ਤਾਂ ਉਸ ਵਿੱਚ ਦੁਕਾਨਦਾਰਾਂ ਦਾ ਕੀ ਕਸੂਰ, ਉਹ ਕਿਥੇ ਆਪਣਾ ਮੋਟਰਸਾਈਕਲ ਖੜ੍ਹਾ ਕਰਨ। ਜਿਸ 'ਤੇ ਉਕਤ ਪੁਲਸ ਮੁਲਾਜ਼ਮ ਨੇ ਕਿਹਾ ਕਿ ਆਪਣੇ ਪਿਉ ਤੋਂ ਪੁੱਛ। ਜਿਸ 'ਤੇ ਦੁਕਾਨਦਾਰ ਭੜਕ ਗਏ। ਉਨ੍ਹਾਂ ਕਿਹਾ ਕਿ ਹਰ ਕੋਈ ਮੇਨ ਬਾਜ਼ਾਰ 'ਚ ਆ ਕੇ ਦੁਕਾਨਦਾਰਾਂ ਨੂੰ ਤੰਗ ਕਰਦਾ ਹੈ। ਜਦਕਿ ਬਾਕੀ ਦੇ ਬਾਜ਼ਾਰ ਵੀ ਹਨ, ਉੱਥੇ ਕੋਈ ਨਹੀਂ ਜਾਂਦਾ। ਸਾਡੇ ਬਾਜ਼ਾਰ ਨੂੰ ਕਿਉਂ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਦੁਕਾਨਦਾਰਾਂ ਨੇ ਪੁਲਸ ਮੁਲਾਜ਼ਮ ਨੂੰ ਮਾਫ਼ੀ ਮੰਗਣ ਲਈ ਕਿਹਾ ਪਰ ਪੁਲਸ ਮੁਲਾਜ਼ਮ ਨੇ ਮਾਫ਼ੀ ਮੰਗਣ ਤੋਂ ਇਨਕਾਰ ਕਰ ਦਿੱਤਾ ਅਤੇ ਦੁਕਾਨਦਾਰ ਪ੍ਰਭਾਕਰ ਚੌਕ 'ਚ ਆ ਕੇ ਧਰਨੇ 'ਤੇ ਬੈਠ ਗਏ ਅਤੇ ਚੱਕਾ ਜਾਮ ਕਰ ਦਿੱਤਾ। ਮੇਨ ਬਾਜ਼ਾਰ ਦੁਕਾਨਦਾਰ ਯੂਨੀਅਨ ਦੇ ਆਗੂ ਸੁਖਪਾਲ ਸਿੰਘ ਭਾਟੀਆ ਨੇ ਕਿਹਾ ਕਿ ਜਦੋਂ ਤੱਕ ਉਕਤ ਪੁਲਸ ਮੁਲਾਜ਼ਮ ਵੱਲੋਂ ਕੀਤੇ ਦੁਰਵਿਵਹਾਰ ਦੀ ਮਾਫ਼ੀ ਨਹੀਂ ਮੰਗੀ ਜਾਂਦੀ, ਧਰਨਾ ਜਾਰੀ ਰਹੇਗਾ। ਲਗਪਗ ਇੱਕ ਘੰਟਾ ਬਾਅਦ ਸਥਾਨਕ ਐਸ ਐਚ ਓ ਪਰਮਿੰਦਰ ਸਿੰਘ ਮੌਕੇ 'ਤੇ ਪਹੁੰਚੇ। ਉਨ੍ਹਾਂ ਦੁਕਾਨਦਾਰਾਂ ਨੂੰ ਵਿਸ਼ਵਾਸ ਦਿੱਤਾ ਕਿ ਦੁਕਾਨਦਾਰਾਂ ਨਾਲ ਇਨਸਾਫ਼ ਕੀਤਾ ਜਾਵੇਗਾ। ਜਿਸ 'ਤੇ ਦੁਕਾਨਦਾਰਾਂ ਨੇ ਧਰਨਾ ਚੁੱਕ ਲਿਆ। ਇਸ ਮੌਕੇ ਸੁਖਪਾਲ ਸਿੰਘ ਭਾਟੀਆ, ਮਨੋਜ ਕੁਮਾਰ, ਰਿੰਕੂ, ਅਨੀਸ਼ ਬਲਗਨ, ਹਰੀਸ਼ ਭਾਰਦਵਾਜ,ਰਾਜ ਭਗਤ ਸਮੇਤ ਅਨੇਕ ਦੁਕਾਨਦਾਰ ਮੌਜੂਦ ਸਨ। ਦੁਕਾਨਦਾਰਾਂ ਦਾ ਕਹਿਣਾ ਸੀ ਕਿ ਸ਼ਹਿਰ ਵਿੱਚ ਨਸ਼ੇ ਅਤੇ ਚੋਰੀ 'ਤੇ ਪੁਲਸ ਲਗਾਮ ਲਗਾਉਣ ਵਿੱਚ ਅਸਫ਼ਲ ਹੈ ਪਰ ਦੁਕਾਨਦਾਰਾਂ ਨੂੰ ਜਾਣਬੁੱਝ ਕੇ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।

## ਪੁਲਸ ਲੋਕਾਂ ਦੀ ਸੇਵਾ 'ਚ 24 ਘੰਟੇ ਹਾਜ਼ਰ : ਐੱਸ ਐੱਸ ਪੀ



**ਗੁਰਦਾਸਪੁਰ**, (ਦਿਨੇਸ਼ ਕੁਮਾਰ, ਜਨਕ ਮਹਾਜਨ)- ਹਰੀਸ਼ ਦਾਯਮਾ, ਐਸ. ਐਸ. ਪੀ ਗੁਰਦਾਸਪੁਰ ਨੇ ਕਿਹਾ ਕਿ ਗੁਰਦਾਸਪੁਰ ਪੁਲਸ ਲੋਕਾਂ ਦੀ ਸੇਵਾ ਵਿੱਚ 24 ਘੰਟੇ ਹਾਜ਼ਰ ਹੈ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰਨ ਲਈ ਵਚਨਬੱਧ ਹੈ। ਉਹ ਆਪਣੇ ਦਫਤਰ ਵਿੱਚ ਆਏ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਰਹੇ ਸਨ। ਇਸ ਮੌਕੇ ਐਸ. ਐਸ. ਪੀ ਗੁਰਦਾਸਪੁਰ ਨੇ ਕਿਹਾ ਕਿ ਉਨ੍ਹਾਂ ਦੀ ਹਮੇਸ਼ਾ ਇਹੀ ਕੋਸ਼ਿਸ਼ ਰਹੀ ਹੈ ਕਿ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਉਨ੍ਹਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਉਨ੍ਹਾਂ ਵਲੋਂ ਪੁਲਸ ਜ਼ਿਲ੍ਹਾ ਗੁਰਦਾਸਪੁਰ ਦੇ ਸਮੂਹ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਲੋਕਾਂ ਦੀਆਂ ਮੁਸ਼ਕਿਲਾਂ ਪਹਿਲ ਦੇ ਆਧਾਰ 'ਤੇ ਹੱਲ ਕਰਨ ਨੂੰ ਯਕੀਨੀ ਬਣਾਉਣ। ਐਸ. ਐਸ. ਪੀ ਗੁਰਦਾਸਪੁਰ ਨੇ ਕਿਹਾ ਕਿ ਪੁਲਸ ਵਿਭਾਗ ਵਲੋਂ ਜਿਥੇ ਨਸ਼ੇ ਨੂੰ ਖਤਮ ਕਰਨ ਲਈ ਮੁਹਿੰਮ ਵਿੱਢੀ ਗਈ ਹੈ, ਉਸ ਦੇ ਨਾਲ ਲੋਕਾਂ ਨੂੰ ਨਸ਼ਿਆਂ ਦੇ ਦੁਰਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਨਸ਼ਾ ਵਿਰੋਧੀ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ। ਖਾਸ ਕਰਕੇ ਸਰਹੱਦੀ ਪਿੰਡਾਂ ਵਿੱਚ ਨਸ਼ਾ ਵਿਰੋਧੀ ਮੁਹਿੰਮ ਨੂੰ ਲੋਕਾਂ ਵਲੋਂ ਸਹਿਯੋਗ ਮਿਲ ਰਿਹਾ ਹੈ ਅਤੇ ਲੋਕ ਇਸ ਸਮਾਜਿਕ ਬੁਰਾਈ ਵਿਰੁੱਧ ਜਾਗਰੂਕ ਹੋ ਰਹੇ ਹਨ। ਐਸ ਐਸ ਪੀ ਨੇ ਕਿਹਾ ਕਿ ਨਸ਼ਿਆਂ ਖਿਲਾਫ ਪੁਲਸ ਵੱਲੋਂ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਲਗਾਤਾਰ ਅਜਿਹੇ ਮਾੜੇ ਕੰਮ ਵਿਚ ਲੱਗੇ ਲੋਕਾਂ ਨੂੰ ਸਲਾਖ਼ਾਂ ਪਿੱਛੇ ਭੇਜਿਆ ਜਾ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਮਾਜਿਕ ਬੁਰਾਈ ਨਸ਼ਿਆਂ ਖਿਲਾਫ਼ ਸਹਿਯੋਗ ਕਰਨ ਅਤੇ ਪੰਜਾਬ ਪੁਲਿਸ ਦੀ ਹੈਲਪ ਲਾਈਨ ਨੰਬਰ 112 'ਤੇ ਸਮਾਜ ਵਿਰੋਧੀ ਅਨਸਰਾਂ ਦੀ ਜਾਣਕਾਰੀ ਪੁਲਸ ਨੂੰ ਦੇਣ। ਜਾਣਕਾਰੀ ਦੇਣ ਵਾਲੇ ਦਾ ਨਾਮ ਤੇ ਪਹਿਚਾਣ ਗੁਪਤ ਰੱਖੀ ਜਾਂਦੀ ਹੈ। ਸੀਨੀਅਰ ਕਪਤਾਨ ਪੁਲਸ, ਗੁਰਦਾਸਪੁਰ ਨੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ/ਗੈਰ ਕਾਨੂੰਨੀ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਦੀ ਡਰੱਗ ਹੈਲਪਲਾਈਨ ਨੰਬਰ 78145-45950 ਅਤੇ ਪੁਲਸ ਹੈਲਪਲਾਈਨ 112 ਅਤੇ 97800- 02601 'ਤੇ ਪੁਲਸ ਨੂੰ ਇਤਲਾਹ ਦੇਣ, ਅਜਿਹੇ ਵਿਅਕਤੀਆਂ ਖਿਲਾਫ ਠੋਸ ਕਾਰਵਾਈ ਕੀਤੀ ਜਾਵੇਗੀ।

# ਗੁਰੂ ਨਾਨਕ ਦੇਵ 'ਵਰਸਿਟੀ ਦਾ ਸੀ-ਜ਼ੋਨ ਯੁਵਕ ਮੇਲਾ ਆਰੰਭ

**ਅੰਮ੍ਰਿਤਸਰ** (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਨਾਲ ਸਬੰਧਤ ਜਲੰਧਰ ਜ਼ਿਲ੍ਹੇ ਦੇ ਕਾਲਜਾਂ ਦਾ ਸੀ-ਜ਼ੋਨ ਯੁਵਕ ਮੇਲਾ ਵੀਰਵਾਰ ਯੂਨੀਵਰਸਿਟੀ ਦੇ ਦਸਮੇਸ਼ ਆਡੀਟੋਰੀਅਮ ਵਿਚ ਵੱਖ ਵੱਖ ਕਾਲਜਾਂ ਦੀਆਂ ਟੀਮਾਂ ਵੱਲੋਂ ਭੰਗੜੇ ਦੀਆਂ ਪੇਸ਼ਕਾਰੀਆਂ ਨਾਲ ਸ਼ੁਰੂ ਹੋਇਆ। ਫੈਸਟੀਵਲ ਦਾ ਉਦਘਾਟਨ ਸੋਨਮ ਐਸ ਡੀ ਐਮ ਅੰਮ੍ਰਿਤਸਰ ਨੇ ਸ਼ਮ੍ਹਾ ਰੋਸ਼ਨ ਕਰਕੇ ਕੀਤਾ। ਇਸ ਮੌਕੇ ਉਨ੍ਹਾਂ ਨਾਲ ਡੀਨ ਵਿਦਿਆਰਥੀ ਭਲਾਈ ਪ੍ਰੋ. ਪ੍ਰੀਤ ਮਹਿੰਦਰ ਸਿੰਘ ਬੇਦੀ ਅਤੇ ਯੁਵਕ ਭਲਾਈ ਵਿਭਾਗ ਦੇ ਇੰਚਾਰਜ ਡਾ. ਅਮਨਦੀਪ ਸਿੰਘ ਤੋਂ ਇਲਾਵਾ ਹੋਰ ਟੀਮ ਮੈਂਬਰ ਹਾਜ਼ਰ ਸਨ। ਡਾ. ਅਮਨਦੀਪ ਸਿੰਘ ਨੇ ਦੱਸਿਆ ਕਿ ਫੈਸਟੀਵਲ ਦਾ ਆਯੋਜਨ ਅਧਿਆਪਕਾਂ ਵਿਦਿਆਰਥੀਆਂ ਦੀ ਵਿਸ਼ੇਸ਼ ਟੀਮ ਦੇ ਸਹਿਯੋਗ ਨਾਲ ਕੀਤਾ ਜਾਂਦਾ ਹੈ, ਜਿਸ ਵਿਚ ਹੋਰਨਾਂ ਤੋਂ ਇਲਾਵਾ ਡਾ. ਸਤਨਾਮ ਸਿੰਘ ਦਿਓਲ, ਡਾ. ਪਰਮਬੀਰ ਸਿੰਘ ਮੱਲ੍ਹੀ, ਡਾ. ਬਲਬੀਰ ਸਿੰਘ, ਡਾ. ਹਰਿੰਦਰ ਕੌਰ ਸੋਹਲ, ਡਾ. ਗੁਰਪ੍ਰੀਤ ਸਿੰਘ, ਡਾ. ਸਚਿਨ ਕੁਮਾਰ, ਡਾ. ਸੁਨੀਲ, ਡਾ. ਅਮਨਪ੍ਰੀਤ ਕੌਰ, ਡਾ. ਗੁਰਪ੍ਰੀਤ ਸਿੰਘ, ਡਾ. ਪ੍ਰਭਸਿਮਰਨ ਸਿੰਘ, ਡਾ. ਮੁਨੀਸ਼ ਸੈਣੀ, ਡਾ. ਉਜਲਜੀਤ ਕੌਰ, ਡਾ. ਰਾਜੇਸ਼ ਸ਼ਰਮਾ, ਡਾ. ਅਸ਼ਵਿੰਦ, ਡਾ. ਰਿਤਿਕਾ ਕਪੂਰ, ਮੈਡਮ ਜੋਬਨਜੀਤ ਕੌਰ, ਖੋਜ ਵਿਦਿਆਰਥੀ ਹਰਪ੍ਰੀਤ ਸਿੰਘ, ਤੇਜਸਵਨੀ ਸ਼ਰਮਾ, ਵਿਦਿਆਰਥੀ ਇੰਚਾਰਜ ਸ਼ਾਮਿਲ ਸਨ। ਸ੍ਰੀਮਤੀ ਸੋਨਮ ਨੇ ਕਿਹਾ ਕਿ ਯੁਵਕ ਮੇਲੇ ਵਿਦਿਆਰਥੀਆਂ ਵਿਚ ਟੀਮ ਭਾਵਨਾ, ਲੀਡਰਸ਼ਿਪ ਗੁਣ, ਕਲਾਤਾਮਕ ਹੁਨਰ ਅਤੇ ਹੋਰ ਕਈ ਤਰ੍ਹਾਂ ਦੀਆਂ ਨਿਪੁੰਨਤਾਵਾਂ ਪੈਦਾ ਕਰਦੇ ਹਨ। ਹੈ। ਡਾ: ਅਮਨਦੀਪ ਸਿੰਘ ਨੇ ਦੱਸਿਆ ਕਿ ਅੱਜ ਦਸਮੇਸ਼ ਆਡੀਟੋਰੀਅਮ ਵਿਚ ਭੰਗੜਾ, ਕਲਾਸੀਕਲ ਡਾਂਸ ਅਤੇ ਫੋਕ ਆਰਕੈਸਟਰਾ ਦੇ ਮੁਕਾਬਲੇ ਕਰਵਾਏ ਗਏ। ਗੋਲਡਨ ਜੁਬਲੀ ਕਨਵੈਨਸ਼ਨ ਸੈਂਟਰ ਵਿੱਚ ਕਲਾਸੀਕਲ ਵੋਕਲ, ਕਲਾਸੀਕਲ ਇੰਸਟਰੂਮੈਂਟਲ (ਪੀ), ਕਲਾਸੀਕਲ ਇੰਸਟਰੂਮੈਂਟਲ (ਐਨ ਪੀ) ਦੇ ਮੁਕਾਬਲੇ ਕਰਵਾਏ ਗਏ। ਆਰਕੀਟੈਕਚਰ ਵਿਭਾਗ ਦੀ ਸਟੇਜ 'ਤੇ ਪੇਂਟਿੰਗ ਆਨ ਦਾ ਸਪਾਟ, ਕਾਰਟੂਨਿੰਗ, ਕੋਲਾਜ, ਕਲੇਅ ਮਾਡਲਿੰਗ, ਆਨ ਦਾ ਸਪਾਟ ਫੋਟੋਗ੍ਰਾਫੀ ਅਤੇ ਇੰਸਟਾਲੇਸ਼ਨ ਕਰਵਾਈ ਗਈ। ਉਨ੍ਹਾਂ ਦੱਸਿਆ ਕਿ 25 ਅਕਤੂਬਰ ਨੂੰ ਦਸਮੇਸ਼ ਆਡੀਟੋਰੀਅਮ ਵਿੱਚ ਵਾਰ ਗਾਇਨ, ਕਵੀਸ਼ਰੀ, ਕਾਸਟਿਊਮ ਪਰੇਡ, ਮਾਈਮ, ਮਿਮਿਕਰੀ, ਸਕਿੱਟ ਅਤੇ ਵਨ ਐਕਟ ਪਲੇਅ ਦੇ ਮੁਕਾਬਲੇ ਕਰਵਾਏ ਜਾਣਗੇ। ਗੋਲਡਨ ਜੁਬਲੀ ਕਨਵੈਨਸ਼ਨ ਸੈਂਟਰ ਵਿੱਚ ਸਮੂਹ ਸ਼ਬਦ ਭਜਨ, ਸਮੂਹ ਗੀਤ, ਗੀਤ/ਗ਼ਜ਼ਲ, ਲੋਕ ਗੀਤ ਦੇ ਮੁਕਾਬਲੇ ਕਰਵਾਏ ਜਾਣਗੇ। ਆਰਕੀਟੈਕਚਰ ਵਿਭਾਗ ਵਿੱਚ ਰੰਗੋਲੀ, ਫੁਲਕਾਰੀ, ਮਹਿੰਦੀ ਅਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਜਾਣਗੇ ਅਤੇ ਕਾਨਫਰੰਸ ਹਾਲ ਵਿੱਚ ਪੋਇਟੀਕਲ ਸਿੰਪੋਜ਼ੀਅਮ, ਭਾਸ਼ਣ ਅਤੇ ਵਾਦ-ਵਿਵਾਦ ਮੁਕਾਬਲੇ ਕਰਵਾਏ ਜਾਣਗੇ। 26 ਅਕਤੂਬਰ ਨੂੰ ਦਸਮੇਸ਼ ਆਡੀਟੋਰੀਅਮ ਵਿੱਚ ਜਨਰਲ ਡਾਂਸ ਅਤੇ ਗਿੱਧੇ ਦੇ ਮੁਕਾਬਲੇ ਕਰਵਾਏ ਜਾਣਗੇ। ਗੋਲਡਨ ਜੁਬਲੀ ਕਨਵੈਨਸ਼ਨ ਸੈਂਟਰ ਵਿੱਚ ਵੈਸਟਰਨ ਵੋਕਲ ਸੋਲੋ, ਵੈਸਟਰਨ ਗਰੁੱਪ ਸਾਂਗ ਅਤੇ ਵੈਸਟਰਨ ਇੰਸ. ਸੋਲੋ ਦੇ ਮੁਕਾਬਲੇ ਕਰਵਾਏ ਗਏ। ਕਾਨਫਰੰਸ ਹਾਲ ਵਿੱਚ ਕੁਇਜ਼ ਪ੍ਰੀਲਿਮਨਰੀ ਅਤੇ ਫਾਈਨਲ ਦੇ ਮੁਕਾਬਲੇ ਕਰਵਾਏ ਜਾਣਗੇ। ਇਸ ਉਪਰੰਤ ਇਨਾਮ ਵੰਡ ਸਮਾਗਮ ਦਾ ਆਯੋਜਨ ਦਸਮੇਸ਼ ਆਡੀਟੋਰੀਅਮ ਵਿਚ ਕੀਤਾ ਜਾਵੇਗਾ।

## ਕਮਾਲਪੁਰ ਜੱਟਾਂ, ਛੋਡ ਸਮੇਤ ਵੱਖ-ਵੱਖ ਪਿੰਡਾਂ 'ਚ ਪਰਾਲੀ ਨਾ ਸਾੜਨ ਬਾਰੇ ਕੀਤਾ ਜਾਗਰੂਕ

**ਗੁਰਦਾਸਪੁਰ** (ਜਨਕ ਮਹਾਜਨ)- ਉਮਾ ਸ਼ੰਕਰ ਗੁਪਤਾ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਜ਼ਿਲਾ ਪ੍ਰਸ਼ਾਸਨ ਵਲੋਂ ਝੋਨੇ ਦੇ ਨਾੜ ਦੇ ਯੋਗ ਪ੍ਰਬੰਧਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਦੇ ਚੱਲਦਿਆਂ ਵੱਖ-ਵੱਖ ਪਿੰਡਾਂ ਜਾ ਕੇ ਕਿਸਾਨਾਂ ਨੂੰ ਪਰਾਲੀ ਦੇ ਪ੍ਰਬੰਧਨਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਸ੍ਰੀਮਤੀ ਜਯੋਤਸਨਾ ਸਿੰਘ ਐਸ.ਡੀ.ਐਮ. ਕਲਾਨੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਪਿੰਡ ਛੋਡ, ਗੱਡੀਆਂ ਕਲਾਂ, ਕਮਾਲਪੁਰ ਜੱਟਾਂ ਵਿੱਚ ਜਾ ਕੇ ਪਰਾਲੀ ਪ੍ਰਬੰਧਨ ਲਈ ਜਾਗਰੂਕ ਕੀਤਾ ਗਿਆ। ਇਸ ਮੌਕੇ ਏ.ਈ.ਓ.ਰਵਿੰਦਰ ਕੌਰ, ਕਲੱਸਟਰ ਇੰਚਾਰਜ ਪ੍ਰੀਤਮ ਸਿੰਘ, ਆਦਿ ਮੌਜੂਦ ਸਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪਰਾਲੀ ਦੀ ਸਾਂਭ-ਸੰਭਾਲ ਲਈ ਲੋੜੀਂਦੀ ਖੇਤੀ ਮਸ਼ੀਨਰੀ ਉਪਲਬਧ ਹੈ। ਜੇਕਰ ਫਿਰ ਵੀ ਕਿਸੇ ਕਿਸਾਨ ਨੂੰ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ, ਤਾਂ ਉਹ ਨੇੜਲੇ ਖੇਤੀਬਾੜੀ ਵਿਭਾਗ ਦੇ ਦਫ਼ਤਰ, ਐੱਸ.ਡੀ.ਐੱਮ. ਦਫ਼ਤਰ ਵਿਖੇ ਸੰਪਰਕ ਕਰ ਸਕਦੇ ਹਨ। ਇਸ ਮੌਕੇ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਨੁਕਸਾਨਾਂ ਅਤੇ ਪਰਾਲੀ ਨਾ ਸਾੜਨ ਦੇ ਫਾਇਦਿਆਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਗਈ।

## ਮਾਪੇ-ਅਧਿਆਪਕ ਮਿਲਣੀ ਕਰਵਾਈ



**ਝਬਾਲ** (ਹਰਜਿੰਦਰ ਸਿੰਘ ਸੋਨੀ)- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੰਡੋਰੀ ਰਣ ਸਿੰਘ ਮਾਪੇ ਅਧਿਆਪਕ ਮਿਲਣੀ ਕਰਵਾਈ ਗਈ ਜਿਸ ਵਿੱਚ ਪ੍ਰਿੰਸੀਪਲ ਹਰਪ੍ਰੀਤ ਕੌਰ, ਅਮਰਦੀਪ ਕੌਰ, ਰਮਨਦੀਪ ਸਿੰਘ, ਬਲਰਾਜ ਸਿੰਘ, ਬਿਕਰਮਜੀਤ ਸਿੰਘ ਸਮੂਹ ਸਟਾਫ ਹਾਜ਼ਰ ਸੀ। ਇਸ ਮੌਕੇ ਵਿਸ਼ੇਸ਼ ਤੌਰ ਤੇ ਪੰਡੋਰੀ ਰਣ ਸਿੰਘ ਦੀ ਨਵੀਂ ਬਣੀ ਪੰਚਾਇਤ ਸਰਪੰਚ ਪੰਚ ਅਤੇ ਚੇਅਰਮੈਨ ਨਰਿੰਦਰ ਸਿੰਘ ਬੱਚਿਆ ਦੇ ਮਾਪੇ ਵੀ ਪਹੁੰਚੇ ਤੇ ਅਧਿਆਪਕਾਂ ਨਾਲ ਆਪਣੇ ਬੱਚਿਆਂ ਦੀ ਪੜ੍ਹਾਈ ਬਾਰੇ ਵਿਚਾਰ ਪੇਸ਼ ਕੀਤੇ। ਮੈਡਮ ਹਰਪ੍ਰੀਤ ਕੌਰ ਨੇ ਸਭ ਦਾ ਧੰਨਵਾਦ ਕੀਤਾ ਤੇ ਸਕੂਲ ਨੂੰ ਪਿੰਡ ਵਲੋਂ ਸਹਿਯੋਗ ਕਰਨ ਲਈ ਵੀ ਕਿਹਾ।

## ਕੁੱਟਮਾਰ ਕਰਨ ਵਾਲੇ ਦੋ ਵਿਅਕਤੀਆਂ ਖਿਲਾਫ ਮਾਮਲਾ ਦਰਜ

**ਗੁਰਦਾਸਪੁਰ** (ਜਨਕ ਮਹਾਜਨ)- ਥਾਣਾ ਸਿਟੀ ਗੁਰਦਾਸਪੁਰ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਰਵਿੰਦਰ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਮਗਰਮੁਧੀਆ ਨੇ ਦੱਸਿਆ ਕਿ ਉਹ 30 ਸਤੰਬਰ ਨੂੰ ਮਾਨਯੋਗ ਅਦਾਲਤ ਗੁਰਦਾਸਪੁਰ ਵਿਖੇ ਤਾਰੀਖ਼ ਭੁਗਤਣ ਆਇਆ ਸੀ ਅਤੇ ਆਪਣਾ ਮੋਟਰਸਾਈਕਲ ਜ਼ਿਲ੍ਹਾ ਕਚਹਿਰੀ ਵਿਖੇ ਖੜ੍ਹਾ ਕਰ ਕਰ ਰਿਹਾ ਸੀ ਕਿ ਇਸੇ ਦੌਰਾਨ ਜਰਬੀਰ ਸਿੰਘ ਪੁੱਤਰ ਹਰਬੰਸ ਸਿੰਘ ਅਤੇ ਵਰਿੰਦਰ ਸਿੰਘ ਉਰਫ ਬੋਦੀ ਪੁੱਤਰ ਜਸਬੀਰ ਸਿੰਘ ਵਾਸੀ ਮਗਰਮੁਧੀਆ ਨੇ ਮੈਨੂੰ ਵੇਖ ਕੇ ਗਾਲੀ ਗਲੋਚ ਕਰਨਾ ਸ਼ੁਰੂ ਕਰ ਦਿੱਤਾ ਅਤੇ ਕੁੱਟਮਾਰ ਕਰਕੇ ਜ਼ਖ਼ਮੀ ਕਰ ਦਿੱਤਾ। ਏ.ਐਸ.ਆਈ. ਰਣਬੀਰ ਸਿੰਘ ਨੇ ਜਾਂਚ ਪੜਤਾਲ ਕਰਨ ਤੋਂ ਬਾਅਦ ਦੋ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਬੰਦੀ ਛੋੜ ਦਿਵਸ ਨੂੰ ਸਮਰਪਤ ਸਮਾਗਮ ਸ਼ੁਰੂ

**ਅੰਮ੍ਰਿਤਸਰ** (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ )- ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵਲੋਂ ਗੁਰਦੁਆਰਾ ਮੱਲ ਅਖਾੜਾ ਪਾ: ਛੇਵੀਂ, ਗੁਰਦੁਆਰਾ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਛਾਉਣੀ ਨਿਹੰਗ ਸਿੰਘਾਂ ਵਿਖੇ ਖਾਲਸਾ ਦਰਬਾਰ ਬੰਦੀ ਛੋੜ ਦਿਵਸ ਦੀਵਾਲੀ ਸਮੇਂ ਪੁਰਾਤਨ ਰਵਾਇਤ ਮੁਤਾਬਕ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸ੍ਰੀ ਅਖੰਡ ਪਾਠ ਪ੍ਰਾਰੰਭ ਹੋਣਗੇ। ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ 30 ਅਕਤੂਬਰ ਨੂੰ ਸ੍ਰੀ ਅਖੰਡ ਪਾਠ ਪੂਰਨ ਮਰਯਾਦਾ ਅਨੁਸਾਰ ਅਰੰਭ ਹੋਣਗੇ ਜਿਸ ਦਾ ਭੋਗ 1 ਨਵੰਬਰ ਦੀਵਾਲੀ ਵਾਲੇ ਦਿਨ ਪਵੇਗਾ, 31 ਅਕਤੂਬਰ ਨੂੰ ਸ੍ਰੀ ਦਸਮ ਗ੍ਰੰਥ ਦੇ ਅਖੰਡ ਪਾਠ ਅਰੰਭ ਹੋ ਕੇ 2 ਨਵੰਬਰ ਨੂੰ ਭੋਗ ਪਏਗਾ। ਬੁੱਢਾ ਦਲ ਵਹੀਰ ਦੇ ਹੈੱਡ ਗ੍ਰੰਥੀ ਬਾਬਾ ਮੱਘਰ ਸਿੰਘ ਨੇ ਬੁੱਢਾ ਦਲ ਰਵਾਇਤ ਮੁਤਾਬਕ ਗੁਰਬਾਣੀ ਕੀਰਤਨ ਕੀਤਾ। ਬਾਬਾ ਇੰਦਰ ਸਿੰਘ ਜਥੇਦਾਰ ਘੋੜਿਆਂ ਨੇ ਗੁਰਇਤਿਹਾਸ ਦੀ ਸਾਂਝ ਪਾਈ। ਬੇਦੀ ਨੇ ਦੱਸਿਆ ਕਿ 2 ਨਵੰਬਰ ਨੂੰ ਦੁਪਹਿਰ 12 ਵਜੇ ਸਮੂਹ ਨਿਹੰਗ ਸਿੰਘਾਂ ਦੇ ਦਲਪੰਥ ਗੁਰਦੁਆਰਾ ਮੱਲ ਅਖਾੜਾ ਪਾ: ਛੇਵੀਂ ਤੋਂ ਪੁਰਾਤਨ ਇਤਿਹਾਸਕ ਨਿਸ਼ਾਨ ਨਗਾਰਿਆ ਦੀ ਛਤਰ ਛਾਇਆ ਹੇਠ ਅਤੇ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ ਬਾਬਾ ਬਲਬੀਰ ਸਿੰਘ 96 ਕਰੋੜੀ ਮੁਖੀ ਬੁੱਢਾ ਦਲ ਦੀ ਅਗਵਾਈ ਵਿੱਚ ਮਹੱਲਾ ਚੜ੍ਹੇਗਾ। ਇਹ ਨਿਹੰਗ ਸਿੰਘਾਂ ਦਾ ਮਹੱਲਾ ਘਿਉ ਮੰਡੀ ਚੌਕ, ਸ਼ੇਰਾਂ ਵਾਲਾ ਗੇਟ, ਰਾਮਬਾਗ ਚੌਕ, ਗਾਂਧੀ ਗੇਟ ਹਾਲਗੇਟ, ਹਾਥੀ ਗੇਟ ਤੋਂ ਕਿਲ੍ਹਾ ਗੋਬਿੰਦਗੜ੍ਹ ਚੌਕ ਰਾਹੀਂ ਬੀ ਬਲਾਕ ਦੇ ਗਰਾਊਂਡ ਵਿੱਚ ਪੁੱਜੇਗਾ। ਜਿਥੇ ਨਿਹੰਗ ਸਿੰਘ ਆਪਣੇ ਰਵਾਇਤੀ ਜੰਗਜੂ ਖੇਡਾਂ, ਘੋੜ ਦੌੜ, ਨੇਜੇਬਾਜ਼ੀ, ਗੱਤਕਾ ਆਦਿ ਦੇ ਜੌਹਰ ਦਿਖਾਉਣਗੇ।

## ਟਾਟਾ ਨਿਊ ਲੋਨ ਬਾਜ਼ਾਰ ਨੇ 1 ਲੱਖ ਤੋਂ ਵੱਧ ਇੰਸਟੈਂਟ ਪਰਸਨਲ ਲੋਨ ਦਾ ਮੀਲ ਪੱਥਰ ਕੀਤਾ ਪਾਰ

**ਚੰਡੀਗੜ੍ਹ** : ਟਾਟਾ ਡਿਜੀਟਲ ਨੇ ਅੱਜ ਇੱਕ ਮਹੱਤਵਪੂਰਨ ਉਪਲਬਧੀ ਦੀ ਘੋਸ਼ਣਾ ਕੀਤੀ ਹੈ। ਟਾਟਾ ਨਿਊ ਪਰ ਲੇਂਡਿੰਗ ਐਂਟਸ ਦੇ 1 ਲੱਖ ਤੋਂ ਵੱਧ ਪਰਸਨਲ ਲੋਨ ਕ੍ਰਿਪਟ ਕੀਤੇ ਗਏ ਹਨ, ਜਿਸ ਦੀ ਕੁੱਲ ਰਕਮ 1,00 ਕਰੋੜ ਰੁਪਏ ਤੋਂ ਵੱਧ ਹੈ। ਇਹ ਉਪਲਬਧ ਪਲੇਟਫਾਰਮ ਦੀ ਵਧਦੀ ਪ੍ਰਸਿੱਧੀ ਅਤੇ ਪੂਰੇ ਭਾਰਤ ਵਿੱਚ ਗਾਹਕਾਂ ਨੂੰ ਵਿੱਤੀ ਹੱਲ ਪ੍ਰਦਾਨ ਕਰਨ ਲਈ ਕੰਪਨੀ ਦੀ ਸਮਰੱਥਾ ਨੂੰ ਰੇਖਾਂਕਿਤ ਕਰਦੀ ਹੈ। ਗੌਰਵ ਹਜ਼ਰਤੀ, ਚੀਫ ਬਿਜ਼ਨਸ ਅਫਸਰ, ਫਾਈਨੈਂਸ਼ੀਅਲ ਸਰਵਿਸਿਜ਼, ਟਾਟਾ ਡਿਜੀਟਲ ਨੇ ਕਿਹਾ, ਟਾਟਾ ਦੇ ਉਧਾਰ ਬਾਜ਼ਾਰ ਨੇ ਰੁਪਏ 1,000 ਕਰੋੜ ਤੋਂ ਵੱਧ ਦੇ ਕੁੱਲ ਕਰਜ਼ਿਆਂ ਦੇ ਨਾਲ ਇੱਕ ਮਹੱਤਵਪੂਰਨ ਮੀਲ ਪੱਥਰ ਨੂੰ ਪਾਰ ਕੀਤਾ ਹੈ। ਸ਼੍ਰੀ ਵਿਵੇਕ ਚੋਪੜਾ, ਸੀ ਓ ਓ, ਰਿਟੇਲ ਫਾਈਨਾਂਸ, ਟਾਟਾ ਕੈਪੀਟਲ ਨੇ ਕਿਹਾ, ਸਾਨੂੰ ਲੋਨ ਹੱਲ ਪੇਸ਼ ਕਰਨ ਲਈ ਟਾਟਾ ਨਾਲ ਸਾਂਝੇਦਾਰੀ ਕਰਨ 'ਤੇ ਮਾਣ ਹੈ ਜੋ ਲੋਕਾਂ ਨੂੰ ਆਪਣੇ ਵਿੱਤੀ ਟੀਚਿਆਂ ਨੂੰ ਪ੍ਰਾਪਤ ਕਰਨ ਦੇ ਯੋਗ ਬਣਾਉਂਦੇ ਹਨ।

## ਚਾਚੋਵਾਲੀ ਦੀ ਪੰਚਾਇਤ ਨੂੰ ਕਾਂਗਰਸੀ ਹਲਕਾ ਇੰਚਾਰਜ ਸੱਚਰ ਨੇ ਕੀਤਾ ਸਨਮਾਨਤ



**ਤਰਸਿੱਕਾ** (ਤਰਸੇਮ ਸਿੰਘ ਸਾਧਪੁਰ)- ਮਜੀਠਾ ਹਲਕੇ ਦੇ ਚਰਚਿੱਤ ਪਿੰਡ ਚਾਚੋਵਾਲੀ ਵਿੱਚ ਪੰਚਾਇਤੀ ਚੋਣਾਂ ਵਿੱਚ ਸਾਬਕਾ ਸਰਪੰਚ ਸਤਨਾਮ ਸਿੰਘ ਦੇ ਧੜੇ ਨੇ ਦੂਜੀ ਵਾਰ ਸਮੁੱਚੀ ਪੰਚਾਇਤ ਬਣਾ ਕੇ ਆਪਣੇ ਪਿਛਲੇ ਪੰਜ ਸਾਲਾਂ ਦੇ ਕੀਤੇ ਕੰਮਾਂ 'ਤੇ ਪਿੰਡ ਵਾਲਿਆਂ ਕੋਲੋਂ ਮੋਹਰ ਲਗਵਾ ਲਈ। ਜਿੱਤਣ ਉਪਰੰਤ ਮਜੀਠਾ ਹਲਕੇ ਦੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਤੇ ਸੀਨੀਅਰ ਆਗੂ ਭਗਵੰਤ ਪਾਲ ਸਿੰਘ ਸੱਚਰ ਦੇ ਗ੍ਰਹਿ ਵਿਖੇ ਜਾ ਕੇ ਉਹਨਾਂ ਕੋਲੋਂ ਅਸ਼ੀਰਵਾਦ ਲਿਆ। ਸੱਚਰ ਨੇ ਸਮੁੱਚੀ ਪੰਚਾਇਤ ਨੂੰ ਵਧਾਈ ਦੇਣ ਉਪਰੰਤ ਸਿਰੋਪਾਓ ਪਾ ਕੇ ਉਹਨਾਂ ਦਾ ਸਵਾਗਤ ਕੀਤਾ ਤੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹਲਕੇ ਮਜੀਠੇ ਦੀਆਂ ਹੋਰ ਵੀ ਪੰਚਾਇਤਾਂ ਕਾਂਗਰਸ ਪਾਰਟੀ ਦੇ ਹੱਕ ਵਿੱਚ ਸ਼ਾਮਲ ਹੋਣਗੀਆਂ ਤੇ ਇਹਨਾਂ ਬਦਲਾਅ ਵਾਲੀ ਪਾਰਟੀ ਨੂੰ ਅਲਵਿਦਾ ਕਹਿਣਗੀਆਂ। ਜ਼ਿਮਨੀ ਚੋਣਾਂ ਬਾਰੇ ਪੁੱਛੇ ਜਾਣ 'ਤੇ ਸੱਚਰ ਨੇ ਕਿਹਾ ਕਿ ਪੰਝੀ ਸਾਲ ਰਾਜ ਕਰਨ ਵਾਲੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਆਪਣਾ ਵਜੂਦ ਖਤਮ ਹੁੰਦਾ ਵੇਖ ਕੇ ਇਹ ਚੋਣਾਂ ਲੜਨ ਤੋਂ ਹੀ ਭੱਜ ਗਈ ਹੈ। ਇਸ ਮੌਕੇ ਨਵੇਂ ਬਣੇ ਸਰਪੰਚ ਸੀਤਲ ਸਿੰਘ, ਸਾਬਕਾ ਸਰਪੰਚ ਸਤਨਾਮ ਸਿੰਘ, ਮੈਂਬਰ ਸਤਵਿੰਦਰ ਸਿੰਘ, ਮੈਂਬਰ ਜੁਗਰਾਜ ਸਿੰਘ, ਸਾਬਕਾ ਸਰਪੰਚ ਅਵਤਾਰ ਸਿੰਘ, ਬਲਵਿੰਦਰ ਸਿੰਘ, ਗੁਰਜੀਤ ਸਿੰਘ, ਹਰਪ੍ਰੀਤ ਸਿੰਘ, ਮਨਪ੍ਰੀਤ ਸਿੰਘ, ਸਾਹਿਬ ਸਿੰਘ, ਗੁਰਜੰਟ ਸਿੰਘ, ਕੁਲਦੀਪ ਸਿੰਘ ਵੀ ਹਾਜ਼ਰ ਸਨ।

## ਰਾਜਾ ਵੜਿੰਗ ਨੂੰ ਜਥੇਦਾਰ ਅਕਾਲ ਤਖਤ ਨੇ ਕੀਤੀ ਤਾੜਨਾ

**ਅੰਮ੍ਰਿਤਸਰ** (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪ੍ਰਭੁਸੱਤਾ ਨੂੰ ਚੁਣੌਤੀ ਦੇਣ ਵਾਲੇ ਪੰਜਾਬ ਕਾਂਗਰਸ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਬਿਆਨ ਦਾ ਸਖ਼ਤ ਨੋਟਿਸ ਲੈਂਦਿਆਂ ਜਥੇਦਾਰ ਅਕਾਲ ਤਖ਼ਤ ਗਿਆਨੀ ਰਘਬੀਰ ਸਿੰਘ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਪ੍ਰਭੂਸੱਤਾ ਸੰਪੰਨ ਅਕਾਲ ਤਖ਼ਤ ਅਤੇ ਮਾਣ-ਮਰਿਆਦਾ ਨੂੰ ਠੇਸ ਪਹੁੰਚਾਉਣ ਵਾਲੀ ਗੁੰਮਰਾਹਕੁੰਨ ਬਿਆਨਬਾਜ਼ੀ ਕਰਨ ਦੀ ਕਿਸੇ ਨੂੰ ਵੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਤੋਂ ਜਾਰੀ ਬਿਆਨ ਵਿਚ ਗਿਆਨੀ ਰਘਬੀਰ ਸਿੰਘ ਨੇ ਆਖਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਛੇਵੇਂ ਪਾਤਿਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦਾ ਸਾਜਿਆ ਨਿਵਾਜਿਆ ਸੱਚੀ ਪਾਤਿਸ਼ਾਹੀ ਦਾ ਤਖ਼ਤ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਗੁਰਮਤਿ ਸਿਧਾਂਤਾਂ ਦੀ ਤਰਜ਼ਮਾਨੀ ਕਰਨ ਵਾਲਾ ਸਿੱਖਾਂ ਦਾ ਸਰਬਉੱਚ ਤਖਤ ਹੈ, ਜਿਸ ਨੂੰ ਸਮੇਂ ਦੀਆਂ ਪਾਤਸ਼ਾਹੀਆਂ ਵੀ ਨਤਮਸਤਕ ਰਹੀਆਂ ਹਨ। ਸਿੱਖ ਸਿਧਾਂਤਾਂ ਦੀ ਅਵੱਗਿਆ ਕਰਨ ਵਾਲੇ ਕਿਸੇ ਵੱਡੇ ਤੋਂ ਵੱਡੇ ਤਾਕਤਵਰ ਨਾਲ ਵੀ ਇਥੋਂ ਕੋਈ ਲਿਹਾਜ਼ ਨਹੀਂ ਕੀਤਾ ਜਾਂਦਾ ਰਿਹਾ ਹੈ ਤੇ ਨਾ ਹੀ ਕਦੇ ਕੀਤਾ ਜਾਵੇਗਾ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਆਖਿਆ ਕਿ ਉਨ੍ਹਾਂ ਦੇ ਧਿਆਨ ਵਿਚ ਆਇਆ ਹੈ ਕਿ ਰਾਜਾ ਵੜਿੰਗ ਨੇ ਆਪਣੀ ਸਿਆਸੀ ਬੁਖਲਾਹਟ ਵਿਚ ਕੀਤੀ ਬਿਆਨਬਾਜ਼ੀ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪ੍ਰਭੂਸੱਤਾ ਅਤੇ ਸਨਮਾਨ ਨੂੰ ਭਾਰੀ ਠੇਸ ਪਹੁੰਚਾਈ ਹੈ, ਜੋ ਹਰਗਿਜ਼ ਨਾ-ਕਾਬਲੇ-ਬਰਦਾਸ਼ਤ ਹੈ ਅਤੇ ਜੇਕਰ ਭਵਿੱਖ ਵਿੱਚ ਕੋਈ ਅਜਿਹੀ ਹਰਕਤ ਕੀਤੀ ਤਾਂ ਫਿਰ ਮਰਿਆਦਾ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਸਿਆਸੀ ਪਾਰਟੀਆਂ ਨੇ ਸਿਆਸਤ ਕਰਨੀ ਹੈ ਤਾਂ ਉਹ ਆਪਣੇ ਤੱਕ ਹੀ ਸੀਮਤ ਰੱਖਣ।

## ਨਵੇਂ ਪਦਉਨਤ ਹੋਏ ਲੈਕਚਰਾਰਾਂ ਨੂੰ ਕੀਤਾ ਸਨਮਾਨਤ




**ਅਜਨਾਲਾ** (ਸੁਖਦਿੰਦਰ ਸਿੰਘ ਰਾਜੂ)- ਸਕੂਲ ਆਫ ਐਮੀਨੈਂਸ ਅਜਨਾਲਾ ਵਿਖੇ ਪ੍ਰਿੰਸੀਪਲ ਸੁਦੇਸ਼ ਕੁਮਾਰ ਅਰੋੜਾ ਦੀ ਅਗਵਾਈ ਅਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਦੀਪਕ ਚੈਨਪੁਰੀਆ ਦੀ ਵਿਸ਼ੇਸ਼ ਹਾਜ਼ਰੀ ਵਿੱਚ ਕਰਵਾਏ ਗਏ ਇੱਕ ਪ੍ਰਭਾਵਸ਼ਾਲੀ ਸਮਾਰੋਹ ਦੌਰਾਨ ਮਾਸਟਰ ਕੇਡਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਰਿਆੜ ਨੂੰ ਬਤੌਰ ਲੈਕਚਰਾਰ ਤਰੱਕੀ ਮਿਲਣ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਦੀਪਕ ਚੈਨਪੁਰੀਆ ਨੇ ਸਾਰੇ ਸਟਾਫ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਰਾ ਸਟਾਫ ਬਹੁਤ ਵਧਾਈ ਦਾ ਪਾਤਰ ਹੈ ਜੋ ਬਹੁਤ ਮਿਹਨਤ ਨਾਲ ਇਸ ਸਕੂਲ ਨੂੰ ਤਰੱਕੀ ਦੀਆਂ ਰਾਹਾਂ 'ਤੇ ਅੱਗੇ ਲੈ ਕੇ ਜਾ ਰਿਹਾ ਹੈ। ਇਸ ਮੌਕੇ ਸਕੂਲ ਵਿੱਚ ਪੰਜ ਹੋਰ ਆਏ ਨਵੇਂ ਲੈਕਚਰਾਰ ਰਮਨ ਸੈਣੀ, ਰਜੀਵ ਮਰਵਾਹਾ, ਪਰਮਿੰਦਰ ਕੌਰ ਤੇ ਕਿਰਨ ਬਾਲਾ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਮੌਕੇ ਇਸ ਕਮੇਟੀ ਦੇ ਚੇਅਰਮੈਨ ਦੀਪਕ ਕੁਮਾਰ ਚੈਨਪੁਰੀਆ, ਪ੍ਰਿੰਸੀਪਲ ਸੁਦੇਸ਼ ਕੁਮਾਰ ਅਰੋੜਾ, ਮਾਸਟਰ ਮਦਨ ਲਾਲ ਤਰੇਹਨ, ਲੈਕਚਰਾਰ ਰਣਜੀਤ ਸਿੰਘ, ਮਾਸਟਰ ਪ੍ਰਭਜਿੰਦਰ ਸਿੰਘ, ਗੁਰਮੇਤ ਸਿੰਘ ਕਲੇਰ, ਅਰਜਿੰਦਰ ਸਿੰਘ ਕਲੇਰ, ਗੁਰਿੰਦਰ ਸਿੰਘ, ਗੁਲਜਿੰਦਰ ਸਿੰਘ, ਅੰਮ੍ਰਿਤਪਾਲ ਸਿੰਘ, ਰਮਿੰਦਰ ਸਿੰਘ, ਰਣਜੀਤ ਸਿੰਘ ਗੁਰਬਖਸ਼ ਸਿੰਘ, ਜਸਪ੍ਰੀਤ ਸਿੰਘ, ਸੁਮੀਤ ਪਾਲ ਸਿੰਘ, ਪਵਨ ਕੁਮਾਰ ਲੇਖਾ, ਰਾਜ ਸ਼ਰਮਾ, ਵਿਨੋਦ ਚੌਹਾਨ, ਗੁਲਵਿੰਦਰ ਕੌਰ, ਕਮਲ ਕੁਮਾਰੀ, ਗੁਰਪ੍ਰੀਤ ਕੌਰ, ਅਰਵਿੰਦਰ ਕੌਰ, ਕਵਲਜੀਤ ਕੌਰ ਆਦਿ ਹਾਜ਼ਰ ਸਨ।

# ਬੀਬੀ ਜਤਿੰਦਰ ਕੌਰ ਰੰਧਾਵਾ ਨੇ ਨਾਮਜ਼ਦਗੀ ਪੱਤਰ ਦਾਖਲ ਕਰਵਾਏ



**ਡੇਰਾ ਬਾਬਾ ਨਾਨਕ** (ਰਮੇਸ਼ ਸ਼ਰਮਾ)- ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ 'ਚ ਹੋਣ ਜਾ ਰਹੀ ਜ਼ਿਮਨੀ ਚੋਣ ਨੂੰ ਲੈ ਕੇ ਚੋਣ ਅਖਾੜਾ ਪੂਰੀ ਤਰ੍ਹਾਂ ਭਖਿਆ ਹੋਇਆ ਹੈ। ਇਹਨਾਂ ਚੋਣਾਂ ਨੂੰ ਲੈ ਕੇ ਵੱਖ-ਵੱਖ ਪਾਰਟੀਆਂ ਦੇ ਉਮੀਦਵਾਰਾਂ ਵੱਲੋਂ ਆਪੋ ਆਪਣੇ ਨਾਮਜਦਗੀ ਪੱਤਰ ਦਾਖਲ ਕਰਵਾਏ ਜਾ ਰਹੇ ਹਨ।ਕਾਂਗਰਸ ਪਾਰਟੀ ਦੀ ਉਮੀਦਵਾਰ ਬੀਬੀ ਜਤਿੰਦਰ ਕੌਰ ਰੰਧਾਵਾ ਧਰਮ ਪਤਨੀ ਸਾਬਕਾ ਉਪ ਮੁੱਖ ਮੰਤਰੀ ਪੰਜਾਬ ਅਤੇ ਲੋਕ ਸਭਾ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ, ਸਾਬਕਾ ਕੈਬਨਿਟ ਮੰਤਰੀ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਉਦੇਵੀਰ ਸਿੰਘ ਰੰਧਾਵਾ, ਦੀਪ ਇੰਦਰ ਸਿੰਘ ਰੰਧਾਵਾ ਸਮੇਤ ਪਰਵਾਰਕ ਮੈਂਬਰਾਂ ਅਤੇ ਕਾਂਗਰਸ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦੀ ਹਾਜ਼ਰੀ ਵਿੱਚ ਨਾਮਜਦਗੀ ਪੇਪਰ ਦਾਖਲ ਕਰਵਾਏ ਗਏ।ਇਸ ਮੌਕੇ ਕਵਰਿੰਗ ਉਮੀਦਵਾਰ ਦੇ ਤੌਰ 'ਤੇ ਬੀਬੀ ਜਤਿੰਦਰ ਕੌਰ ਰੰਧਾਵਾ ਦੀ ਬੇਟੀ ਦਿਵਯ ਜੋਤ ਕੌਰ ਰੰਧਾਵਾ ਵੱਲੋਂ ਨਾਮਜ਼ਦਗੀ ਪੇਪਰ ਭਰੇ ਗਏ।ਇਸ ਮੌਕੇ ਗੱਲਬਾਤ ਕਰਦਿਆਂ ਜਤਿੰਦਰ ਕੌਰ ਰੰਧਾਵਾ ਕਿਹਾ ਕਿ 'ਨਾਰੀ ਸ਼ਕਤੀ ਨਵਾਂ ਇਤਿਹਾਸ' ਤਹਿਤ ਹਲਕਾ ਡੇਰਾ ਬਾਬਾ ਨਾਨਕ ਤੋਂ ਉਹ ਜ਼ਿਮਨੀ ਚੋਣ ਜਿੱਤਕੇ ਨਵਾਂ ਇਤਿਹਾਸ ਸਿਰਜਣਗੇ ਤੇ ਉਹ ਹਲਕਾ ਡੇਰਾ ਬਾਬਾ ਨਾਨਕ ਵਾਸੀਆਂ ਦੀਆਂ ਉਮੀਦਾਂ 'ਤੇ ਪੂਰੀ ਤਰ੍ਹਾਂ ਖਰਾ ਉਤਰਨਗੇ ।ਇਸ ਮੌਕੇ ਨਰੇਸ਼ ਪੁਰੀ ਸਾਬਕਾ ਵਿਧਾਇਕ, ਅਮਿਤ ਵਿੱਜ ਪਠਾਨਕੋਟ, ਮੈਡਮ ਟੀਨਾ ਚੌਧਰੀ, ਅਮਨ ਜੈਂਤੀਪੁਰ, ਸਵਿੰਦਰ ਸਿੰਘ ਭੰਮਰਾ, ਸੁਰੇਸ਼ ਬਬਲੂ, ਸਾਬਕਾ ਚੇਅਰਮੈਨ ਹਰਦੀਪ ਸਿੰਘ ਤਲਵੰਡੀ, ਸਾਬਕਾ ਚੇਅਰਮੈਨ ਨਰਿੰਦਰ ਸਿੰਘ ਬਾਜਵਾ, ਮਹਿੰਗਾ ਰਾਮ ਗਰੀਬ, ਪਾਲੀ ਬੇਦੀ ਡੇਰਾ ਬਾਬਾ ਨਾਨਕ, ਦੀਪਕ ਸ਼ਰਮਾਂ, ਪਵਨ ਕੁਮਾਰ ਪੰਮਾ, ਪੰਨਾ ਲਾਲ ਭਾਟੀਆ, ਗੋਪੀ ਧਿਆਨਪੁਰ, ਬਲਜਿੰਦਰ ਸਿੰਘ ਸ਼ਿਕਾਰ ਮਾਛੀਆ, ਸੁੱਚਾ ਸਿੰਘ ਸੈਕਟਰੀ ਸ਼ਿਕਾਰ, ਲਾਡੀ ਸਮਰਾ ਸਮੇਤ ਹੋਰ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਵਰਕਰ ਅਤੇ ਵੱਡੀ ਗਿਣਤੀ ਵਿੱਚ ਬੀਬੀਆਂ ਹਾਜ਼ਰ ਸਨ।

## ਸ਼੍ਰੋਮਣੀ ਅਕਾਲੀ ਦਲ ਵੱਲੋਂ ਜ਼ਿਮਨੀ ਚੋਣਾਂ ਨਾ ਲੜਨ ਦਾ ਫੈਸਲਾ ਮੰਦਭਾਗਾ : ਗੋਲਡੀ ਤਨੇਲ



**ਤਰਸਿੱਕਾ** (ਤਰਸੇਮ ਸਿੰਘ ਸਾਧਪੁਰ)-ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਦੀ ਅਗਵਾਈ ਵਿਚ ਵਰਕਿੰਗ ਕਮੇਟੀ ਵੱਲੋਂ ਜ਼ਿਮਨੀ ਚੋਣਾਂ ਨਾ ਲੜਨ ਦਾ ਲਿਆ ਫੈਸਲਾ ਪਾਰਟੀ ਲਈ ਘਾਤਕ ਸਾਬਿਤ ਹੋਵੇਗਾ। ਇਹ ਪ੍ਰਗਟਾਵਾ ਹਲਕਾ ਮਜੀਠਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ ਨੇ ਅੱਜ ਇੱਥੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਪੰਜਾਬ 'ਚ 4 ਸੀਟਾਂ 'ਤੇ ਹੋਣ ਵਾਲੀਆਂ ਜ਼ਿਮਨੀ ਚੋਣਾਂ ਵਿਚ ਅਕਾਲੀ ਦਲ ਵੱਲੋਂ ਉਮੀਦਵਾਰ ਨਾ ਉਤਾਰੇ ਜਾਣ ਦੇ ਫੈਸਲੇ ਨੂੰ ਮੰਦਭਾਗਾ ਦੱਸਿਆ ਅਤੇ ਕਿਹਾ ਕਿ ਇਹ ਫੈਸਲਾ ਅਕਾਲੀ ਵਰਕਰਾਂ ਦੇ ਹੌਸਲੇ ਢਹਿ-ਢੇਰੀ ਕਰ ਦੇਣ ਵਾਲਾ ਹੈ।ਉਨ੍ਹਾਂ ਆਖਿਆ ਕਿ ਪੰਜਾਬ ਅਤੇ ਪੰਜਾਬੀਆਂ ਦੇ ਹੱਕਾਂ ਦੀ ਰਖਵਾਲੀ ਲਈ ਸਮੇਂ-ਸਮੇਂ 'ਤੇ ਡਟ ਕੇ ਪਹਿਰਾ ਦੇਣ ਵਾਲੀ ਪੰਥਕ ਪਾਰਟੀ ਸ਼੍ਰੋਮਣੀ ਅਕਾਲੀ ਦਲ ਵੱਲੋਂ ਜ਼ਿਮਨੀ ਚੋਣਾਂ ਵਿਚ ਇਸ ਕਦਰ ਪਿੱਠ ਦਿਖਾਉਣ ਨਾਲ ਵਰਕਰ ਦੂਜੀਆਂ ਪਾਰਟੀਆਂ ਵੱਲ ਜਾਣ ਨੂੰ ਮਜਬੂਰ ਹੋਣਗੇ। ਚੇਅਰਮੈਨ ਗੋਲਡੀ ਨੇ ਆਖਿਆ ਕਿ ਅੱਜ ਪਾਰਟੀ ਨੂੰ ਚੜ੍ਹਦੀ ਕਲਾ ਵੱਲ ਲਿਜਾਣ ਲਈ ਹਾਰ-ਜਿੱਤ ਦੀ ਪ੍ਰਵਾਹ ਛੱਡ ਕੇ ਇਨ੍ਹਾਂ ਜ਼ਿਮਨੀ ਚੋਣਾਂ ਵਿਚ ਵਿਰੋਧੀਆਂ ਨੂੰ ਬਰਾਬਰ ਟੱਕਰ ਦੇਣੀ ਚਾਹੀਦੀ ਸੀ। ਇਸ ਮੌਕੇ ਸੀਨੀ. ਮੀਤ ਪ੍ਰਧਾਨ ਸਰਵਣ ਸਿੰਘ, ਜਨਰਲ ਸਕੱਤਰ ਅਮਰਪਾਲ ਸਿੰਘ ਪਾਲੀ, ਸਰਕਲ ਪ੍ਰਧਾਨ ਦਿਲਬਾਗ ਸਿੰਘ ਕਲੇਰ, ਸੁਰਿੰਦਰ ਸਿੰਘ ਅਰਜਨਮਾਂਗਾ ਤੇ ਗੁਰਪਾਲ ਸਿੰਘ ਤਨੇਲ (ਦੋਵੇਂ ਸਾਬਕਾ ਸੰਮਤੀ ਮੈਂਬਰ), ਸਰਪੰਚ ਜਤਿੰਦਰ ਸਿੰਘ ਝਾਮਕਾ, ਸਰਪੰਚ ਸੰਦੀਪ ਸਿੰਘ ਉਦੋਕੇ ਖੁਰਦ, ਨਵਜੀਤ ਸਿੰਘ ਤਨੇਲ ਤੇ ਕਾਲੂ ਰਾਮ ਸਾਬਕਾ ਸਰਪੰਚ ਮੌਜੂਦ ਸਨ।

# ਉਪ ਚੋਣਾਂ ਨਾ ਲੜਨ ਦਾ ਫੈਸਲਾ ਸੋਚ ਸਮਝ ਕੇ ਲਿਆ : ਬਾਪੂ ਤਰਲੋਕ ਸਿੰਘ

**ਅੰਮ੍ਰਿਤਸਰ** (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਭਾਈ ਅੰਮ੍ਰਿਤਪਾਲ ਸਿੰਘ ਟੀਮ ਵੱਲੋਂ 13 ਨਵੰਬਰ ਨੂੰ ਹੋਣ ਜਾ ਰਹੀਆਂ ਪੰਜਾਬ ਵਿਧਾਨ ਸਭਾ ਦੇ ਚਾਰ ਹਲਕਿਆਂ ਦੀਆਂ ਜ਼ਿਮਨੀ ਚੋਣਾਂ ਲਈ ਉਮੀਦਵਾਰ ਖੜ੍ਹੇ ਨਾ ਕੀਤੇ ਜਾਣ ਦਾ ਫ਼ੈਸਲਾ ਕਿਸੇ ਵਕਤੀ ਕਾਰਨ ਦੀ ਬਜਾਏ ਲੰਮੇ ਵਿਚਾਰ-ਮਸ਼ਵਰੇ ਬਾਅਦ ਲਿਆ ਗਿਆ ਹੈ। ਜਿਸ ਬਾਰੇ 19 ਅਕਤੂਬਰ ਦੀ ਪ੍ਰੈੱਸ ਕਾਨਫ਼ਰੰਸ ਰਾਹੀਂ ਮੀਡੀਆ ਨੂੰ ਵੀ ਜਾਣੂ ਕਰਵਾ ਦਿੱਤਾ ਗਿਆ ਸੀ।ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਵਹੀਰ ਦੇ ਟੀਮ ਮੈਂਬਰਾਂ ਬਾਪੂ ਤਰਲੋਕ ਸਿੰਘ ਜੱਲੂਪੁਰ, ਸਰਬਜੀਤ ਸਿੰਘ ਐੱਮ ਪੀ ਫ਼ਰੀਦਕੋਟ, ਸੁਖਵਿੰਦਰ ਸਿੰਘ ਅਗਵਾਨ ਤੇ ਸਮੂਹ ਟੀਮ ਨੇ ਜ਼ਿਮਨੀ ਚੋਣਾਂ ਨੂੰ ਲੈ ਕੇ ਮੀਡੀਏ ਵਿੱਚ ਕੀਤੀਆਂ ਜਾ ਰਹੀਆਂ ਕਿਆਸੀ-ਅਰਾਈਆਂ ਬਾਰੇ ਪ੍ਰਤੀਕਰਮ ਪ੍ਰਗਟਾਉਂਦੇ ਹੋਏ ਕਿਹਾ ਕਿ ਚੋਣਾਂ ਨਾ ਲੜਨ ਦਾ ਫ਼ੈਸਲਾ ਗੰਭੀਰ ਵਿਚਾਰ ਚਰਚਾ ਤੋਂ ਬਾਅਦ ਲਿਆ ਗਿਆ। ਚਰਚਾ ਵਿੱਚ ਇਹ ਸਿੱਟਾ ਨਿਕਲ ਕੇ ਆਇਆ ਕਿ ਜ਼ਿਮਨੀ ਚੋਣਾਂ ਨੂੰ ਹਰੇਕ ਹਲਕੇ ਵਿੱਚ ਕੇਵਲ ਇੱਕ ਸਾਂਝੇ ਪੰਥਕ ਉਮੀਦਵਾਰ ਵਾਲੀ ਸਥਿਤੀ ਵਿੱਚ ਹੀ ਪ੍ਰਭਾਵਸ਼ਾਲੀ ਢੰਗ ਨਾਲ ਲੜਿਆ ਜਾ ਸਕਦਾ ਸੀ, ਪਰ ਮੌਜੂਦਾ ਸਮੇਂ ਵੱਖ-ਵੱਖ ਪੰਥਕ ਧਿਰਾਂ ਦੇ ਸਬੰਧਾਂ ਵਿਚਲੀ ਆਪਸੀ ਕੁੜੱਤਣ ਨੂੰ ਵੇਖਦਿਆਂ ਅਜਿਹਾ ਕਰ ਸਕਣਾ ਕਿਸੇ ਵੀ ਤਰ੍ਹਾਂ ਸੰਭਵ ਨਹੀਂ ਜਾਪਦਾ ।ਦੂਜਾ ਵੱਡਾ ਕਾਰਨ ਇਸ ਵਕਤ ਸਾਡਾ ਸਭ ਤੋਂ ਵੱਡਾ ਟੀਚਾ ਲੀਹੋਂ ਲੱਥੀ ਹੋਈ ਪੰਥਕ ਰਾਜਨੀਤੀ ਨੂੰ ਰਾਹ ਉੱਪਰ ਲਿਆਉਣ ਲਈ ਸ਼੍ਰੋਮਣੀ ਅਕਾਲੀ ਦਲ ਦੀ ਪੁਨਰ ਸੁਰਜੀਤੀ ਦੇ ਕਾਰਜ ਉੱਪਰ ਆਪਣਾ ਸਾਰਾ ਧਿਆਨ ਕੇਂਦਰਿਤ ਕਰਨਾ ਹੈ । ਅਜਿਹਾ ਕਰਨ ਲਈ ਵੱਖ-ਵੱਖ ਧਿਰਾਂ ਨਾਲ ਇੱਕ ਸੁਖਾਵੇਂ ਮਾਹੌਲ ਨੂੰ ਪੈਦਾ ਕੀਤੇ ਜਾਣ ਦੀ ਸਖ਼ਤ ਜ਼ਰੂਰਤ ਪਵੇਗੀ। ਸੁਖਾਵਾਂ ਮਹੌਲ ਤਾਂ ਹੀ ਬਣ ਸਕੇਗਾ ਜੇਕਰ ਇਸ ਪੰਥਕ ਰਾਜਨੀਤੀ ਵਿੱਚ ਪੈਦਾ ਹੋਏ ਖ਼ਲਾਅ ਦੌਰਾਨ ਹਰੇਕ ਪੰਥਕ ਧਿਰ ਮੌਕੇ ਦਾ ਫ਼ਾਇਦਾ ਉਠਾਉਣ ਦੀ ਝਾਕ ਛੱਡ ਕੇ ਦੁਸ਼ਮਣ ਨੂੰ ਹਰਾਉਣ ਲਈ ਮੁੱਦਿਆਂ ਉੱਤੇ ਪੰਥਕ ਏਕਤਾ ਦਰਸਾਏ । ਲੋਕ ਸਭਾ ਚੋਣ ਦਾ ਸਾਡਾ ਤਜਰਬਾ ਇਹ ਦਰਸਾਉਂਦਾ ਕਿ ਚੋਣਾਂ ਦੌਰਾਨ ਕਿਸੇ ਹਲਕੇ ਤੋਂ ਇੱਕ ਤੋਂ ਜ਼ਿਆਦਾ ਪੰਥਕ ਉਮੀਦਵਾਰ ਹੋਣ ਦੀ ਸਥਿਤੀ ਵਿੱਚ ਆਪਸੀ ਤਲਖ਼ੀ ਅਤੇ ਦੂਰੀਆਂ ਦਾ ਵਧ ਜਾਣਾ ਸੁਭਾਵਿਕ ਹੈ ।ਅਜਿਹੀ ਸਥਿਤੀ ਭਵਿੱਖ ਵਿੱਚ ਪੰਥਕ ਏਕਤਾ ਦੇ ਯਤਨਾਂ ਵਿੱਚ ਵੱਡੀ ਰੁਕਾਵਟ ਬਣ ਸਕਦੀ ਹੈ ।ਇਸ ਆਪਸੀ ਟਕਰਾਓ ਦੇ ਮਾਹੌਲ ਤੋਂ ਬਚਣ ਲਈ ਅਸੀਂ ਆਪਣੇ ਵੱਲੋਂ ਉਮੀਦਵਾਰ ਨਾ ਉਤਾਰਨਾ ਹੀ ਬਿਹਤਰ ਸਮਝਿਆ। ਅਸੀਂ ਛੇਤੀ ਹੀ ਵੱਖ ਵੱਖ ਪੰਥਕ ਧਿਰਾਂ ਦੇ ਸੁਹਿਰਦ ਆਗੂਆਂ ਤੋਂ ਇਲਾਵਾ ਧਾਰਮਿਕ ਸ਼ਖ਼ਸੀਅਤਾਂ ਅਤੇ ਵਿਦਵਾਨਾਂ ਨਾਲ ਤਾਲਮੇਲ ਕਰਕੇ ਸ਼੍ਰੋਮਣੀ ਅਕਾਲੀ ਦਲ ਦੀ ਪੁਨਰ ਸੁਰਜੀਤੀ ਅਤੇ ਪੰਥਕ ਏਕਤਾ ਬਾਰੇ ਉਹਨਾਂ ਦੇ ਸਹਿਯੋਗ ਅਤੇ ਮਸ਼ਵਰੇ ਲਈ ਤਾਲਮੇਲ ਦਾ ਸਿਲਸਿਲਾ ਆਰੰਭ ਕਰਨ ਜਾ ਰਹੇ ਹਾਂ ।ਸਿੱਖ ਕੌਮ ਉੱਪਰ ਮੌਜੂਦਾ ਸਮੇਂ ਦੇ ਸੰਕਟਮਈ ਹਾਲਾਤ ਨੂੰ ਦੇਖਦੇ ਹੋਏ ਅਸੀਂ ਚੋਣਾਂ ਲੜਨ ਜਾ ਰਹੇ ਪੰਥਕ ਧੜਿਆਂ ਨੂੰ ਵੀ ਬੇਨਤੀ ਕਰਦੇ ਹਾਂ ਕਿ ਵੱਖੋ ਵੱਖਰੇ ਚੋਣਾਂ ਲੜਨ ਦੀ ਬਜਾਏ ਉਹ ਹਰੇਕ ਹਲਕੇ ਤੋਂ ਇੱਕ ਉਮੀਦਵਾਰ ਬਾਰੇ ਸਹਿਮਤੀ ਬਣਾ ਲੈਣ।

# ਬੀੜ ਸਾਹਿਬ ਵਿਖੇ ਬਾਬਾ ਬੁੱਢਾ ਜੀ ਦਾ 518 ਵਾਂ ਜਨਮ ਦਿਹਾੜਾ ਮਨਾਇਆ



**ਝਬਾਲ**, (ਹਰਜਿੰਦਰ ਸਿੰਘ ਸੋਨੀ)-ਬ੍ਰਹਮ ਗਿਆਨੀ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦਾ 518ਵਾਂ ਜਨਮ ਦਿਹਾੜਾ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ ਤਹਿਤ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਦੇ ਮੈਨੇਜਰ ਸਰਬਦਿਆਲ ਸਿੰਘ ਘਰਿਆਲਾ ਅਤੇ ਪੰਥ ਪ੍ਰਸਿੱਧ ਵਿਦਵਾਨ ਹੈੱਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ, ਸ਼੍ਰੋਮਣੀ ਅਖੰਡ ਪਾਠੀ ਵੈਲਫੇਅਰ ਸੋਸਾਇਟੀ ਬੀੜ ਬਾਬਾ ਬੁੱਢਾ ਸਾਹਿਬ ਵੱਲੋਂ ਸਭਾ ਸੁਸਾਇਟੀਆਂ ਕਾਰ ਸੇਵਾ ਕਾਰ ਸੇਵਾ ਵਾਲੇ ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਬਾਬਾ ਸੋਹਣ ਸਿੰਘ ਬੀੜ ਸਾਹਿਬ, ਬਾਬਾ ਮਨਜੀਤ ਸਿੰਘ ਝਬਾਲ ਆਦਿ ਦੇ ਸਹਿਯੋਗ ਸਦਕਾ ਬੜੇ ਪ੍ਰੇਮ ਸ਼ਰਧਾ ਉਤਸ਼ਾਹ ਸਹਿਤ ਮਨਾਇਆ ਗਿਆ।ਮੀਰੀ ਪੀਰੀ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੰਪੂਰਨਤਾ ਉਪ੍ਰੰਤ ਸਜੇ ਹੋਏ ਗੁਰਮਤਿ ਸਮਾਗਮ ਵਿੱਚ ਇਲਾਕੇ ਭਰ ਦੇ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵੱਲੋਂ ਅੰਮ੍ਰਿਤਮਈ ਗੁਰਬਾਣੀ ਦਾ ਕੀਰਤਨ, ਕਵੀਸ਼ਰੀ, ਕਵਿਤਾਵਾਂ, ਪੇਂਟਿੰਗ,ਦੁਮਾਲਾ ਅਤੇ ਸੋਹਣੀ ਦਸਤਾਰ ਸਜਾਉਣ ਦੇ ਕਰਵਾਏ ਗਏ ਮੁਕਾਬਲਿਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਗਿਆ।ਜਿਸ ਵਿੱਚ ਜੇਤੂ ਰਹਿਣ ਵਾਲੇ ਬੱਚਿਆਂ ਨੂੰ ਮੀਤ ਮੈਨੇਜਰ ਗੁਰਜੀਤ ਸਿੰਘ ਠੱਠਾ, ਸੁਪਰਵਾਈਜ਼ਰ ਪ੍ਰਿਥੀਪਾਲ ਸਿੰਘ ਸੋਹਲ, ਹੈੱਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ, ਨਿਰਮਲ ਸਿੰਘ ਇੰਚਾਰਜ ਪਾਠੀ ਸਿੰਘ, ਬਾਬਾ ਸੋਹਣ ਸਿੰਘ ਬੀੜ ਸਾਹਿਬ ਕਾਰ ਸੇਵਾ ਡੇਰਾ ਭੂਰੀ ਵਾਲੇ, ਮਨਜੀਤ ਸਿੰਘ ਝਬਾਲ, ਸ਼੍ਰੋਮਣੀ ਅਖੰਡ ਪਾਠੀ ਵੈੱਲਫੇਅਰ ਸੁਸਾਇਟੀ ਬਾਬਾ ਬੁੱਢਾ ਜੀ ਦੇ ਪ੍ਰਧਾਨ ਭਾਈ ਰਣਧੀਰ ਸਿੰਘ ਝਬਾਲ, ਜਨਰਲ ਸਕੱਤਰ ਭਾਈ ਪ੍ਰਮਜੀਤ ਸਿੰਘ ਝਬਾਲ, ਸਮੂਹ ਪਾਠੀ ਸਿੰਘਾਂ ਵਲੋਂ ਬੱਚਿਆਂ, ਦਸਤਾਰ ਕੋਚ, ਪ੍ਰਿੰਸੀਪਲ ਤਰਨਜੀਤ ਸਿੰਘ, ਪ੍ਰਿੰਸੀਪਲ ਜਗਰੂਪ ਕੌਰ, ਪ੍ਰਿੰਸੀਪਲ ਸੁਖਬੀਰ ਕੌਰ ਗਿਆਨ ਜੋਤੀ ਪਬਲਿਕ ਸਕੂਲ, ਪ੍ਰਿੰਸੀਪਲ ਅਸ਼ਵਨੀ ਕੁਮਾਰ ਡੀਏਵੀ ਪਬਲਿਕ ਸਕੂਲ, ਪ੍ਰਿੰਸੀਪਲ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਝਬਾਲ, ਸਮੂਹ ਪ੍ਰਿੰਸੀਪਲ ਸਹਿਬਾਨ, ਸਾਬਕਾ ਸਰਪੰਚ ਪ੍ਰਮਜੀਤ ਸਿੰਘ ਬਘਿਆੜੀ, ਕਿਸਾਨ ਆਗੂ ਕੈਪਟਨ ਸਿੰਘ ਬਘਿਆੜੀ, ਮਸਕੀਨ ਸਿੰਘ ਢਿੱਲੋਂ ਸਮੇਤ ਪਹੁੰਚੀਆਂ ਧਾਰਮਿਕ ਸ਼ਖਸੀਅਤਾਂ ਨੂੰ ਸਿਰੋਪਾਉ, ਬਾਬਾ ਬੁੱਢਾ ਸਾਹਿਬ ਦੀ ਯਾਦਗਾਰੀ ਤਸਵੀਰ, ਉ ਅ ਪੈਂਤੀ ਅੱਖਰੀ ਸੋਹਣੀਆਂ ਸ਼ੀਲਡਾਂ ਦੇ ਕੇ ਸਨਮਾਨਤ ਕੀਤਾ ਗਿਆ।ਮੀਤ ਮੈਨੇਜਰ ਗੁਰਜੀਤ ਸਿੰਘ ਠੱਠਾ ਨੇ ਬਾਬਾ ਬੁੱਢਾ ਸਾਹਿਬ ਜੀ ਦੇ ਜਨਮ ਦਿਹਾੜੇ 'ਤੇ ਪਹੁੰਚੀ ਸਰਬਤ ਸੰਗਤ ਦਾ ਧੰਨਵਾਦ ਕੀਤਾ ਅਤੇ ਵਧਾਈ ਦਿੱਤੀ।ਇਸ ਮੌਕੇ ਸੰਗਤਾਂ ਲਈ ਵੱਖ-ਵੱਖ ਪਕਵਾਨਾਂ ਦੇ ਅਤੁੱਟ ਲੰਗਰ ਵਰਤਾਏ ਗਏ।

# ਮਾਨ ਸਰਕਾਰ ਦੀ ਨਾਕਾਮੀ ਕਾਰਨ ਪੰਜਾਬ ਦੇ ਕਿਸਾਨਾਂ ਨੂੰ ਮੰਡੀਆਂ 'ਚ ਰੁਲਣਾ ਪੈ ਰਿਹਾ : ਬਾਜਵਾ

**ਧਾਰੀਵਾਲ** (ਮਨਦੀਪ ਸਿੰਘ ਵਿੱਕੀ)- ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਨੇਤਾ ਪ੍ਰਤਾਪ ਸਿੰਘ ਬਾਜਵਾ ਵਿਧਾਇਕ ਹਲਕਾ ਕਾਦੀਆਂ ਨੇ ਝੋਨੇ ਦੀ ਖਰੀਦ ਅਤੇ ਪ੍ਰਬੰਧਾਂ ਨੂੰ ਲੈ ਕੇ ਦਾਣਾ ਮੰਡੀ ਧਾਰੀਵਾਲ ਦਾ ਦੌਰਾ ਕੀਤਾ। ਇਸ ਮੌਕੇ ਬਾਜਵਾ ਨੇ ਕਿਸਾਨਾਂ, ਮਜ਼ਦੂਰਾਂ ਅਤੇ ਆੜ੍ਹਤੀਆਂ ਦੀਆਂ ਮੁਸ਼ਕਲਾਂ ਸੁਣੀਆਂ। ਇਸ ਮੌਕੇ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀਆਂ ਨਾਕਾਮੀਆਂ ਕਾਰਨ ਅੱਜ ਪੰਜਾਬ ਦੇ ਕਿਸਾਨਾਂ ਨੂੰ ਝੋਨੇ ਦੀ ਫਸਲ ਵੇਚਣ ਲਈ ਮੰਡੀਆਂ ਵਿੱਚ ਰੁਲਣਾ ਪੈ ਰਿਹਾ ਹੈ। ਕਿਸਾਨਾਂ ਨੇ ਬਾਜਵਾ ਨੂੰ ਦੱਸਿਆ ਕਿ ਸ਼ੈਲਰਾਂ ਵਾਲੇ ਨਮੀ ਚੈੱਕ ਕਰਨ ਵਾਲੀ ਆਪਣੀ ਵਰਤਦੇ ਹਨ ਅਤੇ 300 ਰੁਪਏ ਤੋਂ ਵੱਧ ਕੱਟ ਲਗਾ ਰਹੇ ਹਨ। ਜਿਸ 'ਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਫੋਨ ਲਗਾਇਆ ਤਾਂ ਡਿਪਟੀ ਕਮਿਸ਼ਨਰ ਨੇ ਬਾਜਵਾ ਦਾ ਫੋਨ ਉਠਾਉਣਾ ਮੁਨਾਸਬ ਨਾ ਸਮਝਿਆ। ਫਿਰ ਬਾਜਵਾ ਨੇ ਚੀਫ ਸੈਕਟਰੀ ਪੰਜਾਬ ਕੇ.ਏ.ਪੀ.ਸਿਨਹਾ ਨਾਲ ਫੋਨ 'ਤੇ ਗੱਲਬਾਤ ਕਰਕੇ ਮੰਡੀਆਂ ਅੰਦਰ ਝੋਨੇ ਦੀ ਖਰੀਦ ਦੇ ਘਟੀਆਂ ਪ੍ਰਬੰਧਾਂ ਬਾਰੇ ਦੱਸਿਆ ਅਤੇ ਉਨ੍ਹਾਂ ਦੀ ਮੌਜੂਦ ਕਿਸਾਨਾਂ ਨਾਲ ਵੀ ਗੱਲਬਾਤ ਕਰਵਾਈ। ਬਾਜਵਾ ਨੇ ਕਿਹਾ ਆਪ ਸਰਕਾਰ ਦੀ ਨਾਕਾਮੀ ਕਾਰਨ ਪੰਜਾਬ ਅੰਦਰ ਕਿਸੇ ਦੀ ਵੀ ਜ਼ਿੰਦਗੀ ਅਤੇ ਕਾਰੋਬਾਰ ਸੁਰੱਖਿਅਤ ਨਹੀਂ ਹੈ। ਗੁਦਾਮਾਂ ਵਿੱਚ ਝੋਨਾ ਰੱਖਣ ਲਈ ਜਗ੍ਹਾ ਨਹੀਂ। ਪਰ ਸੂਬਾ ਸਰਕਾਰ ਆਪਣੀ ਜ਼ਿੰਮੇਵਾਰੀ ਤੋਂ ਭੱਜ ਰਹੀ ਹੈ ਅਤੇ ਕੇਂਦਰ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਉਣਾ ਸ਼ੁਰੂ ਕਰ ਦਿੱਤਾ ਹੈ। ਬਾਜਵਾ ਨੇ ਕਿਹਾ ਭਗਵੰਤ ਮਾਨ ਨੂੰ ਤਿੰਨ ਮਹੀਨੇ ਪਹਿਲਾਂ ਹੀ ਗੁਦਾਮ ਖਾਲੀ ਕਰਵਾਉਣੇ ਚਾਹੀਦੇ ਸਨ। ਹੁਣ ਅਮਿਤ ਸ਼ਾਹ ਜੋ ਦੇਸ ਦਾ ਗ੍ਰਹਿ ਮੰਤਰੀ ਹੈ, ਨੂੰ ਮਿਲਣ ਦੀ ਬਜਾਏ ਭਗਵੰਤ ਮਾਨ ਨੂੰ ਸਬੰਧਤ ਕੇਂਦਰੀ ਮੰਤਰੀ ਜਾਂ ਮੋਦੀ ਅਤੇ ਰੇਲ ਮੰਤਰੀ ਨੂੰ ਮਿਲਣ ਦੀ ਲੋੜ ਸੀ। ਬਾਜਵਾ ਨੇ ਕਿਹਾ ਪ੍ਰਧਾਨ ਮੰਤਰੀ ਮੋਦੀ, ਮੁੱਖ ਮੰਤਰੀ ਭਗਵੰਤ ਮਾਨ ਅਤੇ 'ਆਪ' ਸਰਕਾਰ ਦੀ ਜਿਸ ਕਿਸਮ ਦੀ ਪਾਲਿਸੀ ਚੱਲ ਰਹੀ ਹੈ, ਇਸ ਨਾਲ ਇਕੱਲਾ ਕਿਸਾਨ, ਖੇਤ ਮਜ਼ਦੂਰ ਅਤੇ ਆੜ੍ਹਤੀ ਹੀ ਨਹੀਂ,ਬਲਕਿ ਸ਼ੈਲਰਾਂ ਵਾਲੇ ਵੀ ਖਤਮ ਹੋ ਜਾਣਗੇ। ਇਸ ਮੌਕੇ ਕਾਂਗਰਸ ਬਲਾਕ ਪ੍ਰਧਾਨ ਗੁਰਨਾਮ ਸਿੰਘ ਜਫ਼ਰਵਾਲ, ਸਾਬਕਾ ਚੇਅਰਮੈਨ ਰਾਧੇ ਕ੍ਰਿਸ਼ਨ ਪੁਰੀ, ਸ਼ਹਿਰੀ ਪ੍ਰਧਾਨ ਸਰਦਾਰੀ ਲਾਲ, ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਮੰਗਲ ਸਿੰਘ ਜੱਫਰਵਾਲ, ਐਡਵੋਕੇਟ ਰਾਕੇਸ਼ ਰਣੀਆਂ, ਸਾਬਕਾ ਬਲਾਕ ਪ੍ਰਧਾਨ ਨਰੇਸ਼ ਜਫ਼ਰਵਾਲ, ਸੀਨੀਅਰ ਆਗੂ ਵਿਲਸਨ ਮਸੀਹ ਬਿੱਲਾ ਦੀਨਪੁਰ, ਅਸ਼ੋਕ ਖੋਖਰ, ਸਾਬਕਾ ਸਰਪੰਚ ਬਲਵਿੰਦਰ ਟਾਕ ਫੱਜੂਪੁਰ, ਸਾਬਕਾ ਸਰਪੰਚ ਕੁਲਵਿੰਦਰ ਸਿੰਘ ਲਾਡੀ ਆਲੋਵਾਲ, ਸੇਵਾਮੁਕਤ ਐਸ ਡੀ ਓ ਲਖਵਿੰਦਰ ਸਿੰਘ ਪੰਨੂੰ, ਸੁਖਜਿੰਦਰ ਸਿੰਘ ਬੋਪਾਰਾਏ, ਸਰਪੰਚ ਜਸਵੰਤ ਸਿੰਘ ਦੁਲੂਆਣਾ, ਆੜ੍ਹਤੀਆ ਕਰਤਾਰ ਸਿੰਘ ਭੰਗੂ, ਇੰਸਪਕੈਟਰ ਅਨੋਖ ਸਿੰਘ ਔਜਲਾ ਤੇ ਹੋਰ ਸਟਾਫ ਮੈਂਬਰ ਅਤੇ ਕਿਸਾਨ ਤੇ ਮਜ਼ਦੂਰ ਹਾਜ਼ਰ ਸਨ।

# ਕੇਂਦਰੀ ਸਿੱਖ ਅਜਾਇਬ ਘਰ 'ਚ ਚਾਰ ਸਿੱਖ ਸ਼ਖ਼ਸੀਅਤਾਂ ਦੀਆਂ ਤਸਵੀਰਾਂ ਸੁਸ਼ੋਭਿਤ



**ਅੰਮ੍ਰਿਤਸਰ** (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਥਿਤ ਕੇਂਦਰੀ ਸਿੱਖ ਅਜਾਇਬ ਘਰ 'ਚ ਵੀਰਵਾਰ ਚਾਰ ਸਿੱਖ ਸ਼ਖ਼ਸੀਅਤਾਂ ਦੀਆਂ ਤਸਵੀਰਾਂ ਸੁਸ਼ੋਭਿਤ ਕੀਤੀਆਂ ਗਈਆਂ, ਜਿਨ੍ਹਾਂ ਵਿਚ ਪੰਥ ਪ੍ਰਸਿੱਧ ਕਵੀਸ਼ਰ ਗਿਆਨੀ ਸਰੂਪ ਸਿੰਘ ਸੂਰਵਿੰਡ, ਸ਼ਹੀਦ ਬੰਤਾ ਸਿੰਘ ਬਰਨਾਲਾ, ਬਾਬਾ ਲਖਬੀਰ ਸਿੰਘ ਤੇ ਗਿਆਨੀ ਨਾਹਰ ਸਿੰਘ ਗੁੱਜਰਵਾਲ ਦੀਆਂ ਤਸਵੀਰਾਂ ਸ਼ਾਮਲ ਹਨ। ਤਸਵੀਰਾਂ ਤੋਂ ਪਰਦਾ ਹਟਾਉਣ ਦੀ ਰਸਮ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ, ਗ੍ਰੰਥੀ ਗਿਆਨੀ ਪਰਵਿੰਦਰਪਾਲ ਸਿੰਘ, ਦਲ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਸ਼੍ਰੋਮਣੀ ਕਮੇਟੀ ਦੇ ਮੈਂਬਰ ਪਰਮਜੀਤ ਸਿੰਘ ਖ਼ਾਲਸਾ ਤੇ ਸਕੱਤਰ ਪ੍ਰਤਾਪ ਸਿੰਘ ਨੇ ਨਿਭਾਈ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪ੍ਰਵਿੰਦਰਪਾਲ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਪਰਮਜੀਤ ਸਿੰਘ ਖ਼ਾਲਸਾ ਅਤੇ ਸਕੱਤਰ ਪ੍ਰਤਾਪ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੌਮ ਲਈ ਘਾਲਣਾ ਘਾਲਣ ਵਾਲੀਆਂ ਸ਼ਖ਼ਸੀਅਤਾਂ ਦਾ ਸਤਿਕਾਰ ਕਰਦਿਆਂ ਸਿੱਖ ਸੰਸਥਾ ਵੱਲੋਂ ਉਨ੍ਹਾਂ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਚ ਸੁਸ਼ੋਭਿਤ ਕੀਤੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਪਰਵਾਰਾਂ ਲਈ ਇਹ ਵੱਡੇ ਮਾਣ ਵਾਲੀ ਗੱਲ ਹੈ। ਇਸ ਮੌਕੇ ਚਾਰਾਂ ਸ਼ਖ਼ਸੀਅਤਾਂ ਦੇ ਪਰਵਾਰਕ ਮੈਂਬਰਾਂ ਅਤੇ ਪੁੱਜੀਆਂ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ, ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸੁਖਬੀਰ ਸਿੰਘ, ਸੁਪ੍ਰਡੰਟ ਨਿਸ਼ਾਨ ਸਿੰਘ ਤੇ ਮਲਕੀਤ ਸਿੰਘ ਬਹਿੜਵਾਲ, ਇੰਚਾਰਜ ਕਰਤਾਰ ਸਿੰਘ, ਮੇਜਰ ਸਿੰਘ, ਰਾਜਵਿੰਦਰ ਸਿੰਘ ਜੋਗਾ, ਮੈਨੇਜਰ ਨਰਿੰਦਰ ਸਿੰਘ, ਸਤਨਾਮ ਸਿੰਘ ਰਿਆੜ, ਵਧੀਕ ਮੈਨੇਜਰ ਇਕਬਾਲ ਸਿੰਘ ਮੁਖੀ, ਸੂਚਨਾ ਅਧਿਕਾਰੀ ਰਣਧੀਰ ਸਿੰਘ, ਬੀਬੀ ਸੁਖਵਿੰਦਰ ਕੌਰ, ਬੀਬੀ ਹਰਜਿੰਦਰ ਕੌਰ ਆਦਿ ਮੌਜੂਦ ਸਨ।

# ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਦੇ ਖਿਡਾਰੀਆਂ ਨੇ ਕੀਤੀਆਂ ਜਿੱਤਾਂ ਪ੍ਰਾਪਤ



**ਜੰਡਿਆਲਾ ਗੁਰੂ** (ਹਰਿੰਦਰਪਾਲ ਸਿੰਘ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜ਼ਿਲ੍ਹਾ ਲੈਵਲ ਦੀਆਂ ਖੇਡਾਂ ਅੰਮ੍ਰਿਤਸਰ ਦੇ ਵੱਖ ਵੱਖ ਸਕੂਲਾਂ ਵਿੱਚ ਹੋਈਆਂ।ਜਿਸ ਵਿੱਚ ਸੈਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਹੂੰਝਾਫੇਰ ਜਿੱਤਾਂ ਪ੍ਰਾਪਤ ਕੀਤੀਆਂ। ਅਥਲੈਟਿਕਸ ਦੇ ਲੜਕੀਆਂ ਦੇ ਮੁਕਾਬਲਿਆਂ ਵਿੱਚ ਅੰਡਰ 14 ਵਿੱਚ ਇਬਾਦਤ ਕੌਰ ਨੇ ਡਿਸਕਸ ਥਰੋ 'ਚ ਦੂਸਰੀ ਪਜੀਸ਼ਨ, ਮਨਰੀਤ ਕੌਰ 600 ਮੀਟਰ ਵਿੱਚ ਸੈਕੰਡ ਪੁਜੀਸ਼ਨ ਹਾਸਲ ਕੀਤੀ ਅਤੇ ਨਾਲ ਹੀ ਹਰਡਲ ਰੇਸ 80 ਮੀਟਰ ਵਿੱਚ ਫਸਟ ਪੁਜੀਸ਼ਨ ਹਾਸਲ ਕੀਤੀ। ਅੰਡਰ 17 ਕੈਟਾਗਰੀ ਵਿੱਚ ਕੋਮਲਪ੍ਰੀਤ ਕੌਰ 100 ਮੀਟਰ ਪਹਿਲੀ ਪੁਜੀਸ਼ਨ ਅਤੇ 200 ਮੀਟਰ ਵਿੱਚ ਦੂਸਰੀ ਪੁਜੀਸ਼ਨ ਹਾਸਲ ਕੀਤੀ। ਮਨਦੀਪ ਕੌਰ 200 ਮੀਟਰ ਵਿੱਚ ਥਰਡ ਪੁਜੀਸ਼ਨ , ਪਰਨੀਤ ਕੌਰ ਰਿਲੇ ਰੇਸ 4*400 ਵਿਚ ਥਰਡ ਪੁਜੀਸ਼ਨ ਅਤੇ ਹਰਡਲ 110 ਮੀਟਰ ਵਿੱਚ ਥਰਡ ਪੁਜੀਸ਼ਨ ਅਤੇ ਰਿਲੇ ਰੇਸ 4*100 ਵਿਚ ਪਹਿਲੀ ਪੁਜੀਸ਼ਨ, ਸਾਖੋ ਟਰਿਪਲ ਜੰਪ ਥਰਡ ਪੁਜੀਸ਼ਨ ਹਾਸਲ ਕੀਤੀ। ਅੰਡਰ 19 ਮੁਕਾਬਲਿਆਂ ਵਿੱਚ ਸੁਖਮਨਦੀਪ ਕੌਰ ਲੌਂਗ ਜੰਪ ਫਸਟ ਪਜੀਸ਼ਨ ਅਤੇ 100 ਮੀਟਰ ਵਿੱਚ ਥਰਡ ਪੁਜੀਸ਼ਨ, ਕੋਮਲਪ੍ਰੀਤ ਕੌਰ 200 ਮੀਟਰ ਫਸਟ ਪੁਜੀਸ਼ਨ ਅਤੇ 100 ਮੀਟਰ ਸੈਕੰਡ ਪੁਜੀਸ਼ਨ, ਖੁਸ਼ਦੀਪ ਕੌਰ ਹਰਡਲ 110 ਮੀਟਰ ਸੈਕੰਡ ਪੁਜੀਸ਼ਨ ਅਤੇ 400 ਮੀਟਰ ਥਰਡ ਪੁਜੀਸ਼ਨ, ਰਿਪਨਦੀਪ ਕੌਰ 4*400 ਮੀਟਰ ਰਿਲੇ ਰੇਸ ਫਸਟ ਪੁਜੀਸ਼ਨ ਅਤੇ 4*100 ਮੀਟਰ ਸੈਕੰਡ ਪੁਜੀਸ਼ਨ ਹਾਸਲ ਕੀਤੀ। ਅਥਲੈਟਿਕਸ ਵਿੱਚ ਮੁੰਡਿਆਂ ਦੇ ਮੁਕਾਬਲਿਆਂ ਵਿੱਚ ਅੰਡਰ 19 ਵਿੱਚ ਵਾਰਸ ਬੀਰ ਸਿੰਘ ਡਿਸਕਸ ਥਰੋ ਵਿਚ ਦੂਸਰੀ ਪੁਜੀਸ਼ਨ ਅਤੇ ਅੰਡਰ 17 ਵਿੱਚ ਅੰਸ਼ਪ੍ਰੀਤ ਸਿੰਘ ਡਿਸਕਸ ਥਰੋ ਸੈਕੰਡ ਪੋਜੀਸ਼ਨ, ਸਰਤਾਜਜੀਤ ਸਿੰਘ ਡਿਸਕਸ ਥਰੋ ਥਰਡ ਪੁਜੀਸ਼ਨ। ਅੰਡਰ 17 ਦੇ ਮੁਕਾਬਲਿਆਂ ਵਿੱਚ ਰਿਲੇ ਰੇਸ 4* 400 ਮੀਟਰ ਵਿੱਚ ਗੁਰਨੂਰ ਸਿੰਘ ਜੁਗਰਾਜ ਸਿੰਘ ਸਰਤਾਜ ਸਿੰਘ ਬਲਰਾਜ ਸਿੰਘ ਨੇ ਦੂਸਰੀ ਪਟੀਸ਼ਨ ਹਾਸਿਲ ਕੀਤੀ।ਅੰਡਰ 19 ਰਿਲੇ ਰੇਸ 4*400 ਵਿਚ ਹਰਸ਼ਦੀਪ ਸਿੰਘ ਦਿਲਸ਼ਾਨ ਸਿੰਘ ਵਾਰਸ ਬੀਰ ਸਿੰਘ ਅਤੇ ਸੁਖਪਾਲ ਸਿੰਘ ਨੇ ਦੂਸਰੀ ਪੁਜੀਸ਼ਨ ਹਾਸਲ ਕੀਤੀ।ਹਰਡਲ ਰੇਸ 110 ਮੀਟਰ ਵਿੱਚ ਦਿਲਸ਼ਾਨ ਸਿੰਘ ਨੇ ਦੂਸਰੀ ਪ੍ਰਸ਼ਨ ਹਾਸਲ ਕੀਤੀ।ਅੰਡਰ 19 ਦੇ ਮੁਕਾਬਲਿਆਂ ਵਿੱਚ ਹਰਡਲ ਰੇਸ 400 ਮੀਟਰ ਵਿੱਚ ਹਰਸ਼ਦੀਪ ਸਿੰਘ ਨੇ ਪਹਿਲੀ ਪੁਜੀਸ਼ਨ ਅਤੇ ਹਰਡਲ ਰੇਸ 110 ਮੀਟਰ ਵਿੱਚ ਦਿਲਸ਼ਾਨ ਸਿੰਘ ਨੇ ਦੂਸਰੀ ਪੁਜੀਸ਼ਨ ਹਾਸਲ ਕੀਤੀ। ਹਾਕੀ ਮੁਕਾਬਲਿਆਂ ਵਿੱਚ ਅੰਡਰ 11ਕੈਟੇਗਰੀ ਵਿੱਚ ਸਕੂਲ ਦੀ ਮੁੰਡਿਆਂ ਦੀ ਹਾਕੀ ਦੀ ਟੀਮ ਨੇ ਜ਼ਿਲ੍ਹਾ ਲੈਵਲ 'ਤੇ ਦੂਸਰੀ ਪੁਜੀਸ਼ਨ ਹਾਸਲ ਕੀਤੀ ਅਤੇ ਟੀਮ ਦੇ ਚਾਰ ਖਿਡਾਰੀ ਸਟੇਟ ਲੈਵਲ ਵਾਸਤੇ ਚੁਣੇ ਗਏ। ਹੈਂਡਬਾਲ ਲੜਕੀਆਂ ਦੇ ਅੰਡਰ 11 ਦੇ ਮੁਕਾਬਲਿਆਂ ਵਿੱਚ ਸਕੂਲ ਦੀਆਂ ਲੜਕੀਆਂ ਦੀ ਹੈਂਡਬਾਲ ਦੀ ਟੀਮ ਨੇ ਦੂਸਰੀ ਪੁਜੀਸ਼ਨ ਹਾਸਲ ਕੀਤੀ ਅਤੇ ਚਾਰ ਖਿਡਾਰਨਾਂ ਸਟੇਟ ਲੈਵਲ ਵਾਸਤੇ ਚੁਣੀਆਂ ਗਈਆਂ।ਇਸੇ ਤਰ੍ਹਾਂ ਸਕੂਲ ਦੀ ਲੜਕੀਆਂ ਦੀ ਕਬੱਡੀ ਦੀ ਅੰਡਰ 11 ਟੀਮ ਨੇ ਤੀਸਰੀ ਪੁਜੀਸ਼ਨ ਹਾਸਲ ਕੀਤੀ ਅਤੇ ਇੱਕ ਖਿਡਾਰਨ ਸਟੇਟ ਲੈਵਲ ਵਾਸਤੇ ਚੁਣੀ ਗਈ।ਜੇਤੂ ਖਿਡਾਰੀਆਂ ਦੇ ਸਕੂਲ ਪਹੁੰਚਣ 'ਤੇ ਉਹਨਾਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੱਤੀ।

# ਮਾਤਾ ਪਰਮਜੀਤ ਕੌਰ ਨੂੰ ਵੱਖ-ਵੱਖ ਸ਼ਖਸੀਅਤਾਂ ਵੱਲੋਂ ਸ਼ਰਧਾਂਜਲੀਆਂ ਭੇਟ



**ਅੰਮ੍ਰਿਤਸਰ** (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ )- ਬੀਤੀ 15 ਅਕਤੂਬਰ ਨੂੰ ਪੰਥਕ ਆਗੂ ਭਾਈ ਸ਼ਮਸ਼ੇਰ ਸਿੰਘ ਪੱਧਰੀ, ਪ੍ਰੋਫੈਸਰ ਕੁਲਦੀਪ ਸਿੰਘ ਅਤੇ ਦਿਲਬਾਗ ਸਿੰਘ ਪਹਿਲਵਾਨ ( ਤਿੰਨੋਂ ਭਰਾਤਾ ) ਦੇ ਸਤਿਕਾਰਯੋਗ ਮਾਤਾ ਪਰਮਜੀਤ ਕੌਰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦਿਆਂ 70 ਸਾਲ ਦੀ ਉਮਰ ਭੋਗਦਿਆਂ ਸਦੀਵੀ ਵਿਛੋੜਾ ਦੇ ਗਏ ਸਨ। ਵੀਰਵਾਰ ਉਹਨਾਂ ਨਮਿੱਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਸਾਧ ਸੰਗਤ, ਕਬੀਰ ਪਾਰਕ ਅੰਮ੍ਰਿਤਸਰ ਵਿਖੇ ਕੀਤੀ ਗਈ। ਇਸ ਮੌਕੇ ਵੱਖ-ਵੱਖ ਸ਼ਖਸੀਅਤਾਂ ਨੇ ਮਾਤਾ ਦੀ ਅੰਤਿਮ ਅਰਦਾਸ 'ਚ ਸ਼ਾਮਿਲ ਹੋਕੇ ਪਰਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕੀਤਾ ਅਤੇ ਮਾਤਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਜਿਨ੍ਹਾਂ ਵਿੱਚ ਪਰਵਾਰਕ ਮੈਂਬਰਾਂ ਤੋਂ ਇਲਾਵਾ ਮੁੱਖ ਤੌਰ 'ਤੇ ਵਾਈਸ ਚਾਂਸਲਰ ਖਾਲਸਾ ਯੂਨੀਵਰਸਿਟੀ ਅੰਮ੍ਰਿਤਸਰ ਮਹਿਲ ਸਿੰਘ ਭੁੱਲਰ, ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਭਾਈ ਤਰਸੇਮ ਸਿੰਘ, ਭਾਈ ਮਨਜੀਤ ਸਿੰਘ, ਭਾਈ ਕੰਵਰਚੜ੍ਹਤ ਸਿੰਘ, ਭਾਈ ਭੁਪਿੰਦਰ ਸਿੰਘ ਗੱਦਲੀ, ਭਾਈ ਹਰਜੀਤ ਸਿੰਘ ਪੁਰੇਵਾਲ, ਪ੍ਰੋਫੈਸਰ ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਪੰਜਾਬ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਿੱਲੀ), ਪ੍ਰੋਫੈਸਰ ਅਵਤਾਰ ਸਿੰਘ, ਪ੍ਰੋ. ਰਮਿੰਦਰ ਕੌਰ (ਸਾਬਕਾ ਮੁਖੀ, ਪੰਜਾਬੀ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ), ਪ੍ਰੋ. ਹਰਿਭਜਨ ਸਿੰਘ ਭਾਟੀਆ ( ਸਾਬਕਾ ਮੁਖੀ, ਪੰਜਾਬੀ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ), ਡਾ. ਮਨਜਿੰਦਰ ਸਿੰਘ ( ਮੁਖੀ ਪੰਜਾਬੀ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ), ਜੁਗਰਾਜ ਸਿੰਘ ਪ੍ਰਧਾਨ ਯੂਨਾਈਟਿਡ ਸਿੱਖ ਸਟੂਡੈਂਟਸ ਫੈਡਰੇਸ਼ਨ, ਸੁਰਿੰਦਰ ਸਿੰਘ ਰਾਣਾ ਸਾਬਕਾ ਸਰਪੰਚ ਪਿੰਡ ਸੁਰਸਿੰਘ, ਮੇਜਰ ਸਿੰਘ ਸਰਪੰਚ ਪਿੰਡ ਕੱਕੜ, ਭੁਪਿੰਦਰ ਸਿੰਘ ਬਿੱਟੂ ਵਾਈਸ ਚੇਅਰਮੈਨ ਵੇਰਕਾ ਮਿਲਕ ਪਲਾਂਟ, ਭਾਈ ਇਕਬਾਲ ਸਿੰਘ ਤੁੰਗ, ਬੀਬੀ ਰਸ਼ਪਿੰਦਰ ਕੌਰ ਮੁੱਖ ਸੰਪਾਦਕ ਮੈਗਜ਼ੀਨ ਪੀਘਾਂ ਸੋਚ ਦੀਆਂ, ਭਾਈ ਰਵੀਸ਼ੇਰ ਸਿੰਘ ਯੂਥ ਆਗੂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਸਿਮਰਨ ਸਿੰਘ, ਸਮੂਹ ਸਟਾਫ ਖਾਲਸਾ ਕਾਲਜ ਅੰਮ੍ਰਿਤਸਰ, ਸਮੂਹ ਸਟਾਫ ਖ਼ਾਲਸਾ ਕਾਲਜ ਫਾਰ ਵਿਮੈਨ ਅੰਮ੍ਰਿਤਸਰ, ਡਾ. ਸੁਖਬੀਰ ਕੌਰ ਮਾਹਲ (ਸਾਬਕਾ ਪ੍ਰਿੰਸੀਪਲ, ਖ਼ਾਲਸਾ ਕਾਲਜ ਫਾਰ ਵਿਮੈਨ), ਭਾਈ ਦਲਜੀਤ ਸਿੰਘ ਜ਼ੀਰਾ, ਭਾਈ ਗੁਰਵਿੰਦਰ ਸਿੰਘ ਫਤਹਿਗੜ੍ਹ ਸਭਰਾ, ਭਾਈ ਬਲਵਿੰਦਰ ਸਿੰਘ ਬਿੱਟੂ ਮੱਖੂ ਅਤੇ ਪ੍ਰੋ. ਪਲਵਿੰਦਰ ਸਿੰਘ ਹਾਜ਼ਰ ਸਨ। ਇਸ ਮੌਕੇ ਪ੍ਰੋਫੈਸਰ ਕੰਵਲਜੀਤ ਸਿੰਘ ਨੇ ਪਰਵਾਰ ਵੱਲੋਂ ਸਮੂਹ ਸੰਗਤ ਦਾ ਮਾਤਾ ਪਰਮਜੀਤ ਕੌਰ ਦੀ ਅੰਤਿਮ ਅਰਦਾਸ ਵਿੱਚ ਪਹੁੰਚਣ 'ਤੇ ਧੰਨਵਾਦ ਕੀਤਾ ਅਤੇ ਮਾਤਾ ਦੇ ਜੀਵਨ 'ਤੇ ਸੰਖੇਪ ਚਾਨਣਾ ਪਾਉਂਦੇ ਹੋਏ ਕਿਹਾ ਕਿ ਮਾਤਾ ਪਰਮਜੀਤ ਕੌਰ ਜੀ ਬਹੁਤ ਮਿਲਾਪੜੇ ਸੁਭਾਅ ਅਤੇ ਗੁਰੂ ਦਾ ਨਾਮ ਲੈਣ ਵਾਲੇ ਸਨ।

26-Oct-PAGE-12.qxd 10/25/2024 10:58 PM Page 1



# ਸਿੱਖਿਆ ਬੋਰਡ ਕਰਮਚਾਰੀ ਯੂਨੀਅਨ ਦੀਆਂ ਚੋਣਾਂ 'ਚ ਦੋਵਾਂ ਗਰੁੱਪਾਂ 'ਚ ਸਿੱਧਾ ਮੁਕਾਬਲਾ



**ਮੋਹਾਲੀ, (ਗੁਰਜੀਤ ਬਿੱਲਾ)**-ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਯੂਨੀਅਨ ਦੀਆਂ 29 ਅਕਤੂਬਰ ਨੂੰ ਹੋ ਰਹੀਆਂ ਚੋਣਾਂ ਲਈ ਨਾਮਜਦਗੀ ਭਰਨ ਦਾ ਕੰਮ ਮੁਕੰਮਲ ਹੋ ਗਿਆ। ਇਸ ਵਾਰ ਫਿਰ ਦੋਵੇਂ ਰਵਾਇਤੀ ਗਰੁੱਪਾਂ ਸਰਬ-ਸਾਂਝਾ ਰਾਣੂੰ ਗਰੁੱਪ ਅਤੇ ਖੰਗੁੜਾ-ਕਾਹਲੋਂ ਗਰੁੱਪ ਵਿੱਚ ਸਿੱਧਾ ਮਕਾਬਲਾ ਹੋਵੇਗਾ।ਪਿਛਲੇ ਦੋ ਸਾਲਾਂ ਵਿੱਚ ਹੋਈਆਂ ਚੋਣਾਂ ਵਿੱਚ ਮਿਲੀ ਜੁਲੀ ਯੂਨੀਅਨ ਤੋਂ ਤੋਬਾ ਕਰਦੇ ਹੋਏ ਦੋਵੇਂ ਗਰੁੱਪ ਅਪੀਲ ਕਰ ਰਹੇ ਹਨ ਕਿ ਕਿਸੇ ਵੀ ਇਕ ਗਰੁੱਪ ਦੀ ਹੀ ਸਾਰੀ ਟੀਮ ਦੀ ਚੋਣ ਕੀਤੀ ਜਾਵੇ।ਚੋਣ ਕਮਿਸ਼ਨ ਦਰਸ਼ਨ ਰਾਮ, ਗੁਲਾਬ ਚੰਦ, ਗੁਰਦੀਪ ਸਿੰਘ ਅਤੇ ਅਜੀਤ ਪਾਲ ਸਿੰਘ ਵੱਲੋਂ ਜਾਰੀ ਸੂਚੀ ਅਨੁਸਾਰ ਸਰਬ-ਸਾਂਝਾ ਰਾਣੂੰ ਗਰੁੱਪ ਨੂੰ ਨੀਲਾ ਰੰਗ ਅਤੇ ਖੰਗੁੜਾ-ਕਾਹਲੋਂ ਗਰੁੱਪ ਨੂੰ ਲਾਲ ਰੰਗ ਅਲਾਟ ਕੀਤਾ ਗਿਆ ਹੈ।ਉਨ੍ਹਾਂ ਵੱਲੋਂ ਜਾਰੀ ਸੂਚੀ ਅਨੁਸਾਰ ਪ੍ਰਧਾਨਗੀ ਲਈ ਸਰਬ-ਸਾਂਝਾ ਰਾਣੂੰ ਗਰੁੱਪ ਵੱਲੋਂ ਰਮਨਦੀਪ ਕੌਰ ਗਿੱਲ ਅਤੇ ਖੰਗੁੜਾ-ਕਾਹਲੋਂ ਗਰੁੱਪ ਪਰਵਿੰਦਰ ਸਿੰਘ ਖੰਗੁੜਾ, ਸੀਨੀਅਰ ਮੀਤ ਪ੍ਰਧਾਨ ਲਈ ਸਰਬ-ਸਾਂਝਾ ਰਾਣੂੰ ਗਰੁੱਪ ਵੱਲੋਂ ਬਲਜਿੰਦਰ ਸਿੰਘ ਬਰਾੜ ਅਤੇ ਖੰਗੁੜਾ -ਕਾਹਲੋਂ ਗਰੁੱਪ ਵੱਲੋਂ ਗੁਰਚਰਨ ਸਿੰਘ ਤਰਮਾਲਾ, ਮੀਤ ਪ੍ਰਧਾਨ-1 ਦੇ ਲਈ ਸਰਬਸਾਂਝਾ -ਰਾਣੂੰ ਗਰੁੱਪ ਵੱਲੋਂ ਬੰਤ ਸਿੰਘ ਧਾਲੀਵਾਲ ਅਤੇ ਖੰਗੁੜਾ ਕਾਹਲੋਂ ਗਰੁੱਪ ਵੱਲੋਂ ਗੁਰਪ੍ਰੀਤ ਸਿੰਘ ਕਾਹਲੋਂ, ਮੀਤ ਪ੍ਰਧਾਨ 2 ਦੇ ਲਈ ਸਰਬ ਸਾਂਝਾ-ਰਾਣੂੰ ਗਰੁੱਪ ਵੱਲੋਂ ਰਾਜਿੰਦਰ ਸਿੰਘ ਮੈਣੀ ਅਤੇ ਖੰਗੁੜਾ ਕਾਹਲੋਂ ਗਰੁੱਪ ਵੱਲੋਂ ਸਤਨਾਮ ਸਿੰਘ ਸੱਤਾ, ਜੂਨੀਅਰ ਮੀਤ ਪ੍ਰਧਾਨ ਲਈ ਸਰਬ ਸਾਂਝਾ -ਰਾਣੂੰ ਗਰੁੱਪ ਵੱਲੋਂ ਜਸਕਰਨ ਸਿੰਘ ਸਿੱਧੂ, ਖੰਗੁੜਾ-ਕਾਹਲੋਂ ਗਰੁੱਪ ਵੱਲੋਂ ਮਲਕੀਤ ਸਿੰਘ ਗਗੜ, ਜਨਰਲ ਸਕੱਤਰ ਲਈ ਸਰਬ ਸਾਂਝਾ -ਰਾਣੂੰ ਗਰੁੱਪ ਵੱਲੋਂ ਸੁਖਚੈਨ ਸਿੰਘ ਸੈਣੀ, ਖੰਗੁੜਾ ਗਰੁੱਪ ਵੱਲੋਂ ਪਰਮਜੀਤ ਸਿੰਘ ਬੈਨੀਪਾਲ, ਸਕੱਤਰ ਦੇ ਲਈ ਸਰਬ ਸਾਂਝਾ -ਰਾਣੂੰ ਗਰੁੱਪ ਸੁਨੀਲ ਅਰੋੜਾ ਅਤੇ ਖੰਗੁੜਾ ਕਾਹਲੋਂ ਗਰੁੱਪ ਵੱਲੋਂ ਮਨੋਜ ਰਾਣਾ, ਸੰਯੁਕਤ ਸਕੱਤਰ ਲਈ ਸਰਬ ਸਾਂਝਾ -ਰਾਣੂੰ ਗਰੁੱਪ ਵੱਲੋਂ ਗੁਰਇਕਬਾਲ ਸਿੰਘ ਸੋਢੀ ਅਤੇ ਖੰਗੁੜਾ -ਕਹਲੋਂ ਗਰੁੱਪ ਵੱਲੋਂ ਗੁਰਜੀਤ ਸਿੰਘ ਬੀਦੋਵਾਲੀ, ਵਿੱਤ ਸਕੱਤਰ ਲਈ ਸਰਬ ਸਾਂਝਾ -ਰਾਣੂੰ ਗਰੁੱਪ ਵੱਲੋਂ ਪਰਮਜੀਤ ਸਿੰਘ ਪੰਮਾਂ, ਖੰਗੁੜਾ -ਕਾਹਲੋਂ ਗਰੁੱਪ ਵੱਲੋਂ ਰਮਨਦੀਪ ਸਿੰਘ ਬੋਪਾਰਾਏ, ਦਫਤਰ ਸਕੱਤਰ ਲਈ ਸਰਬ ਸਾਂਝਾ- ਰਾਣੂੰ ਗਰੁੱਪ ਵੱਲੋਂ ਸੁਨੀਤਾ ਬਿੰਦ ਅਤੇ ਖੰਗੁੜਾ -ਕਾਹਲੋਂ ਗਰੁੱਪ ਵੱਲੋਂ ਸੀਮਾਂ ਸੂਦ, ਸੰਗਠਨ ਸਕੱਤਰ ਲਈ ਸਰਬ ਸਾਝਾ- ਰਾਣੂੰ ਗਰੁੱਪ ਵੱਲੋਂ ਜਸਬੀਰ ਕੌਰ, ਖੰਗੁੜਾ-ਕਾਹਲੋਂ ਗਰੁੱਪ ਸਵਰਨ ਸਿੰਘ ਤਿਉੜ, ਅਤੇ ਪ੍ਰੈਸ ਸਕੱਤਰ ਲਈ ਸਰਬ ਸਾਂਝਾ -ਰਾਣੂੰ ਗਰੁੱਪ ਵੱਲੋਂ ਬਲਜਿੰਦਰ ਸਿੰਘ ਮਾਂਗਟ ਅਤੇ ਖੰਗੁੜਾ- ਕਾਹਲੋਂ ਗਰੁੱਪ ਵੱਲੋਂ ਜਸਵਿੰਦਰ ਸਿੰਘ ਚੋਣ ਮੈਦਾਨ ਵਿੱਚ ਨਿਤਰੇ ਹਨ। ਇਸ ਤਰਾਂ ਹੀ ਦੋਵੇਂ ਗਰੁੱਪਾਂ ਵੱਲੋਂ 14- 14 ਕਰਮਚਾਰੀ ਕਾਰਜਕਾਰਣੀ ਲਈ ਅਪਣੇ ਉਮੀਦਵਾਰ ਖੜੇ ਕੀਤੇ ਗਏ ਹਨ।

# ਹਥਿਆਰਾਂ ਨੂੰ ਪ੍ਰਮੋਟ ਕਰਨ ਵਾਲੇ ਗੀਤਾਂ ਤੇ ਫੁੱਟਪਾਥਾਂ 'ਤੇ ਬੋਰਡ ਲਗਵਾਉਣ 'ਤੇ ਪਾਬੰਦੀ

**ਜਲੰਧਰ (ਇਕਬਾਲ ਸਿੰਘ ਉਭੀ)**- ਪੁਲਸ ਕਮਿਸ਼ਨਰ ਸਵਪਨ ਸ਼ਰਮਾ ਵਲੋਂ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ, 2023 ਦੀ ਧਾਰਾ 163 ਅਤੇ ਆਰਮਜ਼ ਰੂਲਜ 2016 ਦੇ ਰੂਲ ਨੰਬਰ 32 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੁਲਿਸ ਕਮਿਸ਼ਨਰੇਟ ਜਲੰਧਰ ਦੇ ਇਲਾਕੇ ਵਿੱਚ ਹੁਕਮ ਜਾਰੀ ਕੀਤੇ ਗਏ ਹਨ ਕਿ ਕਿਸੇ ਵੀ ਵਿਅਕਤੀ ਵਲੋਂ ਜਨਤਕ ਥਾਵਾਂ, ਧਾਰਮਿਕ ਥਾਵਾਂ, ਵਿਆਹਾਂ-ਸ਼ਾਦੀਆਂ/ਪਾਰਟੀਆਂ ਦੇ ਮੌਕੇ 'ਤੇ ਮੈਰਿਜ ਪੈਲੇਸਾਂ/ਹੋਟਲਾਂ/ਹਾਲਾਂ ਆਦਿ ਵਿੱਚ ਅਤੇ ਹੋਰ ਇਕੱਠ ਵਾਲੀਆਂ ਥਾਵਾਂ ਵਿੱਚ ਹਥਿਆਰ ਲੈ ਕੇ ਜਾਣ ਅਤੇ ਹਥਿਆਰਾਂ ਨੂੰ ਪ੍ਰਦਰਸ਼ਨ ਕਰਨ (ਪਬਲਿਕ ਡਿਸਪਲੇਅ) 'ਤੇ ਪੂਰਨ ਪਾਬੰਦੀ ਲਗਾਈ ਗਈ ਹੈ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਕੋਈ ਵੀ ਵਿਅਕਤੀ ਹਥਿਆਰਾਂ ਨੂੰ ਪ੍ਰਮੋਟ ਕਰਨ ਵਾਲੇ ਗੀਤਾਂ ਅਤੇ ਹਿੰਸਾ/ਲੜਾਈਆਂ-ਝਗੜਿਆਂ ਦੀ ਵਡਿਆਈ ਕਰਨ ਵਾਲੇ ਗੀਤਾਂ ਅਤੇ ਹਥਿਆਰਾਂ ਨੂੰ ਲੈ ਕੇ ਫੋਟੋ ਆਦਿ ਖਿਚਵਾ ਕੇ ਜਾਂ ਵੀਡੀਓ ਕਲਿੱਪ ਬਣਾ ਕੇ ਸੋਸ਼ਲ ਮੀਡੀਆ ਫੇਸਬੁੱਕ, ਵਟਸਐਪ, ਸਨੈਪਚੈਟ ਅਤੇ ਇਸਟਾਗ੍ਰਾਮ ਆਦਿ 'ਤੇ ਅਪਲੋਡ ਨਹੀਂ ਕਰੇਗਾ, ਅਜਿਹਾ ਕਰਨ 'ਤੇ ਪੂਰਨ ਪਾਬੰਦੀ ਹੈ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਕੋਈ ਵੀ ਵਿਅਕਤੀ ਕਿਸੇ ਵੀ ਭਾਈਚਾਰੇ ਵਿਰੁੱਧ ਨਫ਼ਰਤ ਭਰਿਆ ਭਾਸ਼ਣ ਨਹੀਂ ਦੇਵੇਗਾ। ਉਨ੍ਹਾਂ ਦੱਸਿਆ ਕਿ ਕਮਿਸ਼ਨਰੇਟ ਪੁਲਿਸ ਜਲੰਧਰ ਦੀ ਹਦੂਦ ਅੰਦਰ ਸੜਕਾਂ ਦੇ ਨਾਲ-ਨਾਲ ਫੁੱਟਪਾਥਾਂ 'ਤੇ ਅਣ-ਅਧਿਕਾਰਤ ਬੋਰਡ ਲਗਵਾਉਣ, ਦੁਕਾਨਦਾਰਾਂ ਵਲੋਂ ਦੁਕਾਨਾਂ ਦੀ ਹੱਦ ਤੋਂ ਬਾਹਰ ਸੜਕਾਂ 'ਤੇ ਅਤੇ ਫੁੱਟਪਾਥਾਂ 'ਤੇ ਸਮਾਨ ਰੱਖ ਕੇ ਵੇਚਣ ਉਤੇ ਪਾਬੰਦੀ ਲਗਾ ਦਿੱਤੀ ਹੈ। ਉਕਤ ਇਹ ਦੋਵੇਂ ਹੁਕਮ 24.10.2024 ਤੋਂ 23.12.2024 ਤੱਕ ਲਾਗੂ ਰਹਿਣਗੇ।

# ਝੋਨੇ ਦੀ ਖਰੀਦ ਸੰਬੰਧੀ ਸਰਕਾਰ, ਪ੍ਰਸ਼ਾਸਨ ਤੇ ਆਪ ਆਗੂਆਂ ਦੇ ਦਾਅਵੇ ਖੋਖਲੇ : ਕਿਸਾਨ ਆਗੂ



**ਭਲਾਣ (ਹਰਭਜਨ ਢਿੱਲੋਂ)** ਪੰਜਾਬ ਸਰਕਾਰ, ਪ੍ਰਸ਼ਾਸਨ ਅਤੇ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਝੋਨੇ ਦੀ ਖਰੀਦ ਸਬੰਧੀ ਕੀਤੇ ਜਾ ਰਹੇ ਦਾਅਵੇ ਖੋਖਲੇ ਹਨ। ਸੰਯੁਕਤ ਕਿਸਾਨ ਮੋਰਚਾ ਦੇ ਦਿੱਤੇ ਚੱਕਾ ਜਾਮ ਦੇ ਸੱਦੇ ਨੂੰ ਸਫ਼ਲ ਕਰਨ ਵਿੱਚ ਕਿਸਾਨ ਕੋਈ ਕਸਰ ਬਾਕੀ ਨਾ ਛੱਡਣ। ਕੁੱਲ ਹਿੰਦ ਕਿਸਾਨ ਸਭਾ ਦੇ ਜਿਲ੍ਹਾ ਪ੍ਰਧਾਨ ਸੁਰਜੀਤ ਸਿੰਘ ਢੇਰ, ਸੀਨੀਅਰ ਮੀਤ ਪ੍ਰਧਾਨ ਮਹਿੰਦਰ ਸਿੰਘ ਸੰਗਤਪੁਰ,ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਸੁਰਿੰਦਰ ਸਿੰਘ ਸ਼ਿੰਦਾ, ਰੂਬੀ ਭੱਲੜੀ ਨੇ ਸਹਿਜੋਵਾਲ ਅਨਾਜ਼ ਮੰਡੀ ਵਿੱਚ ਦੌਰਾ ਕਰਕੇ ਇਹ ਗੱਲ ਸਾਬਤ ਕੀਤੀ ਕਿ ਹੁਣ ਤੱਕ 18284 ਕੁਇੰਟਲ ਝੋਨਾ ਦੀ ਖਰੀਦ ਨਹੀਂ ਹੋ ਰਹੀ ਹੈ। ਹੁਣ ਤੱਕ 10566 ਕੁਇੰਟਲ ਝੋਨਾ ਖਰੀਦਿਆ ਗਿਆ ਹੈ। ਸਿਰਫ਼ ਐਫ਼ ਸੀ ਆਈ ਦੀ ਲਿਫਟਿੰਗ ਹੋ ਰਹੀ। ਹੁਣ ਮੰਡੀ ਵਿੱਚ ਬਾਰਦਾਨਾਂ ਨਹੀਂ ਹੈ। ਸ਼ੈਲਰ ਮਾਲਕਾਂ ਨੇ ਇੱਕ ਵੀ ਬੋਰੀ ਨਹੀਂ ਚੁੱਕੀ।

ਉਕਤ ਆਗੂਆਂ ਨੇ ਦੱਸਿਆ ਕਿ ਨੰਗਲ ਅਤੇ ਅਜੋਲੀ ਦੀ ਮੰਡੀਆਂ ਬੰਦ ਹਨ। ਪਰ ਸਰਕਾਰੀ ਪ੍ਰੈਸ ਨੋਟ ਹਕੀਕਤ ਨੂੰ ਚੁਠਲਾ ਰਹੇ ਹਨ। ਹੁਣ ਤੱਕ ਝੋਨੇ ਦੀ ਖਰੀਦ ਖ਼ਤਮ ਹੋਣ ਤੱਕ ਪਹੁੰਚ ਗਈ ਹੁੰਦੀ ਜੇਕਰ ਸਰਕਾਰ ਸਮੇਂ ਸਿਰ ਬਾਰਦਾਨਾਂ ਅਤੇ ਲਿਫਟਿੰਗ ਦਾ ਕੰਮ ਮੁਕੰਮਲ ਕੀਤਾ ਹੁੰਦਾ। ਆੜ੍ਹਤੀ ਝੋਨਾ ਇਸ ਕਰਕੇ ਵੀ ਨਹੀਂ ਖਰੀਦ ਰਹੇ ਕਿਉਂਕਿ ਮਾਲ ਕੌਣ ਚੁੱਕੇਗਾ।ਕਿਸਾਨ ਆਗੂਆਂ ਨੇ ਕਿਹਾ ਕਿ ਅਸਲ ਵਿੱਚ ਕੇਂਦਰ ਅਤੇ ਪੰਜਾਬ ਸਰਕਾਰ ਦੀ ਕਿਸਾਨਾਂ ਪ੍ਰਤੀ ਬੇਰੁਖ਼ੀ ਭਾਵਨਾ ਕਾਰਨ ਕਿਸਾਨ ਆਪਣੀ ਫ਼ਸਲ ਵੇਚਣ ਲਈ ਹੱਦੋਂ ਵੱਧ ਪ੍ਰੇਸ਼ਾਨ ਹੋ ਰਿਹਾ ਹੈ। ਕਾਰਪੋਰੇਟ ਘਰਾਣੇ ਕਿਸਾਨ ਤੋਂ ਖੇਤੀ ਛਡਾਉਣ ਦਾ ਰਾਹ ਪੱਧਰਾ ਕਰ ਰਹੇ ਹਨ।ਆਗੂਆਂ ਨੇ ਕਿਸਾਨਾਂ ਮਜ਼ਦੂਰਾਂ, ਆੜ੍ਹਤੀਆਂ ਨੂੰ ਸੱਦਾ ਦਿੱਤਾ ਕਿ ਸੰਯੁਕਤ ਕਿਸਾਨ ਮੋਰਚਾ ਦੇ ਅੱਜ 11 ਵਜੇ ਤੋਂ 3 ਵਜੇ ਤੱਕ ਦਿੱਤੇ ਚੱਕਾ ਜਾਮ ਨੂੰ ਸਫ਼ਲ ਕਰਨ ਵਿੱਚ ਕੋਈ ਕਸਰ ਬਾਕੀ ਨਾ ਛੱਡਣ। ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰੋ।

# 'ਸੀ ਐੱਮ ਦੀ ਯੋਗਸ਼ਾਲਾ' ਦਾ ਮੋਹਾਲੀ ਵਸਨੀਕ ਲੈ ਰਹੇ ਨੇ ਭਰਪੂਰ ਲਾਹਾ

**ਐਸਏਐਸਨਗਰ,( ਗੁਰਜੀਤ ਬਿੱਲਾ)** ਅੱਜ ਦੇ ਭੱਜਦਦੌੜ ਦੇ ਸਮੇਂ ਵਿੱਚ ਲੋਕਾਂ ਦਾ ਜੀਵਨ ਤਨਾਅ ਮੁਕਤ ਕਰਨ ਅਤੇ ਸਿਹਤ ਨੂੰ ਤੰਦਰੁਸਤ ਰੱਖਣ ਲਈ ਸ਼ੁਰੂ ਕੀਤੀ ਗਈ ਸੀਐਮ ਦੀ ਯੋਗਸ਼ਾਲਾ ਲੋਕਾਂ ਲਈ ਬਹੁਤ ਲਾਹੇਵੰਦ ਸਾਬਤ ਹੋ ਰਹੀ ਹੈ।ਲੋਕ ਇਸ ਯੋਗਸ਼ਾਲਾ ਵਿੱਚ ਹਿੱਸਾ ਲੈ ਕੇ ਆਪਣੀ ਸਿਹਤ ਨੂੰ ਯੋਗ ਆਸਣਾਂ ਰਾਹੀਂ ਪੁਰਾਣੀਆਂ ਬਿਮਾਰੀਆਂ ਤੋਂ ਨਿਜਾਤ ਪਾ ਰਹੇ ਹਨ।ਮੋਹਾਲੀ ਸ਼ਹਿਰ ਵਿੱਚ ਵੱਖ-ਵੱਖ ਥਾਵਾਂ 'ਤੇ ਸੀਐਮ ਦੀ ਯੋਗਸ਼ਾਲਾ ਦੇ ਅਧੀਨ ਲਾਏ ਜਾ ਰਹੇ ਯੋਗਾ ਸੈਸ਼ਨ ਲੋਕਾਂ ਦੀ ਸਿਹਤਮੰਦ ਹੋਣ ਵਿੱਚ ਵੱਡੀ ਮਦਦ ਕਰ ਰਹੇ ਹਨ । ਜ਼ਿਲ੍ਹਾ ਨੋਡਲ ਅਫ਼ਸਰ ਸੀਐਮਡੀਵਾਈ (ਸੀਐ ਦੀ ਯੋਗਸ਼ਾਲਾ), ਟੀ ਬੈਨੀਥ, ਕਮਿਸ਼ਨਰ, ਨਗਰ ਨਿਗਮ, ਮੋਹਾਲੀ ਨੇ ਦੱਸਿਆ ਕਿ ਸ਼ਹਿਰ ਦੇ ਹਰੇਕ ਹਿੱਸੇ ਨੂੰ ਕਵਰ ਕਰਨ ਲਈ ਲਗਾਤਾਰ ਯੋਗਾ ਕੈਂਪ ਲਗਾਏ ਜਾ ਰਹੇ ਹਨ।ਉਨ੍ਹਾਂ ਫੇਜ਼ 3ਬੀ1, ਫੇਜ਼ 3ਬੀ2, ਫੇਜ਼-2 ਅਤੇ ਫੇਜ਼ 5 ਦੇ ਸਥਾਨਾਂ ਦਾ ਵੇਰਵਾ ਦਿੰਦੇ ਹੋਏ ਦੱਸਿਆ ਕਿ ਇੱਥੇ ਯੋਗਾ ਟ੍ਰੇਨਰ ਸ਼ੁਭਾਂਗੀ ਸਵੇਰੇ 5.30 ਵਜੇ ਤੋਂ ਸ਼ਾਮ 6:15 ਵਜੇ ਤੱਕ ਰੋਜ਼ਾਨਾ 4 ਕਲਾਸਾਂ ਲਗਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਯੋਗਾ ਸੈਸ਼ਨ ਆਮ ਲੋਕਾਂ ਲਈ ਬਹੁਤ ਹੀ ਲਾਭਦਾਇਕ ਸਿੱਧ ਹੋ ਰਹੇ ਹਨ। ਲੋਕ ਆਪਣੀਆਂ ਪੁਰਾਣੀਆਂ ਬਿਮਾਰੀਆਂ ਜਿਵੇਂ ਕਿ ਸ਼ੂਗਰ, ਡਿਪਰੈਸ਼ਨ, ਸਰਵਾਈਕਲ, ਜੋੜਾਂ ਦੇ ਦਰਦ ਅਤੇ ਹਾਈ ਬੀਪੀ ਦੀਆਂ ਸਮੱਸਿਆਵਾਂ ਤੋਂ ਛੁਟਕਾਰਾ ਪਾ ਰਹੇ ਹਨ ਯੋਗਾ ਟ੍ਰੇਨਰ ਸ਼ੁਭਾਂਗੀ ਨੇ ਦੱਸਿਆ ਕਿ ਕਿ ਉਹ ਆਪਣੀ ਪਹਿਲੀ ਕਲਾਸ ਫੇਜ਼-5 (ਪਾਰਕ ਨੰ. 47) ਵਿਖੇ ਸਵੇਰੇ 5.30 ਵਜੇ ਤੋਂ ਸਵੇਰੇ 6.30 ਵਜੇ ਤੱਕ, ਦੂਜੀ ਕਲਾਸ ਰੋਜ਼ ਗਾਰਡਨ ਪਾਰਕ ਨੰ: 3ਬੀ1 ਵਿਖੇ ਸਵੇਰੇ 6.40 ਤੋਂ ਸਵੇਰੇ 7.40 ਵਜੇ ਤੱਕ,ਤੀਜੀ ਕਲਾਸ ਫੇਜ਼ 2 ਦੇ (ਪਾਰਕ ਨੰਬਰ 13) ਵਿੱਚ ਸਵੇਰੇ 8.00 ਤੋਂ 9.00 ਵਜੇ ਤੱਕ ਹੁੰਦੀ ਹੈ।ਜਦ ਕਿ ਫੇਜ਼ -3ਬੀ2 ਹਨੂੰਮਾਨ ਮੰਦਿਰ (ਪਾਰਕ ਨੰ. 33,) ਵਿਖੇ ਸ਼ਾਮ 5.15 ਤੋਂ 6.15 ਵਜੇ ਤੱਕ ਯੋਗਾ ਕਲਾਸ ਲਾਈ ਜਾਂਦੀ ਹੈ।

ਜ਼ਿਲ੍ਹਾ ਸੁਪਰਵਾਈਜ਼ਰ, ਸੀ ਐਮ ਦੀ ਯੋਗਸ਼ਾਲਾ, ਪ੍ਰਤਿਮਾ ਡਾਵਰ ਨੇ ਕਿਹਾ ਕਿ ਸੀਐਮਡੀ ਵਾਈ ਅਧੀਨ ਲਈਆਂ ਜਾਣ ਵਾਲੀਆਂ ਕਲਾਸਾਂ ਦੀ ਕੋਈ ਫੀਸ ਨਹੀਂ ਹੈ। ਨਵੇਂ ਦਾਖ਼ਲਿਆਂ ਨੂੰ ਸਿਰਫ਼ ਸੀਐਮ ਦੀ ਯੋਗਸ਼ਾਲਾ ਪੋਰਟਲ 'ਤੇ ਰਜਿਸਟਰ ਕਰਨਾ ਹੋਵੇਗਾ ਅਤੇ ਆਪਣੇ ਨੇੜਲੇ ਖੇਤਰ ਵਿੱਚ ਕਲਾਸ ਵਿੱਚ ਸ਼ਾਮਲ ਹੋਣਾ ਪਵੇਗਾ। ਇਸ ਤੋਂ ਇਲਾਵਾ ਸੀਐਮ ਦੀ ਯੋਗਸ਼ਾਲਾ ਲਈ ਵਟਸਐਪ ਨੰ (7669400500) 'ਤੇ ਵੀ ਸੰਪਰਕ ਕੀਤਾ

# ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ ਵਿਖੇ ਸਾਲਾਨਾ ਦੋ ਦਿਨਾ ਖੇਡਾਂ ਆਰੰਭ



**ਬੰਗਾ (ਅਵਤਾਰ ਕਲੇਰ)** ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ-ਕਲੇਰਾਂ ਵਿਖੇ ਸਾਲਾਨਾ ਇੰਟਰ ਹਾਊਸ ਦੋ ਦਿਨਾਂ ਸਾਲਾਨਾ ਖੇਡਾਂ ਆਰੰਭ ਹੋਇਆ। ਇਸ ਦਾ ਉਦਘਾਟਨ ਅਮਰਜੀਤ ਸਿੰਘ ਕਲੇਰਾਂ ਸਕੱਤਰ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਅਤੇ ਸਕੂਲ ਦੇ ਪੁਰਾਣੇ ਵਿਦਿਆਰਥੀ ਗੁਰਜੀਤ ਸਿੰਘ ਬਿੰਦਰਾ ਯੂ ਐਸ ਏ ਨੇ ਸਾਂਝੇ ਤੌਰ ਤੇ ਰੀਬਨ ਕੱਟ ਕੇ ਕੀਤਾ। ਇਸ ਮੌਕੇ ਉਹਨਾਂ ਦਾ ਸਹਿਯੋਗ ਡਾ. ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਟਰੱਸਟ, ਜੰਗਬੀਰ ਸਿੰਘ (ਸਕੂਲ ਦੇ ਪੁਰਾਣੇ ਵਿਦਿਆਰਥੀ) ਅਤੇ ਪ੍ਰੋ: ਹਰਬੰਸ ਸਿੰਘ ਬੋਲੀਨਾ ਡਾਇਰੈਕਟਰ ਸਿੱਖਿਆ ਨੇ ਦਿੱਤਾ।ਖੇਡਾਂ ਆਰੰਭ ਕਰਨ ਦਾ ਐਲਾਨ ਡਾ. ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਕੀਤਾ। ਡਾ. ਢਾਹਾਂ ਨੇ ਖਿਡਾਰੀਆਂ ਨੂੰ ਸੰਬੋਧਨ ਕਰਦੇ ਕਿਹਾ ਕਿ ਖੇਡਾਂ ਪੜ੍ਹਾਈ ਦੇ ਨਾਲ ਵਿਦਿਆਰਥੀਆਂ ਦਾ ਸਰਬਪੱਖੀ ਵਿਕਾਸ ਕਰਨ ਅਤੇ ਉਹਨਾਂ ਨੂੰ ਸਮਾਜ ਦੇ ਚੰਗੇ ਨਾਗਰਿਕ ਬਣਾਉਣ ਵਿਚ ਅਹਿਮ ਰੋਲ ਅਦਾ ਕਰਦੀਆਂ ਹਨ।ਸਕੂਲ ਦੇ ਪੁਰਾਣੇ ਵਿਦਿਆਰਥੀ ਲੇਖਕ ਤੇ ਫਿਲਮ ਡਾਇਰੈਕਟਰ ਜੰਗਬੀਰ ਸਿੰਘ ਨੇ ਆਪਣੇ ਸੰਬੋਧਨ ਵਿਚ ਸਕੂਲ ਵਿਚ ਪੜ੍ਹਨ ਮੌਕੇ ਦੀਆਂ ਯਾਦਾਂ ਨੂੰ ਤਾਜ਼ਾ ਕੀਤਾ।ਪ੍ਰੋ. ਹਰਬੰਸ ਸਿੰਘ ਬੋਲੀਨਾ ਡਾਇਰੈਕਟਰ ਸਿੱਖਿਆ ਨੇ ਸਾਲ 2024-2025 ਦੀਆਂ ਸਲਾਨਾ ਦੋ ਦਿਨਾਂ ਖੇਡਾਂ ਨੂੰ ਸਪਾਂਸਰ ਕਰਨ ਵਾਲੇ ਸਕੂਲ ਦੇ ਪੁਰਾਣੇ ਵਿਦਿਆਰਥੀਆਂ ਗੁਰਜੀਤ ਸਿੰਘ ਬਿੰਦਰਾ ਯੂ ਐਸ ਏ, ਕਰਨਜੀਤ ਸਿੰਘ ਮੱਤਫੁੱਲੂ ਯੂ ਕੇ, ਪਵਿੱਤਰ ਸਿੰਘ ਜੰਡਿਆਲਾ ਕੈਨੇਡਾ ਗੁਰਦੀਪ ਸਿੰਘ ਬਿੰਦਰਾ ਕੈਨੇਡਾ ਅਤੇ ਮਿਸ ਕਸ਼ਿਸ਼ ਕੁਮਾਰੀ ਕਨੈਡਾ ਦਾ ਵਿਸ਼ੇਸ਼ ਧੰਨਵਾਦ ਕੀਤਾ।ਇਸ ਤੋਂ ਪਹਿਲਾਂ ਸਕੂਲ ਦੇ ਪ੍ਰਿੰਸੀਪਲ ਮੈਡਮ ਵਨੀਤਾ ਚੋਟ ਨੇ ਸਮੂਹ ਮਹਿਮਾਨਾਂ ਅਤੇ ਪਤਵੰਤੇ ਸੱਜਣਾਂ ਨੂੰ ਜੀ ਆਇਆ ਕਿਹਾ। ਜਥੇਦਾਰ ਮਹਿੰਦਰ ਸਿੰਘ ਹੁਸੈਨਪੁਰੀ ਮੈਂਬਰ ਐਸ ਜੀ ਪੀ ਸੀ ਅਤੇ ਮੈਡਮ ਮਨਜੀਤ ਕੌਰ ਐਸ ਐਚ ਓ ਸਦਰ ਬੰਗਾ ਵੀ ਵਿਸ਼ੇਸ਼ ਤੌਰ ਤੇ ਪੁੱਜੇ।

ਖੇਡਾਂ ਦੀ ਆਰੰਭਤਾ ਮੌਕੇ ਸ਼ਾਨਦਾਰ ਮਾਰਚ ਪਾਸਟ ਨਾਲ ਹੋਇਆ ਅਤੇ ਖਿਡਾਰੀਆਂ ਨੇ ਮਹਿਮਾਨਾਂ ਨੂੰ ਸਲਾਮੀ ਦਿੱਤੀ । ਪਹਿਲੇ ਦਿਨ ਲੜਕੇ ਅਤੇ ਲੜਕੀਆਂ ਦੀਆਂ 100 ਮੀਟਰ, 200 ਮੀਟਰ, 400ਮੀਟਰ, 800ਮੀਟਰ, ਲੌਂਗ ਜੰਪ, ਸ਼ਾਟਪੁੱਟ, ਤਿੰਨ ਟੰਗੀ ਦੌੜ ਦੇ ਮੁਕਾਬਲੇ ਹੋਏ । ਕੁਮੈਂਟਰੀ ਦੀ ਜ਼ਿੰਮੇਵਾਰੀ ਰਮਨ ਕੁਮਾਰ ਅਤੇ ਸੰਦੀਪ ਕੁਮਾਰੀ ਨੇ ਬਾਖੂਬੀ ਨਿਭਾਈ । ਇਸ ਮੌਕੇ ਲਾਲ ਚੰਦ ਵਾਈਸ ਪ੍ਰਿੰਸੀਪਲ, ਮੈਡਮ ਰਵਿੰਦਰ ਕੌਰ ਵਾਈਸ ਪ੍ਰਿੰਸੀਪਲ, ਭਾਈ ਜੋਗਾ ਸਿੰਘ, ਮੈਡਮ ਗੁਰਦੀਪ ਕੌਰ, ਮੈਡਮ ਅੰਜਲੀ, ਮੈਡਮ ਰਾਜਵਿੰਦਰ ਕੌਰ, ਸੁਖਵਿੰਦਰ ਸਿੰਘ, ਸ਼ੁਸ਼ੀਲ ਕੁਮਾਰ, ਮੈਡਮ ਮਨੀਸ਼ਾ,ਮੈਡਮ ਮਨਜੀਰ ਕੌਰ, ਮੈਡਮ ਜਸਵਿੰਦਰ ਕੌਰ, ਮੈਡਮ ਪਰਮਵੀਰ ਕੌਰ, ਮੈਡਮ ਜਸਵੀਰ ਕੌਰ ਡੀ ਪੀ ਈ, ਮੈਡਮ ਕੋਮਲ ਡੀ ਪੀ ਈ, ਅਰਵਿੰਦਰ ਬਸਰਾ ਡੀ ਪੀ ਈ,ਮੈਡਮ ਬਲਜੀਤ ਕੌਰ, ਗਗਨ ਅਹੂਜਾ, ਸਮੂਹ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ਼ ਅਤੇ ਸਕੂਲ ਵਿਦਿਆਰਥੀ ਹਾਜ਼ਰ ਸਨ।

# ਸੀਨੀ. ਸੈਕੰਡਰੀ ਸਕੂਲ ਮਾਹਿਲਪੁਰ ਦੇ ਬੱਚਿਆਂ ਨੇ ਟੇਲੈਂਟ ਸ਼ੋਅ 'ਚ ਮੱਲਾਂ ਮਾਰੀਆਂ



**ਮਾਹਿਲਪੁਰ (ਸ਼ਫਰੀ)** - ਮਾਹਿਲਪੁਰ ਦੇ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਨੇ ਕਿਡਜ਼ ਐਂਡ ਯੰਗਸਟਰਜ਼ ਟੈਲੈਂਟ ਸ਼ੋਅ, ਐਕਟਿੰਗ ਵਿੱਚ ਵਧੀਆ ਪ੍ਰਦਰਸ਼ਨ ਕਰਕੇ ਆਪਣੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਇਹ ਸ਼ੋਅ ਤਹਿਸੀਲ ਗੜ੍ਹਸ਼ੰਕਰ ਦੇ ਨਾਮਵਰ ਹੋਟਲ ਯੋਕੋਹਾਮਾ ਵਿਚ ਕੀਤਾ ਗਿਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਗੁਰਾਂ ਦਾਸ ਨੇ ਕਿਹਾ ਕਿ ਇਨ੍ਹਾਂ ਬੱਚਿਆਂ ਨੂੰ ਇਸ ਮੁਕਾਮ 'ਤੇ ਪਹੁੰਚਾਉਣ ਦਾ ਸਿਹਰਾ ਸਕੂਲ ਦੇ ਮੇਹਨਤੀ ਸਟਾਫ਼ ਨੂੰ ਜਾਂਦਾ ਹੈ, ਜਿਨ੍ਹਾਂ ਸਦਕਾ, ਪੜ੍ਹਾਈ ਦੇ ਨਾਲ ਨਾਲ ਆਏ ਦਿਨ ਇਸ ਸਕੂਲ ਦੇ ਹੋਣਹਾਰ ਬੱਚੇ ਖੇਡਾਂ ਵਿਚ ਇਸ ਸਕੂਲ ਦਾ ਨਾਂਅ ਚਮਕਾ ਰਹੇ ਹਨ।ਇਸ ਮੌਕੇ ਲੈਕਚਰਾਰ ਰੇਨੂਕਾ ਬਾਲੀ, ਲੈਕਚਰਾਰ ਅਮਰਜੀਤ ਸਿੰਘ, ਲੈਕਚਰਾਰ ਕਿਰਨ ਜੋਤ, ਲੈਕਚਰਾਰ ਸਿਮਰਨਜੀਤ ਕੌਰ, ਡੀ ਪੀ ਆਈ ਠਾਕੁਰ ਕਰਨ ਮਹਿਤਾ, ਬਲਵਿੰਦਰ ਸਿੰਘ, ਸਤਵੰਤ ਸਿੰਘ, ਵਰਿੰਦਰ ਸ਼ਰਮਾ, ਪੂਜਾ ਮਹਿਮੀਆਂ, ਜਸਪਾਲ ਕੌਰ, ਕਮਲੇਸ਼ ਰਾਣੀ, ਕਮਲੇਸ਼ ਕੁਮਾਰੀ, ਮਮਤਾ ਸ਼ਰਮਾ, ਰਾਜ ਰਾਣੀ, ਹਰਜਿੰਦਰ ਸਿੰਘ, ਰਜਨੀ ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਮਹਿੰਦੀ ਪ੍ਰਤੀਯੋਗਤਾ



**ਕਪੂਰਥਲਾ, ( ਹਨੀ )** ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਕਰਵਾ ਚੌਥ ਦੇ ਸੰਬੰਧ ਵਿੱਚ ਮਿੰਹਦੀ ਅਤੇ ਜਵੈਲਰੀ ਮੇਕਿੰਗ ਮੁਕਾਬਲਾ ਕਰਵਾਇਆ ਗਿਆ।ਪ੍ਰਤੀਯੋਗਤਾ ਵਿਚ ਵਿਦਿਆਰਥਣਾਂ ਬੜੇ ਹੀ ਉਤਸਾਹ ਨਾਲ ਭਾਗ ਲਿਆ।ਨੌਵੀਂ ਤੋਂ ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਦੇ ਮਹਿੰਦੀ ਲਗਾਉਣ ਦੇ ਮੁਕਾਬਲੇ ਕਰਵਾਏ ਗਏ।ਜਿਸ ਵਿੱਚ ਗਿਆਰਵੀਂ ਜਮਾਤ ਦੀ ਵਿਦਿਆਰਥਣ ਚਾਂਦਨੀ ਆਰਿਆ ਜੇਤੂ ਰਹੀ ਜਦਕਿ ਦਸਵੀਂ ਜਮਾਤ ਦੀ ਇਸ਼ਨੂਪ ਦੂਸਰੇ ਸਥਾਨ 'ਤੇ ਰਹੀ।ਦਸਵੀਂ ਜਮਾਤ ਦੀ ਹੀ ਅਸ਼ਮੀਤ ਤੇ ਗੁਰਲੀਨ ਸਾਂਝੇ ਤੌਰ ਤੇ ਤੀਸਰੇ ਸਥਾਨ 'ਤੇ ਰਹੀਆਂ।ਇਸੇ ਤਰ੍ਹਾਂ ਛੇਵੀਂ ਤੋਂ ਅੱਠਵੀਂ ਦੇ ਵਿਦਿਆਰਥੀਆਂ ਦੇ ਜਵੈਲਰੀ ਮੇਕਿੰਗ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਅੱਠਵੀਂ ਜਮਾਤ ਦੀ ਵਿਦਿਆਰਥਣ ਐਸ਼ਮੀਨ ਜੇਤੂ ਰਹੀ ਅਤੇ ਸੱਤਵੀਂ ਜਮਾਤ ਦੀ ਵਿਦਿਆਰਥਣ ਮਨਵੀਰ ਦੂਸਰੇ ਸਥਾਨ 'ਤੇ ਰਹੀ।ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਦਰਮਿਆਨ ਪੋਇਮ ਰੈਸੀਟੇਸ਼ਨ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਚੌਥੀ ਜਮਾਤ ਦੀ ਸਮਰੀਨ ਕੌਰ ਜੇਤੂ ਰਹੀ।

ਪੰਜਵੀਂ ਜਮਾਤ ਦਾ ਗੁਰਕੀਰਤ ਸਿੰਘ ਦੂਸਰੇ ਅਤੇ ਤੀਸਰੀ ਜਮਾਤ ਦਾ ਗੁਰਫਤਿਹ ਸਿੰਘ ਤੀਜੇ ਸਥਾਨ 'ਤੇ ਰਿਹਾ।ਅੰਤ ਵਿੱਚ ਪ੍ਰਿੰਸੀਪਲ ਪ੍ਰਬਦੀਪ ਕੌਰ ਮੋਂਗਾ ਅਤੇ ਸਟਾਫ਼ ਮੈਂਬਰਾਂ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ।

# ਸਮਾਰਟ ਸਕੂਲ ਸ਼ੰਕਰ 'ਚ ਮਾਪੇ-ਅਧਿਆਪਕ ਮਿਲਣੀ ਕਰਵਾਈ



**ਕਾਲਾ ਸੰਘਿਆਂ (ਮਨਜੀਤ ਮਾਨ)** ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸ਼ੰਕਰ (ਨਕੋਦਰ) ਵਿਖੇ ਮਾਪੇ-ਅਧਿਆਪਕ ਮਿਲਣੀ ਦੇ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ।ਇਸ ਮੌਕੇ ਸਕੂਲ ਦੀਆਂ ਵਿੱਦਿਆਰਥਣਾਂ ਵੱਲੋਂ ਪ੍ਰੀਖਿਆਵਾਂ ਵਿੱਚ ਕੀਤੀ ਗਈ ਕਾਰਗੁਜ਼ਾਰੀ ਅਤੇ ਉਪਲਬੱਧੀ ਬਾਰੇ ਅਧਿਆਪਕਾਂ ਵੱਲੋਂ ਮਾਪਿਆਂ ਨੂੰ ਜਾਣੂ ਕਰਵਾਇਆ ਗਿਆ।ਸਕੂਲ ਪ੍ਰਬੰਧਕਾਂ ਵੱਲੋਂ ਬੱਚਿਆਂ ਅਤੇ ਮਾਪਿਆਂ ਲਈ ਚਾਹ-ਪਾਣੀ ਦਾ ਪ੍ਰਬੰਧ ਕੀਤਾ ਗਿਆ।ਸਕੂਲ ਮੁੱਖੀ ਅਤੇ ਸਟਾਫ ਵੱਲੋਂ ਮਾਪਿਆਂ ਨੂੰ ਅਤੇ ਹੋਰ ਆਏ ਹੋਏ ਐਨਆਰਆਈ ਸੱਜਣਾਂ ਨੂੰ ਸਕੂਲ ਦੀਆਂ ਪ੍ਰਾਪਤੀਆਂ ਅਤੇ ਕਲਾ, ਖੇਡ ਅਤੇ ਵਿੱਦਿਅਕ ਖੇਤਰ ਵਿੱਚ ਬੱਚਿਆਂ ਵੱਲੋਂ ਮਾਰੀਆਂ ਮੱਲਾਂ ਬਾਰੇ ਜਾਣੂ ਕਰਵਾਇਆ ਗਿਆ ।ਇਸ ਮੌਕੇ ਪ੍ਰਿੰਸੀਪਲ ਦਮਨਜੀਤ ਕੌਰ ਜੀ ਵੱਲੋਂ ਆਏ ਹੋਏ ਸਮੂਹ ਮਾਪਿਆਂ ਅਤੇ ਐਨਆਰਆਈ ਸੱਜਣਾਂ ਦਾ ਧੰਨਵਾਦ ਕੀਤਾ ਗਿਆ।ਵਿਭਾਗ ਵੱਲੋਂ ਬਤੌਰ ਬਲਾਕ ਇੰਚਾਰਜ (ਨਕੋਦਰ-2) ਦੇ ਤੌਰ 'ਤੇ ਮੈਡਮ ਦਮਨਜੀਤ ਕੌਰ ਵੱਲੋਂ ਵੱਖ-ਵੱਖ ਸਕੂਲਾਂ ਵਿੱਚ ਵਿਜ਼ਿਟ ਕੀਤੀ ਗਈ ਅਤੇ ਸਕੂਲ ਵਿੱਚ ਚੱਲ ਰਹੀ ਪੀਟੀਐਮ ਮੀਟਿੰਗ ਦਾ ਜਾਇਜ਼ਾ ਲਿਆ ਗਿਆ।

ਵਿਜ਼ਿਟ ਦੌਰਾਨ ਬਲਾਕ ਇੰਚਾਰਜ ਸਾਹਿਬਾ ਵੱਲੋਂ ਸਕੂਲ ਅਧਿਆਪਕਾਂ ਨੂੰ ਵੱਖ-ਵੱਖ ਤਰੀਕੇ ਨਾਲ ਬੱਚਿਆਂ ਨੂੰ ਪੜ੍ਹਾਈ ਲਈ ਪ੍ਰੇਰਿਤ ਕਰਨ ਲਈ ਸੁਝਾਵ ਦਿੱਤੇ ਗਏ।

# ਸੂੰਢ ਦੇ ਵਿਦਿਆਰਥੀਆਂ ਦਾ ਵਿਦਿਅਕ ਟੂਰ ਲਗਵਾਇਆ




**ਬੰਗਾ (ਅਵਤਾਰ ਕਲੇਰ)** ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਸੁਰੇਸ਼ ਕੁਮਾਰ ਦੀ ਅਗਵਾਈ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੂੰਢ- ਮਕਸੂਦਪੁਰ ਦੇ ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦਾ ਨਿੱਜੀ ਸੁਰੱਖਿਆ ਵਿਸ਼ੇ ਤਹਿਤ ਵਿਦਿਅਕ ਟੂਰ 23 ਪੰਜਾਬ ਐਨ ਸੀ ਸੀ ਅਕੈਡਮੀ ਰੋਪੜ ਵਿਖੇ ਲਗਵਾਇਆ ਗਿਆ। ਸੂਬੇਦਾਰ ਅਮਰਜੀਤ ਸਿੰਘ ਨੇ ਦੱਸਿਆ ਕਿ ਇਸ ਟ੍ਰੇਨਿੰਗ ਦੇ ਦੌਰਾਨ ਬੱਚਿਆਂ ਨੂੰ ਆਪਟੀਕਲ ਟ੍ਰੇਨਿੰਗ, ਫਾਇਰਿੰਗ ਟ੍ਰੇਨਿੰਗ, ਇੰਡੋਰ ਸ਼ੂਟਿੰਗ ਟਰੇਨਿੰਗ, ਅਨੁਸ਼ਾਸਨ ਅਤੇ ਸੁਰੱਖਿਆ, ਆਰਮੀ ਡਰੈਲ ਅਤੇ ਫੌਜ ਦੀ ਭਰਤੀ ਬਾਰੇ ਵਿਦਿਆਰਥੀਆਂ ਨੂੰ ਵਿਸਥਾਰ ਤਹਿਤ ਜਾਣਕਾਰੀ ਦਿੱਤੀ ਗਈ। ਇਸ ਮੌਕੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਕਰਨਲ ਪੀ ਵਾਈ ਐਸ ਬੇਦੀ ਅਤੇ ਐਡਮ ਕਰਨਲ ਰਾਕੇਸ਼ ਚੌਧਰੀ ਨੇ ਸਾਂਝੇ ਤੌਰ ਤੇ ਦੱਸਿਆ ਕਿ ਇਸ ਸਿਖਲਾਈ ਨਾਲ ਬੱਚਿਆਂ ਨੂੰ ਫੌਜ ਵਿੱਚ ਭਰਤੀ ਵਿੱਚ ਸਹਾਇਤਾ ਮਿਲੇਗੀ।ਉਹਨਾਂ ਅੱਗੇ ਕਿਹਾ ਕਿ ਇਸ ਵਿੱਚ ਲੜਕੀਆਂ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ ਤਾਂ ਜੋ ਉਹ ਵੀ ਲੜਕਿਆਂ ਦੇ ਬਰਾਬਰ ਖੜੀਆਂ ਹੋ ਸਕਣ। ਇਸ ਮੌਕੇ ਸੂਬੇਦਾਰ ਅਕਰਤ, ਸੂਬੇਦਾਰ ਆਰ ਡੀ ਸਿੰਘ, ਸੂਬੇਦਾਰ ਬੀਰ ਬਹਾਦਰ, ਸੂਬੇਦਾਰ ਅਮਰਜੀਤ ਸਿੰਘ, ਮੈਡਮ ਦਵਿੰਦਰ ਕੌਰ, ਸਕੂਲ ਮੁਖੀ ਕਰਮਜੀਤ ਸਿੰਘ, ਲੈਕ. ਸੁਰਜੀਤ ਸੈਂਪਲੇ, ਲੈਕ ਰਾਮ ਲਾਲ ਮਜਾਰੀ, ਰਾਜਵਿੰਦਰ ਕੌਰ, ਰਾਮਜੀਤ, ਮੈਡਮ ਗੁਰਵਿੰਦਰ ਕੌਰ, ਪਰਵੀਰ ਸਿੰਘ, ਲਾਲ ਚੰਦ, ਮੈਡਮ ਨਵਨੀਤ ਕੌਰ, ਮੈਡਮ ਰੇਨੂ ਬਾਲਾ, ਪ੍ਰਭਜੋਤ ਕੌਰ, ਸੁਨੀਤਾ, ਬੁੱਧ ਰਾਮ ਸਫਾਈ ਸੇਵਕ ਤੇ ਸੀਨੀਅਰ ਸੈਕੰਡਰੀ ਸਕੂਲ ਸੂੰਢ ਮਕਸੂਦਪੁਰ ਸਕੂਲ ਦੇ ਵਿਦਿਆਰਥੀ ਹਾਜ਼ਰ ਸਨ।

# ਛਵੀ ਗੁਆ ਚੁੱਕੇ ਉਮੀਦਵਾਰਾਂ ਨੂੰ ਜਨਤਾ ਜਿੱਤਣ ਨਹੀਂ ਦੇਵੇਗੀ : ਬਾਲੀ



**ਹੁਸ਼ਿਆਰਪੁਰ, ( ਬਲਵੀਰ ਸਿੰਘ ਸੈਣੀ)** ਜ਼ਿਲ੍ਹਾ ਸੰਘਰਸ਼ ਕਮੇਟੀ ਦੀ ਅਗਵਾਈ ਕਰਦੇ ਹੋਏ ਜ਼ਿਲ੍ਹਾ ਪ੍ਰਧਾਨ ਕਰਮਵੀਰ ਬਾਲੀ ਨੇ ਕਿਹਾ ਕਿ ਹਰ ਪਾਰਟੀ ਨੂੰ ਆਪਣੇ ਟਕਸਾਲੀ ਵਰਕਰਾਂ 'ਤੇ ਵਿਸ਼ਵਾਸ ਨਹੀਂ ਰਿਹਾ ਤੇ ਉਹ ਵਰਕਰ ਹਨ ਜਿਹੜੇ ਦਿਨ ਰਾਤ ਇੱਕ ਕਰਕੇ ਪਾਰਟੀ ਦੇ ਦੁੱਖ-ਸੁੱਖ ਵਿੱਚ ਖੜੇ ਰਹੇ।ਉਨ੍ਹਾਂ ਦੀ ਪ੍ਰਵਾਹ ਕੀਤੇ ਬਗੈਰ ਹਰ ਪਾਰਟੀ ਦੇ ਮੁੱਖ ਆਗੂਆਂ ਵਲੋਂ ਉਨ੍ਹਾਂ ਲੋਕਾਂ ਨੂੰ ਟਿਕਟਾਂ ਦਿੱਤੀਆਂ ਜਾ ਰਹੀਆਂ ਹਨ, ਜਿਨ੍ਹਾਂ ਨੇ ਪਾਰਟੀ ਦੇ ਲਈ ਕਦੀ ਕੰਮ ਹੀ ਨਹੀਂ ਕੀਤਾ।ਉਹਨਾਂ ਦੋਸ਼ ਲਾਉਂਦਿਆਂ ਕਿਹਾ ਕਿ ਅੱਜ ਕਾਂਗਰਸ ਵਿੱਚ ਉਹ ਲੋਕ ਆਪਣਾ ਰਸੂਖ ਦਿਖਾ ਰਹੇ ਹਨ ਜੋ ਜਨਤਾ ਵਿੱਚ ਆਪਣਾ ਰਸੂਖ ਹੀ ਗੁਆ ਚੁੱਕੇ ਹਨ। ਸਾਰੀਆਂ ਪਾਰਟੀਆਂ ਵਿੱਚ ਵਰਕਰਾਂ ਦਾ ਨਹੀਂ ਪੈਸੇ ਦਾ ਬੋਲਬਾਲਾ ਹੋ ਰਿਹਾ ਹੈ।ਜਿਨ੍ਹਾਂ ਦੇ ਆਸ਼ੀਰਵਾਦ ਨਾਲ ਟਿਕਟਾਂ ਪ੍ਰਾਪਤ ਹੋ ਰਹੀਆਂ ਹਨ। ਲੋਕ ਪਾਰਟੀਆਂ ਦਾ ਖੇਡ ਸਮਝ ਰਹੇ ਹਨ,ਜਿਸ ਕਾਰਨ ਛਵੀ ਗਵਾ ਚੁੱਕੇ ਉਮੀਦਵਾਰ ਵੱਲੋਂ ਭਰਿਸ਼ਟ ਆਕਾਵਾਂ ਦੇ ਅਸ਼ੀਰਵਾਦ ਨਾਲ ਟਿਕਟਾਂ ਪ੍ਰਾਪਤ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਛਵੀ ਗੁਆ ਚੁੱਕੇ ਉਮੀਦਵਾਰਾਂ ਨੂੰ ਵੀ ਜਨਤਾ ਜਿੱਤਣ ਨਹੀਂ ਦੇਵੇਗੀ। ਮੌਕਾ ਪ੍ਰਸਤ, ਦਲ ਬਦਲੂ ਅਤੇ ਖਰਾਬ ਹੋ ਚੁੱਕੀ ਛਵੀ ਵਾਲੇ ਨੇਤਾ ਜਨਤਾ ਦੀਆਂ ਅੱਖਾਂ ਵਿੱਚ ਧੂਲ ਪਾ ਰਹੇ ਹਨ। ਉਨ੍ਹਾਂ ਦਾਗੀ ਉਮੀਦਵਾਰਾਂ ਨੂੰ ਜਨਤਾ ਚੋਣਾਂ ਵਿੱਚ ਹਰਾ ਕੇ ਕਰਾਰਾ ਜਵਾਬ ਦੇਣ ਵਾਲੀ ਹੈ। ਇਸ ਮੌਕੇ ਤੇ ਨਿਰਮਲ ਸਿੰਘ, ਨਰਿੰਦਰ ਸਿੰਘ, ਗੁਡੂ ਸਿੰਘ, ਹਰੀਮਿੱਤਰ ਆਦਿ ਮੌਜੂਦ ਸਨ।

# ਮਨਦੀਪ ਜ਼ਿਲ੍ਹਾ ਪੱਧਰੀ ਕੁਇੱਜ਼ ਮੁਕਾਬਲੇ 'ਚ ਤੀਜੇ ਸਥਾਨ 'ਤੇ

**ਸੁਲਤਾਨਪੁਰ ਲੋਧੀ, (ਹਨੀ)** ਭਾਸ਼ਾ ਵਿਭਾਗ ਕਪੂਰਥਲਾ ਵੱਲੋਂ ਜ਼ਿਲ੍ਹਾ ਪੱਧਰੀ ਕੁਇੱਜ਼ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਵੱਖ-ਵੱਖ ਸਕੂਲਾਂ, ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਭਾਗ ਲਿਆ ਗਿਆ।ਜਿਸ ਵਿਚ ਗੁਰੂ ਨਾਨਕ ਖ਼ਾਲਸਾ ਕਾਲਜ ਸੁਲਤਾਨਪੁਰ ਲੋਧੀ ਦੀ ਵਿਦਿਆਰਥਣ ਮਨਦੀਪ ਕੌਰ ਬੀ.ਏ ਭਾਗ ਤੀਜਾ ਨੇ ਵਰਗ ਏ 'ਚ ਸ਼ਿਰਕਤ ਕਰਦਿਆਂ ਤੀਜੇ ਸਥਾਨ 'ਤੇ ਕਬਜ਼ਾ ਕੀਤਾ। ਕਾਲਜ ਪੁੱਜਣ 'ਤੇ ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਜਸਵੀਰ ਕੌਰ ਅਤੇ ਸਟਾਫ਼ ਮੈਂਬਰਾਂ ਵੱਲੋਂ ਵਿਸ਼ੇਸ਼ ਤੌਰ 'ਤੇ ਵਿਦਿਆਰਥਣ ਮਨਦੀਪ ਕੌਰ ਨੂੰ ਸਨਮਾਨਿਤ ਕੀਤਾ ਗਿਆ।

ਕਾਲਜ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜੀਨੀਅਰ ਸਵਰਨ ਸਿੰਘ, ਸਕੱਤਰ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਹਰਨਿਆਮਤ ਕੌਰ ਅਤੇ ਇੰਜੀਨੀਅਰ ਨਿਮਰਤਾ ਕੌਰ ਨੇ ਹੋਣਹਾਰ ਵਿਦਿਆਰਥਣ ਨੂੰ ਮੁਬਾਰਕਬਾਦ ਦਿੱਤੀ।



# ਨੰਗਲ ਅੰਬੀਆਂ ਸਕੂਲ ਵਿਖੇ ਮਾਪੇ/ਅਧਿਆਪਕ ਮਿਲਣੀ



**ਸ਼ਾਹਕੋਟ(ਗਿਆਨ ਸੈਦਪੁਰੀ)**ਸਰਕਾਰੀ ਪ੍ਰਾਇਮਰੀ ਸਕੂਲ ਨੰਗਲ ਅੰਬੀਆਂ ਵਿਖੇ ਬੀਪੀਈਓ(ਬਲਾਕ ਸ਼ਾਹਕੋਟ-2) ਬੀ. ਕੇ. ਮਹਿਮੀ ਦੀ ਯੋਗ ਅਗਵਾਈ ਹੇਠ ਮਾਪੇ/ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਗਿਆ।ਸਮਾਗਮ ਵਿੱਚ ਪਰਮਿੰਦਰ ਸਿੰਘ ਕੁੱਕੂ ਸਰਪੰਚ ਨੰਗਲ ਅੰਬੀਆਂ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਸਕੂਲ ਦੀ ਤਰੱਕੀ ਲਈ ਹਰ ਸਹਿਯੋਗ ਦਿੱਤਾ ਜਾਵੇਗਾ। ਪਰਮਿੰਦਰ ਸਿੰਘ ਸਰਪੰਚ ਵੱਲੋਂ ਸਕੂਲ ਨੂੰ 11000 ਰੁਪਏ ਦਾਨ ਰਾਸ਼ੀ ਦਿੱਤੀ ਗਈ।ਮਾਸਟਰ ਸੁੱਚਾ ਸਿੰਘ ਮੱਟੂ ਨੇ ਆਏ ਮਹਿਮਾਨਾਂ ਨੂੰ ਜੀ ਆਇਆ ਨੂੰ ਆਖਿਆ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਰਜੀਤ ਕੌਰ ਪੰਚ, ਪਰਮਜੀਤ ਸਿੰਘ ਨੰਦੜਾ, ਯਾਦਵਿੰਦਰ ਸਿੰਘ ਅਜ਼ਾਦੀ, ਮਨਜਿੰਦਰ ਸਿੰਘ ਬਿੱਟੂ, ਬਲਜਿੰਦਰ ਕੌਰ, ਚਰਨਜੀਤ ਸਿੰਘ (ਸੀਆਰਪੀ), ਸੁਖਜਿੰਦਰ ਸਿੰਘ ਸੰਧੂ, ਮਾਸਟਰ ਬਲਦੇਵ ਲਾਲ, ਹਰਪ੍ਰੀਤ ਸਿੰਘ, ਅਮਰੀਕ ਲਾਲ, ਪ੍ਰਭਜੀਤ ਸਿੰਘ, ਪ੍ਰੇਮ ਲਾਲ ਸਾਬਕਾ ਸਰਪੰਚ, ਮਾਸਟਰ ਸੁਤੰਤਰ ਸਿੰਘ, ਸੁਖਪਾਲ ਸਿੰਘ ਸੁੱਖਾ ਅਤੇਤਰਸੇਮ ਥਾਪਰ ਹਾਜ਼ਰ ਸਨ।

# ਪਹਿਲਾ ਫੁੱਟਬਾਲ ਟੂਰਨਾਮੈਂਟ ਸ਼ਾਨੋ-ਸ਼ੌਕਤ ਨਾਲ ਹੋਇਆ ਆਰੰਭ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਫੁਗਲਾਣਾ ਵਿਖੇ ਵਿਸ਼ਵ ਦੋਆਬਾ ਰਾਜਪੂਤ ਸਭਾ ਪੰਜਾਬ ਵੱਲੋਂ ਪਹਿਲਾ ਸਾਲਾਨਾ ਫੁੱਟਬਾਲ ਟੂਰਨਾਮੈਂਟ ਅੱਜ 24 ਤੋਂ 27 ਅਕਤੂਬਰ ਦਿਨ ਐਤਵਾਰ ਤੱਕ ਪਿੰਡ ਫੁਗਲਾਣਾ ਦੀ ਗਰਾਊਂਡ ਵਿੱਚ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਜਥੇਦਾਰ ਬਲਵੀਰ ਸਿੰਘ ਫੁਗਲਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਫੁੱਟਬਾਲ ਟੂਰਨਾਮੈਂਟ ਦਾ ਉਦਘਾਟਨ ਫਤਿਹ ਸਿੰਘ ਪਰਹਾਰ ਅਤੇ ਦਵਿੰਦਰ ਸਿੰਘ ਪਰਮਾਰ ਨੇ ਸਾਂਝੇ ਤੌਰ 'ਤੇ ਅਰਦਾਸ ਹੋਣ ਉਪਰੰਤ ਰੀਬਨ ਕੱਟ ਕੇ ਕੀਤਾ ।ਉਨ੍ਹਾਂ ਦੱਸਿਆ ਕਿ ਫੁੱਟਬਾਲ ਟੂਰਨਾਮੈਂਟ ਵਿਚ ਓਪਨ ਫੁੱਟਬਾਲ ਦੀਆਂ 16 ਟੀਮਾਂ ਅਤੇ 2007 ਦੀਆਂ 08 ਟੀਮਾਂ ਭਾਗ ਲੈ ਰਹੀਆਂ ਹਨ। ਉਨ੍ਹਾਂ ਨੇ ਦੱਸਿਆ ਕਿ ਉਦਘਾਟਨੀ ਮੈਚ ਭਾਮ ਅਤੇ ਬਿਲਾਸਪੁਰ ਵਿਚਕਾਰ ਕਰਵਾਇਆਂ ਗਿਆ, ਜਿਸ ਵਿੱਚ ਪਿੰਡ ਭਾਮ ਦੀ ਟੀਮ ਤਿੰਨ ਗੋਲਾ ਨਾਲ ਜੇਤੂ ਰਹੀ।ਉਨ੍ਹਾਂ ਦੱਸਿਆ ਕਿ ਓਪਨ ਫੁੱਟਬਾਲ ਵਿੱਚ ਪਹਿਲੇ ਸਥਾਨ 'ਤੇ ਰਹਿਣ ਵਾਲੀ ਟੀਮ ਨੂੰ 51000 ਰੁਪਏ ਅਤੇ ਦੂਜੇ ਸਥਾਨ ਉਪਰ ਰਹਿਣ ਵਾਲੀ ਟੀਮ ਨੂੰ 41000 ਰੁਪਏ ਦਿੱਤੇ ਜਾਵੇਗਾ। ਇਸੇ ਤਰ੍ਹਾਂ 2007 ਪਹਿਲੇ ਸਥਾਨ ਉਪਰ ਰਹਿਣ ਵਾਲੀ ਟੀਮ ਨੂੰ 21000 ਰੁਪਏ ਅਤੇ ਦੂਸਰੇ ਸਥਾਨ ਉਪਰ ਰਹਿਣ ਵਾਲੀ ਟੀਮ ਨੂੰ 15000 ਰੁਪਏ ਦਿੱਤੇ ਜਾਣਗੇ



।ਇਨਾਮਾਂ ਦੀ ਵੰਡ ਮੁੱਖ ਮਹਿਮਾਨ ਡਾਕਟਰ ਬਲਜੀਤ ਕੌਰ ਕੈਬਨਿਟ ਮੰਤਰੀ ਪੰਜਾਬ, ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ, ਡਾਕਟਰ ਰਵਜੋਤ ਸਿੰਘ ਕੈਬਨਿਟ ਮੰਤਰੀ ਪੰਜਾਬ ਸਾਝੇ ਤੌਰ 'ਤੇ ਜੇਤੂ ਅਤੇ ਉਪ ਜੇਤੂ ਟੀਮਾਂ ਕਰਨਗੇ। ਇਸ ਮੌਕੇ ਫਤਿਹ ਸਿੰਘ ਪਰਹਾਰ, ਦਵਿੰਦਰ ਸਿੰਘ ਪਰਮਾਰ, ਉਂਕਾਰ ਸਿੰਘ ਮਿਨਹਾਸ, ਜਸਪਾਲ ਸਿੰਘ ਪਰਮਾਰ, ਸੁਖਜੀਤ ਸਿੰਘ ਪਰਮਾਰ, ਬਲਵੀਰ ਸਿੰਘ ਫੁਗਲਾਣਾ ਪ੍ਰਧਾਨ ਦੋਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ, ਬਲਵਿੰਦਰ ਸਿੰਘ ਕਾਲਰਾ, ਈਸ਼ਰ ਸਿੰਘ ਨੂਰੜ, ਸਤਬੀਰ ਸਿੰਘ ਪਰਮਾਰ, ਦਵਿੰਦਰ ਸਿੰਘ ਸਰੋਆ, ਜਸਵੀਰ ਸਿੰਘ ਭਾਮ, ਮਨਜੀਤ ਸਿੰਘ, ਅਵਤਾਰ ਸਿੰਘ ਡਾਂਡੀਆਂ, ਬਲਵਿੰਦਰ ਸਿੰਘ ਭਾਮ, ਬਲਵੀਰ ਸਿੰਘ ਤੰਬੜ, ਗੁਰਦੀਪ ਸਿੰਘ ਕਾਲਰਾ, ਗੁਰਦਿਆਲ ਸਿੰਘ ਜਲਵੇਹੜਾ ,ਗੁਰਮੀਤ ਸਿੰਘ ਫਗਲਾਣਾ, ਨਛੱਤਰ ਸਿੰਘ ਭੱਟੀ, ਗੁਰਦੀਪ ਸਿੰਘ ਕਾਲਰਾ ਐਕਸ ਚੇਅਰਮੈਨ ਮਾਰਕੀਟ ਕਮੇਟੀ ਆਦਮਪੁਰ, ਲੰਬੜਦਾਰ ਬਲਜੀਤ ਸਿੰਘ, ਚਰਨਜੀਤ ਸਿੰਘ ਸਾਬਕਾ ਸਰਪੰਚ ਮਨਜੀਤ ਸਿੰਘ ਸੋਨੂੰ ਭੁੰਗਰਨੀ,ਸੁਰਜੀਤ ਸਿੰਘ ਮਸੂਤਾ ,ਬਲਵੀਰ ਸਿੰਘ ਤੰਬੜ ਆਦਿ ਹਾਜ਼ਰ ਸਨ।

## ਜਨਮ ਦਿਨ ਮੁਬਾਰਕ



ਬਲੈਸੀ ਸਹੋਤਾ (ਮਹਿਤਪੁਰ)



ਗੁਰਕੀਰਤ ਸਿੰਘ ਸਪਰਾ ਦੀਆਂ ਭੈਣਾਂ ਗੁਰਲੀਨ ਕੌਰ ਅਤੇ ਹਰਨੀਲ ਕੌਰ ਆਪਣੇ ਨਵਜੰਮੇ ਵੀਰ ਨੂੰ ਗੋਦ ਵਿੱਚ ਲੈ ਕੇ ਖੁਸ਼ੀ ਪ੍ਰਗਟ ਕਰਦੀਆਂ ਹੋਈਆਂ।

# ਮੇਹਰ ਚੰਦ ਪੋਲੀਟੈਕਨਿਕ ਕਾਲਜ ਦੀ ਪਲੈਟੀਨਮ ਜੁਬਲੀ 29 ਨੂੰ

## * ਸੀਚੇਵਾਲ ਹੋਣਗੇ ਮੁੱਖ ਮਹਿਮਾਨ



**ਜਲੰਧਰ: ( ਸ਼ੈਲੀ ਐਲਬਰਟ)** ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਮੈਂਬਰ ਰਾਜ ਸਭਾ, ਮੇਹਰ ਚੰਦ ਪੌਲੀਟੈਕਨਿਕ ਕਾਲਜ ਜਲੰਧਰ ਵਿਖੇ 29 ਅਕਤੂਬਰ'2024 ਨੂੰ ਸੰਸਥਾ ਦੀ ਪਲੈਟੀਨਮ ਜੁਬਲੀ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਪ੍ਰਿੰਸੀਪਲ ਡਾ: ਜਗਰੂਪ ਸਿੰਘ ਨੇ ਉਹਨਾਂ ਨੂੰ ਸੁਲਤਾਨਪੁਰ ਵਿਖੇ ਨਿਰਮਲ ਕੁਟੀਆ ਵਿੱਚ ਕਾਲਜ ਆਉਣ ਦਾ ਸੱਦਾ ਦਿੱਤਾ, ਜੋ ਉਹਨਾਂ ਖਿੜੇ-ਮੱਥੇ ਸਵੀਕਾਰ ਕਰ ਲਿਆ । ਉਹਨਾਂ ਦੇ ਨਾਲ ਕਾਲਜ ਦੇ ਲੈਕਚਰਾਰ ਪ੍ਰਭੂ ਦਿਆਲ ਵੀ ਸਨ । ਸੰਤ ਬਾਬਾ ਸੀਚੇਵਾਲ ਨੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੂੰ ਆਪਣੀ ਵਰਕਸ਼ਾਪ ਵਿਖਾਈ, ਜਿੱਥੇ ਡਰੈਗਨ ਬੋਟਸ (ਕਿਸ਼ਤੀਆਂ) ਨੂੰ ਖੁਦ ਬਣਾਇਆ ਅਤੇ ਰਿਪੇਅਰ ਕੀਤਾ ਜਾਂਦਾ ਹੈ, ਤਾਂ ਜੋ ਪੰਜਾਬ ਵਿੱਚ ਵੀ ਵਾਟਰ ਸਪੋਰਟਸ ਨੂੰ ਹੱਲਾ ਸ਼ੇਰੀ ਦਿੱਤੀ ਜਾਵੇ । ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੱਸਿਆ ਕਿ ਉਹ ਕਾਫੀ ਹੈਰਾਨ ਹੋਏ ਜਦੋਂ ਸੰਤ ਜੀ ਨੇ ਵੇਈਂ ਦੇ ਪਾਣੀ ਦਾ ਟੀ.ਡੀ.ਐਸ. ਉਹਨਾਂ ਦੇ ਸਾਹਮਣੇ ਚੈੱਕ ਕੀਤਾ, ਜੋ ਕਿ ਸਿਰਫ 114 ਪੀਪੀਐਮ ਸੀ, ਜੋ ਕਿ ਪੀਣ ਯੋਗ ਪਾਣੀ ਲਈ ਬਹੁਤ ਵਧੀਆ ਮਾਤਰਾ ਸੀ ।

ਉਹਨਾਂ ਕਿਹਾ ਕਿ ਸਾਡੇ ਕਾਲਜ ਦਾ ਟੀਡੀਐਸ ਵੀ ਵੇਈਂ ਦੇ ਪਾਣੀ ਤੋਂ ਜਿਆਦਾ ਹੈ । ਪ੍ਰਿੰਸੀਪਲ ਨੇ ਸੰਤ ਨੂੰ ਦੱਸਿਆ ਕਿ ਕਾਲਜ ਨੇ ਸੱਤ ਦਹਾਕਿਆਂ ਵਿੱਚ 36000 ਇੰਜੀਨੀਅਰ ਪੈਦਾ ਕੀਤੇ ਹਨ, ਜਿਹਨਾਂ ਨੇ ਪੂਰੇ ਭਾਰਤ ਵਿੱਚ ਨਾਮਣਾ ਖੱਟਿਆ ਹੈ ।ਇਸ ਕਾਲਜ ਨੂੰ ਪੰਜ ਵਾਰ ਉੱਤਰ ਭਾਰਤ ਦੇ ਸਰਵੋਤਮ ਪੌਲੀਟੈਕਨਿਕ ਵਜੋਂ ਨਿਵਾਜਿਆ ਗਿਆ ਹੈ। ਇਸ ਦੇ ਪ੍ਰੋਗਰਾਮ ਨੂੰ ਐਨਬੀਏ ਨਵੀਂ ਦਿੱਲੀ ਵੱਲੋਂ ਵੀ ਮਾਨਤਾ ਮਿਲ ਚੁੱਕੀ ਹੈ, ਜੋ ਕਿ ਪੰਜਾਬ ਦਾ ਇੱਕੋ-ਇੱਕ ਬਹੁਤਕਨੀਕੀ ਕਾਲਜ ਹੈ ।

ਇਸੇ ਸਮਾਗਮ ਵਿੱਚ ਸਪੀਕਰ ਸਾਹਿਬ ਸ: ਕੁਲਤਾਰ ਸਿੰਘ ਸੰਧਵਾਂ ਮੁੱਖ ਮਹਿਮਾਨ ਵਜੋਂ ਪਹੁੰਚ ਰਹੇ ਹਨ ਅਤੇ ਡਾਇਰੈਕਟਰ ਟੈਕਨੀਕਲ ਐਜੂਕੇਸ਼ਨ ਅਮਿਤ ਤਲਵਾੜ (ਆਈਏਐਸ) ਅਤੇ ਰਮਨ ਅਰੋੜਾ (ਐਮਐਲਏ) ਗੈਸਟ ਆਫ ਆਨਰ ਵਜੋਂ ਸ਼ਿਰਕਤ ਕਰਨਗੇ ।

# ਸਥਾਨਕ ਸਰਕਾਰਾਂ ਮੰਤਰੀ ਵੱਲੋਂ 'ਸਵੱਛਤਾ ਦੀ ਲਹਿਰ' ਮੁਹਿੰਮ ਦੀ ਸ਼ੁਰੂਆਤ

**ਜਲੰਧਰ:( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ)** ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਖੁਦ ਸਫਾਈ ਕਰਕੇ ਜਲੰਧਰ ਤੋਂ 'ਸਵੱਛਤਾ ਦੀ ਲਹਿਰ' ਮੁਹਿੰਮ ਦੀ ਸ਼ੁਰੂਆਤ ਕੀਤੀ। 24 ਅਕਤੂਬਰ ਤੋਂ 7 ਨਵੰਬਰ ਤੱਕ ਚੱਲਣ ਵਾਲੀ ਇਸ 15 ਰੋਜ਼ਾ ਸਫ਼ਾਈ ਮੁਹਿੰਮ ਦਾ ਉਦੇਸ਼ ਸਮੂਹਿਕ ਜ਼ਿੰਮੇਵਾਰੀ ਵਜੋਂ ਸਵੱਛਤਾ ਦੀ ਮਹੱਤਤਾ ਬਾਰੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਹੈ।ਇਸ ਪਹਿਲਕਦਮੀ ਦੀ ਸ਼ੁਰੂਆਤ ਕਰਦਿਆਂ ਡਾ. ਰਵਜੋਤ ਨੇ ਕਿਹਾ ਕਿ ਸ਼ਹਿਰ ਅਤੇ ਇਲਾਕਿਆਂ ਨੂੰ ਸਾਫ਼-ਸੁਥਰਾ ਰੱਖਣ ਲਈ ਸਾਰੇ ਨਾਗਰਿਕਾਂ ਦੇ ਸਾਂਝੇ ਯਤਨਾਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਅਸੀਂ ਆਪਣੇ ਘਰਾਂ ਵਿੱਚ ਸਾਫ਼-ਸਫ਼ਾਈ ਰੱਖਦੇ ਹਾਂ, ਉਸੇ ਤਰ੍ਹਾਂ ਸਾਨੂੰ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਰੱਖਣ ਲਈ ਵੀ ਠੋਸ ਉਪਰਾਲੇ ਕਰਨੇ ਚਾਹੀਦੇ ਹਨ। ਉਨ੍ਹਾਂ ਲੋਕਾਂ ਨੂੰ ਆਪਣੇ ਆਸ-ਪੜੋਸ ਦੀ ਸਾਫ਼-ਸਫਾਈ ਅਤੇ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਪੰਜਾਬ ਸਰਕਾਰ ਦਾ ਸਾਥ ਦੇਣ ਦੀ ਅਪੀਲ ਕੀਤੀ। ਡਾ. ਰਵਜੋਤ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਰਾਜ ਭਰ ਵਿੱਚ ਨਗਰ ਨਿਗਮਾਂ/ਕੌਂਸਲਾਂ ਦੇ ਸਟਾਫ਼ ਵੱਲੋਂ ਆਪਣੇ ਰੁਟੀਨ ਕੰਮ ਦੇ ਬਾਵਜੂਦ ਰੋਜ਼ਾਨਾ ਇੱਕ ਵਾਧੂ ਘੰਟਾ ਸਫ਼ਾਈ ਦੇ ਕੰਮਾਂ ਲਈ ਸਮਰਪਿਤ ਕੀਤਾ ਜਾਵੇਗਾ। ਉਨ੍ਹਾਂ ਇਸ ਮੌਕੇ ਪੀਣ ਵਾਲੇ ਸਾਫ਼ ਪਾਣੀ, ਬਿਹਤਰ ਸੜਕੀ ਬੁਨਿਆਦੀ ਢਾਂਚਾ ਅਤੇ ਵਧੀਆ ਸੀਵਰੇਜ ਸਿਸਟਮ ਵਰਗੀਆਂ ਜ਼ਰੂਰੀ ਸਹੂਲਤਾਂ ਪ੍ਰਦਾਨ ਕਰਨ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਵੀ ਦੁਹਰਾਈ। ਮੰਤਰੀ ਨੇ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਇਸ ਮੁਹਿੰਮ ਨੂੰ ਲੋਕ ਲਹਿਰ ਵਿੱਚ ਬਦਲਣ ਦੀ ਅਪੀਲ ਵੀ ਕੀਤੀ



*ਜੰਡਿਆਲਾ ਮੰਜਕੀ ਦੀ ਨਵੀਂ ਚੁਣੀ ਗਈ ਪੰਚਾਇਤ ਨੂੰ ਹਲਕਾ ਵਿਧਾਇਕ ਤੇ ਸਾਬਕਾ ਮੰਤਰੀ ਪ੍ਰਗਟ ਸਿੰਘ ਵੱਲੋਂ ਸਨਮਾਨਤ ਕਰਨ ਉਪਰੰਤ ਯਾਦਗਾਰੀ ਤਸਵੀਰ ਕਰਵਾਉਣ ਸਮੇਂ (ਖੱਬਿਓਂ) ਕਾਮਰੇਡ ਗੁਰਬਿੰਦਰ ਸਿੰਘ ਗੋਗੀ (ਪੰਚ), ਸ੍ਰ. ਬਲਕਾਰ ਸਿੰਘ (ਪੰਚ), ਸ੍ਰੀਮਤੀ ਸੁਖਵਿੰਦਰ ਕੌਰ (ਪੰਚ), ਸ੍ਰੀਮਤੀ ਜਤਿੰਦਰ ਕੌਰ (ਪੰਚ), ਸਾਬਕਾ ਸਰਪੰਚ ਮੱਖਣ ਪੱਲ੍ਹਣ, ਨਵੇਂ ਚੁਣੇ ਸਰਪੰਚ ਕਮਲਜੀਤ ਸਿੰਘ, ਸ੍ਰ. ਮੱਖਣ ਸਿੰਘ (ਪੰਚ) ਤੇ ਸ੍ਰ. ਜਸਵਿੰਦਰ ਸਿੰਘ (ਪੰਚ)।*

26-Oct-PAGE-13.qxd 10/25/2024 10:52 PM Page 1



# ਪਿੰਡ ਦੇ ਵਿਕਾਸ 'ਚ ਕੋਈ ਕਸਰ ਨਹੀਂ ਛੱਡੀ ਜਾਵੇਗੀ : ਮਨਜੀਤ ਸਿੰਘ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-** ਵਿਧਾਨ ਸਭਾ ਹਲਕਾ ਕਾਦੀਆਂ ਅਧੀਨ ਪੈਂਦੇ ਪਿੰਡ ਭੂਸ ਵਿੱਚ ਵਿਕਾਸ ਕਾਰਜਾਂ ਨੂੰ ਲੈ ਕੇ ਕੋਈ ਵੀ ਕਸਰ ਨਹੀਂ ਛੱਡੀ ਜਾਵੇਗੀ ਅਤੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪਿੰਡ ਦਾ ਵਿਕਾਸ ਕਰਵਾਇਆ ਜਾਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਦੇ ਨਵੇਂ ਬਣੇ ਸਰਪੰਚ ਮਨਜੀਤ ਸਿੰਘ ਨੇ ਉਸ ਵੇਲੇ ਕੀਤਾ ਜਦੋਂ ਨਵੀਂ ਬਣੀ ਪੰਚਾਇਤ ਸਮੇਤ ਉਨ੍ਹਾਂ ਨੇ ਸਮੂਹ ਨਗਰ ਨਿਵਾਸੀਆਂ ਤੇ ਵੋਟਰਾਂ ਦਾ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਗੱਲਬਾਤ ਦੌਰਾਨ ਸਰਪੰਚ ਮਨਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ ਵਿੱਚ ਕੁੱਲ 467 ਵੋਟਾਂ ਹਨ ਅਤੇ 353 ਵੋਟਾਂ ਪੋਲ ਹੋਈਆਂ ਹਨ ਤੇ 15 ਵੋਟਾਂ 'ਤੇ ਉਹ ਜੇਤੂ ਰਹੇ ਹਨ। ਜਿਸ ਵਿੱਚ ਉਨ੍ਹਾਂ ਦੇ ਮੈਂਬਰ ਪੰਚਾਇਤ ਕੁਲਵੰਤ ਸਿੰਘ ਬਲਕਾਰ ਮਸੀਹ, ਸੁਖਵਿੰਦਰ ਕੌਰ, ਗੁਰਮੁਖ ਸਿੰਘ, ਪਰਮਜੀਤ ਕੌਰ ਪਤਨੀ ਕੁਲਵਿੰਦਰ ਸਿੰਘ ਬਣੇ । ਅਖੀਰ ਵਿੱਚ ਸਰਪੰਚ ਮਨਜੀਤ ਸਿੰਘ ਅਤੇ ਉਨ੍ਹਾਂ ਦੇ ਮੈਂਬਰ ਪੰਚਾਇਤ ਸਮੇਤ ਉਨ੍ਹਾਂ ਦੇ ਪਰਵਾਰ ਨੇ ਸਮੂਹ ਪਿੰਡ ਵਾਸੀਆਂ ਅਤੇ ਵੋਟਰਾਂ ਸਪੋਰਟਰਾਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ ਤੇ ਕਿਹਾ ਕਿ ਉਹ ਆਪਣੇ ਵੋਟਰਾਂ ਸਪੋਰਟਰਾਂ ਤੇ ਸਮਰਥਕਾਂ ਦੇ ਹਮੇਸ਼ਾ ਹੀ ਸਹਿਯੋਗ ਕਰਨ ਤੇ ਰਿਣੀ ਰਹਿਣਗੇ। ਇਸ ਦੌਰਾਨ ਸਰਪੰਚ ਮਨਜੀਤ ਸਿੰਘ ਅਤੇ ਉਨ੍ਹਾਂ ਦੀ ਪੰਚਾਇਤ ਨੇ ਹਲਕਾ ਇੰਚਾਰਜ ਕਾਦੀਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨਾਲ ਮੁਲਾਕਾਤ ਕੀਤੀ ਅਤੇ ਇਸ ਦੌਰਾਨ ਸੇਖਵਾਂ ਦੇ ਵੱਲੋਂ ਸਰਪੰਚ ਮਨਜੀਤ ਸਿੰਘ ਦਾ ਗੁਰੂ ਬਖਸ਼ਿਸ਼ ਸਰੋਪਾ ਦੇ ਕੇ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਉਨ੍ਹਾਂ ਨਾਲ ਹੋਰਨਾਂ ਤੋਂ ਇਲਾਵਾ ਹਰਜੀਤ ਸਿੰਘ, ਜਸਬੀਰ ਸਿੰਘ, ਲਖਵਿੰਦਰ ਸਿੰਘ, ਗੁਰਮੀਤ ਸਿੰਘ, ਭਿੱਲਾ ਮਸੀਹ, ਹਰਵਿੰਦਰ ਸਿੰਘ, ਮਲਕੀਤ ਸਿੰਘ ,ਜਗਰੂਪ ਸਿੰਘ, ਹਰਦੀਪ ਸਿੰਘ, ਰਸ਼ਪਾਲ ਸਿੰਘ, ਬਲਬੀਰ ਸਿੰਘ, ਇਕਬਾਲ ਸਿੰਘ, ਕੁਲਵਿੰਦਰ ਸਿੰਘ, ਹਰਮੀਤ ਸਿੰਘ, ਕੁਲਵਿੰਦਰ ਮਸੀਹ, ਆਕਾਸ਼ ਮਸੀਹ, ਸੰਨੀ ਮਸੀਹ ਆਦਿ ਹਾਜ਼ਰ ਸਨ ।

# ਰਿਆੜਕੀ ਸੰਸਥਾ ਦੇ ਵਿਦਿਆਰਥੀ ਸਹਿਜ ਪਾਠ ਸੰਪੰਨ ਕਰਨ 'ਤੇ ਕੀਤੇ ਸਨਮਾਨਤ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)-** ਖੇਡਾਂ, ਅਕਾਦਮਿਕ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਮੱਲਾਂ ਮਾਰਦੇ ਹੋਏ, ਇੱਕ ਸੀ.ਬੀ.ਐੱਸ.ਈ ਸਕੂਲ ਹੁੰਦੇ ਹੋਏ ਵੀ ਰਿਆੜਕੀ ਪਬਲਿਕ ਸਕੂਲ, ਤੁਗਲਵਾਲ ਧਾਰਮਿਕ ਖੇਤਰ ਵਿਚ ਵੀ ਸਕਾਲਰਸ਼ਿਪਾਂ ਅਤੇ ਟਰਾਫੀਆਂ ਹਾਸਲ ਕਰਨ ਤੱਕ ਹੀ ਸੀਮਤ ਨਹੀਂ ਬਲਕਿ ਬੱਚਿਆਂ ਨੂੰ ਗੁਰਬਾਣੀ ਨਾਲ ਜੁੜਨ ਅਤੇ ਗੁਰਬਾਣੀ ਵਿਚਰਨ ਦਾ ਵੀ ਸੰਦੇਸ਼ ਦਿੰਦਾ ਹੈ।ਜ਼ਿਲ੍ਹਾ ਪੱਧਰ ਤੇ ਕਰਵਾਏ ਗਏ ਸਹਿਜ ਪਾਠ ਮੁਕਾਬਲਿਆਂ ਦੇ ਅੰਤਰਗਤ ਰਿਆੜਕੀ ਪਬਲਿਕ ਸਕੂਲ, ਤੁਗਲਵਾਲ ਦੇ 46 ਵਿਦਿਆਰਥੀਆਂ ਨੇ ਧਾਰਮਿਕ ਵਿਭਾਗ ਦੇ ਮੁਖੀ ਮੈਡਮ ਬਲਜੀਤ ਕੌਰ ਵਿਠਵਾਂ ਜੀ ਦੀ ਅਗਵਾਈ ਹੇਠ ਹਿੱਸਾ ਲਿਆ।ਇਹ ਮੁਕਾਬਲੇ ਗੁਰਦੁਆਰਾ ਸ੍ਰੀ ਰਾਜਾ ਰਾਮ ਸਾਹਿਬ ਜੀ, ਹਰਚੋਵਾਲ ਵਿਖੇ ਸੰਪੰਨ ਹੋਏ।ਇਹ ਮੁਕਾਬਲੇ ਜਤਿੰਦਰ ਸਿੰਘ ਉੱਪਲ (ਮੈਲਬੌਰਨ), ਮੁੱਖ ਪ੍ਰਬੰਧਕ ਸਹਿਜ ਪਾਠ ਸੇਵਾ ਅੰਮ੍ਰਿਤਸਰ ਅਤੇ ਸ.ਰਾਜਪਾਲ ਸਿੰਘ ਜੀ (ਪ੍ਰੋਗਰਾਮ ਕੋਆਰਡੀਨੇਟਰ) ਵੱਲੋਂ ਇਹ ਮੁਕਾਬਲੇ ਦੇਸ਼-ਵਿਦੇਸ਼ ਵਿੱਚ ਉਲੀਕੇ ਗਏ, ਜਿਸ ਵਿੱਚੋਂ ਰਿਆੜਕੀ ਸੰਸਥਾ ਦੇ ਵਿਦਿਆਰਥੀਆਂ ਵੱਲੋਂ ਗੁਰਬਾਣੀ ਉਚਾਰਣ ਰਾਊਂਡ ਵਿੱਚ ਸਭ ਤੋਂ ਵਧੇਰੇ ਅੰਕ ਪ੍ਰਾਪਤ ਕੀਤੇ ਗਏ। ਇਸ ਰਾਊਂਡ ਵਿੱਚ ਮੁਕਾਬਲੇ ਕੋਆਡੀਨੇਟਰਾਂ ਵੱਲੋਂ ਸਭ ਪਹੁੰਚੇ ਹੋਏ ਸਕੂਲਾਂ ਦੇ ਵਿਦਿਆਰਥੀਆਂ ਕੋਲੋਂ ਸੰਪੂਰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚੋਂ ਗੁਰਬਾਣੀ ਸੁਣੀ ਗਈ, ਜਿਸ ਵਿੱਚ ਰਿਆੜਕੀ ਸੰਸਥਾ ਦੇ ਵਿਦਿਆਰਥੀਆਂ ਨੇ ਵਧੇਰੇ ਅੰਕ ਪ੍ਰਾਪਤ ਕਰਕੇ ਮਾਣ ਹਾਸਲ ਕੀਤਾ।ਇਸ ਦੇ ਨਾਲ ਹੀ ਹੱਥ ਲਿਖਤ ਗੁਰਬਾਣੀ ਦੀਆਂ ਕਾਪੀਆਂ ਵੀ ਰਿਆੜਕੀ ਵਿਦਿਆਰਥੀਆਂ ਵੱਲੋਂ ਬਣਾਈਆਂ ਅਤੇ ਸਜਾਈਆਂ ਗਈਆਂ। ਇਹਨਾਂ ਕਾਪੀਆਂ ਅਤੇ ਹੋਣਹਾਰ ਬੱਚਿਆਂ ਦੀ ਸੁੰਦਰ ਲਿਖਾਈ ਅਤੇ ਗੁਰਬਾਣੀ ਉਚਾਰਨ ਤੋਂ ਪ੍ਰਸੰਨ ਹੋ ਕੇ ਮੁਕਾਬਲੇ ਕੋਆਰਡੀਨੇਟਰ ਸਾਹਿਬਾਨਾਂ ਵੱਲੋਂ ਪ੍ਰਸੰਨਤਾ ਨਾਲ ਰਿਆੜਕੀ ਸੰਸਥਾ ਦੇ ਅਜਿਹੇ ਕਦਮ ਜੋ ਨਵੀਂ ਪੀੜ੍ਹੀ ਨੂੰ ਆਪਣੇ ਗੁਰੂ, ਗੁਰਬਾਣੀ ਅਤੇ ਜੜ੍ਹਾਂ ਨਾਲ ਜੋੜਨ, ਦੀ ਬਹੁਤ ਪ੍ਰਸ਼ੰਸਾ ਕੀਤੀ ਗਈ। ਮੁਕਾਬਲਿਆਂ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਵਿੱਚੋਂ ਜਸਲੀਨ ਕੌਰ, ਅਰਸ਼ਦੀਪ ਕੌਰ, ਸਹਿਜਪ੍ਰੀਤ, ਮਹਿਕਦੀਪ ਕੌਰ, ਜਸਵਿੰਦਰ ਕੌਰ, ਅਰਸ਼ਪ੍ਰੀਤ ਕੌਰ ਅਤੇ ਜੰਨਤਪ੍ਰੀਤ ਕੌਰ ਵੱਲੋਂ ਕਰਮਵਾਰ ਛੇ, ਚਾਰ, ਦੋ-ਦੋ ਅਤੇ ਦੋ ਸਹਿਜ ਪਾਠਾਂ ਦੇ ਭੋਗ ਪਾਏ ਗਏ।ਹਰੇਕ ਮੁਕਾਬਲੇ ਭਾਗੀਦਾਰ ਨੂੰ ਵਿਸ਼ੇਸ਼ ਸਨਮਾਨ ਚਿੰਨ ਭੇਟ ਕਰਕੇ ਉਹਨਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ।ਬਲਜੀਤ ਕੌਰ ਵਿਠਵਾਂ ਨੂੰ ਵੀ ਵਿਸ਼ੇਸ਼ ਸਨਮਾਨ ਅਤੇ ਸਿਰੋਪਾਓ ਭੇਟ ਕੀਤਾ ਗਿਆ। ਸੰਸਥਾ ਦੇ ਮੁੱਖ ਪ੍ਰਬੰਧਕ ਸਰਦਾਰ ਗਗਨਦੀਪ ਸਿੰਘ ਵਿਰਕ ਵੱਲੋਂ ਹਰੇਕ ਵਿਦਿਆਰਥੀ ਨੂੰ ਗੁਰਬਾਣੀ ਨਾ ਸਿਰਫ ਪੜ੍ਹਨ ਬਲਕਿ ਗੁਰਬਾਣੀ ਵਿਚਾਰਨ ਅਤੇ ਵਿਚਰਨ ਦਾ ਵੀ ਸੰਦੇਸ਼ ਦਿੱਤਾ ਗਿਆ।

# ਜਤਿੰਦਰ ਕੌਰ ਰੰਧਾਵਾ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਹੋਏ ਨਤਮਸਤਕ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)** ਡੇਰਾ ਬਾਬਾ ਨਾਨਕ ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਅਤੇ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਦੀ ਧਰਮ ਪਤਨੀ ਬੀਬੀ ਜਤਿੰਦਰ ਕੌਰ ਰੰਧਾਵਾ ਵੱਲੋਂ ਨਾਮਜਦਗੀ ਪੱਤਰ ਭਰਨ ਤੋਂ ਪਹਿਲਾਂ ਪਰਿਵਾਰ ਤੇ ਕਾਂਗਰਸੀ ਵਰਕਰਾਂ ਸਮੇਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਨਤਮਸਤਕ ਹੋਏ। ਇਸ ਮੌਕੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੇ ਗ੍ਰੰਥੀ ਵੱਲੋਂ ਬੀਬੀ ਜਤਿੰਦਰ ਕੌਰ ਰੰਧਾਵਾ ਨੂੰ ਗੁਰੂ ਦੀ ਬਖਸ਼ਿਸ਼ ਸਿਰਪਾਓ ਸਾਹਿਬ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੁਖਜਿੰਦਰ ਸਿੰਘ ਰੰਧਾਵਾ, ਉਦੇਵੀਰ ਸਿੰਘ ਰੰਧਾਵਾ, ਦੀਪਇੰਦਰ ਸਿੰਘ ਰੰਧਾਵਾ, ਸਾਬਕਾ ਵਿਧਾਇਕ ਨਰੇਸ਼ ਪੁਰੀ, ਅਮਿਤ ਵਿੱਜ, ਟੀਨਾ ਚੌਧਰੀ, ਮੁਨੀਸ਼ ਮਹਾਜਨ, ਸਾਬਕਾ ਚੇਅਰਮੈਨ ਨਰਿੰਦਰ ਸਿੰਘ ਬਾਜਵਾ, ਮਹਿੰਗਾ ਰਾਮ ਗਰੀਬ, ਦੀਪਕ ਸ਼ਰਮਾ, ਪਵਨ ਕੁਮਾਰ, ਪੰਨਾ ਲਾਲ ਭਾਟੀਆ, ਸਾਬਕਾ ਚੇਅਰਮੈਨ ਹਰਦੀਪ ਸਿੰਘ ਤਲਵੰਡੀ ਗੋਰਾਇਆਂ, ਬਲਜਿੰਦਰ ਸਿੰਘ ਸ਼ਿਕਾਰ, ਸੁੱਚਾ ਸਿੰਘ ਸੈਕਟਰੀ, ਸਵਿੰਦਰ ਸਿੰਘ ਭੰਮਰਾ, ਕਾਂਗਰਸੀ ਉਮੀਦਵਾਰ ਸੁਰੇਸ਼ ਬਬਲੂ, ਦਿਵਯ ਜੋਤ ਕੌਰ ਰੰਧਾਵਾ ਅਤੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਵਰਕਰ ਆਦਿ ਹਾਜ਼ਰ ਸਨ।

## ਸ਼ਬਦ ਸਾਂਝ ਲਾਇਬ੍ਰੇਰੀ ਵੱਲੋਂ ਸਨਮਾਨ ਸਮਾਰੋਹ ਤੇ ਕਵੀ ਦਰਬਾਰ ਭਲਕੇ



**ਫਤਹਿਗੜ੍ਹ ਚੂੜੀਆਂ (ਜਸਦੇਵ ਮਾਨ ਪ੍ਰੀਤਮ ਸਰਪੰਚ)** ਸ਼ਬਦ ਸਾਂਝ ਲਾਇਬ੍ਰੇਰੀ ਪਿੰਡ ਮਾਨ ਸੈਂਡਵਾਲ 27 ਅਕਤੂਬਰ ਐਤਵਾਰ ਸਵੇਰੇ 9 ਵਜੇ ਸਾਹਿਤਕ ਸਮਾਗਮ ਕਰਵਾਇਆ ਜਾ ਰਿਹਾ ਹੈ।ਇਸ ਸੰਬੰਧੀ ਲਾਇਬ੍ਰੇਰੀ ਪ੍ਰਬੰਧਕ ਜਸਦੇਵ ਮਾਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕੇ ਇਸ ਸਮਾਗਮ ਵਿੱਚ ਪ੍ਰਸਿੱਧ ਸਾਹਿਤਕਾਰ ਰੋਜ਼ੀ ਸਿੰਘ ਨੂੰ ਸਨਮਾਨਿਤ ਕੀਤਾ ਜਾ ਰਿਹਾ ਹੈ।ਇਸ ਮੌਕੇ ਹੋਣ ਵਾਲੇ ਕਵੀ ਦਰਬਾਰ ਵਿੱਚ ਨਾਮਵਾਰ ਕਵੀ ਆਪਣਾ ਕਲਾਮ ਪੇਸ਼ ਕਰਨਗੇ।ਇਸ ਸਮਾਗਮ ਵਿੱਚ ਜਗਰੂਪ ਸਿੰਘ ਬੁੱਟਰ ਅਸਟ੍ਰੇਲੀਆ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣਗੇ।

## ਡਾ. ਰਮਿੰਦਰ ਸਿੰਘ ਧੰਜੂ ਨਹੀਂ ਰਹੇ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-**ਪਿੰਡ ਫਤਿਹਪੁਰ ਰਾਜਪੂਤਾਂ ਦੀ ਇੱਕ ਬਹੁਪੱਖੀ ਸ਼ਖ਼ਸੀਅਤ ਤੇ ਜਾਇੰਟ ਡਾਇਰੈਕਟਰ ਖੇਤੀਬਾੜੀ ਵਿਭਾਗ ਪੰਜਾਬ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਕਹਿ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ। ਸਵ. ਡਾ. ਰਮਿੰਦਰ ਸਿੰਘ ਧੰਜੂ ਦੀ ਅੰਤਿਮ ਅਰਦਾਸ, ਸ਼ਰਧਾਂਜਲੀ ਸਮਾਗਮ ਤੇ ਅਖੰਡ ਪਾਠ ਸਾਹਿਬ ਦੇ ਭੋਗ 27 ਅਕਤੂਬਰ ਨੂੰ ਪਿੰਡ ਦੇ ਗੁਰਦੁਆਰਾ ਨਨਕਾਣਾ ਸਾਹਿਬ ਵਿਖੇ ਪਾਏ ਜਾਣਗੇ। ਡਾ. ਰੁਮਿੰਦਰ ਸਿੰਘ ਧੰਜੂ ਦੀ ਹੋਈ ਬੇਵਕਤੀ ਮੌਤ 'ਤੇ ਇਲਾਕੇ ਦੀਆਂ ਕਈ ਸਮਾਜਿਕ ਜਥੇਬੰਦੀਆਂ, ਕਿਸਾਨ ਆਗੂਆਂ, ਧਾਰਮਿਕ, ਸਿਆਸੀ ਸ਼ਖ਼ਸੀਅਤਾਂ, ਸਮੂਹ ਪੱਤਰਕਾਰ ਭਾਈਚਾਰੇ, ਖੇਤੀਬਾੜੀ ਤੇ ਹੋਰ ਵੱਖ ਵੱਖ ਮਹਿਕਮਿਆਂ ਦੇ ਅਫ਼ਸਰ ਸਹਿਬਾਨ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਤੇ ਦੁਖੀ ਪਰਵਾਰ ਨੂੰ ਭਾਣਾ ਮੰਨਣ ਲਈ ਕਿਹਾ।

## ਆਰ ਡੀ ਖੋਸਲਾ ਸਕੂਲ 'ਚ ਲੜਕੀਆਂ ਦੀ ਕ੍ਰਿਕਟ ਟੀਮ ਨੇ ਪਹਿਲਾ ਸਥਾਨ ਕੀਤਾ ਹਾਸਲ



**ਬਟਾਲਾ (ਤਰਲੋਕ ਬੱਗਾ)-** ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੀ ਲੜਕੀਆਂ ਦੀ ਕ੍ਰਿਕਟ ਟੀਮ ਨੇ ਪੰਜਾਬ ਸਰਕਾਰ ਵੱਲੋਂ ਕਰਵਾਏ ਗਏ ਕ੍ਰਿਕਟ ਟੂਰਨਾਮੈਂਟ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ। ਜ਼ੋਨਲ ਖੇਡਾਂ ਅਤੇ ਜ਼ਿਲ੍ਹਾ ਖੇਡਾਂ ਵਿੱਚ ਵੀ ਇਹ ਟੀਮ ਪਹਿਲੇ ਸਥਾਨ 'ਤੇ ਰਹੀ। ਲੜਕੀਆਂ ਦੀ ਕ੍ਰਿਕਟ ਟੀਮ ਦੀ ਕਪਤਾਨ ਪ੍ਰਾਚੀ ਅਤੇ ਉਪ ਕਪਤਾਨ ਪ੍ਰਿਅੰਸ਼ੀ ਅਤੇ ਟੀਮ ਮੈਂਬਰਾਂ ਰੂਹਾਨੀ, ਰਿਸ਼ਿਕਾ, ਮੰਨਤ, ਹਰਸ਼, ਹਰਨੂਰ ਕੌਰ, ਅਵਲੀਨ ਕੌਰ, ਅਵਨੀਤ ਕੌਰ, ਪ੍ਰਭਜੋਤ ਕੌਰ, ਸਨੇਹਾ, ਏਕਮਜੋਤ ਕੌਰ, ਹਰਨੂਰ ਕੌਰ, ਨਵਨੀਤ ਕੌਰ ਅਤੇ ਹਰਪ੍ਰੀਤ ਕੌਰ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥਣਾਂ, ਉਨ੍ਹਾਂ ਦੇ ਮਾਤਾ-ਪਿਤਾ ਅਤੇ ਕੋਚ ਸ਼੍ਰੇਸ਼ਠਾ ਸ਼ਰਮਾ ਨੂੰ ਹਾਰਦਿਕ ਵਧਾਈ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਵਿਦਿਆਰਥਣਾਂ ਨੂੰ ਅਜਿਹੇ ਖੇਡ ਮੁਕਾਬਲਿਆਂ ਵਿੱਚ ਉਤਸ਼ਾਹ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ।

## ਪਿੰਡ ਬਜਾੜ ਦੇ ਸਰਪੰਚ ਸਮੇਤ ਪੰਚਾਇਤ ਨੇ ਵੋਟਰਾਂ ਦਾ ਕੀਤਾ ਧੰਨਵਾਦ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)** ਲਕਾ ਕਾਦੀਆਂ ਅਧੀਨ ਪੈਂਦੇ ਪਿੰਡ ਬਜਾੜ ਦੇ ਸਰਪੰਚ ਗੁਰਵਿੰਦਰ ਸਿੰਘ ਬੱਲ ਪੁੱਤਰ ਸਵਿੰਦਰ ਸਿੰਘ ਤੇ ਸਮੁੱਚੀ ਪੰਚਾਇਤ ਨੇ ਵੋਟਰਾਂ ਸਪੋਰਟਰਾਂ ਦਾ ਧੰਨਵਾਦ ਕੀਤਾ ।ਇਸ ਦੌਰਾਨ ਗੱਲਬਾਤ ਕਰਦੇ ਹੋਏ ਸਰਪੰਚ ਗੁਰਵਿੰਦਰ ਸਿੰਘ ਨੇ ਜਿੱਥੇ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦਾ ਧੰਨਵਾਦ ਕੀਤਾ ਉੱਥੇ ਹੀ ਉਨ੍ਹਾਂ ਨੇ ਮਾਰਕੀਟ ਕਮੇਟੀ ਕਾਦੀਆਂ ਦੇ ਚੇਅਰਮੈਨ ਮੋਹਨ ਸਿੰਘ ਅਤੇ ਇਲਾਕੇ ਦੇ ਲੋਕਾਂ ਦਾ ਵੀ ਤਹਿ ਦਿਲ ਤੋਂ ਧੰਨਵਾਦ ਕੀਤਾ। ਅਤੇ ਵੋਟਰਾਂ ਸਪੋਰਟਰਾਂ ਦਾ ਧੰਨਵਾਦ ਕਰਦੇ ਕਿਹਾ ਕਿ ਉਹ ਇਨ੍ਹਾਂ ਵੋਟਰਾਂ ਸਪੋਰਟਰਾਂ ਦੇ ਹਮੇਸ਼ਾ ਸ਼ੁਕਰਗੁਜ਼ਾਰ ਰਹਿਣਗੇ ਅਤੇ ਪਿੰਡ ਦੇ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਦਿੱਤੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਪਿੰਡ ਵਿੱਚ ਸਰਬ ਸੰਮਤੀ ਹੋਈ ਹੈ ।ਜਿਸ ਨਾਲ ਲੋਕਾਂ ਨੇ ਸਰਬ ਸੰਮਤੀ ਕਰਦੇ ਹੋਏ ਉਹਨਾਂ ਨੂੰ ਪਿੰਡ ਦਾ ਸਰਪੰਚ ਚੁਣਿਆ। ਇਸ ਮੌਕੇ ਸਮੁੱਚੀ ਪੰਚਾਇਤ ਨੇ ਗੁਰਦੁਆਰਾ ਸਾਹਿਬ ਵਿੱਚ ਨਤਮਸਤਕ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਨੂੰ ਪ੍ਰਾਪਤ ਕੀਤਾ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਮੈਂਬਰ ਸਾਹਿਬਾਨ ਸਰਬਜੀਤ ਕੌਰ ਪਤਨੀ ਪਾਲ ਸਿੰਘ, ਜੈਮਸ ਮਸੀਹ ਪੁੱਤਰ ਮਹਿੰਦਰ ਸਿੰਘ, ਬਲਜੀਤ ਕੌਰ ਪਤਨੀ ਲਖਵਿੰਦਰ ਸਿੰਘ, ਹਰਜਿੰਦਰ ਕੌਰ ਪਤਨੀ ਗੁਰਨਾਮ ਸਿੰਘ, ਸੁਖਵੰਤ ਕੌਰ ਪਤਨੀ ਗੁਰਪਿੰਦਰ ਸਿੰਘ ਮੈਂਬਰ ਪੰਚਾਇਤ ਵਜੋਂ ਬਣੇ ਹਨ।

## ਭਰਤੀ ਪ੍ਰੀਖਿਆਵਾਂ ਭਲਕੇ

**ਗੁਰਦਾਸਪੁਰ (ਜਨਕ ਮਹਾਜਨ)-** ਸੁਰਿੰਦਰ ਸਿੰਘ ਵਧੀਕ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਵਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਗੁਰਦਾਸਪੁਰ ਵਿਖੇ ਸਥਾਪਿਤ ਕੀਤੇ ਗਏ ਪ੍ਰੀਖਿਆਵਾਂ ਕੇਂਦਰਾਂ ਦੇ ਆਲੇ-ਦੁਆਲੇ 100 ਮੀਟਰ ਦੇ ਘੇਰੇ ਵਿੱਚ ਲੋਕਾਂ ਦੇ ਇਕੱਠੇ ਹੋਣ ਤੇ 27 ਅਕਤੂਬਰ 2024 ਨੂੰ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ ਉਨ੍ਹਾਂ ਵਿਅਕਤੀਆਂ ਤੇ ਲਾਗੂ ਨਹੀਂ ਹੋਵੇਗਾ ਜੋ ਇਨ੍ਹਾਂ ਪ੍ਰੀਖਿਆਵਾਂ ਵਿਚ ਡਿਊਟੀ 'ਤੇ ਹੋਣਗੇ। ਹੁਕਮਾਂ ਵਿੱਚ ਅੱਗੇ ਕਿਹਾ ਗਿਆ ਕਿ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:), ਗੁਰਦਾਸਪੁਰ ਸੂਚਿਤ ਕੀਤਾ ਹੈ ਕਿ ਵਾਰਡਨ ਅਤੇ ਮਾਰਟਨ ਦੀ ਭਰਤੀ ਲਈ ਪ੍ਰੀਖਿਆ 27 ਅਕਤੂਬਰ ਨੂੰ ਜ਼ਿਲ੍ਹਾ ਗੁਰਦਾਸਪੁਰ ਦੇ ਵੱਖ-ਵੱਖ ਪ੍ਰੀਖਿਆ ਕੇਂਦਰਾਂ ਵਿੱਚ ਕਰਵਾਈ ਜਾ ਰਹੀ ਹੈ। ਇਹ ਪ੍ਰੀਖਿਆ ਦਿਨ ਐਤਵਾਰ ਸਮਾਂ ਸਵੇਰੇ 10.30 ਵਜੇ ਤੋਂ ਦੁਪਹਿਰ 1 ਵਜੇ ਤੱਕ ਹੋਵੇਗੀ।

# ਨਗਰ ਪੰਚਾਇਤ ਵੱਲੋਂ ਸਫਾਈ ਅਭਿਆਨ ਚਲਾਉਣਾ ਸ਼ਲਾਘਾਯੋਗ ਕਦਮ : ਅਮਨਦੀਪ ਕੌਰ ਧਾਲੀਵਾਲ



**ਅਜਨਾਲਾ (ਸੁਖਵਿੰਦਰ ਸਿੰਘ ਰਾਜੂ)-** ਨਗਰ ਪੰਚਾਇਤ ਅਜਨਾਲਾ ਵੱਲੋਂ ਸਫਾਈ ਪੰਦਰਵਾੜਾ ਮੁਹਿੰਮ ਦੀ ਸ਼ੁਰੂਆਤ ਕਰਵਾਉਣ ਲਈ ਸ਼ੁੱਕਰਵਾਰ ਵਿਸ਼ੇਸ਼ ਤੌਰ 'ਤੇ ਪਹੁੰਚੇ ਪੰਜਾਬ ਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਰੀਵਾਲ ਦੇ ਨੂੰਹ ਐਡਵੋਕੇਟ ਅਮਨਦੀਪ ਕੌਰ ਧਾਲੀਵਾਲ ਨੇ ਕਿਹਾ ਕਿ ਸਫਾਈ ਪੰਦਰਵਾੜਾ ਮੁਹਿੰਮ 'ਚ ਸਹਿਯੋਗ ਕਰਨਾ ਸਾਡੇ ਸਾਰਿਆਂ ਦਾ ਮੁਢਲਾ ਫਰਜ਼ ਹੈ।

ਉਹਨਾਂ ਇਸ ਮੌਕੇ ਨਗਰ ਪੰਚਾਇਤ ਅਜਨਾਲਾ ਦੀ ਤਾਰੀਫ ਕਰਦਿਆਂ ਕਿਹਾ ਕਿ ਨਗਰ ਪੰਚਾਇਤ ਅਜਨਾਲਾ ਆਪਣੇ ਹਰ ਫਰਜ਼ ਨੂੰ ਬਾਖੂਬੀ ਨਾਲ ਨਿਭਾਉਂਦੀ ਹੈ। ਜਿੱਥੇ ਡੇਂਗੂ ਦੀ ਰੋਕਥਾਮ ਲਈ ਰੋਜ਼ਾਨਾ ਸਪਰੇ ਅਤੇ ਸਫਾਈ ਅਭਿਆਨ ਦੌਰਾਨ ਵੀ ਉਹਨਾਂ ਨੇ ਅਜਨਾਲੇ ਸ਼ਹਿਰ ਨੂੰ ਸਾਫ ਰੱਖਣ ਵਿੱਚ ਆਪਣਾ ਮੋਹਰੀ ਰੋਲ ਅਦਾ ਕੀਤਾ ਹੈ। ਇਸ ਮੌਕੇ ਉਨ੍ਹਾਂ ਨਾਲ ਕੌਂਸਲਰ ਰਾਜਬੀਰ ਕੌਰ ਚਾਹਲ, ਨੰਦ ਲਾਲ, ਬਲਜਿੰਦਰ ਕੌਰ, ਰਮਿੰਦਰ ਕੌਰ ਸਾਰੇ ਕੌਂਸਲਰ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂ, ਸੁਖਦਿਆਲ ਸਿੰਘ ਭੱਖਾ ਗੋਰਾ ਸੱਗੂ, ਸ਼ਮਸ਼ੇਰ ਸਿੰਘ, ਗੁਰਦੀਪ ਕੌਰ ਅਤੇ ਨਗਰ ਪੰਚਾਇਤ ਦੇ ਇੰਸਪੈਕਟਰ ਦਵਿੰਦਰ ਕੁਮਾਰ ਠਾਕਰ, ਦਿਲਬਾਗ ਸਿੰਘ ਕੁਲੀ ਆਦਿ ਹਾਜ਼ਰ ਸਨ।

# ਕਿਸਾਨਾਂ ਨੂੰ 285 ਕਰੋੜ 85 ਲੱਖ ਰੁਪਏ ਦੀ ਕੀਤੀ ਅਦਾਇਗੀ : ਡਿਪਟੀ ਕਮਿਸ਼ਨਰ

**ਗੁਰਦਾਸਪੁਰ (ਜਨਕ ਮਹਾਜਨ)-** ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਮੰਡੀਆਂ ਵਿੱਚ ਝੋਨੇ ਦੀ ਫਸਲ ਦੀ ਖਰੀਦ, ਚੁਕਾਈ ਤੇ ਅਦਾਇਗੀ ਨਿਰਵਿਘਨ ਜਾਰੀ ਹੈ ਅਤੇ ਕਿਸਾਨਾਂ ਨੂੰ 285 ਕਰੋੜ 85 ਲੱਖ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲੈ ਕੇ ਆਉਣ ਤਾਂ ਜੋ ਉਨਾਂ ਨੂੰ ਫਸਲ ਵੇਚਣ ਵਿਚ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਅੱਗੇ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਸੁਚਾਰੂ ਢੰਗ ਨਾਲ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਅਪੀਲ ਕੀਤੀ ਕਿ ਝੋਨੇ ਦੀ ਫਸਲ ਕੱਟਣ ਉਪਰੰਤ ਪਰਾਲੀ ਨਾ ਸਾੜੀ ਜਾਵੇ ਅਤੇ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਵਰਤੀ ਜਾਵੇ। ਉਨ੍ਹਾਂ ਦੱਸਿਆ ਕਿ ਪਨਗਰੇਨ ਵਲੋਂ 65087 ਮੀਟਰਕ ਟਨ, ਮਾਰਕਫੈੱਡ ਵਲੋਂ 40210 ਮੀਟਰਕ ਟਨ, ਪਨਸਪ ਵਲੋਂ 44966 ਮੀਟਰਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵਲੋਂ 18815 ਅਤੇ ਐੱਫ.ਸੀ.ਆਈ ਵੱਲੋਂ 159 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਗਈ। ਜ਼ਿਲ੍ਹੇ ਭਰ ਦੀਆਂ ਮੰਡੀਆਂ ਵਿੱਚ ਬੀਤੀ ਦੇਰ ਸ਼ਾਮ ਤੱਕ 81355 ਮੀਟਰਕ ਟਨ ਦੀ ਆਮਦ ਹੋਈ ਸੀ। ਸਰਕਾਰੀ ਖਰੀਦ ਏਜੰਸੀਆਂ ਵਲੋਂ 169237 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ 44 ਫੀਸਦੀ ਫਸਲ ਦੀ ਚੁਕਾਈ ਕੀਤੀ ਜਾ ਚੁੱਕੀ ਹੈ।

# ਕਲਾਨੌਰ ਦੇ ਵੱਖ-ਵੱਖ ਪਿੰਡਾਂ 'ਚ ਇੱਕੋ ਦਿਨ 'ਚ ਬੇਲਰਾਂ ਰਾਹੀ 73 ਏਕੜ ਪਰਾਲੀ ਕੀਤੀ ਇਕੱਠੀ



**ਗੁਰਦਾਸਪੁਰ (ਜਨਕ ਮਹਾਜਨ)-** ਉਮਾ ਸ਼ੰਕਰ ਗੁਪਤਾ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਝੋਨੇ ਦੇ ਨਾੜ ਦੇ ਯੋਗ ਪ੍ਰਬੰਧਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਦੇ ਚੱਲਦਿਆਂ ਵੱਖ-ਵੱਖ ਪਿੰਡਾਂ ਵਿਚੋਂ ਯੋਗ ਢੰਗ ਨਾਲ ਨਾੜ/ਪਰਾਲੀ ਇਕੱਠੀ (ਗੱਠਾਂ) ਕੀਤੀ ਜਾ ਰਹੀ ਹੈ। ਸੁਰਿੰਦਰ ਸਿੰਘ ਵਧੀਕ ਡਿਪਟੀ ਕਮਿਸ਼ਨਰ (ਜ) ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਬੇਲਰਾਂ ਰਾਹੀ ਪਰਾਲੀ ਇੱਕਠੀ ਕਰਨ ਦਾ ਰੁਝਾਨ ਵਧਿਆ ਹੈ, ਜਿਸ ਨਾਲ ਪਰਾਲੀ ਨਾ ਸੜਨ ਕਰਕੇ ਵਾਤਾਵਰਣ ਨੂੰ ਦੂਸ਼ਿਤ ਹੋਣ ਤੋਂ ਬਚਾਇਆ ਜਾ ਰਿਹਾ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਨਾਲ ਫੀਡਬੈਕ ਫਾਊਂਡੇਸ਼ਨ ਚੈਰੀਟੇਬਲ ਟਰੱਸਟ ਵਲੋਂ ਵੱਖ- ਵੱਖ ਪਿੰਡਾਂ ਵਿੱਚ ਬੇਲਰਾਂ ਰਾਹੀ ਪਰਾਲੀ ਇੱਕਠੀ ਕੀਤੀ ਜਾ ਰਹੀ ਹੈ। ਜਿਸ ਦੇ ਚਲਦਿਆ ਬਲਾਕ ਕਲਾਨੌਰ ਵਿਖੇ ਬੀਤੀ 23 ਅਕਤੂਬਰ ਨੂੰ ਪਿੰਡ ਰੁੜਿਆਨਾ ਤੋਂ 15 ਏਕੜ, ਵਡਾਲਾ ਬਾਂਗਰ ਤੋਂ 25 ਏਕੜ, ਕਲਾਨੌਰ (ਚਾਰ) ਤੋਂ 15 ਏਕੜ ਅਤੇ ਡੇਅਰੀਵਾਲ ਤੋਂ 18 ਏਕੜ ਪਰਾਲੀ ਇਕੱਠੀ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਛੋਟੇ ਕਿਸਾਨ ਜੋ ਟਰੈਕਟਰ ਜਾਂ ਸੁਪਰਸੀਡਰ ਲੈਣ ਤੋਂ ਅਸਮਰੱਥ ਹਨ, ਉਨ੍ਹਾਂ ਲਈ ਬੇਲਰ ਨਾਲ ਪਰਾਲੀ ਸੰਭਾਲਣੀ ਬਹੁਤ ਵਧੀਆ ਰਸਤਾ ਹੈ। ਉਨ੍ਹਾਂ ਦੱਸਿਆ ਕਿ ਬੇਲਰ ਮਾਲਕ ਵਲੋਂ ਖੇਤਾਂ ਵਿਚੋਂ ਪਰਾਲੀ ਇਕੱਠੀ ਕੀਤੀ ਜਾ ਰਹੀ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਝੋਨੇ ਦੀ ਕਟਾਈ ਤੋਂ ਬਾਅਦ ਪਰਾਲੀ/ਨਾੜ ਨੂੰ ਅੱਗ ਨਾ ਲਗਾਉਣ। ਖੇਤੀਬਾੜੀ ਵਿਭਾਗ ਵਲੋਂ ਪਰਾਲੀ ਦੇ ਪ੍ਰਬੰਧਨ ਲਈ ਯੋਗ ਪ੍ਰਬੰਧ ਕੀਤੇ ਹਨ ਅਤੇ ਜੇਕਰ ਕਿਸੇ ਕਿਸਾਨ ਨੂੰ ਪਰਾਲੀ ਦੇ ਪ੍ਰਬੰਧਨ ਸਬੰਧੀ ਕੋਈ ਮੁਸ਼ਕਿਲ ਆਉਂਦੀ ਹੈ ਤਾਂ ਨੇੜਲੇ ਖੇਤੀਬਾੜੀ ਵਿਭਾਗ ਦੇ ਦਫਤਰ ਨਾਲ ਸੰਪਰਕ ਕਰ ਸਕਦੇ ਹਨ।

# ਨਿਪਸ ਸਕੂਲ ਬੁਤਾਲਾ ਨੂੰ ਮਿਲਿਆ ਸਰਬੋਤਮ ਸਕੂਲ ਐਵਾਰਡ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-**ਲੰਬੇ ਸਮੇਂ ਤੋਂ ਲੋਕਾਂ ਦੀ ਸੇਵਾ ਵਿੱਚ ਚੱਲ ਰਹੀਆ™ ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਮਹਿਤਾ ਚੌਂਕ ਅਤੇ ਬਾਬਾ ਬਕਾਲਾ ਸਾਹਿਬ ਦੇ ਪ੍ਰਮੁੱਖ ਅਦਾਰੇ ਨਿਊ ਇੰਡੀਅਨ ਪਬਲਿਕ ਸਕੂਲ, ਬੁਤਾਲਾ (ਨਿਪਸ) ਨੇ ਵਿੱਦਿਅਕ ਖੇਤਰ ਵਿੱਚ ਇੱਕ ਵਾਰ ਫਿਰ ਆਪਣਾ ਨਾਂ ਰੌਸ਼ਨ ਕੀਤਾ ਹੈ। ਪੀ.ਟੀ.ਸੀ. ਨਿਊਜ਼ ਵੱਲੋਂ ਹਰ ਸਾਲ ਕਰਵਾਏ ਜਾਂਦੇ ਖ਼ਾਸ ਪ੍ਰੋਗਰਾਮ ਵਿੱਚ ਵਿੱਦਿਆ ਦੇ ਚੌਗਿਰਦੇ ਨੂੰ ਹਰ ਪੱਖੋਂ ਉਜਵਲ ਕਰਨ ਵਾਲੇ ਸਕੂਲਾਂ ਨੂੰ ਸਨਮਾਨਤ ਕੀਤਾ ਜਾਂਦਾ ਹੈ। ਇਸ ਸਾਲ ਵੀ ਪੀ.ਟੀ.ਸੀ. ਨਿਊਜ਼ ਚੈਨਲ ਵੱਲੋਂ ਸਰਵੇ ਕੀਤਾ ਗਿਆ ਜਿਸ ਵਿੱਚ ਸਕੂਲਾਂ ਵਿੱਚ ਚੱਲ ਰਹੀਆਂ ਸਲਾਨਾ ਗਤੀਵਿਧੀਆਂ, ਟੀਚਿੰਗ ਫ਼ੈਕਲਟੀ, ਵਿੱਦਿਆ ਦਾ ਮੁਨਾਰਾ, ਇਨਫ਼ਰਾਸਟਰਕਚਰ, ਵਿੱਦਿਆ ਦੇ ਖੇਤਰ ਵਿੱਚ ਹੋਣ ਵਾਲੀਆਂ ਨਵੀਆਂ-ਨਵੀਆਂ ਤਕਨੀਕਾਂ ਦਾ ਉਪਯੋਗ, ਵਿਦਿਆਰਥੀਆਂ ਦਾ ਆਚਰਣ, ਖੇਡਾਂ ਦਾ ਪ੍ਰਬੰਧ, ਸਲਾਨਾ ਨਤੀਜੇ ਆਦਿ ਦਾ ਮੁਆਇਨਾ ਕੀਤਾ ਜਾਂਦਾ ਹੈ।ਇਹਨਾਂ ਸਾਰਿਆ ਖੇਤਰਾਂ ਵਿੱਚ ਨਿਊ ਇੰਡੀਅਨ ਪਬਲਿਕ ਸਕੂਲ (ਨਿਪਸ), ਬੁਤਾਲਾ ਖਰਾ ਉਤਰਿਆ ਹੈ ਅਤੇ ਅੱਜ ਸਕੂਲ ਨੂੰ ਸਬ-ਡਵੀਜ਼ਨ ਪੱਧਰ ਉੱਪਰ ਸਰਬੋਤਮ ਸਕੂਲ ਦਾ ਇਨਾਮ ਦਿੱਤਾ ਗਿਆ।ਇਹ ਇਨਾਮ ਕੇਂਦਰੀ ਟਰਾਂਸਪੋਰਟ ਮੰਤਰੀ ਹਰਸ਼ ਮਲਹੋਤਰਾ, ਕੌਮੀ ਜਨਰਲ ਸਕੱਤਰ ਬੀ.ਜੀ.ਸੀ. ਤਰੁਣ ਚੁੱਘ, ਅਦਾਕਾਰ ਬੀਨੂੰ ਢਿੱਲੋਂ, ਮੈਂਬਰ ਰਾਜ ਸਭਾ, ਚੰਡੀਗੜ੍ਹ ਯੂਨੀਵਰਸਿਟੀ ਲਾਂਡਰਾਂ ਦੇ ਚਾਂਸਲਰ ਸਤਨਾਮ ਸਿੰਘ ਸੰਧੂ ਅਤੇ ਪੀ.ਟੀ.ਸੀ. ਦੇ ਚੇਅਰਮੈਨ ਤੇ ਸੀ.ਈ.ਓ ਰਾਬਿੰਦਰ ਨਾਰਾਇਣ ਵੱਲੋਂ ਦਿੱਤਾ ਗਿਆ।ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਮਹਿਤਾ ਚੌਂਕ ਅਤੇ ਬਾਬਾ ਬਕਾਲਾ ਸਾਹਿਬ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਦੁਆਰਾ ਸ਼ੁਰੂ ਕੀਤੇ ਗਏ ਇਸ ਉਪਰਾਲੇ ਨੂੰ ਅੱਜ ਦੇ ਦਿਨਾਂ ਵਿੱਚ ਦਸ਼ਮੇਸ਼ ਵਿੱਦਿਅਕ ਸੰਸਥਾ ਦੇ ਪ੍ਰਧਾਨ ਕੁਲਬੀਰ ਸਿੰਘ ਮਾਨ ਨੇ ਚਾਰ ਚੰਨ ਲਗਾ ਕੇ ਸੰਸਥਾ ਦੀਆਂ ਜੜ੍ਹਾਂ ਨੂੰ ਕੇਵਲ ਮਜ਼ਬੂਤ ਨਹੀਂ ਕੀਤਾ ਸਗੋਂ ਵੱਖ-ਵੱਖ ਇਲਾਕਿਆਂ ਵਿੱਚ ਫੈਲਾਇਆ ਵੀ ਹੈ।ਇਸ ਕਾਰਜ ਵਿੱਚ ਹਰਸ਼ਦੀਪ ਸਿੰਘ ਰੰਧਾਵਾ ਜਨਰਲ ਸਕੱਤਰ ਵੀ ਮੋਢੇ ਜੋੜ ਕੇ ਸਾਥ ਦੇ ਰਹੇ ਹਨ। ਇਸ ਸੰਸਥਾ ਦਾ ਮੁੱਖ ਉਦੇਸ਼ ਕੇਵਲ ਉੱਤਮ ਵਿੱਦਿਆ ਦੇਣਾ ਅਤੇ ਵਿਦਿਆਰਥੀਆਂ ਨੂੰ ਵਿਰਸੇ ਨਾਲ ਜੋੜੇ ਰੱਖਣਾ ਹੈ। ਕੁਲਬੀਰ ਸਿੰਘ ਮਾਨ ਅਤੇ ਹਰਸ਼ਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਇਸੇ ਪ੍ਰਕਾਰ ਸਾਡੀ ਟੀਮ ਵਿੱਦਿਆ ਦੇ ਖੇਤਰ ਵਿੱਚ ਯੋਗਦਾਨ ਦਿੰਦੀ ਰਹੇਗੀ

## ਜਾਗੋਵਾਲ ਬੇਟ ਦੇ ਸਰਪੰਚ ਵਾਰਸ ਮਸੀਹ ਤੇ ਪਰਵਾਰ ਵੱਲੋਂ ਨਗਰ ਨਿਵਾਸੀਆਂ ਦਾ ਧੰਨਵਾਦ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-** ਪੰਚਾਇਤੀ ਚੋਣਾਂ ਦੌਰਾਨ ਪਿੰਡ ਜਾਗੋਵਾਲ ਬੇਟ ਦੇ ਸਰਬਸੰਮਤੀ ਨਾਲ ਸਰਪੰਚ ਬਣੇ ਵਾਰਿਸ ਮਸੀਹ ਅਤੇ ਉਨ੍ਹਾਂ ਦੇ ਪਰਵਾਰ ਅਤੇ ਮੈਂਬਰ ਪੰਚਾਇਤਾਂ ਵੱਲੋਂ ਸਮੂਹ ਨਗਰ ਨਿਵਾਸੀਆਂ ਦਾ ਧੰਨਵਾਦ ਕੀਤਾ ਗਿਆ। ਗੱਲਬਾਤ ਦੌਰਾਨ ਸਰਪੰਚ ਵਾਰਸ ਮਸੀਹ ਅਤੇ ਸਮੁੱਚੇ ਪੰਚਾਇਤ ਮੈਂਬਰਾਂ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਪਿੰਡ ਦੇ ਵਿਕਾਸ ਵਿੱਚ ਕੋਈ ਵੀ ਕਸਰ ਨਹੀਂ ਛੱਡੀ ਜਾਵੇਗੀ। ਪਿੰਡ ਜਾਗੋਵਾਲ ਬੇਟ ਦੇ ਲੋਕਾਂ ਨੇ ਜੋ ਉਹਨਾਂ ਨੂੰ ਪਿਆਰ ਦਿੱਤਾ ਉਹ ਇਸ ਪਿਆਰ ਦੇ ਹਮੇਸ਼ਾ ਰਿਣੀ ਰਹਿਣਗੇ ।ਉਨ੍ਹਾਂ ਕਿਹਾ ਕਿ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਹਲਕਾ ਇੰਚਾਰਜ ਕਾਦੀਆਂ ਆਮ ਆਦਮੀ ਪਾਰਟੀ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਗੁਰਦਾਸਪੁਰ ਅਤੇ ਮਾਰਕੀਟ ਕਮੇਟੀ ਕਾਦੀਆਂ ਦੇ ਚੇਅਰਮੈਨ ਮੋਹਨ ਸਿੰਘ ਦਾ ਅਤੇ ਸਮੁੱਚੇ ਵੋਟਰਾਂ ਦਾ ਧੰਨਵਾਦ ਕਰਦੇ ਹਨ। ਅਖੀਰ ਵਿੱਚ ਪਿੰਡ ਜਾਗੋਵਾਲ ਬੇਟ ਦੇ ਨਵੇਂ ਬਣੇ ਸਰਪੰਚ ਵਾਰਸ ਮਸੀਹ ਅਤੇ ਸਮੁੱਚੇ ਪੰਚਾਇਤ ਮੈਂਬਰਾਂ ਨੇ ਆਪਣੇ ਪਿੰਡ ਦੇ ਸਮੂਹ ਵੋਟਰਾਂ ਸਪੋਟਰਾਂ ਸਮਰਥਕਾਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ। ਉਹਨਾਂ ਦੱਸਿਆ ਕਿ ਉਨ੍ਹਾਂ ਦੇ ਨਾਲ ਅਸ਼ੋਕ ਕੁਮਾਰ, ਜੋਗਾ ਸਿੰਘ, ਕੁਲਜੀਤ ਕੌਰ, ਪਲਵਿੰਦਰ ਕੌਰ, ਰਜਨੀ ਦੇਵੀ, ਰਾਜ ਸਿੰਘ, ਸੁਰਜੀਤ ਸਿੰਘ ਸਰਬ ਸੰਮਤੀ ਨਾਲ ਮੈਂਬਰ ਪੰਚਾਇਤ ਬਣੇ ਹਨ।

# ਵੱਖ-ਵੱਖ ਵਿਭਾਗਾਂ ਵੱਲੋਂ ਪਿੰਡਾਂ 'ਚ ਜਾ ਕੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਕੀਤਾ ਜਾਗਰੂਕ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-**ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ- ਨਿਰਦੇਸ਼ਾਂ ਹੇਠ ਜ਼ਿਲ੍ਹੇ ਭਰ ਅੰਦਰ ਵੱਖ- ਵੱਖ ਵਿਭਾਗਾਂ ਵੱਲੋਂ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਜਾਗਰੂਕ ਕਰਨ ਦੇ ਨਾਲ- ਨਾਲ ਜਿਥੇ ਕਿਤੇ ਵੀ ਪਰਾਲੀ ਸਾੜਨ ਦੀ ਘਟਨਾ ਸਾਹਮਣੇ ਆਉਂਦੀ ਹੈ ਤਾਂ ਫਲਾਇੰਗ ਸਕੈਡ ਟੀਮਾਂ ਵੱਲੋਂ ਮੌਕੇ ਤੇ ਜਾ ਕੇ ਕਾਰਵਾਈ ਕੀਤੀ ਜਾਂਦੀ ਹੈ। ਐੱਸ.ਡੀ.ਐੱਮ.ਬਟਾਲਾ ਵਿਰਕਮਜੀਤ ਸਿੰਘ ਨੇ ਦੱਸਿਆ ਕਿ ਬਟਾਲਾ ਬਲਾਕ ਦੇ ਪਿੰਡ ਕਾਲਾ ਨੰਗਲ ਸਮੇਤ ਵੱਖ- ਵੱਖ ਪਿੰਡਾਂ ਵਿੱਚ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਕਿਸਾਨਾਂ ਨੂੰ ਮਿਲ ਕੇ ਪਰਾਲੀ ਦੀ ਸਾਂਭ- ਸੰਭਾਲ ਲਈ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਕਿਸਾਨਾਂ ਵੱਲੋਂ ਵੀ ਪ੍ਰਸ਼ਾਸਨ ਨਾਲ ਸਹਿਯੋਗ ਕਰਨ ਦਾ ਯਕੀਨ ਦਵਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁਹੱਈਆ ਕਰਵਾਈ ਗਈ ਖੇਤੀ ਮਸ਼ੀਨਰੀ ਦੀ ਵੱਧ ਤੋਂ ਵੱਧ ਵਰਤੋਂ ਕੀਤੀ ਜਾਵੇ ਅਤੇ ਜੇਕਰ ਫਿਰ ਵੀ ਕਿਸੇ ਕਿਸਾਨ ਨੂੰ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ, ਤਾਂ ਉਹ ਨੇੜਲੇ ਖੇਤੀਬਾੜੀ ਵਿਭਾਗ ਦੇ ਦਫ਼ਤਰ, ਐੱਸ.ਡੀ.ਐੱਮ. ਦਫ਼ਤਰ ਵਿਖੇ ਸੰਪਰਕ ਕਰ ਸਕਦੇ ਹਨ ਜਾਂ ਹੈਲਪ ਲਾਈਨ ਨੰ 1800-180-1852 ਤੇ ਸੰਪਰਕ ਕਰਨ।

# ਇਲੈੱਕਟ੍ਰਾਨਿਕ ਵੋਟਿੰਗ ਮਸ਼ੀਨਾਂ ਦੀ ਪਹਿਲੀ ਰੈਂਡੇਮਾਇਜੇਸ਼ਨ 'ਚ ਸਿਆਸੀ ਪਾਰਟੀਆਂ ਦੇ ਨੁਮਾਇੰਦੇ ਵੀ ਰਹੇ ਹਾਜ਼ਰ



**ਗੁਰਦਾਸਪੁਰ (ਜਨਕ ਮਹਾਜਨ)-** ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਮਨੀ ਚੋਣ-10 ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ 2024 ਵਿਚ ਵਰਤੀਆਂ ਜਾਣ ਵਾਲੀਆਂ ਇਲੈੱਕਟਰਾਨਿਕ ਵੋਟਿੰਗ ਮਸ਼ੀਨਾਂ (ਈ.ਵੀ.ਐੱਮ) ਦੀ ਪਹਿਲੀ ਰੈਂਡੇਮਾਇਜ਼ੇਸਨ ਅੱਜ ਇੱਥੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਦੀ ਨਿਗਰਾਨੀ ਹੇਠ ਚੋਣ ਕਮਿਸ਼ਨ ਦੇ ਸਾਫ਼ਟਵੇਅਰ ਰਾਹੀਂ ਕੀਤੀ ਗਈ। ਇਸ ਮੌਕੇ ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ ਜਨਰਲ ਸੁਰਿੰਦਰ ਸਿੰਘ, ਚੋਣ ਤਹਿਸੀਲਦਾਰ ਮਨਜਿੰਦਰ ਸਿੰਘ ਬਾਜਵਾ, ਜ਼ਿਲ੍ਹਾ ਸੂਚਨਾ ਅਫ਼ਸਰ ਕਰਨ ਸੋਨੀ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ। ਇਹ ਸਾਰੀ ਪ੍ਰਕ੍ਰਿਆ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਦੀ ਹਾਜ਼ਰੀ ਵਿਚ ਕੀਤੀ ਗਈ। ਇਲੈੱਕਟਰਾਨਿਕ ਵੋਟਿੰਗ ਮਸ਼ੀਨਾਂ ਦੀ ਪਹਿਲੀ ਰੈਂਡੇਮਾਇਜੇਸ਼ਨ ਕਰਦਿਆਂ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਵਿਧਾਨ ਸਭਾ ਹਲਕਿਆਂ ਵਿਚ ਕੁੱਲ 241 ਪੋਲਿੰਗ ਸਟੇਸ਼ਨ ਹਨ। ਹਰੇਕ ਹਲਕੇ ਨੂੰ ਪੋਲਿੰਗ ਬੂਥਾਂ ਦੀ ਗਿਣਤੀ ਤੋਂ 120 ਫ਼ੀਸਦੀ ਬੈਲਟ ਯੂਨਿਟ (ਬੀਯੂ) ਅਤੇ ਕੰਟਰੋਲ ਯੂਨਿਟ (ਸੀਯੂ) ਅਤੇ 130 ਫ਼ੀਸਦੀ ਵੀਵੀਪੈਟ ਮਸ਼ੀਨਾਂ ਦਿੱਤੀਆਂ ਗਈਆਂ ਹਨ ਤਾਂ ਜੋ ਉਨ੍ਹਾਂ ਕੋਲ ਕਿਸੇ ਮਸ਼ੀਨ ਦੇ ਖ਼ਰਾਬ ਹੋਣ 'ਤੇ ਰਾਖਵਾਂ ਕੋਟਾ ਹੋਵੇ। ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਕਿਹਾ ਕਿ ਅੱਜ ਰਾਜਨੀਤਿਕ ਪਾਰਟੀਆਂ ਦੀ ਹਾਜ਼ਰੀ ਵਿੱਚ ਈ.ਵੀ.ਐੱਮ. ਮਸ਼ੀਨਾਂ ਦੀ ਪਹਿਲੀ ਰੈਂਡੇਮਾਇਜੇਸ਼ਨ ਕੀਤੀ ਗਈ ਅਤੇ ਅਗਲੀ ਰੈਂਡੇਮਾਇਜੇਸ਼ਨ ਚੋਣ ਅਬਜ਼ਰਵਰ ਦੇ ਆਉਣ 'ਤੇ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿੱਚ ਲੋਕ ਸਭਾ ਪੂਰੇ ਆਜ਼ਾਦਾਨਾ ਅਤੇ ਸ਼ਾਂਤਮਈ ਮਾਹੌਲ ਵਿੱਚ ਨੇਪਰੇ ਚਾੜ੍ਹੀਆਂ ਜਾਣਗੀਆਂ। ਇਸ ਮੌਕੇ ਕਾਂਗਰਸ ਪਾਰਟੀ ਤੋਂ ਗੁਰਵਿੰਦਰ ਲਾਲ ਅਤੇ ਨਰਿੰਦਰ ਸਿੰਘ, ਆਪ ਪਾਰਟੀ ਤੋਂ ਰਘੁਬੀਰ ਸਿੰਘ ਅਤੇ ਦੀਪਿੰਦਰ ਸਿੰਘ ਰੋਬਨ, ਭਾਜਪਾ ਪਾਰਟੀ ਤੋਂ ਰਾਜਨ ਗੋਇਲ ਅਤੇ ਸ਼੍ਰੋਮਣੀ ਅਕਾਲੀ ਦਲ ਪਾਰਟੀ ਤੋਂ ਜਤਿੰਦਰ ਸਿੰਘ ਮੌਜੂਦ ਸਨ।

# ਲਿਬਰੇਸ਼ਨ ਪੰਜਾਬ ਦੀਆਂ ਜ਼ਿਮਨੀ ਚੋਣਾਂ 'ਚ ਕਾਂਗਰਸ ਦੀ ਸਰਗਰਮ ਹਮਾਇਤ ਕਰੇਗੀ : ਬਖਤਪੁਰਾ



**ਬਟਾਲਾ (ਤਰਲੋਕ ਬੱਗਾ)-** ਸੀ ਪੀ ਆਈ ਐਮ ਐਲ ਲਿਬਰੇਸ਼ਨ ਦੀ ਪੰਜਾਬ ਸੂਬੇ ਦੀ ਉਚਤਮ ਸਟੈਂਡਿੰਗ ਕਮੇਟੀ ਨੇ ਆਪਣੀ ਆਨਲਾਈਨ ਮੀਟਿੰਗ ਕਰਕੇ ਪੰਜਾਬ ਦੀਆਂ ਚਾਰ ਜ਼ਿਮਨੀ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਸਰਗਰਮ ਹਮਾਇਤ ਕਰ ਕਰਨ ਦਾ ਫੈਸਲਾ ਲਿਆ ਹੈ।ਇਸ ਸਬੰਧੀ ਅੱਜ ਬਟਾਲਾ ਪਾਰਟੀ ਦਫਤਰ ਵਿਖੇ ਮਾਝਾ ਦੁਆਬਾ ਪਾਰਟੀ ਕਮੇਟੀ ਦੀ ਮੀਟਿੰਗ ਸੁਖਦੇਵ ਸਿੰਘ ਭਾਗੋਕਾਵਾਂ ਦੀ ਪ੍ਰਧਾਨਗੀ ਹੇਠ ਕਰਨ ਪਿੱਛੋਂ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਲਿਬਰੇਸ਼ਨ ਨੇ ਦੇਸ਼ ਪੱਧਰ ਤੇ ਇੰਡੀਆ ਗਠਜੋੜ ਦਾ ਹਿੱਸਾ ਹੋਣ ਅਤੇ ਪੰਜਾਬ ਦੀਆਂ ਖਾਸ ਪ੍ਰਸਥਿਤੀਆਂ ਕਾਰਨ ਇਹ ਰਾਜਨੀਤਕ ਫੈਸਲਾ ਲਿਆ ਹੈ। ਬੇਸ਼ੱਕ ਆਮ ਆਦਮੀ ਪਾਰਟੀ ਵੀ ਇੰਡੀਆ ਗੱਠਜੋੜ ਦਾ ਹਿੱਸਾ ਹੈ ਪਰ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਬੀਤੇ ਢਾਈ ਸਾਲਾਂ ਦੇ ਰਾਜ ਦੌਰਾਨ ਦੀ ਰਾਜਨੀਤਕ ਕਾਰਗੁਜ਼ਾਰੀ ਇੰਨੀ ਨਿੰਦਣਯੋਗ ਹੈ ਕਿ ਉਸ ਦੀ ਹਮਾਇਤ ਕਰਨ ਦਾ ਸੁਆਲ ਹੀ ਨਹੀਂ ਵਿਚਾਰਿਆ ਜਾ ਸਕਦਾ। ਪੰਜਾਬ ਦੀ ਸਰਕਾਰ ਸਮੇਤ ਸਮੁੱਚੇ ਪ੍ਰਸ਼ਾਸਨ ਨੂੰ ਭ੍ਰਿਸ਼ਟਾਚਾਰ ਨੇ ਘੇਰਾ ਪਾ ਰੱਖਿਆ ਹੈ। ਪੰਜਾਬ ਵਿੱਚ ਨਸ਼ਿਆਂ ਦਾ ਦਰਿਆ ਵਗ ਰਿਹਾ ਹੈ ਜਿਸ ਵਿਚ ਰਾਜਨੀਤੀਵਾਨ, ਪੁਲਸ ਅਤੇ ਨਸ਼ਾ ਤਸਕਰਾਂ ਦਾ ਗੱਠਜੋੜ ਸਪੱਸ਼ਟ ਤੌਰ 'ਤੇ ਦਿਖਾਈ ਦਿੰਦਾ ਹੈ, ਅਮਨ ਕਾਨੂੰਨ ਦੀ ਹਾਲਤ ਉਪਰ ਸਰਕਾਰ ਅਤੇ ਉਸਦੀ ਪੁਲਿਸ ਦਾ ਕੋਈ ਕੰਟਰੋਲ ਨਹੀਂ ਹੈ, ਹਰ ਰੋਜ਼ ਪੰਜਾਬ ਵਿੱਚ ਨਿੱਜੀ ਕਤਲ, ਫਿਰੌਤੀਆਂ, ਲੁੱਟ ਖੋਹ ਅਤੇ ਗੈਂਗਸਟਰ ਦਾ ਬੋਲਬਾਲਾ ਦੇਖਿਆ ਜਾ ਸਕਦਾ ਹੈ।ਇਹ ਪਹਿਲੀ ਵਾਰ ਕਿ ਆਪ ਸਰਕਾਰ ਕਿਸਾਨਾਂ ਦੇ ਝੋਨੇ ਦੀ ਫ਼ਸਲ ਦੀ ਖਰੀਦ ਦੇ ਅਗਾਊਂ ਪ੍ਰਬੰਧ ਕਰਨ ਦੀ ਬਜਾਏ ਆਪਸੀ ਸਿਆਸੀ ਕਲੇਸ਼ ਵਿੱਚ ਫਸੀ ਹੋਈ ਹੈ। ਬਖਤਪੁਰਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇਨੇਂ ਗਹਿਰੇ ਧਾਰਮਿਕ ਅਤੇ ਸਿਆਸੀ ਸੰਕਟ ਵਿਚ ਫਸ ਚੁੱਕਾ ਹੈ ਕਿ ਉਸ ਨੇ ਜ਼ਿਮਨੀ ਚੋਣਾਂ ਵਿੱਚ ਹਿੱਸਾ ਲੈਣ ਦੀ ਬਜਾਏ ਗੋਡੇ ਟੇਕ ਦਿੱਤੇ ਹਨ। ਉਨ੍ਹਾਂ ਕਿਹਾ ਜ਼ਿਮਨੀ ਚੋਣਾਂ ਵਿੱਚ ਹਿੱਸਾ ਲੈਣ ਵਾਲ਼ੀ ਤੀਸਰੀ ਧਿਰ ਭਾਰਤੀ ਜਨਤਾ ਪਾਰਟੀ ਹੈ ਜੋ ਪੰਜਾਬ ਅਤੇ ਪੰਜਾਬੀਆਂ ਨਾਲ ਖ਼ਾਸ ਦੁਸ਼ਮਣੀ ਪਾਲ ਰਹੀ ਹੈ ਜਿਸ ਨੂੰ ਪੰਜਾਬ ਦੇ ਲੋਕਾਂ ਨੂੰ ਕਦਾਚਿੱਤ ਵੋਟ ਨਹੀਂ ਦੇਣਾ ਚਾਹੀਦਾ। ਮੀਟਿੰਗ ਗੁਲਜਾਰ ਸਿੰਘ ਭੁੰਬਲੀ, ਬਲਬੀਰ ਸਿੰਘ ਮੂਧਲ, ਨਿਰਮਲ ਸਿੰਘ ਛੱਜਲਵੱਡੀ, ਮੰਗਲ ਸਿੰਘ ਧਰਮਕੋਟ, ਬਲਬੀਰ ਸਿੰਘ ਝਾਮਕਾ, ਦਲਬੀਰ ਭੋਲਾ, ਅਸ਼ੋਕ ਮਹਾਜਨ, ਚਰਨਜੀਤ ਸਿੰਘ ਭਿੰਡਰ, ਹਰਜਿੰਦਰ ਪਿੰਟਾ ਤਲਵੰਡੀ ਸ਼ਾਮਲ ਸਨ।

## ਸਮਕਾਲੀ ਭਾਰਤੀ ਸਾਹਿਤ ਅਤੇ ਸਮਾਜਿਕ ਨਿਆਂ... (ਸਫ਼ਾ 4 ਦੀ ਬਾਕੀ)

ਉੱਘੇ ਸਮਾਜ-ਸ਼ਾਸਤਰੀ ਚਿੰਤਕ ਪੀ. ਸਾਈਨਾਥ ਅਨੁਸਾਰ2000 ਈ. ਵਿਚ 8 ਭਾਰਤੀ ਡਾਲਰ ਅਰਬਪਤੀ ਬਣੇ, 2012 ਵਿਚ 68 ਭਾਰਤੀ ਡਾਲਰ ਅਰਬਪਤੀ ਸਨ ।ਕੋਰੋਨਾ ਕਾਲ ਤੋਂ ਪਹਿਲਾਂ 98 ਭਾਰਤੀ ਡਾਲਰ ਅਰਬਪਤੀ ਸਨ ਅਤੇ ਅੱਜ 163 ਭਾਰਤੀ ਡਾਲਰ ਅਰਬਪਤੀ ਹਨ । ਪਹਿਲੇ ਪੰਜ ਡਾਲਰ ਅਰਬਪਤੀਆਂ ਕੋਲ ਦੌਲਤ ਦਾ 50% ਹਿੱਸਾ ਹੈ। ਸਿਆਸੀ ਅਤੇ ਵਿਚਾਰਧਾਰਕ ਵਖਰੇਵਿਆਂ ਦੇ ਬਾਵਜੂਦ ਮੌਜੂਦਾ ਬੀ.ਜੇ.ਪੀ. ਸਰਕਾਰ ਨੇ ਡਾ. ਮਨਮੋਹਨ ਸਿੰਘ ਦੌਰ ਵਾਲੇ ਨਵ-ਉਦਾਰਵਾਦੀ ਆਰਥਿਕਤਾ ਵਾਲੇ ਮਾਡਲ ਨੂੰ ਹੀ ਅਪਣਾਇਆ ਹੈ । ਖੇਤੀ ਸੈਕਟਰ ਵਿਚ ਕਾਰਪੋਰੇਟ ਦੇ ਨਿਵੇਸ਼ ਤੇ ਦਖ਼ਲ ਲਈ ਲਿਆਂਦੇ ਗਏ ਤਿੰਨ ਖੇਤੀ ਕਾਨੂੰਨਾਂ ਵਿਰੁੱਧ ਪੰਜਾਬ, ਹਰਿਆਣਾ, ਯੂ.ਪੀ ਅਤੇ ਰਾਜਸਥਾਨ ਦੀਆਂ ਕਿਸਾਨ ਜੱਥੇਬੰਦੀਆਂ ਨੇ ਲਹੂ-ਵੀਟਵਾਂ ਸੰਘਰਸ਼ ਕੀਤਾ, ਜੋ ਵਿਆਪਕ ਜਨ-ਅੰਦੋਲਨ ਦਾ ਰੂਪ ਧਾਰ ਗਿਆ । ਫਸਲਾਂ ਦੇ ਉਚਿਤ ਭਾਅ ਤੇ ਘੱਟੋ-ਘੱਟ ਸਮਰਥਨ ਮੁੱਲ ਤੇ ਫਸਲਾਂ ਦੀ ਖਰੀਦ ਜਿਹੇ ਆਰਥਿਕ ਮੁੱਦਿਆਂ ਤੋਂ ਆਰੰਭ ਹੋ ਕੇ ਇਹ ਵਿਸ਼ਾਲ ਜਨ-ਅੰਦੋਲਨ ਰਾਸ਼ਟਰੀ ਮਹੱਤਵ ਦੇ ਮੁੱਦਿਆਂ ਜਿਵੇਂ - ਸੰਵਿਧਾਨ, ਲੋਕਤੰਤਰ, ਭਾਈਚਾਰਕ ਸਦਭਾਵਨਾ ਅਤੇ ਸੰਘੀ ਢਾਂਚੇ ਦੀ ਰਾਖੀ ਦੇ ਅਹਿਦ ਤੱਕ ਪਹੁੰਚ ਗਿਆ । ਇਸ ਅੰਦੋਲਨ ਬਾਰੇ ਪੰਜਾਬੀ, ਹਿੰਦੀ, ਉਰਦੂ, ਮਰਾਠੀ ਤੇ ਹੋਰ ਭਾਰਤੀ ਭਾਸ਼ਾਵਾਂ ਵਿਚ ਢੇਰ ਸਾਰੀ ਕਵਿਤਾ ਲਿਖੀ ਗਈ। ਜਿੱਥੇ ਲੇਖਕਾਂ, ਚਿੰਤਕਾਂ, ਪੱਤਰਕਾਰਾਂ, ਬੁੱਧੀਜੀਵੀਆਂ ਤੇ ਕਲਾਕਾਰਾਂ ਨੇ ਕਿਸਾਨ ਅੰਦੋਲਨ ਵਿਚ ਸਰਗਰਮ ਭਾਗੀਦਾਰੀ ਕੀਤੀ ਉੱਥੇ ਇਸ ਅੰਦੋਲਨ ਨੇ ਵੀ ਲੇਖਕਾਂ, ਚਿੰਤਕਾਂ, ਕਲਾਕਾਰਾਂ ਨੂੰ ਨਵੀਂ ਊਰਜਾ ਤੇ ਨਵੀਂ ਦ੍ਰਿਸ਼ਟੀ ਪ੍ਰਦਾਨ ਕੀਤੀ। ਦਿੱਲੀ ਦੀਆਂ ਬਰੂਹਾਂ ਉੱਤੇ ਬੈਠੇ ਅੰਦੋਲਨਕਾਰੀ ਕਿਸਾਨਾਂ ਨੇ ਭਾਈਚਾਰਕ ਸਾਂਝ ਤੇ ਰਾਸ਼ਟਰਵਾਦ ਦਾ ਇਕ ਨਵਾਂ ਮਾਡਲ ਸਿਰਜਿਆ । ਕਿਸਾਨ, ਕਾਰਪੋਰੇਟ ਸੰਸਾਰ ਅਤੇ ਫਿਰਕੂ ਸੱਤਾ ਸਿਆਸਤ ਖਿਲਾਫ਼ ਭਾਰਤੀ ਆਵਾਮ (ਕਿਰਤੀਆਂ, ਕਿਸਾਨਾਂ, ਛੋਟੇ ਕਾਰੋਬਾਰੀਆਂ, ਮੁਲਾਜ਼ਮਾਂ) ਦੀ ਅਜ਼ਮਤ ਦੀ ਲੜਾਈ ਲੜ ਰਹੇ ਸਨ ।ਇਹ ਫ਼ਸਲਾਂ ਨਾਲੋਂ ਵੱਧ ਨਸਲਾਂ ਨੂੰ ਬਚਾਉਣ ਦਾ ਸੰਘਰਸ਼ ਸੀ।ਇਸ ਅਦਭੁੱਤ ਊਰਜਾ ਵਾਲੇ ਅੰਦੋਲਨ ਬਾਰੇ ਭਾਰਤੀ ਬੌਧਿਕਾਂ, ਕਵੀਆਂ ਤੇ ਲੇਖਕਾਂ ਦੇ ਨਜ਼ਰੀਏ ਨੂੰ ਗੌਹਰ ਰਜ਼ਾ ਅਤੇ ਸੁਰਜੀਤ ਜੱਜ ਦੀਆਂ ਕੁਝ ਕਵਿਤਾਵਾਂ ਤੇ ਸੁਰਜੀਤ ਪਾਤਰ ਦੀ ਕਵਿਤਾ ਦੇ ਇਸ ਹਵਾਲੇ ਨਾਲ ਸਮਝਿਆ ਜਾ ਸਕਦਾ ਹੈ:

-ਇਹ ਬਾਤ ਨਿਰੀ ਏਨੀ ਹੀ ਨਹੀਂ  
ਨਾ ਇਹ ਮਸਲਾ ਸਿਰਫ਼ ਕਿਸਾਨ ਦਾ ਏ  
ਇਹ ਪਿੰਡ ਦੇ ਵਸਦੇ ਰਹਿਣ ਦਾ ਏ  
ਜਿਹਨੂੰ ਤੌਖ਼ਲਾ ਉੱਜੜ ਜਾਣ ਦਾ ਏ।......  
ਤੇਰੇ ਨਾਲ ਅਮੀਰ ਵਜ਼ੀਰ ਖੜ੍ਹੇ  
ਮੇਰੇ ਨਾਲ ਪੈਗੰਬਰ ਪੀਰ ਖੜ੍ਹੇ

ਕਿਸਾਨ ਅੰਦੋਲਨ ਬਾਰੇ ਲਿਖੀ ਗਈ ਕਵਿਤਾ ਵਿੱਚੋਂ ਇਹ ਸੁਰ ਉੱਭਰਦੀ ਹੈ ਕਿ ਜਦੋਂ ਫ਼ਸਲ ਉਗਾਉਂਦੇ ਖੇਤ ਲਾਸ਼ਾਂ ਢੋਣ ਲੱਗ ਪੈਣ ਤਾਂ ਕਿਸਾਨ ਖੇਤਾਂ 'ਚੋਂ ਉੱਠ ਕੇ ਸੜਕਾਂ, ਚੌਰਾਹਿਆਂ 'ਤੇ ਆ ਜਾਂਦਾ ਹੈ । ਉਹ ਸੱਤਾ 'ਤੇ ਕਾਬਜ਼ ਅਤੇ ਹਾਕਮਾਂ ਨੂੰ ਕੁਰਸੀ 'ਤੇ ਬੈਠਾਉਣ ਵਾਲਿਆਂ, ਦੋਹਾਂ ਨੂੰ ਪਛਾਣ ਜਾਂਦਾ ਹੈ, ਉਹ ਭੋਲਾ ਤੇ ਵਿਚਾਰਾ ਨਹੀਂ ਰਿਹਾ, ਉਸ ਦੀ ਨਜ਼ਰ ਤੇ ਨਜ਼ਰੀਆ ਦੋਵੇਂ ਬਦਲੇ ਹਨ । ਉਹ ਹੁਣ ਸੱਤਾ ਦਾ ਖਾਜਾ (ਵੋਟਰ) ਅਤੇ ਕਾਰਪੋਰੇਟਸ ਲਈ ਫ਼ਸਲ ਨਹੀਂ ਬਣਨਾ ਨਹੀਂ ਚਾਹੁੰਦਾ ।ਉਸ ਦਾ ਸੰਘਰਸ਼ ਫ਼ਸਲਾਂ ਦੇ ਭਾਅ ਤੇ ਜ਼ਮੀਨ ਬਚਾਉਣ ਲਈ ਨਹੀਂ, ਆਪਣੀ ਹੋਣੀ, ਆਪਣੀ ਨਵੀਂ ਨਸਲ ਅਤੇ ਦੇਸ਼ ਦੀ ਅਜ਼ਮਤ ਬਚਾਉਣ ਲਈ ਹੈ। ਸੰਵਿਧਾਨ, ਦੇਸ਼, ਲੋਕਤੰਤਰ, ਸੰਘੀ ਢਾਂਚੇ, ਭਾਈਚਾਰੇ ਅਤੇ ਮਨੁੱਖੀ ਕਿਰਤ ਦੇ ਗੌਰਵ ਨੂੰ ਬਚਾਉਣ ਲਈ ਉਸ ਦੀ ਨਜ਼ਰ ਹੁਣ ਪਾਰਲੀਮੈਂਟ 'ਤੇ ਹੈ । ਭਾਰਤ ਵਿਚ ਧਾਰਮਿਕ ਘੱਟ-ਗਿਣਤੀਆਂ, ਜਨ-ਜਾਤੀਆਂ/ਆਦਿ-ਵਾਸੀਆਂ, ਦਲਿਤਾਂ, ਔਰਤਾਂ, ਬੱਚਿਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਉੱਪਰ ਹਿੰਸਾ ਅਤੇ ਦਮਨ ਦੀਆਂ ਘਟਨਾਵਾਂ ਹਰ ਰੋਜ਼ ਪੜ੍ਹਨ-ਸੁਣਨ ਨੂੰ ਮਿਲਦੀਆਂ ਹਨ, ਪਰ ਪਿਛਲੇ ਦੋ ਕੁ ਦਹਾਕਿਆਂ ਤੋਂ ਭਾਰਤ ਵਿਚ ਨਫ਼ਰਤੀ ਰਾਜਨੀਤੀ ਦੇ ਉਭਾਰ ਕਾਰਨ ਮੁਸਲਿਮ ਭਾਈਚਾਰੇ ਨੂੰ ਨਿੰਠ ਕੇ ਨਿਸ਼ਾਨਾ ਬਣਾਇਆ ਗਿਆ ਹੈ । 11 ਸਤੰਬਰ 2001 ਨੂੰ ਅਲ-ਕਾਇਦਾ ਦੇ ਅੱਤਵਾਦੀਆਂ ਵੱਲੋਂ ਆਤਮ-ਘਾਤੀ ਹਮਲੇ ਦੁਆਰਾ ਅਮਰੀਕਨ ਟਾਵਰਜ਼ ਨੂੰ ਢਹਿ-ਢੇਰੀ ਕਰਨ ਤੋਂ ਬਾਅਦ ਵਿਸ਼ਵ ਪੱਧਰ ਉੱਤੇ ਇਸਲਾਮ ਪ੍ਰਤੀ ਨਫ਼ਰਤੀ ਪ੍ਰਚਾਰ ਹੋਇਆ, ਜਿਸ ਨੂੰ ਰਾਜਸੀ ਮੁਹਾਵਰੇ 'ਚ ਇਸਲਾਮੋਫੋਬੀਆ ਕਿਹਾ ਗਿਆ ਹੈ। ਭਾਰਤ ਵਿਚ ਬੀ.ਜੇ.ਪੀ ਸਰਕਾਰ ਵੱਲੋਂ 2014 ਵਿਚ ਸੱਤਾ ਸੰਭਾਲਣ ਮਗਰੋਂ ਮੁਸਲਿਮ ਭਾਈਚਾਰੇ ਨੂੰ ਅਲੱਗ-ਥਲੱਗ ਕਰਨ ਦੀ ਕੋਸ਼ਿਸ਼ ਵੀ ਕੀਤੀ ਗਈ ਅਤੇ ਉਸ ਦੇ ਖਿਲਾਫ਼ ਹਕੂਮਤੀ ਦਮਨ, ਹਜੂਮੀ ਹਿੰਸਾ, ਧਾਰਮਿਕ ਮੱਠਧਾਰੀਆਂ ਤੇ ਧਰਮ-ਸੰਸਦਾਂ ਦੇ ਨਫ਼ਰਤੀ ਫਤਵੇ, ਝੂਠੇ ਕੇਸਾਂ ਵਿਚ ਗ੍ਰਿਫਤਾਰੀਆਂ, ਲਵ-ਜਿਹਾਦ, ਘਰਾਂ, ਦੁਕਾਨਾਂ, ਬਸਤੀਆਂ ਨੂੰ ਬੁਲਡੋਜ਼ ਕਰਨਾ, ਉਨ੍ਹਾਂ ਦੇ ਪਹਿਰਾਵੇ (ਹਿਜਾਬ/ਬੁਰਕੇ), ਖਾਣ-ਪੀਣ ਅਤੇ ਭਾਸ਼ਾ (ਅਰਬੀ, ਫਾਰਸੀ, ਉਰਦੂ) 'ਤੇ ਪਾਬੰਦੀਆਂ ਲਾਉਣ ਆਦਿ ਦੀਆਂ ਅਣ-ਮਨੁੱਖੀ, ਗੈਰ-ਕਾਨੂੰਨੀ ਅਤੇ ਕੰਬਾਅ ਦੇਣ ਵਾਲੀਆਂ ਘਟਨਾਵਾਂ ਵਾਪਰੀਆਂ ਹਨ। ਸਰਕਾਰ ਦਾ ਦਮਨਕਾਰੀ ਤੰਤਰ ਪ੍ਰਤੱਖ ਅਤੇ ਸੂਖਮ ਦੋਹਾਂ ਰੂਪਾਂ ਵਿਚ ਕਿਸੇ ਵਿਅਕਤੀ ਜਾਂ ਭਾਈਚਾਰੇ ਦੇ ਪ੍ਰਤੀਰੋਧ ਨੂੰ ਦਬਾਉਂਦਾ ਹੈ।ਮੁਸਲਿਮ ਭਾਈਚਾਰੇ ਉਪਰ ਹਕੂਮਤੀ ਹਿੰਸਾ ਫੌਜ, ਪੁਲਸ ਅਤੇ ਪ੍ਰਸ਼ਾਸਨ ਦੀ ਲਾਠੀ-ਗੋਲੀ ਦੇ ਰੂਪ ਵਿਚ ਵੀ ਦਿਸਦੀ ਹੈ। ਅਮਨ-ਕਾਨੂੰਨ ਦੀ ਰਾਖੀ ਲਈ ਅਦਾਲਤੀ ਪ੍ਰਕਿਰਿਆ ਰਾਹੀਂ ਵਿਰੋਧ ਦੀ ਅਵਾਜ਼ ਨੂੰ ਦਬਾਉਣਾ ਸੱਤਾ ਦੀ ਹਿੰਸਾ ਦਾ ਸੂਖਮ ਰੂਪ ਹੈ। ਮੁਸਲਮਾਨਾਂ ਉੱਪਰ ਹੁੰਦੇ ਹਕੂਮਤੀ ਜ਼ੁਲਮ ਅਤੇ ਹਜੂਮੀ ਹਿੰਸਾ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਲੇਖਕਾਂ, ਸਮਾਜਿਕ ਕਾਰਕੁੰਨਾਂ, ਪਬਲਿਕ ਬੁੱਧੀਜੀਵੀਆਂ, ਪੱਤਰਕਾਰਾਂ, ਵਕੀਲਾਂ ਅਤੇ ਕਲਾਕਾਰਾਂ ਨੂੰ ਵੀ ਸਰਕਾਰ ਵੱਲੋਂ ਕਾਨੂੰਨੀ ਪ੍ਰਕਿਰਿਆ ਵਿਚ ਉਲਝਾ ਕੇ ਜੇਲ੍ਹਾਂ 'ਚ ਡੱਕਿਆ ਗਿਆ ਹੈ । ਕੌਮੀ ਨਾਗਰਿਕਤਾ ਰਜਿਸਟਰ ਕਾਨੂੰਨ (ਐੱਨ ਆਰ ਸੀ), ਨਾਗਰਿਕਤਾ ਸੋਧ ਬਿੱਲ (ਸੀ ਏ ਏ) ਅਤੇ ਮੁਸਲਮਾਨਾਂ ਵਿਰੁੱਧ ਹਜੂਮੀ ਹਿੰਸਾ ਦੀ ਖਿਲਾਫ਼ਤ ਕਰਨ ਵਾਲੇ ਲੋਕਾਂ ਨੂੰ, ਖਾਸ ਕਰਕੇ ਸ਼ਾਹੀਨ ਬਾਗ਼ ਦੀਆਂ ਅੰਦੋਲਨਕਾਰੀ ਬੀਬੀਆਂ, ਜੇ.ਐੱਨ.ਯੂ, ਜਾਮੀਆ ਮਿਲੀਆ ਇਸਲਾਮੀਆ ਦਿੱਲੀ, ਅਲੀਗੜ੍ਹ ਮੁਸਲਿਮ ਯੂਨੀਵਰਸਿਟੀ ਅਤੇ ਬਨਾਰਸ ਹਿੰਦੂ ਵਿਸ਼ਵ-ਵਿਦਿਆਲੇ ਦੇ ਪਾੜ੍ਹਿਆਂ ਨੂੰ ਯੂ. ਏ.ਪੀ.ਏ. ਅਤੇ ਕੌਮੀ ਸੁਰੱਖਿਆ ਐਕਟ (ਐੱਨ ਐੱਸ ਏ) ਅਧੀਨ ਜੇਲ੍ਹਾਂ ਵਿਚ ਸੁੱਟਿਆ ਗਿਆ ਹੈ। ਅਸਹਿਮਤੀ ਅਤੇ ਪ੍ਰਤੀਰੋਧ ਦੀ ਆਵਾਜ਼ ਨੂੰ ਦਬਾਉਣ ਲਈ ਸਰਕਾਰ ਹਕੂਮਤੀ ਹਿੰਸਾ ਦੇ ਨਾਲ-ਨਾਲ 'ਆਪਣੇ ਸੱਚ' ਦਾ ਝੂਠਾ ਬਿਰਤਾਂਤ ਵੀ ਸਿਰਜਦੀ ਹੈ । ਸਰਕਾਰੀ ਪ੍ਰਚਾਰ-ਤੰਤਰ ਅਤੇ ਵਿਕਾਊ ਮੀਡੀਏ ਰਾਹੀਂ ਸੱਤਾ ਆਪਣੇ 'ਕੁਫ਼ਰ' ਨੂੰ ਲੋਕਾਂ ਦੀ ਰਾਇ ਅਤੇ ਵਿਚਾਰਾਂ ਵੱਲੋਂ ਪਰੋਸਦੀ ਹੈ । ਦੇਸ਼-ਭਗਤੀ ਅਤੇ ਰਾਸ਼ਟਰਵਾਦ ਸੱਤਾ ਦੇ ਹਿੱਤ ਦੀ ਵਿਚਾਰਧਾਰਾ ਨੂੰ ਅਬੋਧ ਲੋਕਾਂ ਵਿਚ ਮਾਨਤਾ ਦੁਆਉਂਦੇ ਹਨ। ਆਪਣੇ ਕੂੜ ਨੂੰ ਦੇਸ਼, ਰਾਸ਼ਟਰ ਅਤੇ ਲੋਕਾਂ ਦੇ ਹਿੱਤ ਦੀ ਵਿਚਾਰਧਾਰਾ ਵੱਲੋਂ ਪੇਸ਼ ਕਰਨ ਲਈ ਬੀ.ਜੇ.ਪੀ. ਸਰਕਾਰ ਨੇ ਅੰਧ-ਧਰਮ ਭਗਤਾਂ, ਮੱਠਧਾਰੀਆਂ, ਧਰਮ-ਸੰਸਦਾਂ ਅਤੇ ਵਿਕਾਊ ਮੀਡੀਏ ਦੇ ਨਫ਼ਰਤੀ ਭਾਸ਼ਣਾਂ ਅਤੇ ਸਨਸਨੀਖੇਜ਼ ਸੂਚਨਾਵਾਂ ਦੇ ਸੰਚਾਰ-ਪ੍ਰਸਾਰ ਨੂੰ ਖੁੱਲ੍ਹੀ ਛੂਟ ਦਿੱਤੀ ਹੈ । ਨਤੀਜੇ ਵਜੋਂ ਮੁਸਲਮਾਨਾਂ ਵਿਚ ਗਿਣੀ-ਮਿੱਥੀ ਸਾਜਿਸ਼ ਦੇ ਤਹਿਤ ਡਰ ਤੇ ਸਹਿਮ ਦਾ ਮਾਹੌਲ ਪੈਦਾ ਕੀਤਾ ਗਿਆ। ਨਫ਼ਰਤੀ ਰਾਜਨੀਤੀ ਤੇ ਜ਼ਹਿਰੀਲੇ ਫਿਰਕੂ ਪ੍ਰਚਾਰ ਰਾਹੀਂ ਇਸਲਾਮੀ ਭਾਈਚਾਰੇ ਨੂੰ ਦੇਸ਼ ਦੇ ਗਦਾਰ, ਆਤੰਕੀ ਅਤੇ ਮੁਜਰਮਾਂ ਵਜੋਂ ਪੇਸ਼ ਕੀਤਾ ਗਿਆ । ਭਾਰਤੀ ਲੋਕਤੰਤਰ, ਬਹੁਲਤਾਵਾਦੀ ਸੱਭਿਆਚਾਰ ਅਤੇ ਗੰਗਾ-ਜਮਨੀ ਸਾਂਝੀ ਤਹਿਰੀਕ ਦੀ ਵਕਾਲਤ ਕਰਨ ਵਾਲੇ ਸਾਬਕਾ ਉਪ-ਰਾਸ਼ਟਰਪਤੀ ਤੇ ਉੱਘੇ ਚਿੰਤਕ ਹਮੀਦ ਅੰਸਾਰੀ ਨੂੰ ਮੱਧ ਪ੍ਰਦੇਸ਼ ਦੇ ਗ੍ਰਹਿ-ਮੰਤਰੀ ਨਰੋਤਮ ਮਿਸ਼ਰਾ ਨੇ 'ਟੁਕੜੇ-ਟੁਕੜੇ ਗੈਂਗ' ਦਾ ਸਮਰਥਕ ਤੱਕ ਗਰਦਾਨ ਦਿੱਤਾ । ਸੱਤਾ ਤੇ ਹਜੂਮੀ ਹਿੰਸਾ ਦੇ ਡਰ ਅਤੇ ਨਫ਼ਰਤ ਦੀ ਰਾਜਨੀਤੀ ਦੇ ਫਿਰਕੂ ਪ੍ਰਚਾਰ ਨੇ ਇਸਲਾਮੀ ਭਾਈਚਾਰੇ ਵਿੱਚ ਬੇਗਾਨਗੀ ਤੇ ਅਲਹਿਦਗੀ ਦਾ ਅਹਿਸਾਸ ਗਹਿਰਾ ਕੀਤਾ ਹੈ । ਦੇਵੀ ਪ੍ਰਸਾਦਿ ਮਿਸ਼ਰ (ਹਿੰਦੀ), ਨਿਖਲ ਸੁਚਾਨ (ਹਿੰਦੀ), ਗੌਹਰ ਰਜ਼ਾ (ਉਰਦੂ), ਅਹਿਮਦ ਬਦਰ (ਉਰਦੂ), ਰਾਹਤ ਇੰਦੌਰੀ, ਨਰੇਸ਼ ਸਕਸੈਨਾ (ਹਿੰਦੀ), ਰਾਜੇਸ਼ ਜੋਸ਼ੀ (ਹਿੰਦੀ), ਵਿਨੀਤ ਤਿਵਾੜੀ (ਹਿੰਦੀ) ਅਤੇ ਸੰਜੇ ਬੋਰਡੇ (ਮਰਾਠੀ) ਆਦਿ ਕਵੀਆਂ ਨੇ ਇਸਲਾਮੀ ਭਾਈਚਾਰੇ ਦੀ ਵੇਦਨਾ ਤੇ ਪੀੜਾ ਨੂੰ ਆਪਣੀਆਂ ਨਜ਼ਮਾਂ 'ਚ ਬਿਆਨ ਕੀਤਾ-ਕਹਿਤੇ ਹੈਂ ਵੋ ਬਿਪਤਾ ਕੀ ਤਰਹ ਆਏ ।

ਇਹ ਨਜ਼ਮ ਹਰ ਸੰਵੇਦਨਸ਼ੀਲ ਇਨਸਾਨ ਨੂੰ ਇਹ ਸੋਚਣ ਲਈ ਮਜਬੂਰ ਕਰਦੀ ਹੈ ਕਿ ਅਸੀਂ ਭਾਰਤ ਦੀ ਆਰਥਿਕਤਾ, ਸਮਾਜਿਕ ਤਾਣੇ-ਬਾਣੇ ਅਤੇ ਸਾਂਝੇ ਸੱਭਿਆਚਾਰ ਨੂੰ ਸੁਹਜ ਤੇ ਅਮੀਰੀ ਬਖ਼ਸ਼ਣ ਵਾਲੇ ਮੁਸਲਮਾਨ ਭਰਾਵਾਂ ਨੂੰ ਆਪਣੇ ਨਾਗਰਿਕ ਸਮਾਜ ਦਾ ਅੰਗ ਕਿਉਂ ਨਹੀਂ ਬਣਾ ਸਕੇ ? ਹਾਕਮ ਜਮਾਤ ਅਤੇ ਅਵਾਰਾ ਭੀੜ ਦੀ ਸੋਚੀ ਵਿਉਂਤੀ ਹਿੰਸਾ ਕਿਸੇ ਮਨੁੱਖੀ ਸਮੂਹ ਨੂੰ ਇੰਨਾ ਭੈਅ-ਭੀਤ ਕਰ ਦਿੰਦੀ ਹੈ ਕਿ ਖੌਫ਼ਜ਼ਦਾ ਭਾਈਚਾਰੇ ਨੂੰ ਆਪਣੀ ਪਛਾਣ ਹੀ ਤਬਾਹੀ ਵਾਂਗ ਨਜ਼ਰ ਆਉਂਦੀ ਹੈ । ਬੇਲਗਾਮ ਹਿੰਸਾ ਦੇ ਸਮੇਂ ਦਹਿਸ਼ਤ ਫੈਲਾਉਣ ਵਾਲੇ ਅਤੇ ਹਿੰਸਾ ਦਾ ਸ਼ਿਕਾਰ ਹੋਏ ਲੋਕ ਦੋਵੇਂ ਪਸ਼ੂ ਪੱਧਰ ਤੱਕ ਨਿੱਘਰ ਜਾਂਦੇ ਹਨ । ਡੈਂਬਰਿਆ ਤੇ ਦਹਿਲਿਆ ਹੋਇਆ ਮਨੁੱਖ ਜਾਂ ਭਾਈਚਾਰਾ ਆਪਣੀ ਪਛਾਣ ਜਾਂ ਆਪਣੇ 'ਹੋਣ' ਥੀਣ ਤੋਂ ਮੁਨਕਰ ਹੋ ਜਾਂਦਾ ਹੈ ।ਵਿਨੀਤ ਤਿਵਾੜੀ ਦੀ ਚਰਚਿਤ ਨਜ਼ਮ- 'ਜਬ ਵੋ ਸਤਰਾ ਬਰਸ ਕਾ ਹੂਆ' ਨਿਖਿਲ ਸੁਚਾਨ ਦੀ ਨਜ਼ਮ 'ਮੁਸਲਮਾਨਾਂ ਤੋਂ ਡਰਦਾ ਬੰਦਾ' ਅਤੇ ਮਰਾਠੀ ਭਾਸ਼ਾ ਦੇ ਕਵੀ ਸੰਜੈ ਬੋਰਡੇ ਦੀ ਕਵਿਤਾ- 'ਵੇ ਨੰਗੀ ਸ਼ਮਸ਼ੀਰੇਂ ਲੇਕਰ ਆਏ' ਉਨਮਾਦੀ ਟੋਲਿਆਂ ਦੇ ਕਹਿਰ ਨੂੰ ਬਿਆਨ ਕਰਦੀਆਂ ਹਨ ।

ਹਾਸ਼ੀਏ ਦੇ ਸਮਾਜ ਅਤੇ ਘੱਟ-ਗਿਣਤੀਆਂ ਦੇ ਮਾਨਵੀ ਹੱਕਾਂ ਲਈ ਉੱਠਦੀਆਂ ਆਵਾਜ਼ਾਂ ਨੂੰ ਹਕੂਮਤੀ ਦਹਿਸ਼ਤ ਅਤੇ ਜਬਰ ਰਾਹੀਂ ਦਬਾਉਣਾ ਆਜ਼ਾਦ ਭਾਰਤ ਦੇ ਇਤਿਹਾਸ 'ਚ ਕੋਈ ਨਵਾਂ ਵਰਤਾਰਾ ਨਹੀਂ, ਪਰ ਪਿਛਲੇ ਦੋ ਦਹਾਕਿਆਂ ਵਿਚ ਇਸ ਨੇ ਬੇਸ਼ਰਮੀ ਦੀਆਂ ਸਭ ਹੱਦਾਂ ਤੋੜੀਆਂ ਹਨ । ਬੁਲਡੋਜ਼ਰ-ਨਿਆਇ ਅਤੇ ਕਾਨੂੰਨ ਦੇ ਡੰਡੇ ਨਾਲ ਜ਼ੁਬਾਨਬੰਦੀ ਇਸ ਦੀਆਂ ਕਰੂਰ ਉਦਾਹਰਣਾ ਹਨ । ਸਰਕਾਰ ਦੀ ਸ਼ਹਿ 'ਤੇ ਫਿਰਕੂ ਜਨੂੰਨੀਆਂ ਵੱਲੋਂ ਤਰਕਸ਼ੀਲ ਤੇ ਅਗਾਂਹਵਧੂ ਸੋਚ ਵਾਲੇ ਲੇਖਕਾਂ, ਚਿੰਤਕਾਂ ਤੇ ਪੱਤਰਕਾਰਾਂ - ਨਰੇਂਦਰ ਦਾਭੋਲਕਰ, ਗੋਬਿੰਦ ਪੰਸਾਰੇ, ਐੱਮ.ਐੱਮ. ਕਲਬੁਰਗੀ ਅਤੇ ਗੌਰੀ ਲੰਕੇਸ਼ ਦੇ ਕਤਲ ਕੀਤੇ ਗਏ। ਗੁਜਰਾਤ ਦੰਗਿਆਂ ਤੇ ਫ਼ਿਰਕੂ ਕਤਲੇਆਮ ਦੇ ਮੁਲਜ਼ਮਾਂ, ਕਾਤਲਾਂ, ਬਲਾਤਕਾਰੀਆਂ ਤੇ ਬਾਹੂ-ਬਲੀਆਂ ਦੀਆਂ ਸਜ਼ਾਵਾਂ ਮੁਆਫ ਕੀਤੀਆਂ ਗਈਆਂ ਅਤੇ ਕਈਆਂ ਨੂੰ ਲੋਕ ਸਭਾ, ਵਿਧਾਨ ਸਭਾਵਾਂ ਦੀਆਂ ਟਿਕਟਾਂ ਤੇ ਵਜ਼ੀਰੀਆਂ ਨਾਲ ਨਿਵਾਜਿਆ ਗਿਆ। ਅਪ੍ਰੈਲ 2022 ਵਿਚ ਰਾਮ ਨੌਮੀ ਤੇ ਹਨੂੰਮਾਨ ਜੈਯੰਤੀ ਦੇ ਤਿਉਹਾਰਾਂ ਸਮੇਂ ਧਾਰਮਿਕ ਜਲੂਸਾਂ ਦੌਰਾਨ ਦੰਗਾਈਆਂ ਅਤੇ ਜਨੂੰਨੀ ਭੀੜਾਂ ਵੱਲੋਂ ਮੁਸਲਿਮ ਭਾਈਚਾਰੇ ਨੂੰ ਪਰਿਤਾੜਤ, ਬੇਇੱਜ਼ਤ ਤੇ ਜ਼ਲੀਲ ਕੀਤਾ ਗਿਆ । ਦੰਗਾਈਆਂ 'ਤੇ ਕਾਬੂ ਪਾਉਣ ਲਈ ਪੁਲਸ ਤੇ ਸੁਰੱਖਿਆ ਬਲਾਂ ਨੂੰ ਘੱਟ-ਗਿਣਤੀ ਭਾਈਚਾਰੇ ਉੱਤੇ ਬਲ ਪ੍ਰਯੋਗ ਦੀ ਇਜਾਜ਼ਤ ਦਿੱਤੀ ਗਈ । ਬਿਹਾਰ, ਬੰਗਾਲ, ਝਾਰਖੰਡ, ਦਿੱਲੀ, ਗੁਜਰਾਤ, ਯੂ.ਪੀ. ਅਤੇ ਮੱਧ ਪ੍ਰਦੇਸ਼ ਸਮੇਤ 9 ਰਾਜਾਂ ਵਿਚ ਪ੍ਰਸ਼ਾਸਨ ਤੇ ਪੁਲਸ ਦੀ ਹਾਜ਼ਰੀ ਵਿਚ ਕੁੱਟਮਾਰ, ਕਤਲ ਤੇ ਅਗਜ਼ਨੀ ਦਾ ਨੰਗਾ ਨਾਚ ਹੋਇਆ। ਜਹਾਂਗੀਰਪੁਰੀ (ਦਿੱਲੀ), ਖਰਗੋਨ (ਮੱਧ ਪ੍ਰਦੇਸ਼) ਅਤੇ ਖੰਭਾਤ (ਗੁਜਰਾਤ) ਵਿਚ ਮੁਸਲਮਾਨ ਬਸਤੀਆਂ ਵਿਚ ਬੁਲਡੋਜ਼ਰ ਭੇਜੇ ਗਏ, ਮੱਧ ਪ੍ਰਦੇਸ਼ ਦੇ ਕਸਬੇ ਖਰਗੋਨ ਵਿਚ ਮੁਸਲਮਾਨਾਂ ਦੇ 45 ਘਰ ਅਤੇ ਦੁਕਾਨਾਂ ਬੁਲਡੋਜ਼ਰਾਂ ਦੁਆਰਾ ਧਰਾਸ਼ਾਈ ਕਰ ਦਿੱਤੀਆਂ ਗਈਆਂ। ਸੂਬੇ ਦੇ ਗ੍ਰਹਿ ਮੰਤਰੀ ਨੇ ਕਿਹਾ ਕਿ 'ਜਿਨ੍ਹਾਂ ਘਰੋਂ 'ਚੋਂ ਪੱਥਰਬਾਜ਼ੀ ਹੋਈ ਹੈ, ਉਨ੍ਹਾਂ ਨੂੰ ਪੱਥਰਾਂ ਦਾ ਢੇਰ ਬਣਾ ਦੇਵਾਂਗੇ' ਕੇਂਦਰੀ ਮੰਤਰੀ ਅਨੁਰਾਗ ਠਾਕੁਰ ਨੇ 'ਦੇਸ਼ ਕੇ ਗਦਾਰੋਂ ਕੋ ਗੋਲੀ ਮਾਰੋ ..... ਕੋ' ਕਹਿ ਕੇ ਹਜੂਮੀ ਦੰਗਾਈਆਂ ਨੂੰ ਹਿੰਸਾ ਲਈ ਉਕਸਾਇਆ ਸੀ । ਜੰਗਲਾਂ, ਪਹਾੜਾਂ ਨੂੰ ਹੰਘਾਲਦਾ ਬੁਲਡੋਜ਼ਰ ਹੁਣ ਹੰਕਾਰੀ ਹੋਈ ਸੱਤਾ ਦੀ ਤਾਕਤ ਅਤੇ ਹਿੰਸਾ ਦਾ ਪ੍ਰਤੀਕ ਬਣ ਗਿਆ ਹੈ। ਬੁਲਡੋਜ਼ਰ ਦੀ ਦਹਾੜ ਵਿਚ ਉਜਾੜੇ ਜਾ ਰਹੇ ਲੋਕਾਂ ਦੀਆਂ ਚੀਕਾਂ, ਸਿਸਕੀਆਂ ਤੇ ਹਉਕੇ ਦਬ ਜਾਂਦੇ ਹਨ। ਹਿੰਦੀ ਕਵੀ ਲੀਲਾਧਰ ਮੰਡਲੋਈ ਕਹਿੰਦਾ ਹੈ ਕਿ 'ਹੁਣ ਜਦੋਂ ਕੋਈ ਬੁਲਡੋਜ਼ਰ 'ਤੇ ਸਵਾਰ ਹੋ ਕੇ ਲੰਘਦਾ ਹੈ ਤਾਂ ਉਹ ਡਰਾਈਵਰ ਨਹੀਂ, ਤਾਨਾਸ਼ਾਹ ਹੁੰਦਾ ਹੈ।' ਰਾਜੇਸ਼ ਜੋਸ਼ੀ ਕਹਿੰਦਾ ਹੈ, ਕਿ 'ਬੁਲਡੋਜ਼ਰ ਇਕ ਸਨਕੀ ਸ਼ਾਸਕ ਦੇ ਦਿਮਾਗ ਵਰਗਾ ਹੁੰਦਾ ਹੈ ਜੋ ਆਪਣੇ ਵਿਰੁੱਧ ਉੱਠ ਰਹੀ ਹਰ ਆਵਾਜ਼ ਨੂੰ ਕੁਚਲਦਾ ਹੈ ।' ਬੁਲਡੋਜ਼ਰ ਕਵਿਤਾ ਦਾ ਸਮਾਲੋਚਨਾ ਵਿਸ਼ੇਸ਼ ਅੰਕ ਸੰਪਾਦਿਤ ਕਰਨ ਵਾਲਾ ਅਰੁਣ ਦੇਵ ਲਿਖਦਾ ਹੈ ਕਿ 'ਅੱਜ ਬੁਲਡੋਜ਼ਰ ਯੰਤਰ ਨਹੀਂ । ਇਹ ਸੱਤਾ ਦੇ ਘੁਮੰਡ ਤੇ ਸ਼ਕਤੀ ਦਾ ਪ੍ਰਤੀਕ ਹੈ । ਇਸ ਨੂੰ ਨਾ ਰੋਕਿਆ ਗਿਆ ਤਾਂ ਇਹ ਟੈਂਕ ਵਿਚ ਬਦਲ ਜਾਵੇਗਾ । ਅਸੀਂ ਨਿਰੰਕੁਸ਼ ਸੱਤਾ ਨੂੰ ਲੋਕਾਂ ਨੂੰ ਰੌਂਦਦੇ ਦੇਖਿਆ ਹੈ। ਬੁਲਡੋਜ਼ਰ ਸਾਹਮਣੇ ਅੱਜ ਹਿੰਦੀ ਕਵਿਤਾ ਖੜ੍ਹੀ ਹੈ ।' ਸਮਾਲੋਚਨਾ (ਹਿੰਦੀ ਪੱਤ੍ਰਿਕਾ) ਦੇ ਇਸ ਅੰਕ ਵਿਚ ਰਾਜੇਸ਼ ਜੋਸ਼ੀ, ਅਰੁਣ ਕਮਲ, ਵਿਸ਼ਨੂ ਨਾਗਰ, ਵਿਜੈ ਕੁਮਾਰ, ਅਨੂਪ ਸੇਠੀ, ਬੋਧਿਸਤਵ, ਸਵਪ੍ਰਿਯਲ ਸ੍ਰੀਵਾਸਤਵ, ਵਿਨੋਦ ਸ਼ਾਹੀ, ਕ੍ਰਿਸ਼ਨ ਕਲਪਿਤ, ਅਚੁਤਿਆਨੰਦ ਮਿਸ਼ਰ ਅਤੇ ਹੂਬਨਾਥ ਦੀਆਂ ਕਵਿਤਾਵਾਂ ਸ਼ਾਮਲ ਹਨ।

ਹਜੂਮੀ ਦਹਿਸ਼ਤ ਤੇ ਜ਼ੁਬਾਨਬੰਦੀ ਦੇ ਦੌਰ ਵਿਚ ਮਾਨਵੀ ਅਧਿਕਾਰਾਂ ਦੀ ਵਕਾਲਤ ਕਰਨ ਵਾਲੇ ਲੇਖਕਾਂ, ਬੁੱਧੀਜੀਵੀਆਂ, ਪੱਤਰਕਾਰਾਂ, ਵਕੀਲਾਂ, ਰੰਗਕਰਮੀਆਂ, ਕਲਾਕਾਰਾਂ ਅਤੇ ਸਮਾਜਿਕ ਕਾਰਕੁਨਾਂ ਨੂੰ ਯੂ.ਏ.ਪੀ.ਏ., ਰਾਸ਼ਟਰੀ ਸੁਰੱਖਿਆ ਐਕਟ ਤੇ ਹੋਰ ਕਾਲੇ ਕਾਨੂੰਨਾਂ ਦੇ ਨਾਂਅ ਹੇਠ ਸਲਾਖਾਂ ਪਿੱਛੇ ਡੱਕਿਆ ਗਿਆ । ਭੀਮਾ ਕੋਰੇਗਾਓਂ, ਐੱਨ.ਆਰ.ਸੀ., ਸੀ.ਏ.ਏ., ਸ਼ਾਹੀਨ ਬਾਗ਼ ਅਤੇ ਕਿਸਾਨ ਅੰਦੋਲਨ ਸਮੇਂ ਲੋਕਾਂ ਦੇ ਹੱਕਾਂ ਦੀ ਆਵਾਜ਼ ਉਠਾਉਣ ਵਾਲੇ ਲੇਖਕਾਂ ਤੇ ਬੁੱਧੀਜੀਵੀਆਂ - ਵਰਵਰਾ ਰਾਓ, ਸੁਧਾ ਭਾਰਦਵਾਜ, ਤੇਲਤੁੰਬੜੇ, ਗੌਤਮ ਨਵਲੱਖਾ, ਸਟੈਨਸਵਾਮੀ, ਅਰੁਨ ਫਰੇਰਾ, ਵਰਨੋਨ ਗੋਂਜ਼ਾਲਵੇਜ਼, ਮੀਰਾਨਹੈਦਰ, ਪ੍ਰੋ. ਸੋਮਾਸੇਨ, ਪ੍ਰੋ. ਸਾਈਬਾਬਾ, ਸੂਸਨ ਅਬਰਾਹਮ, ਸਿੱਦੀਕ ਕੱਪਨ, ਤੀਸਤਾ ਸੀਤਲਵਾੜ, ਡਾ.ਕਫ਼ੀਲ ਖ਼ਾਨ, ਮਹੇਸ਼ ਰਊਤ, ਅਖਿਲ ਗਗੋਈ, ਨਤਾਸ਼ਾ ਨਰਵਾਲ ਅਤੇ ਸਫ਼ੂਰਾ ਜ਼ਰਗਰ ਆਦਿ ਨੂੰ ਕਨੂੰਨੀ ਪੇਚਾਂ ਵਿਚ ਫਸਾ ਕੇ ਜੇਲ੍ਹਾਂ ਵਿਚ ਸੁੱਟੀ ਰੱਖਿਆ। ਸਮਾਜਕ ਨਿਆਂ ਲਈ ਸੰਘਰਸ਼ ਕਰਨ ਵਾਲਿਆਂ ਨੂੰ 'ਟੁਕੜੇ ਟੁਕੜੇ ਗੈਂਗ', 'ਅਰਬਨ ਨਕਸਲ', 'ਦੇਸ਼ ਧਰੋਈ', 'ਅੰਦੋਲਨਜੀਵੀ' ਅਤੇ 'ਦੇਸ਼ ਦੇ ਗੱਦਾਰ' ਕਹਿ ਕੇ ਬਦਨਾਮ ਕੀਤਾ ਗਿਆ।ਪ੍ਰਗਟਾਵੇ ਦੀ ਆਜ਼ਾਦੀ ਉਪਰ ਪਾਬੰਦੀਆਂ ਦੇ ਇਸ ਕਾਲੇ ਦੌਰ ਵਿਚ 'ਯੂਪੀ ਮੇਂਕਾਬਾ' ਵਰਗਾ ਗੀਤ ਲਿਖਣ ਵਾਲੀ ਨੌਜਵਾਨ ਭੋਜਪੁਰੀ ਗਾਇਕਾ ਨੇਹਾ ਸਿੰਹ ਰਠੌਰ ਤੋਂ ਲੈ ਕੇ ਉਰਦੂ ਦੇ ਨਾਮਵਰ ਕਵੀ ਜਾਵੇਦ ਅਖਤਰ ਤੱਕ ਨੇ ਆਪਣੀ ਕਲਮ ਨੂੰ ਖਾਮੋਸ਼ ਨਹੀਂ ਹੋਣ ਦਿੱਤਾ :

ਜੋ ਬਾਤ ਕਹਿਤੇ ਡਰਤੇ ਹੈਂ ਸਭ ਤੂੰ ਵੋਹ ਬਾਤ ਲਿਖ  
ਇਤਨੀ ਅੰਧੇਰੀ ਥੀ ਨਾ ਕਭੀ ਪਹਿਲੇ ਰਾਤ ਲਿਖ  
ਜਿਨ ਸੇ ਕਸੀਦੇ ਲਿਖੇ ਥੇ ਵਹ ਫੇਂਕ ਦੇ ਕਲਮ  
ਫਿਰ ਖ਼ੂਨ-ਏ-ਦਿਲ ਸੇ ਸੱਚੇ ਕਲਮ ਕੀ ਸਿਫ਼ਾਤ ਲਿਖ

# ਸੰਪਰਕ : 98156-36565

